ਸੋਮਵਾਰ, 23 ਮਾਰਚ, 2026
10 ਚੇਤ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 74
ਅੰਕ/NO. : 291

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 23 MARCH, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


# ਈਰਾਨ ਦਾ ਇਜ਼ਰਾਈਲ 'ਤੇ ਜ਼ਬਰਦਸਤ ਹਮਲਾ




ਇਜ਼ਰਾਈਲ ਦੇ ਡਿਮੋਨਾ ਤੇ ਤੇਲ ਅਵੀਵ 'ਚ ਹੋਈ ਤਬਾਹੀ।

**ਤਹਿਰਾਨ** : ਈਰਾਨ ਵੱਲੋਂ ਸ਼ਨਿੱਚਰਵਾਰ ਸ਼ਾਮ ਦੱਖਣੀ ਇਜ਼ਰਾਈਲੀ ਸ਼ਹਿਰ ਡਿਮੋਨਾ ਤੇ ਅਰਾਦ 'ਤੇ ਦਾਗੀਆਂ ਗਈਆਂ ਬੈਲਿਸਟਿਕ ਮਿਜ਼ਾਈਲਾਂ ਨਾਲ ਕਾਫੀ ਨੁਕਸਾਨ ਹੋਇਆ। ਇਜ਼ਰਾਈਲ ਨੇ ਖੁਦ ਮੰਨਿਆ ਹੈ ਕਿ 180 ਲੋਕ ਜ਼ਖਮੀ ਹੋ ਗਏ ਹਨ ਤੇ 2700 ਤੋਂ ਵੱਧ ਲੋਕਾਂ ਨੂੰ ਘਰਾਂ ਤੋਂ ਚੁੱਕ ਕੇ ਹੋਰਨੀਂ ਥਾਈਂ ਲਿਜਾਣਾ ਪਿਆ ਹੈ।

ਇਹ ਹਮਲੇ ਇਜ਼ਰਾਈਲ ਦੇ ਮੁੱਖ ਪ੍ਰਮਾਣੂੰ ਖੋਜ ਕੇਂਦਰ ਦੇ ਬੇਹੱਦ ਨੇੜੇ ਹੋਏ ਹਨ ਅਤੇ ਇਹ ਪਹਿਲੀ ਵਾਰ ਹੈ ਜਦੋਂ ਈਰਾਨੀ ਮਿਜ਼ਾਈਲਾਂ ਇਸ ਖੇਤਰ ਦੀ ਹਵਾਈ ਸੁਰੱਖਿਆ ਪ੍ਰਣਾਲੀ ਨੂੰ ਤੋੜਨ ਵਿੱਚ ਕਾਮਯਾਬ ਰਹੀਆਂ ਹਨ। ਈਰਾਨ ਨੇ ਕਿਹਾ ਕਿ ਉਸ ਨੇ ਆਪਣੇ ਨਤਾਂਜ਼ ਪ੍ਰਮਾਣੂੰ ਟਿਕਾਣੇ 'ਤੇ ਹੋਏ ਹਮਲੇ ਦੇ ਜਵਾਬ ਵਿੱਚ ਡਿਮੋਨਾ ਸ਼ਹਿਰ ਨੂੰ ਨਿਸ਼ਾਨਾ ਬਣਾਇਆ ਹੈ। ਡਿਮੋਨਾ ਵਿੱਚ ਵੱਡੀ ਗਿਣਤੀ 'ਚ ਭਾਰਤੀ-ਯਹੂਦੀ ਆਬਾਦੀ ਰਹਿੰਦੀ ਹੈ। ਜ਼ਿਆਦਾਤਰ ਲੋਕ ਮਹਾਰਾਸ਼ਟਰ ਸੂਬੇ ਨਾਲ ਸੰਬੰਧਤ ਹਨ। ਇੱਥੇ ਮਰਾਠੀ ਭਾਸ਼ਾ ਸੁਣਨ ਨੂੰ ਮਿਲ ਜਾਂਦੀ ਹੈ। ਇਸ ਕਾਰਨ ਇਸ ਕਸਬੇ ਨੂੰ 'ਲਿਟਲ ਇੰਡੀਆ' (ਛੋਟਾ ਭਾਰਤ) ਵੀ ਕਿਹਾ ਜਾਂਦਾ ਹੈ। ਈਰਾਨੀ ਹਮਲੇ ਤੋਂ ਬਾਅਦ ਇਜ਼ਰਾਈਲੀ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੇ ਦੱਖਣੀ ਸ਼ਹਿਰ ਅਰਾਦ ਦਾ ਦੌਰਾ ਕਰਦਿਆਂ ਸੰਸਾਰ ਆਗੂਆਂ ਨੂੰ ਸੱਦਾ ਦਿੱਤਾ ਕਿ ਉਹ ਈਰਾਨ ਖਿਲਾਫ ਅਮਰੀਕਾ ਤੇ ਇਜ਼ਰਾਈਲ ਦੀ ਜੰਗ ਵਿੱਚ ਸਾਥ ਦੇਣ।

ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਈਰਾਨ ਨੂੰ 48 ਘੰਟਿਆਂ ਦਾ ਅਲਟੀਮੇਟਮ ਦਿੰਦਿਆਂ ਕਿਹਾ ਹੈ ਕਿ ਜੇ ਵਿਸ਼ਵ ਤੇਲ ਸਪਲਾਈ ਲਈ ਮਹੱਤਵਪੂਰਨ ਹਾਰਮੁਜ਼ ਜਲਡਮਰੂ ਮਾਰਗ ਤੁਰੰਤ ਨਾ ਖੋਲ੍ਹਿਆ ਗਿਆ ਤਾਂ ਅਮਰੀਕਾ ਈਰਾਨ ਦੇ ਵੱਡੇ ਪਾਵਰ ਪਲਾਂਟਾਂ ਨੂੰ ਪੂਰੀ ਤਰ੍ਹਾਂ ਤਬਾਹ ਕਰ ਦੇਵੇਗਾ। ਇਸਦੇ ਜਵਾਬ ਵਿੱਚ ਇਸਲਾਮਿਕ ਰਿਪਬਲਿਕ ਆਫ ਈਰਾਨ ਨੇ ਆਪਣੇ ਘਰੇਲੂ ਊਰਜਾ ਅਤੇ ਬਾਲਣ ਖੇਤਰਾਂ ਨੂੰ ਨਿਸ਼ਾਨਾ ਬਣਾਉਣ ਵਾਲੀ ਕਿਸੇ ਵੀ ਫੌਜੀ ਕਾਰਵਾਈ ਵਿਰੁੱਧ ਸਖਤ ਚੇਤਾਵਨੀ ਜਾਰੀ ਕਰਦਿਆਂ ਅਮਰੀਕਾ ਅਤੇ ਉਸ ਦੇ ਖੇਤਰੀ ਸਹਿਯੋਗੀਆਂ ਦੀਆਂ ਜਾਇਦਾਦਾਂ ਵਿਰੁੱਧ ਵਿਆਪਕ ਜਵਾਬੀ ਕਾਰਵਾਈ ਦਾ ਵਾਅਦਾ ਕੀਤਾ ਹੈ। ਈਰਾਨ ਦੇ ਖਾਤਮ ਅਲ-ਅੰਬੀਆ ਕੇਂਦਰੀ ਹੈੱਡਕੁਆਰਟਰ ਦੇ ਬੁਲਾਰੇ ਇਬਰਾਹਿਮ ਜ਼ੋਲਫਾਗਰੀ ਨੇ ਕਿਹਾ ਕਿ ਜੇ ਈਰਾਨ ਦੇ ਬਾਲਣ ਅਤੇ ਊਰਜਾ ਦੇ ਬੁਨਿਆਦੀ ਢਾਂਚੇ 'ਤੇ ਹਮਲਾ ਹੁੰਦਾ ਹੈ, ਤਾਂ ਖੇਤਰ ਵਿੱਚ ਅਮਰੀਕਾ ਦੇ ਸਾਰੇ ਊਰਜਾ ਢਾਂਚੇ, ਸੂਚਨਾ ਤਕਨਾਲੋਜੀ ਪ੍ਰਣਾਲੀਆਂ ਅਤੇ ਪਾਣੀ ਸਾਫ ਕਰਨ ਵਾਲੇ ਪਲਾਂਟਾਂ ਨੂੰ ਨਿਸ਼ਾਨਾ ਬਣਾਇਆ ਜਾਵੇਗਾ।

## ਪੰਜਾਬ 'ਚ ਵਿਸ਼ਵ ਪੱਧਰੀ ਸੜਕਾਂ ਦਾ ਮਜ਼ਬੂਤ ਨੈੱਟਵਰਕ ਕਾਇਮ ਕਰ ਰਹੀ ਆਪ ਸਰਕਾਰ : ਭਗਵੰਤ ਮਾਨ



**ਫਾਜ਼ਿਲਕਾ** : ਪੰਜਾਬ ਭਰ ਵਿੱਚ ਵਿਸ਼ਵ ਪੱਧਰੀ ਸੜਕਾਂ ਦਾ ਵਿਸ਼ਾਲ ਨੈੱਟਵਰਕ ਕਾਇਮ ਕਰਦੇ ਹੋਏ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਬੁਨਿਆਦੀ ਢਾਂਚੇ ਦੇ ਵਿਕਾਸ ਵਿੱਚ ਤੇਜ਼ੀ ਲਿਆਂਦੀ ਹੈ, ਜਿਸ ਤਹਿਤ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਤਵਾਰ ਫਾਜ਼ਿਲਕਾ ਜ਼ਿਲ੍ਹੇ ਦੇ ਜਲਾਲਾਬਾਦ ਵਿੱਚ 300 ਕਿਲੋਮੀਟਰ ਨਵੀਆਂ ਸੜਕਾਂ ਦਾ ਨੀਂਹ ਪੱਥਰ ਰੱਖਿਆ ਤੇ 350 ਕਿਲੋਮੀਟਰ ਦੇ ਨਵੀਨੀਕਰਨ ਦਾ ਕੰਮ ਸ਼ੁਰੂ ਕਰਵਾਇਆ।ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਵਿੱਚ ਭ੍ਰਿਸ਼ਟਾਚਾਰੀ ਦੀ ਆੜ ਵਿੱਚ ਬਣਦੀਆਂ ਘਟੀਆ-ਮਿਆਰ ਵਾਲੀਆਂ ਸੜਕਾਂ ਦੇ ਨਿਰਮਾਣ ਦਾ ਯੁੱਗ ਹੁਣ ਖਤਮ ਹੋ ਚੁੱਕਾ ਹੈ।

ਅੱਜ ਦੇ ਸੜਕੀ ਪ੍ਰਾਜੈਕਟ ਨੂੰ ਪੰਜਾਬ ਭਰ ਵਿੱਚ ਬਣਾਏ ਜਾ ਰਹੇ 43,000 ਕਿਲੋਮੀਟਰ ਦੇ ਵਿਸ਼ਾਲ ਸੜਕੀ ਨੈੱਟਵਰਕ ਦਾ ਹਿੱਸਾ ਦੱਸਿਦਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ ਕਿ ਸਖ਼ਤ ਜਵਾਬਦੇਹੀ ਨਾਲ ਸੜਕਾਂ ਚੰਗੀਆਂ ਬਣਨਗੀਆਂ, ਜ਼ਮੀਨਦੋਜ਼ ਤਾਰਾਂ ਰਾਹੀਂ ਬਿਜਲੀ ਦੇ ਖੰਭੇ ਹਟਾਉਣ ਦੀਆਂ ਯੋਜਨਾਵਾਂ ਦਾ ਐਲਾਨ ਕੀਤਾ ਅਤੇ ਵਿਸ਼ਵਾਸ ਪ੍ਰਗਟ ਕੀਤਾ ਕਿ ਵੋਟਰ ਮੁੜ ਫਤਵਾ ਦੇ ਕੇ ਸਰਕਾਰ ਨੂੰ ਵਾਪਸ ਲਿਆਉਣਗੇ।

ਰੈਲੀ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪਿਛਲੇ ਚਾਰ ਸਾਲਾਂ ਵਿੱਚ ਸੂਬਾ ਸਰਕਾਰ ਨੇ ਰਵਾਇਤੀ ਪਾਰਟੀਆਂ ਦੇ 70 ਸਾਲਾਂ ਦੇ ਕਾਰਜਕਾਲ ਨਾਲੋਂ ਵੱਧ ਕੰਮ ਕੀਤਾ ਹੈ। ਸੂਬਾ ਸਰਕਾਰ ਤੇਜ਼ ਗਤੀ ਨਾਲ ਅੱਗੇ ਵਧ ਰਹੀ ਹੈ ਅਤੇ ਸਾਲ 2027 ਵਿੱਚ ਸੂਬਾ ਇਸ ਵਿਕਾਸ ਨੂੰ ਅਗਲੇ ਪੱਧਰ 'ਤੇ ਲੈ ਜਾਵੇਗਾ। ਇਹ ਵਿਕਾਸ ਆਮ ਆਦਮੀ ਦੀ ਭਲਾਈ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਕਈ ਲੋਕ-ਪੱਖੀ ਨੀਤੀਆਂ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਅੱਗੇ ਕਿਹਾ, ਇਹ ਕੰਧ 'ਤੇ ਲਿਖਿਆ ਪੜ੍ਹ ਲੈਣਾ ਚਾਹੀਦਾ ਹੈ ਕਿ ਆਮ ਲੋਕਾਂ ਦੇ ਸਹਿਯੋਗ ਨਾਲ ਆਮ ਆਦਮੀ ਪਾਰਟੀ ਸਾਲ 2027 ਵਿੱਚ ਦੁਬਾਰਾ ਸਰਕਾਰ ਬਣਾਏਗੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਆਪ ਸਰਕਾਰ ਲੋਕਾਂ ਦੀ ਭਲਾਈ ਲਈ ਅਣਥੱਕ ਮਿਹਨਤ ਕਰ ਰਹੀ ਹੈ ਜਦੋਂ ਕਿ ਵਿਰੋਧੀ ਧਿਰ ਸੱਤਾ ਵਿੱਚ ਹੁੰਦੀ ਹੋਈ ਕਾਰੋਬਾਰ ਵਿੱਚੋਂ ਹਿੱਸਾ ਮੰਗਦੀ ਰਹੀ ਹੈ।ਅਕਾਲੀ ਦਲ 'ਤੇ ਨਿਸ਼ਾਨਾ ਸਾਧਦੇ ਹੋਏ ਉਨ੍ਹਾਂ ਕਿਹਾ, ਅਕਾਲੀ ਦਲ ਦੇ ਇਸ ਡਰਾਮੇ ਦਾ ਅਸਲੀ ਨਾਮ 'ਪਰਿਵਾਰ ਬਚਾਓ ਯਾਤਰਾ' ਹੈ। 15 ਸਾਲ ਸੂਬੇ ਨੂੰ ਲੁੱਟਣ ਤੋਂ ਬਾਅਦ ਇਹ ਕਿਸ ਤੋਂ ਪੰਜਾਬ ਨੂੰ ਬਚਾਉਣ ਦੀ ਕੋਸ਼ਿਸ਼ ਕਰ ਰਹੇ ਹਨ ? ਅਕਾਲੀਆਂ ਨੇ ਸੂਬੇ ਨੂੰ ਬੇਰਹਿਮੀ ਨਾਲ ਲੁੱਟਿਆ ਹੈ, ਪੰਜਾਬੀਆਂ ਦੇ ਹਿਰਦਿਆਂ ਨੂੰ ਵਲੂੰਧਰਿਆ ਅਤੇ ਮਾਫੀਏ ਨੂੰ ਸਰਪ੍ਰਸਤੀ ਦਿੱਤੀ ਹੈ।ਉਨ੍ਹਾਂ ਅੱਗੇ ਕਿਹਾ, ਲੋਕ ਅਕਾਲੀਆਂ ਅਤੇ ਬਾਦਲ ਪਰਵਾਰ ਦੇ ਸ਼ੱਕੀ ਕਿਰਦਾਰ ਤੋਂ ਚੰਗੀ ਤਰ੍ਹਾਂ ਜਾਣੂ ਹਨ ਜਿਸ ਕਾਰਨ ਉਨ੍ਹਾਂ ਦੀਆਂ ਨੌਟੰਕੀਆਂ ਹੁਣ ਨਹੀਂ ਚੱਲਣਗੀਆਂ।

ਕਾਂਗਰਸ 'ਤੇ ਨਿਸ਼ਾਨਾ ਸਾਧਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 'ਕਾਂਗਰਸੀ ਆਗੂ ਸੂਬੇ ਵਿੱਚ ਸੱਤਾ ਸੰਭਾਲਣ ਦੇ ਸੁਪਨੇ ਦੇਖ ਰਹੇ ਹਨ। ਕਾਂਗਰਸ ਪਾਰਟੀ ਆਪਸੀ ਕਾਟੋ-ਕਲੇਸ਼ ਕਾਰਨ • ਬਾਕੀ ਸਫਾ 2 'ਤੇ

## ਮੋਦੀ ਸਰਕਾਰ ਲੋਕਾਂ ਦੀ ਥਾਂ ਕਾਰਪੋਰੇਟਰਾਂ ਦੇ ਹਿੱਤ ਪੂਰ ਰਹੀ : ਬਰਾੜ



**ਚੰਡੀਗੜ੍ਹ** : ਸੀ ਪੀ ਆਈ ਚੰਡੀਗੜ੍ਹ ਅਤੇ ਮੁਹਾਲੀ ਦੀਆਂ ਜ਼ਿਲ੍ਹਾ ਕੌਂਸਲਾਂ ਵੱਲੋਂ ਅਜੇ ਭਵਨ ਚੰਡੀਗੜ੍ਹ ਵਿਖੇ ਸਮਾਗਮ ਕਰਕੇ ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਸਮਾਰੋਹ ਦੇ ਪ੍ਰਧਾਨਗੀ ਮੰਡਲ ਵਿੱਚ ਸੂਬਾ ਸਕੱਤਰ ਸਾਥੀ ਬੰਤ ਬਰਾੜ, ਰਾਜ ਕੁਮਾਰ ਅਤੇ ਜਸਪਾਲ ਸਿੰਘ ਦੱਪਰ ਸਕੱਤਰ ਸੀ ਪੀ ਆਈ ਚੰਡੀਗੜ੍ਹ ਅਤੇ ਮੋਹਾਲੀ, ਜੋਗਿੰਦਰ ਸ਼ਰਮਾ ਅਤੇ ਕਰਮ ਸਿੰਘ ਵਕੀਲ ਸ਼ਾਮਲ ਹੋਏ। ਸਮਾਗਮ ਦੇ ਸ਼ੁਰੂ ਵਿਚ ਦੇਵੀ ਦਿਆਲ ਸ਼ਰਮਾ ਨੇ ਸਵਾਗਤੀ ਸ਼ਬਦ ਪੇਸ਼ ਕੀਤੇ। ਉਨ੍ਹਾ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਸੰਘਰਸ਼ਮਈ ਜੀਵਨ ਅਤੇ ਵਿਚਾਰਧਾਰਾ ਬਾਰੇ ਸੰਖੇਪ ਜਾਣਕਾਰੀ ਸਾਂਝੀ ਕੀਤੀ।ਸਾਥੀ • ਬਾਕੀ ਸਫਾ 2 'ਤੇ

### ਸ਼ਰਜੀਲ ਭਰਾ ਦੇ ਵਿਆਹ ਲਈ ਪਿੰਡ ਪੁੱਜਾ



**ਜਹਾਨਾਬਾਦ (ਬਿਹਾਰ)** : 2020 ਦੇ ਦਿੱਲੀ ਦੰਗਿਆਂ ਦੀ ਸਾਜ਼ਿਸ਼ ਦੇ ਮਾਮਲੇ ਵਿੱਚ ਛੇ ਸਾਲਾਂ ਤੋਂ ਤਿਹਾੜ ਜੇਲ੍ਹ 'ਚ ਬੰਦ ਮੁਲਜ਼ਮ ਸ਼ਰਜੀਲ ਇਮਾਮ 10 ਦਿਨਾਂ ਦੀ ਅੰਤਰਮ ਜ਼ਮਾਨਤ ਮਿਲਣ 'ਤੇ ਆਪਣੇ ਛੋਟੇ ਭਰਾ ਦੇ ਵਿਆਹ ਵਿੱਚ ਸ਼ਾਮਲ ਹੋਣ ਅਤੇ ਬਿਮਾਰ ਮਾਂ ਨਾਲ ਸਮਾਂ ਬਿਤਾਉਣ ਲਈ ਜੱਦੀ ਪਿੰਡ ਕਾਕੋ ਪਹੁੰਚਿਆ। ਸ਼ਰਜੀਲ ਦੇ ਭਰਾ ਮੁਜ਼ੰਮਿਲ ਇਮਾਮ ਦਾ ਵਿਆਹ 25 ਮਾਰਚ ਨੂੰ ਹੈ।

### ਮੋਦੀ ਦਾ ਰਿਕਾਰਡ

**ਨਵੀਂ ਦਿੱਲੀ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਭਾਰਤ ਵਿੱਚ ਸਭ ਤੋਂ ਲੰਬੇ ਸਮੇਂ ਤੱਕ ਸਰਕਾਰ ਦਾ ਮੁਖੀ ਰਹਿਣ ਦਾ ਇਤਿਹਾਸ ਰਚਿਆ। ਗੁਜਰਾਤ ਦੇ ਮੁੱਖ ਮੰਤਰੀ ਅਤੇ ਦੇਸ਼ ਦੇ ਪ੍ਰਧਾਨ ਮੰਤਰੀ ਵਜੋਂ 8,931 ਦਿਨਾਂ ਦਾ ਕਾਰਜਕਾਲ ਪੂਰਾ ਕਰਕੇ ਉਨ੍ਹਾ ਨੇ ਸਿੱਕਮ ਦੇ ਸਾਬਕਾ ਮੁੱਖ ਮੰਤਰੀ ਪਵਨ ਕੁਮਾਰ ਚਾਮਲਿੰਗ ਦੇ 8,930 ਦਿਨਾਂ ਦੇ ਰਿਕਾਰਡ ਨੂੰ ਪਿੱਛੇ ਛੱਡ ਦਿੱਤਾ ਹੈ।

### ਏਅਰ ਇੰਡੀਆ ਚਿੰਤਤ

**ਨਵੀਂ ਦਿੱਲੀ** : ਏਅਰ ਇੰਡੀਆ ਦੇ ਮੁਖੀ ਕੈਂਪਬੈਲ ਵਿਲਸਨ ਨੇ ਕਿਹਾ ਹੈ ਕਿ ਏਅਰ ਇੰਡੀਆ ਗਰੁੱਪ ਉੱਤੇ ਮੱਧ ਪੂਰਬ ਵਿੱਚ ਚੱਲ ਰਹੀ ਜੰਗ ਦਾ ਕਾਫੀ ਅਸਰ ਪਿਆ ਹੈ। ਵਿਲਸਨ ਨੇ ਸਟਾਫ ਨੂੰ ਇੱਕ ਸੰਦੇਸ਼ ਵਿੱਚ ਕਿਹਾ ਹੈ ਕਿ ਜੰਗ ਸ਼ੁਰੂ ਹੋਣ ਤੋਂ ਬਾਅਦ ਦੇ ਤਿੰਨ ਹਫਤਿਆਂ ਵਿੱਚ ਇਸ ਖੇਤਰ ਵੱਲ ਜਾਣ ਵਾਲੀਆਂ ਲਗਪਗ 2,500 ਉਡਾਣਾਂ ਰੱਦ ਕਰਨੀਆਂ ਪਈਆਂ ਹਨ। ਉੱਧਰ ਸਿਰਫ 30 ਫੀਸਦੀ ਉਡਾਣਾਂ ਦਾ ਸੰਚਾਲਨ ਹੋ ਰਿਹਾ ਹੈ। ਜਹਾਜ਼ਾਂ ਦੇ ਈਂਧਨ ਦੀਆਂ ਕੀਮਤਾਂ ਦੁੱਗਣੀਆਂ ਤੋਂ ਵੀ ਜ਼ਿਆਦਾ ਵਧ ਗਈਆਂ ਹਨ ਪਰ ਕੰਪਨੀ ਦੇ ਖਰਚਿਆਂ 'ਤੇ ਇਸ ਦਾ ਪ੍ਰਭਾਵ ਅਗਲੇ ਮਹੀਨੇ ਤੋਂ ਦਿਖਣਾ ਸ਼ੁਰੂ ਹੋਵੇਗਾ।

### ਖਟਕੜ ਕਲਾਂ 'ਚ ਖੱਬੀਆਂ ਪਾਰਟੀਆਂ ਦਾ ਸਮਾਗਮ ਅੱਜ

**ਬੰਗਾ (ਅਵਤਾਰ ਕਲੇਰ)**-ਭਾਰਤੀ ਕਮਿਊਨਿਸਟ ਪਾਰਟੀ ਅਤੇ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਵੱਲੋਂ ਸ਼ਹੀਦੇ-ਆਜ਼ਮ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੀ ਯਾਦ 'ਚ ਸ਼ਰਧਾਂਜਲੀ ਸਮਾਗਮ ਸੋਮਵਾਰ ਖਟਕੜ ਕਲਾਂ ਵਿਖੇ ਕੀਤਾ ਜਾਵੇਗਾ। ਜਸਵਿੰਦਰ ਸਿੰਘ ਭੰਗਲ, ਕੁਲਦੀਪ ਸਿੰਘ ਦੌੜਕਾ, ਹਰਪਾਲ ਸਿੰਘ ਜਗਤਪੁਰ ਨੇ ਦੱਸਿਆ ਕਿ ਸਮਾਗਮ ਨੂੰ ਭਾਰਤੀ ਕਮਿਊਨਿਸਟ ਪਾਰਟੀ ਦੇ ਸੂਬਾ ਸਕੱਤਰ ਕਾਮਰੇਡ ਬੰਤ ਸਿੰਘ ਬਰਾੜ, ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੇ ਕੌਮੀ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ, ਏਟਕ ਦੇ ਸੂਬਾ ਜਨਰਲ ਸਕੱਤਰ ਕਾਮਰੇਡ ਨਿਰਮਲ ਸਿੰਘ ਧਾਲੀਵਾਲ, ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ ਜਨਰਲ ਸਕੱਤਰ ਪੰਜਾਬ ਖੇਤ ਮਜ਼ਦੂਰ ਸਭਾ ਸੰਬੋਧਨ ਕਰਨਗੇ।ਇਹ ਸਮਾਗਮ ਬੰਗਾ ਤੋਂ ਖਟਕੜ ਕਲਾਂ ਰੋਡ 'ਤੇ ਨਜ਼ਦੀਕ ਸ੍ਰੀ ਗੁਰੂ ਰਵਿਦਾਸ ਚੈਰੀਟੇਬਲ ਹਸਪਤਾਲ ਥਾਂਦੀਆਂ ਵਿਖੇ ਕੀਤਾ ਜਾ ਰਿਹਾ ਹੈ। ਇਹਨਾਂ ਆਗੂਆਂ ਨੇ ਸਮੂਹ ਅਵਾਮ ਨੂੰ ਇਸ ਇਨਕਲਾਬੀ ਕਾਨਫਰੰਸ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਹੈ। ਇਸ ਮੌਕੇ ਜਸਵਿੰਦਰ ਸਿੰਘ ਭੰਗਲ, ਕੁਲਦੀਪ ਸਿੰਘ ਦੌੜਕਾ, ਹਰਪਾਲ ਸਿੰਘ ਜਗਤਪੁਰ, ਨਰੰਜਣ ਦਾਸ ਮੇਹਲੀ, ਪਰਮਿੰਦਰ ਮੇਨਕਾ, ਗੁਰਮੁੱਖ ਸਿੰਘ ਫਰਾਲਾ, ਦਸੌਂਧਾ ਸਿੰਘ, ਜੁਝਾਰ ਸਿੰਘ ਕੁੱਕੜ ਮਜਾਰਾ, ਅਮਰਜੀਤ ਮੇਹਲੀ, ਕੁਲਦੀਪ ਸਿੰਘ ਸੁੱਜੋਂ, ਸਤਨਾਮ ਸਿੰਘ ਸੁੱਜੋਂ, ਸਤਨਾਮ ਸਿੰਘ ਗੁਲਾਟੀ, ਸੋਮ ਲਾਲ ਥੋਪੀਆਂ, ਰਾਮ ਲੁਭਾਇਆ, ਹਰੀ ਬਿਲਾਸ, ਜਸਵੀਰ ਸਿੰਘ ਮੋਰੋਂ, ਬਲਿਹਾਰ ਸਿੰਘ ਬਾਰ੍ਹਾ, ਸੁਰਿੰਦਰ ਭੱਟੀ ਰਾਹੋਂ, ਰਾਮ ਸਾਹਿਲ ਰਾਹੋਂ, ਪ੍ਰਿੰਸੀ: ਇਕਬਾਲ ਸਿੰਘ, ਰਾਮਪਾਲ, ਰੇਸ਼ਮ ਲਾਲ, ਸੋਢੀ ਰਾਮ , ਸ਼ਿੰਗਾਰਾ ਰਾਮ, ਪਰਮਾ ਨੰਦ ਹੀਓਂ, ਪਰਮਜੀਤ ਗਿੱਲ, ਬਲਿਹਾਰ ਪੰਚ, ਬਿਮਲ ਬਖਲੌਰ ਸਾਬਕਾ ਸਰਪੰਚ, ਮਾ. ਗੁਰਦਿਆਲ ਸਿੰਘ, ਡਾ. ਬਲਦੇਵ ਸਿੰਘ ਬੀਕਾ, ਗੁਰਦੀਪ ਬੀਕਾ, ਸੁਰਜੀਤ ਨੂਰਪੁਰ ਅਤੇ ਕਰਨੈਲ ਚੰਦ ਚੱਕ ਬਿਲਗਾ ਆਦਿ ਹਾਜ਼ਰ ਸਨ।

### ਅੱਜ-ਨਾਮਾ

ਬਿਆਨ ਤਾਜ਼ਾ ਸਰਕਾਰੀ ਹੈ ਇੱਕ ਡਿੱਠਾ,
ਗੈਸ, ਪੈਟਰੋਲ ਦੀ ਕੋਈ ਨਾ ਘਾਟ ਭਾਈ।
ਕਿਤੇ ਕੁਝ ਹੁੰਦਾ ਜੇ ਕਦੀ ਸੰਸਾਰ ਅੰਦਰ,
ਸਮੁੱਚੇ ਸੰਕਟਾਂ ਦੀ ਰੱਖੀ ਆ ਕਾਟ ਭਾਈ।
ਵਿਰੋਧੀ ਆਗੂ ਕਈ ਫੋਕਾ ਪ੍ਰਚਾਰ ਕਰਦੇ,
ਸਰਕਾਰ ਦਾ ਪੱਖ ਹੈ ਸਾਫ ਸਪਾਟ ਭਾਈ।
ਨਿਕਲ ਈਰਾਨ ਤੋਂ ਪਏ ਹਨ ਸ਼ਿਪ ਸਾਡੇ,
ਕੱਟਦੇ ਜਾਂਦੇ ਹਨ ਪਲੋ-ਪਲ ਵਾਟ ਭਾਈ।
ਵਪਾਰੀ ਆਮ ਬਾਜ਼ਾਰਾਂ ਵਿੱਚ ਕਹੀ ਜਾਂਦੇ,
ਕਰੀਏ ਗੱਲ ਤਾਂ ਲੱਗਦੀ ਆ ਸੰਗ ਭਾਈ।
ਹੋਟਲ, ਢਾਬਾ, ਰਸੋਈ ਤੱਕ ਘਰ ਅੰਦਰ,
ਹਰ ਕੋਈ ਗੈਸ ਦੀ ਲੋੜ ਤੋਂ ਤੰਗ ਭਾਈ।

-ਤੀਸ ਮਾਰ ਖਾਂ

### ਕੁੱਤਿਆਂ ਨੇ 15 ਹਿਰਨ ਮਾਰੇ

**ਰਾਇਪੁਰ** : ਛੱਤੀਸਗੜ੍ਹ ਦੇ ਸਰਗੁਜਾ ਜ਼ਿਲ੍ਹੇ ਵਿੱਚ ਜਾਨਵਰਾਂ ਦੇ ਸੰਭਾਲ ਕੇਂਦਰ ਸੰਜੇ ਵਨ ਵਾਟਿਕਾ ਵਿੱਚ ਆਵਾਰਾ ਕੁੱਤਿਆਂ ਦੇ ਇੱਕ ਝੁੰਡ ਨੇ ਹਮਲਾ ਕਰਕੇ 15 ਹਿਰਨਾਂ ਨੂੰ ਮਾਰ ਦਿੱਤਾ। ਇਹ ਘਟਨਾ ਸ਼ੁੱਕਰਵਾਰ ਅਤੇ ਸ਼ਨਿੱਚਰਵਾਰ ਦੀ ਦਰਮਿਆਨੀ ਰਾਤ ਨੂੰ ਵਾਪਰੀ, ਜਦੋਂ 4-5 ਆਵਾਰਾ ਕੁੱਤੇ ਨਾਲ ਲੱਗਦੇ ਜੰਗਲ ਰਾਹੀਂ ਪਾਰਕ ਵਿੱਚ ਦਾਖਲ ਹੋ ਕੇ ਹਿਰਨਾਂ ਦੇ ਵਾੜੇ 'ਚ ਵੜ ਗਏ।

### ਟਰੇਨਾਂ ਨੂੰ ਬਰੇਕਾਂ

**ਮੁੰਬਈ** : ਐਤਵਾਰ ਕਰੀਬ ਦੋ ਵਜੇ ਮਹਾਰਾਸ਼ਟਰ ਦੇ ਠਾਣੇ ਜ਼ਿਲ੍ਹੇ ਦੇ ਕਲਿਆਣ ਸਟੇਸ਼ਨ 'ਤੇ 35 ਸਾਲਾ ਵਿਅਕਤੀ ਹਾਈ ਵੋਲਟੇਜ ਤਾਰਾਂ ਵਾਲੇ ਖੰਭੇ 'ਤੇ ਚੜ੍ਹ ਗਿਆ ਤੇ ਉੱਥੋਂ ਪਟੜੀ 'ਤੇ ਡਿੱਗ ਕੇ ਜ਼ਖਮੀ ਹੋ ਗਿਆ। ਠਾਕੁਰਲੀ ਤੇ ਅੰਬੀਵਲੀ ਸਟੇਸ਼ਨਾਂ ਵਿਚਾਲੇ ਬਿਜਲੀ ਸਪਲਾਈ ਬੰਦ ਕਰਨੀ ਪਈ। ਇਸ ਕਾਰਨ ਦੋ ਲੰਬੇ ਰੂਟ ਵਾਲੀਆਂ ਰੇਲ ਗੱਡੀਆਂ ਤੇ ਤਿੰਨ ਲੋਕਲ ਟਰੇਨਾਂ ਰਸਤੇ ਵਿੱਚ ਹੀ ਰੁਕ ਗਈਆਂ।




## ਰੌਜ਼ਾ ਸ਼ਰੀਫ ਵਿਖੇ ਈਦ ਦਾ ਤਿਉਹਾਰ ਮਨਾਇਆ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਛੋਟੇ ਮੱਕੇ ਵਜੋਂ ਜਾਣੇ ਜਾਂਦੇ ਰੌਜ਼ਾ ਸ਼ਰੀਫ ਫਤਿਹਗੜ੍ਹ ਸਾਹਿਬ ਵਿਖੇ ਈਦ ਦਾ ਤਿਉਹਾਰ ਬਹੁਤ ਹੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਮੁਸਲਮਾਨ ਭਾਈਚਾਰੇ ਨੇ ਸ਼ਿਰਕਤ ਕੀਤੀ।ਹਲਕਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਈਦ ਮੌਕੇ ਰੌਜ਼ਾ ਸ਼ਰੀਫ ਵਿਖੇ ਮੁਸਲਮਾਨ ਭਾਈਚਾਰੇ ਨੂੰ ਮਿਲੇ ਤੇ ਖੁਸ਼ੀਆਂ ਸਾਂਝੀਆਂ ਕੀਤੀਆਂ। ਇਸ ਮੌਕੇ ਉਨ੍ਹਾਂ ਸੰਬੋਧਨ ਕਰਦਿਆਂ ਕਿਹਾ ਕਿ ਅਸੀਂ ਖੁਸ਼ੀਆਂ ਤੇ ਰਹਿਮਤਾਂ ਦੇ ਤਿਉਹਾਰ ਈਦ ਨੂੰ ਮਨਾਉਣ ਲਈ ਇਕੱਠੇ ਹੋਏ ਹਾਂ।ਇਹ ਪਵਿੱਤਰ ਦਿਨ ਸਾਨੂੰ ਏਕਤਾ, ਪਿਆਰ ਤੇ ਸਹਿਯੋਗ ਦਾ ਸੰਦੇਸ਼ ਦਿੰਦਾ ਹੈ।ਰਮਜ਼ਾਨ ਦੇ ਮਹੀਨੇ ਦੌਰਾਨ ਅਸੀਂ ਸਬਰ, ਅਨੁਸ਼ਾਸਨ ਤੇ ਖੁਦਾ ਦੀ ਇਬਾਦਤ ਰਾਹੀਂ ਆਪਣੇ ਅੰਦਰ ਨਵੀਂ ਤਾਕਤ ਪੈਦਾ ਕਰਦੇ ਹਾਂ ਅਤੇ ਈਦ ਉਸੀ ਮਿਹਨਤ ਦਾ ਸੁਹਾਵਾ ਇਨਾਮ ਹੈ।ਅੰਤ ਵਿੱਚ ਉਨ੍ਹਾਂ ਈਦ ਦੀ ਮੁਬਾਰਕ ਦਿੰਦਿਆਂ ਕਿਹਾ ਕਿ ਧਾਰਮਿਕ ਤਿਉਹਾਰ ਸਾਡੀ ਭਾਈਚਾਰਕ ਸਾਂਝ ਨੂੰ ਵਧਾਉਣ ਵਿੱਚ ਸਹਾਈ ਹੁੰਦੇ ਹਨ।ਸਾਨੂੰ ਇੱਕ ਦੂਸਰੇ ਦੇ ਪ੍ਰੋਗਰਾਮਾਂ ਵਿੱਚ ਸ਼ਾਮਲ ਹੋ ਕੇ ਖੁਸ਼ੀਆਂ ਸਾਂਝੀਆਂ ਕਰਨੀਆਂ ਚਾਹੀਦੀਆਂ ਹਨ।ਇਸ ਦੇ ਨਾਲ ਸਾਡੀ ਭਾਈਚਾਰਕ ਸਾਂਝ ਮਜ਼ਬੂਤ ਹੋਵੇਗੀ।ਇਸ ਮੌਕੇ ਰੌਜ਼ਾ ਸ਼ਰੀਫ ਦੇ ਖਲੀਫਾ, ਜ਼ਿਲ੍ਹਾ ਮਾਈਨੌਰਟੀ ਵਿੰਗ ਦੇ ਪ੍ਰਧਾਨ ਡਾ. ਚਮਨ ਕੁਰੈਸ਼ੀ, ਕੁਲਵਿੰਦਰ ਡੇਰਾ, ਮਾਨਵ ਟਿਵਾਣਾ ਆਦਿ ਹਾਜ਼ਰ ਸਨ।

## ਕਸਬਾ ਲੌਂਗੋਵਾਲ 'ਚ ਈਦ-ਉਲ-ਫਿਤਰ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ



**ਲੌਂਗੋਵਾਲ (ਪ੍ਰਦੀਪ ਸੱਪਲ)**-ਕਸਬਾ ਲੌਂਗੋਵਾਲ ਵਿਖੇ ਈਦ-ਉਲ-ਫਿਤਰ ਦਾ ਤਿਉਹਾਰ ਬੜੀ ਸ਼ਰਧਾ ਤੇ ਖੁਸ਼ੀਆਂ ਨਾਲ ਮਨਾਇਆ ਗਿਆ।ਇਸ ਦੌਰਾਨ ਮੁਸਲਿਮ ਭਾਈਚਾਰੇ ਵੱਲੋਂ ਇਕੱਠੇ ਹੋ ਕੇ ਈਦ-ਉਲ-ਫਿਤਰ ਦੀ ਨਮਾਜ ਜਾਮਾ ਮਸਜਿਦ ਨੇੜੇ ਮੂਲੇ ਕਾ ਦਰਵਾਜ਼ਾ ਵਿਖੇ ਅਦਾ ਕੀਤੀ ਗਈ।ਇਸ ਮੌਕੇ ਇਸਲਾਮਿਕ ਚੈਰੀਟੇਬਲ ਐਂਡ ਵੈੱਲਫੇਅਰ ਸੋਸਾਇਟੀ ਦੇ ਪ੍ਰਧਾਨ ਸ਼ਬੀਰ ਖਾਂ, ਮੀਤ ਪ੍ਰਧਾਨ ਸੁਲ ਮੁਹੰਮਦ, ਖਜ਼ਾਨਚੀ ਸਿਕੰਦਰ ਖਾ, ਸਕੱਤਰ ਸਲਾਮਦੀਨ ਖਾਂ, ਮੈਂਬਰ ਰਿੰਕੂ ਖਾਂ, ਹਲੀਮ ਕਾਂ, ਸਰਾਜ ਖਾਂ ਤੇ ਸਮਸਾਦਦੀਨ, ਸੁਕਰਦੀਨ ਖਾਂ, ਜਮਾਲਦੀਨ ਰਾਜ ਖਾਂ ਨੇ ਸਮੂਹ ਭਾਈਚਾਰੇ ਨਾਲ ਮਿਲ ਕੇ ਲੰਗਰ ਲਗਾਇਆ ਤੇ ਵਰਤਾਇਆ।ਇਸ ਮੌਕੇ ਭਾਈਚਾਰਕ ਸਾਂਝ ਨੂੰ ਵਧਾਉਂਦਿਆਂ ਗੁਰਦੁਆਰਾ ਯਾਦਗਾਰ ਸ਼ਹੀਦਾਂ ਪੱਤੀ ਦੁੱਲਟ ਦੇ ਸਾਰੇ ਮੈਂਬਰ ਸਾਹਿਬਾਨ ਤੇ ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਸੁਖਮਨੀ ਸੇਵਾ ਸੋਸਾਇਟੀ, ਮਹੰਤ ਹੀਰਾ ਦਾਸ ਡੇਰਾ ਬਾਬਾ ਰਾਧਿਕਾ ਦਾਸ ਤੇ ਪੀਰ ਖਾਨਾ ਕਮੇਟੀ ਦੀ ਪ੍ਰਧਾਨ ਨੇ ਈਦ ਮੌਕੇ ਮੁਬਾਰਕਬਾਦ ਦਿੱਤੀ ਤੇ ਨਮਾਜ ਉਪਰੰਤ ਭਾਈਚਾਰੇ ਨੇ ਮਿਲ ਕੇ ਭਾਰਤ ਵਾਸੀਆਂ ਲਈ ਅਮਨ-ਸ਼ਾਂਤੀ ਅਤੇ ਤੰਦਰੁਸਤੀ ਤੇ ਸਲਾਮਤੀ ਦੀ ਦੁਆ ਕੀਤੀ।

## ਈਦ-ਉਲ-ਫਿਤਰ ਦਾ ਤਿਉਹਾਰ ਤਿਆਗ ਤੇ ਭਾਈਚਾਰੇ ਦਾ ਪ੍ਰਤੀਕ : ਸੰਧੂ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਈਦ-ਉਲ-ਫਿਤਰ ਦਾ ਪਵਿੱਤਰ ਦਿਹਾੜਾ ਮੁਸਲਿਮ ਭਾਈਚਾਰੇ ਵੱਲੋਂ ਦੁਨੀਆ ਭਰ ਵਿੱਚ ਪੂਰੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸੇ ਤਹਿਤ ਇਲਾਕਾ ਹਲਕੇ ਸਨੌਰ ਤੋਂ ਸੈਂਕੜਿਆਂ ਦੀ ਗਿਣਤੀ ਵਿੱਚ ਮੁਸਲਿਮ ਭਾਈਚਾਰੇ ਦੇ ਲੋਕਾਂ ਨੇ ਇਕੱਤਰ ਹੋ ਕੇ ਈਦ ਦੀ ਨਮਾਜ਼ ਅਦਾ ਕੀਤੀ।ਨਮਾਜ਼ ਤੇ ਦੁਆ ਤੋਂ ਬਾਅਦ ਸਭ ਨੇ ਇੱਕ ਦੂਜੇ ਦੇ ਗਲੇ ਮਿਲ ਕੇ ਮੁਬਾਰਕਾਂ ਦਿੱਤੀਆਂ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਆਮ ਆਦਮੀ ਪਾਰਟੀ ਦੇ ਲੀਡਰ ਤੇ ਪੰਜਾਬ ਸਟੇਟ ਕੰਟੇਨਰ ਤੇ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਵਾਈਸ ਚੇਅਰਮੈਨ ਇੰਦਰਜੀਤ ਸਿੰਘ ਸੰਧੂ ਨੇ ਮੁਸਲਿਮ ਭਾਈਚਾਰੇ ਨੂੰ ਵਧਾਈ ਦਿੰਦਿਆਂ ਕਿਹਾ ਕਿ ਈਦ-ਉਲ-ਫਿਤਰ ਸਿਰਫ਼ ਤਿਉਹਾਰ ਨਹੀਂ, ਸਗੋਂ ਇਹ ਈਮਾਨ, ਭਰੋਸੇ, ਸਮਰਪਣ, ਤਿਆਗ ਤੇ ਭਾਈਚਾਰੇ ਦਾ ਪ੍ਰਤੀਕ ਹੈ।ਉਨ੍ਹਾਂ ਕਿਹਾ ਕਿ ਧਰਮ ਸਦਾ ਮਨੁੱਖਤਾ ਨੂੰ ਜੋੜਨ ਦਾ ਕੰਮ ਕਰਦਾ ਹੈ ਤੇ ਮਨੁੱਖ ਨੂੰ ਰੱਬ ਦੀ ਬੰਦਗੀ ਵੱਲ ਪ੍ਰੇਰਿਤ ਕਰਦਾ ਹੈ।ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਜਦੋਂ ਦੁਨੀਆ ਭਰ ਵਿੱਚ ਤਣਾਅ ਤੇ ਨਫ਼ਰਤ ਦਾ ਮਾਹੌਲ ਬਣ ਰਿਹਾ ਹੈ, ਤਾਂ ਅਜਿਹੇ ਪਵਿੱਤਰ ਤਿਉਹਾਰ ਸਾਨੂੰ ਪਿਆਰ, ਭਾਈਚਾਰੇ ਤੇ ਏਕਤਾ ਦਾ ਸੰਦੇਸ਼ ਦਿੰਦੇ ਹਨ।ਉਨ੍ਹਾਂ ਕਿਹਾ ਕਿ ਈਦ ਦਾ ਇਹ ਪਵਿੱਤਰ ਦਿਹਾੜਾ ਸਾਨੂੰ ਸਰਬੱਤ ਦਾ ਭਲਾ ਕਰਨ ਦੀ ਪ੍ਰੇਰਨਾ ਦਿੰਦਾ ਹੈ ਤੇ ਇਸ ਦੀ ਸ਼ੁਰੂਆਤ ਆਪਣੇ ਆਲੇ-ਦੁਆਲੇ ਦੇ ਲੋਕਾਂ ਨਾਲ ਪਿਆਰ ਤੇ ਸਾਂਝ ਬਣਾ ਕੇ ਕਰਨੀ ਚਾਹੀਦੀ ਹੈ।

## ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਨਵੇਂ ਸੰਮਤ ਦੇ ਸਵਾਗਤ 'ਚ ਹਵਨ ਯੱਗ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਭਾਰਤ ਵਿਕਾਸ ਪ੍ਰੀਸ਼ਦ ਫਿਰੋਜ਼ਪੁਰ ਸ਼ਹਿਰ ਸ਼ਾਖਾ ਵੱਲੋਂ ਮਹਾਂਵੀਰ ਮੰਦਰ ਤੂੜੀ ਬਾਜ਼ਾਰ ਵਿੱਚ ਨਵੇਂ ਸੰਮਤ 2083 ਦੇ ਸਵਾਗਤ ਵਿੱਚ ਵਿਸ਼ਾਲ ਹਵਨ ਯੱਗ ਦਾ ਕੀਤਾ ਗਿਆ। ਇਸ ਮੌਕੇ ਵਿਸ਼ਵ ਕਲਿਆਣ ਤੇ ਸਾਰਿਆਂ ਦੀ ਸੁੱਖ-ਸ਼ਾਂਤੀ ਅਤੇ ਖੁਸ਼ਹਾਲੀ ਲਈ ਅਰਦਾਸ ਕੀਤੀ ਗਈ। ਇਸ ਦਿਨ ਮਾਂ ਦੁਰਗਾ ਦੇ ਚੇਤਰ ਨਵਰਾਤਰੀ ਦੀ ਸ਼ੁਰੂਆਤ ਵੀ ਹੋਈ। ਇਸ ਮੌਕੇ ਮਹਿਲਾ ਮੈਂਬਰਾਂ ਨੇ ਸ਼੍ਰੀਮਤੀ ਜਨਕ ਚੌਧਰੀ ਦੀ ਅਗਵਾਈ ਵਿੱਚ ਮਹਾਮਾਈ ਦੇ ਭਜਨ ਗਾ ਕੇ ਨਵਰਾਤਰੀ ਦੀ ਸ਼ੁਰੂਆਤ ਕੀਤੀ। ਪੂਜਾ ਤੇ ਹਵਨ ਤੋਂ ਬਾਅਦ ਪੰਡਿਤ ਜੀ ਨੇ ਨਵੇਂ ਸੰਮਤ ਬਾਰੇ ਸਾਰਿਆਂ ਨੂੰ ਜਾਣਕਾਰੀ ਦਿੱਤੀ ਤੇ ਆਸ਼ੀਰਵਾਦ ਦਿੱਤਾ। ਨਵੇਂ ਸੰਮਤ ਦੇ ਆਉਣ 'ਤੇ ਇੱਕ ਲੋੜਵੰਦ ਪਰਿਵਾਰ ਦੀ ਲੜਕੀ ਨੂੰ ਵਿਆਹ ਲਈ ਲੋੜੀਂਦਾ ਸਾਮਾਨ ਦਿੱਤਾ ਗਿਆ। ਪ੍ਰੀਸ਼ਦ ਦੇ ਮੈਂਬਰਾਂ ਨੇ ਲੜਕੀ ਦੇ ਉੱਜਵਲ ਭਵਿੱਖ ਲਈ ਅਰਦਾਸ ਕੀਤੀ ਤੇ ਆਸ਼ੀਰਵਾਦ ਦਿੱਤਾ। ਇਸ ਮੌਕੇ ਸੁਭਾਸ਼ ਚੌਧਰੀ, ਸ਼ਿਆਮ ਲਾਲ ਕੱਕੜ, ਸੁਰੇਸ਼ ਸ਼ਰਮਾ, ਗੁਲਸ਼ਨ ਧਵਨ, ਪ੍ਰਵੀਨ ਆਹੂਜਾ, ਪ੍ਰਵੀਨ ਤਲਵਾਰ, ਤਰਸੇਮ ਗਰੋਵਰ, ਪ੍ਰਦੀਪ ਸਲਵਾਨ, ਜੋਗਿੰਦਰ ਪਾਲ ਕੱਕੜ, ਐੱਮ ਪੀ ਬਜਾਜ, ਸੁਸ਼ੀਲ ਸੇਠੀ, ਰਮੇਸ਼ ਸ਼ਰਮਾ ਤੇ ਮਹਾਂਵੀਰ ਮੰਦਰ ਦੇ ਪ੍ਰਧਾਨ ਪ੍ਰਿਥਵੀ ਰਾਜ ਪੁਗਲ, ਰਾਮ ਅਗਰਵਾਲ ਤੇ ਹੋਰ ਮੈਂਬਰ ਹਾਜ਼ਰ ਸਨ।

## ਪੰਜਾਬ ਪਬਲਿਕ ਸਕੂਲ ਵਿਖੇ ਅਨੰਨਿਆ ਸ਼ਰਮਾ ਦਾ ਵਿਸ਼ੇਸ਼ ਸਨਮਾਨ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਪਬਲਿਕ ਸਕੂਲ ਨਾਭਾ ਵਿਖੇ ਸਕੂਲ ਦੀ ਸਾਬਕਾ ਵਿਦਿਆਰਥਣ ਅਨੰਨਿਆ ਸ਼ਰਮਾ ਦੇ ਸਨਮਾਨ ਲਈ ਇੱਕ ਵਿਸ਼ੇਸ਼ ਸਭਾ ਬੁਲਾਈ ਗਈ, ਜਿਸ ਨੇ ਹਾਲ ਹੀ ਵਿੱਚ ਯੂਪੀਐੱਸਸੀ ਸਿਵਲ ਸੇਵਾਵਾਂ ਪ੍ਰੀਖਿਆ 2025 ਪਾਸ ਕੀਤੀ ਹੈ ਤੇ ਮੈਰਿਟ ਦੇ ਕ੍ਰਮ ਵਿੱਚ 13ਵਾਂ ਰੈਂਕ ਪ੍ਰਾਪਤ ਕੀਤਾ ਹੈ।ਪੀਪੀਐੱਸ ਵਿੱਚ ਸ਼ਾਮਲ ਹੋਣ ਤੋਂ ਪਹਿਲਾਂ, ਅਨੰਨਿਆ ਨੇ ਆਪਣੀ ਸਕੂਲੀ ਪੜ੍ਹਾਈ ਇੰਦੌਰ ਦੇ ਡੇਲੀ ਕਾਲਜ ਤੋਂ ਪੂਰੀ ਕੀਤੀ।ਬਾਅਦ ਵਿੱਚ ਉਸ ਨੇ ਦਿੱਲੀ ਯੂਨੀਵਰਸਿਟੀ ਦੇ ਹਿੰਦੂ ਕਾਲਜ ਤੋਂ ਗ੍ਰੈਜੂਏਸ਼ਨ ਕੀਤੀ।ਅਨੰਨਿਆ ਡਾ. ਡੀ ਸੀ ਸ਼ਰਮਾ ਦੀ ਧੀ ਹੈ, ਜੋ ਕਿ ਪੰਜਾਬ ਪਬਲਿਕ ਸਕੂਲ ਨਾਭਾ ਦੇ ਮੌਜੂਦਾ ਮੁੱਖ ਅਧਿਆਪਕ ਹਨ।ਉਨ੍ਹਾਂ ਦੀ ਸ਼ਾਨਦਾਰ ਪ੍ਰਾਪਤੀ ਨੇ ਸੰਸਥਾ ਤੇ ਪੂਰੇ ਪੀਪੀਐੱਸ ਭਾਈਚਾਰੇ ਲਈ ਬਹੁਤ ਮਾਣ ਤੇ ਸਨਮਾਨ ਲਿਆਇਆ ਹੈ।ਇਸ ਮੌਕੇ ਅਨੰਨਿਆ ਸ਼ਰਮਾ ਤੇ ਉਨ੍ਹਾਂ ਦੀ ਮਾਤਾ ਡਾ. (ਸ਼੍ਰੀਮਤੀ) ਅਨੀਤਾ ਸ਼ਰਮਾ ਨੂੰ ਸਕੂਲ ਵੱਲੋਂ ਸਨਮਾਨਤ ਕੀਤਾ ਗਿਆ।ਸਮਾਗਮ ਨੂੰ ਸੰਬੋਧਨ ਕਰਦੇ ਹੋਏ, ਡਾ. ਡੀ ਸੀ ਸ਼ਰਮਾ ਨੇ ਵਿਦਿਆਰਥੀਆਂ ਨੂੰ ਅਨੰਨਿਆ ਦੀ ਸਫਲਤਾ ਤੋਂ ਪ੍ਰੇਰਨਾ ਲੈਣ।ਆਪਣੇ ਸੰਬੋਧਨ ਵਿੱਚ ਅਨੰਨਿਆ ਸ਼ਰਮਾ ਨੇ ਪੀਪੀਐੱਸ ਨਾਲ ਆਪਣੇ ਸਬੰਧਾਂ ਨੂੰ ਪਿਆਰ ਨਾਲ ਯਾਦ ਕੀਤਾ ਤੇ ਆਪਣੀ ਸਫਲਤਾ ਦਾ ਸਿਹਰਾ ਸਕੂਲ ਵਿੱਚ ਆਪਣੇ ਸ਼ੁਰੂਆਤੀ ਸਾਲਾਂ ਦੌਰਾਨ ਅਪਣਾਏ ਗਏ ਅਨੁਸ਼ਾਸਨ ਤੇ ਮਜ਼ਬੂਤ ਮੁੱਲ ਪ੍ਰਣਾਲੀ ਨੂੰ ਦਿੱਤਾ।ਸਭਾ ਦੀ ਸਮਾਪਤੀ ਰਾਸ਼ਟਰੀ ਗੀਤ ਗਾਇਨ ਨਾਲ ਹੋਈ।

## ਲਾਲਜੀਤ ਭੁੱਲਰ ਨੂੰ ਗ੍ਰਿਫਤਾਰ ਕੀਤਾ ਜਾਵੇ : ਬਰਾੜ, ਧਾਲੀਵਾਲ

**ਪਟਿਆਲਾ** : ਪੰਜਾਬ ਏਟਕ ਦੇ ਪ੍ਰਧਾਨ ਬੰਤ ਸਿੰਘ ਬਰਾੜ ਅਤੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਤਰਨ ਤਰਨ ਦੇ ਵੇਅਰਹਾਊਸ ਕਾਰਪੋਰੇਸ਼ਨ ਦੇ ਡੀ ਐਮ ਗਗਨਦੀਪ ਸਿੰਘ ਰੰਧਾਵਾ ਨੂੰ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਆਪਣੀ ਭ੍ਰਿਸ਼ਟਾਚਾਰ ਦੀ ਭੁੱਖ ਪੂਰੀ ਕਰਨ ਲਈ ਖੁਦਕੁਸ਼ੀ ਕਰਨ ਲਈ ਮਜਬੂਰ ਕਰਨ 'ਤੇ ਪੰਜਾਬ ਸਰਕਾਰ ਨੂੰ ਲਾਹਣਤਾਂ ਪਾਉਂਦਿਆਂ ਕਿਹਾ ਕਿ ਇਸ ਘਟਨਾ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਪੰਜਾਬ ਸਰਕਾਰ ਦੇ ਮੰਤਰੀਆਂ ਅਤੇ ਅਹਿਲਕਾਰਾਂ ਵਿੱਚ ਰੱਜ ਕੇ ਭ੍ਰਿਸ਼ਟਾਚਾਰ ਕਰਨ ਦੀਆਂ ਜੜ੍ਹਾਂ ਕਿੰਨੀਆਂ ਡੂੰਘੀਆਂ ਫੈਲ ਚੁੱਕੀਆਂ ਹਨ ਅਤੇ ਲਾਲਜੀਤ ਸਿੰਘ ਭੁੱਲਰ ਵਰਗੇ ਪੈਸੇ ਦੀ ਅੰਨ੍ਹੀ ਭੁੱਖ ਮਿਟਾਉਣ ਲਈ ਕਿਸ ਹੱਦ ਤੱਕ ਹੈਵਾਨ ਅਤੇ ਦਰਿੰਦੇ ਬਣ ਸਕਦੇ ਹਨ, ਜਿਸ ਨੇ ਆਪਣੇ ਪਿਤਾ ਨੂੰ ਟੈਂਡਰ ਅਲਾਟ ਕਰਵਾਉਣ ਲਈ ਇੱਕ ਉੱਚ ਕੋਟੀ ਦੇ ਪੜ੍ਹੇ ਲਿਖੇ ਡਾਕਟਰੇਟ ਅਧਿਕਾਰੀ ਦੀ ਕੁੱਟਮਾਰ ਅਤੇ ਜ਼ਲੀਲ ਕਰਕੇ ਉਸ ਨੂੰ ਖੁਦਕੁਸ਼ੀ ਕਰਨ ਲਈ ਮਜਬੂਰ ਕਰਕੇ ਉਸ ਦਾ ਹੱਸਦਾ ਵੱਸਦਾ ਪਰਵਾਰ ਉਜਾੜ ਕੇ ਰੱਖ ਦਿੱਤਾ। ਘਟਨਾ 'ਤੇ ਪ੍ਰਤੀਕਰਮ ਦਿੰਦੇ ਹੋਏ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਕਿਵੇਂ ਗੋਗਲੂਆਂ ਤੋਂ ਮਿੱਟੀ ਝਾੜਨ ਵਾਂਗ ਰਸਮ ਪੂਰੀ ਕਰ ਰਹੇ ਸਨ, ਉਹ ਵੀ ਇੱਕ ਨਿਖੇਧੀ ਯੋਗ ਹੈ। ਜੇਕਰ ਪੰਜਾਬ ਦੇ ਲੋਕਾਂ ਦੀ ਆਵਾਜ਼ ਅਤੇ ਰਾਜਨੀਤਿਕ ਪਾਰਟੀਆਂ ਨੇ ਆਪਣੇ ਰਾਜਨੀਤਿਕ ਵਖਰੇਵਿਆਂ ਤੋਂ ਉੱਪਰ ਉੱਠ ਕੇ ਆਵਾਜ਼ ਬੁਲੰਦ ਕਰਕੇ ਸਰਕਾਰ ਨੂੰ ਮੁਕੱਦਮਾ ਦਰਜ ਕਰਨ ਲਈ ਮਜਬੂਰ ਨਾ ਕੀਤਾ ਹੁੰਦਾ ਤਾਂ ਇਸ ਸਰਕਾਰ ਨੇ ਇਨਕੁਆਰੀ ਦਾ ਪਖੰਡ ਕਰਕੇ ਮੰਤਰੀ ਨੂੰ ਕਲੀਨ ਚਿੱਟ ਦੇਣ ਤੋਂ ਜ਼ਰਾ ਵੀ ਸ਼ਰਮ ਮਹਿਸੂਸ ਨਹੀਂ ਸੀ ਕਰਨੀ। ਪੰਜਾਬ ਏਟਕ ਦੇ ਆਗੂਆਂ ਨੇ ਮ੍ਰਿਤਕ ਗਗਨਦੀਪ ਸਿੰਘ ਦੇ ਪਰਵਾਰ ਅਤੇ ਰਿਸ਼ਤੇਦਾਰਾਂ ਨਾਲ ਦੁੱਖ ਸਾਂਝਾ ਕਰਦੇ ਹੋਏ ਮੰਗ ਕੀਤੀ ਹੈ ਕਿ ਲਾਲਜੀਤ ਸਿੰਘ ਭੁੱਲਰ ਅਤੇ ਉਸ ਦੇ ਪਿਤਾ ਅਤੇ ਹੋਰ ਦੋਸ਼ੀਆਂ ਨੂੰ ਤੁਰੰਤ ਗ੍ਰਿਫਤਾਰ ਕਰਕੇ ਹਵਾਲਾਤ ਵਿੱਚ ਇੱਕ ਖਤਰਨਾਕ ਅਪਰਾਧੀ ਵਾਂਗ ਬੰਦ ਕੀਤਾ ਜਾਵੇ ਅਤੇ ਉਨ੍ਹਾਂ ਨੂੰ ਮਿਸਾਲੀ ਸਜ਼ਾ ਮਿਲਣੀ ਯਕੀਨੀ ਬਣਾਈ ਜਾਵੇ, ਪਰਵਾਰ ਦੀ ਸੁਰੱਖਿਆ ਦਾ ਇੰਤਜ਼ਾਮ ਕੀਤਾ ਜਾਵੇ ਅਤੇ ਪਰਵਾਰ ਨੂੰ ਘੱਟੋ-ਘੱਟ ਦੋ ਕਰੋੜ ਰੁਪਏ ਦੀ ਰਾਸ਼ੀ ਦੇਣ ਦਾ ਐਲਾਨ ਕੀਤਾ ਜਾਵੇ।

## ਮੈਨੇਜਰ ਦੀ ਖੁਦਕੁਸ਼ੀ ਦੇ ਮਾਮਲੇ ਦੀ ਸੀ ਬੀ ਆਈ ਜਾਂਚ ਹੋਵੇ : ਬੰਤ ਬਰਾੜ

**ਚੰਡੀਗੜ੍ਹ (ਗਿਆਨ ਸੈਦਪੁਰੀ)**

ਵੇਅਰਹਾਊਸ ਮੈਨੇਜਰ ਡਾ. ਗਗਨਦੀਪ ਸਿੰਘ ਦੀ ਖੁਦਕੁਸ਼ੀ ਦਾ ਮਾਮਲਾ ਉਸ ਵਰਤਾਰੇ ਦਾ ਹਿੱਸਾ ਹੈ, ਜਿਸ ਵਿੱਚ ਬੇਲੋੜੇ ਸਿਆਸੀ ਦਬਾਅ ਕਾਰਨ ਪੰਜਾਬ ਦੇ ਪ੍ਰਸ਼ਾਸਕੀ ਗਲਿਆਰਿਆਂ ਵਿੱਚ ਬੇਭਰੋਸਗੀ ਅਤੇ ਅਨਿਸ਼ਚਤਤਾ ਦਾ ਮਾਹੌਲ ਦਿਨੋ-ਦਿਨ ਗੰਭੀਰ ਹੁੰਦਾ ਜਾ ਰਿਹਾ ਹੈ। ਇੱਥੇ ਭ੍ਰਿਸ਼ਟਾਚਾਰ ਤੇ ਰਿਸ਼ਵਤਖੋਰੀ ਬੇਲਗਾਮ ਹੋਈ ਵੇਖ ਕੇ ਸਿਆਸੀ ਬਦਲਾਅ ਦੀ ਆਸ ਲਾਈ ਬੈਠੇ ਪੰਜਾਬ ਦੇ ਲੋਕ ਮਾਯੂਸੀ ਦੇ ਆਲਮ ਵਿੱਚ ਹਨ। ਉਕਤ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਕਮਿਊਨਿਸਟ ਪਾਰਟੀ ਦੀ ਪੰਜਾਬ ਇਕਾਈ ਦੇ ਸੂਬਾ ਸਕੱਤਰ ਕਾਮਰੇਡ ਬੰਤ ਸਿੰਘ ਬਰਾੜ ਨੇ ਪ੍ਰੈੱਸ ਦੇ ਨਾਂਅ ਜਾਰੀ ਕੀਤੇ ਇੱਕ ਬਿਆਨ ਵਿੱਚ ਕੀਤਾ। ਉਨ੍ਹਾ ਕਿਹਾ ਕਿ ਖੁਦਕੁਸ਼ੀ ਮਾਮਲਾ ਬੜਾ ਹੀ ਗੰਭੀਰ ਹੈ।ਕਾਮਰੇਡ ਬੰਤ ਸਿੰਘ ਬਰਾੜ ਨੇ ਮੰਗ ਕੀਤੀ ਕਿ ਸਾਬਕਾ ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ ਗ੍ਰਿਫਤਾਰ ਕਰਕੇ ਖੁਦਕੁਸ਼ੀ ਮਾਮਲੇ ਵਿੱਚ ਉਸ ਦੀ ਭੂਮਿਕਾ ਲੋਕਾਂ ਦੇ ਸਾਹਮਣੇ ਨਸ਼ਰ ਕੀਤੀ ਜਾਵੇ।ਭੁੱਲਰ ਅਤੇ ਹੋਰ ਦੋਸ਼ੀਆਂ ਵਿਰੁੱਧ ਅਜਿਹੀ ਬਣਦੀ ਕਾਰਵਾਈ ਕੀਤੀ ਜਾਵੇ, ਜਿਸ ਨਾਲ ਪੀੜਤ ਪਰਵਾਰ ਸਮੇਤ ਪੰਜਾਬ ਦੇ ਲੋਕਾਂ ਨੂੰ ਵੀ ਇਨਸਾਫ਼ ਦੀ ਕਸੌਟੀ 'ਤੇ ਯਕੀਨ ਬੱਝੇ। ਕਮਿਊਨਿਸਟ ਆਗੂ ਨੇ ਕਿਹਾ ਕਿ ਪੰਜਾਬ ਦੀ ਸੱਤਾਧਾਰੀ ਧਿਰ ਦੇ ਅਕਸ ਨੂੰ ਸੁਧਾਰਨ ਲਈ ਇਸ ਦੇ ਮੁਖੀ ਨੂੰ ਬਹੁਤ ਪਹਿਲਾਂ ਹੀ ਲੋੜੀਂਦੇ ਕਦਮ ਚੁੱਕਣੇ ਚਾਹੀਦੇ ਸਨ। ਬਰਾੜ ਨੇ ਕਿਹਾ ਕਿ ਆਮ ਆਦਮੀ ਪਾਰਟੀ ਅੰਦਰ ਸ਼ੁਰੂ ਵਿੱਚ ਹੀ ਕੁਝ ਅਜਿਹੇ ਲੋਕ 'ਘੁਸਪੈਠ' ਕਰ ਗਏ ਸਨ, ਜਿਨ੍ਹਾਂ ਦਾ ਸਿਆਸੀ ਚਰਿੱਤਰ ਪਹਿਲਾਂ ਹੀ ਦਾਗ਼ਦਾਰ ਸੀ, ਉਨ੍ਹਾਂ ਨੂੰ ਅਜੇ ਵੀ ਬਾਹਰ ਦਾ ਰਸਤਾ ਦਿਖਾਏ ਜਾਣ ਦਾ ਸਮਾਂ ਹੈ। ਉਨ੍ਹਾ ਕਿਹਾ ਕਿ ਖੁਦਕੁਸ਼ੀ ਮਾਮਲੇ ਦੀ ਗੰਭੀਰਤਾ ਮੰਗ ਕਰਦੀ ਹੈ ਕਿ ਇਸ ਦੀ ਜਾਂਚ ਪੜਤਾਲ ਸੀ. ਬੀ. ਆਈ ਕੋਲੋਂ ਕਰਵਾਈ ਜਾਵੇ। ਉਨ੍ਹਾ ਕਿਹਾ ਕਿ ਹਰ ਰੋਜ਼ ਪੰਜਾਬ ਵਿੱਚ ਗੋਲੀਆਂ ਚੱਲਣ ਦੇ ਵਰਤਾਰੇ ਦੌਰਾਨ ਖੁਦਕੁਸ਼ੀਆਂ ਦਾ ਦਰਦ ਸ਼ਾਮਲ ਹੋਣ ਨਾਲ ਸੂਬਾ ਦਹਿਸ਼ਤਜ਼ਦਾ ਮਾਹੌਲ ਵਿੱਚ ਗੁਜ਼ਰ ਰਿਹਾ ਹੈ। ਇਹ ਗਹਿਰੀ ਚਿੰਤਾ ਦਾ ਵਿਸ਼ਾ ਹੈ।ਕਮਿਊਨਿਸਟ ਆਗੂ ਨੇ ਪੀੜਤ ਪਰਵਾਰ ਨਾਲ ਡੂੰਘੀ ਹਮਦਰਦੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਭਾਰਤੀ ਕਮਿਊਨਿਸਟ ਪਾਰਟੀ ਦੁਖੀ ਪਰਵਾਰ ਦਾ ਹਰ ਤਰ੍ਹਾਂ ਸਾਥ ਦੇਵੇਗੀ।

## ਵਿਧਾਇਕਾ ਤੇ ਮੇਅਰ ਪੁੱਜੇ ਮੁਹੰਮਦ ਅਸਲਮ ਦੇ ਘਰ, ਈਦ ਦੀਆਂ ਦਿੱਤੀਆਂ ਮੁਬਾਰਕਾਂ



**ਮੋਗਾ (ਇਕਬਾਲ ਸਿੰਘ ਖਹਿਰਾ)**-ਈਦ ਦੇ ਪਵਿੱਤਰ ਦਿਹਾੜੇ 'ਤੇ ਹਲਕਾ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਤੇ ਮੇਅਰ ਪ੍ਰਵੀਨ ਕੁਮਾਰ ਵੱਲੋਂ ਸਮੂਹ ਮੁਸਲਿਮ ਭਾਈਚਾਰੇ ਨੂੰ ਮੁਬਾਰਕਬਾਦ ਦਿੱਤੀ ਗਈ।ਇਸ ਮੌਕੇ ਮੁਸਲਿਮ ਆਗੂ ਮੁਹੰਮਦ ਅਸਲਮ ਮੀਟ ਵਾਲਿਆਂ ਦੇ ਗ੍ਰਹਿ ਸੂਰਜ ਨਗਰ ਮੋਗਾ ਵਿਖੇ ਪੁੱਜੇ, ਜਿੱਥੇ ਉਹ ਗਲੇ ਮਿਲੇ ਤੇ ਸਭ ਨੂੰ ਈਦ ਮੁਬਾਰਕ ਆਖੀ।ਇਸ ਮੌਕੇ ਡਾ. ਅਮਨ ਅਰੋੜਾ ਨੇ ਕਿਹਾ ਕਿ ਅਜਿਹੇ ਪਵਿੱਤਰ ਦਿਹਾੜੇ ਸਾਨੂੰ ਆਪਸੀ ਸਾਂਝ, ਏਕਤਾ ਤੇ ਸਦਭਾਵਨਾ ਦਾ ਸੰਦੇਸ਼ ਦਿੰਦੇ ਹਨ। ਇਸ ਲਈ ਸਾਨੂੰ ਵਲੀ ਪੀਰਾਂ ਦੇ ਦਰਸਾਏ ਮਾਰਗ 'ਤੇ ਚੱਲਣਾ ਚਾਹੀਦਾ ਹੈ।

ਇਸ ਸਮੇਂ ਮੁਹੰਮਦ ਅਸਲਮ ਦੇ ਪਰਿਵਾਰ ਵੱਲੋਂ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਤੇ ਮੇਅਰ ਪ੍ਰਵੀਨ ਕੁਮਾਰ ਪੀਨਾ ਨੂੰ ਸਿਰੋਪਾਉ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਕੁਲਵਿੰਦਰ ਚੱਕੀਆਂ, ਸੋਨੂੰ ਖ਼ਾਨ, ਸ਼ਿੰਦਰ ਸਿੰਘ ਭੁਪਾਲ, ਸੁਦਾਗਰ ਅਲੀ, ਸਾਗਰ, ਗੁਰਮੀਤ ਅਲੀ, ਹਾਫ਼ਿਜ਼ ਅਬਦੁਲ ਰਹਿਮਾਨ, ਡਾ. ਜੋਨੀ ਸਦੀਕ, ਸਰਫਿਰੋਜ਼ ਅਲੀ, ਮੁਹੰਮਦ ਇਰਫਾਨ, ਪੱਪੂ ਖ਼ਾਨ, ਮੁਹੰਮਦ ਨਸੀਮ ਨੈਂਸਲੇ ਵਾਲੇ, ਰਫ਼ੀਕ ਖ਼ਾਨ, ਮੁਹੰਮਦ ਅਜਹਰ, ਮੁਹੰਮਦ ਆਕਿਬ, ਮੁਹੰਮਦ ਸਲਮਾਨ ਤੋਂ ਇਲਾਵਾ ਮੁਹੱਲਾ ਵਾਸੀ ਹਾਜ਼ਰ ਸਨ।

## ਪ੍ਰਿੰ. ਮੋਹਨ ਲਾਲ ਸ਼ਰਮਾ ਸਾਥੀਆਂ ਸਮੇਤ ਭਾਜਪਾ 'ਚ ਸ਼ਾਮਲ

### ਮੁੱਖ ਮੰਤਰੀ ਸੈਣੀ ਨੇ ਪਾਰਟੀ ਦਾ ਸਿਰੋਪਾ ਪਾ ਕੇ ਕੀਤਾ ਸਵਾਗਤ



**ਸਮਾਣਾ (ਗੁਰਪਿਆਰ ਸਿੰਘ ਬੱਲ, ਇੱਕਬਾਲ ਸਿੰਘ ਬੱਲ)**-ਪੰਜਾਬ ਦੀ ਰਾਜਨੀਤੀ ਵਿੱਚ ਉਸ ਸਮੇਂ ਇੱਕ ਵੱਡਾ ਮੋੜ ਦੇਖਣ ਨੂੰ ਮਿਲਿਆ, ਜਦੋਂ ਇਲਾਕੇ ਦੀ ਪ੍ਰਮੁੱਖ ਸ਼ਖ਼ਸੀਅਤ ਤੇ ਉੱਘੇ ਸਿੱਖਿਆ ਸ਼ਾਸਤਰੀ ਪ੍ਰਿੰਸੀਪਲ ਮੋਹਨ ਲਾਲ ਸ਼ਰਮਾ ਆਪਣੇ ਸਾਥੀਆਂ ਸਮੇਤ ਭਾਰਤੀ ਜਨਤਾ ਪਾਰਟੀ (ਬੀ.ਜੇ.ਪੀ.) ਵਿੱਚ ਸ਼ਾਮਲ ਹੋ ਗਏ।ਉਹਨਾਂ ਨੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਮੌਜੂਦਗੀ ਵਿੱਚ ਪਾਰਟੀ ਦਾ ਪੱਲਾ ਫੜਿਆ। ਪ੍ਰਿੰਸੀਪਲ ਮੋਹਨ ਲਾਲ ਸਮਾਣਾ ਨੇ ਸਮਾਣਾ ਕਿਸਾਨ ਪੈਲੇਸ ਵਿੱਚ ਇੱਕ ਇਕੱਠ ਰੱਖਿਆ, ਜਿਸ ਵਿੱਚ ਹਲਕਾ ਸਮਾਣਾ ਤੇ ਸ਼ਤਰਾਣਾ ਦੇ ਲੋਕਾਂ ਨੇ ਵੱਡੀ ਗਿਣਤੀ ਸ਼ਮੂਲੀਅਤ ਕੀਤੀ।ਇਹ ਇਕੱਠ ਇੱਕ ਵੱਡੀ ਰੈਲੀ ਦਾ ਰੂਪ ਧਾਰਨ ਕਰ ਗਿਆ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਪ੍ਰਿੰਸੀਪਲ ਮੋਹਨ ਲਾਲ ਸ਼ਰਮਾ ਨੂੰ ਪਾਰਟੀ ਦਾ ਸਿਰੋਪਾ ਪਾ ਕੇ ਜੀ ਆਇਆਂ ਨੂੰ ਕਿਹਾ।

ਇਸ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਪ੍ਰਿੰਸੀਪਲ ਸ਼ਰਮਾ ਵਰਗੇ ਤਜਰਬੇਕਾਰ ਤੇ ਸਮਾਜ ਸੇਵੀ ਲੋਕਾਂ ਦੇ ਆਉਣ ਨਾਲ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤੀ ਮਿਲੇਗੀ।ਇਸ ਮੌਕੇ ਸਾਬਕਾ ਵਿਦੇਸ਼ ਮੰਤਰੀ ਪਰਨੀਤ ਕੌਰ, ਬੀ ਜੇ ਪੀ ਦੇ ਜਿਲ੍ਹਾ ਪ੍ਰਧਾਨ ਹਰਮੇਸ਼ ਕੁਮਾਰ ਡਕਾਲਾ, ਮੀਤ ਪ੍ਰਧਾਨ ਜੀਵਨ ਦੱਤ ਸ਼ੈਲੀ, ਜ਼ਿਲ੍ਹਾ ਦਫ਼ਤਰ ਇੰਚਾਰਜ ਸੰਜੀਵ ਗਰਗ, ਯੂਥ ਆਗੂ ਸ਼ੁਭਨੀਤ ਗਰਗ, ਪਰਦੱਮਣ ਸਿੰਘ ਵਿਰਕ ਸਾਬਕਾ ਚੇਅਰਮੈਨ, ਪਵਨ ਕੁਮਾਰ ਘੱਗਾ, ਬਲਜੀਤ ਸਿੰਘ ਬੱਲੀ ਸਰਪੰਚ, ਸੁਰਿੰਦਰ ਸਿੰਘ ਖੇੜਕੀ, ਨਲੀਨੀ ਚੋਪੜਾ, ਜਤਿੰਦਰ ਸ਼ਰਮਾ ਮੰਡਲ ਪ੍ਰਧਾਨ ਸਮਾਣਾ ਤੋਂ ਇਲਾਵਾ ਬੀਜੇਪੀ ਦੀ ਸਮੁੱਚੀ ਲੀਡਰਸ਼ਿਪ ਹਾਜ਼ਰ ਸੀ।

## ਬਦਲੀ ਹੋਣ ਵਾਲੇ ਅਧਿਆਪਕਾਂ ਨੂੰ ਤੁਰੰਤ ਰਿਲੀਵ ਕੀਤਾ ਜਾਵੇ : ਡੀ ਟੀ ਐੱਫ

**ਲੌਂਗੋਵਾਲ/ਸੰਗਰੂਰ (ਪ੍ਰਦੀਪ ਸੱਪਲ/ਪ੍ਰਵੀਨ ਸਿੰਘ)**-ਸਿੱਖਿਆ ਵਿਭਾਗ ਨੇ ਪਿਛਲੇ ਸਾਲ ਆਨਲਾਈਨ ਪ੍ਰਣਾਲੀ ਰਾਹੀਂ ਬਦਲੀਆਂ ਕਰਵਾ ਚੁੱਕੇ ਪਰ ਸਟਾਫ ਘੱਟ ਹੋਣ ਦੀ ਸ਼ਰਤ ਹੋਣ ਕਾਰਨ ਰਿਲੀਵ ਨਾ ਹੋਣ ਵਾਲੇ ਅਧਿਆਪਕਾਂ ਦੀਆਂ ਬਦਲੀਆਂ ਰੱਦ ਕਰਨ ਦਾ ਫ਼ੈਸਲਾ ਕੀਤਾ ਹੈ।ਇਸ ਫੈਸਲੇ ਦਾ ਵਿਰੋਧ ਕਰਦਿਆਂ ਅਧਿਆਪਕਾਂ ਦੀ ਨੁਮਾਇੰਦਾ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਦਾਤਾ ਸਿੰਘ ਨਮੋਲ ਤੇ ਜਨਰਲ ਸਕੱਤਰ ਹਰਭਗਵਾਨ ਗੁਰਨੇ ਨੇ ਦੱਸਿਆ ਕਿ ਆਪਣੇ ਘਰਾਂ ਤੋਂ ਦੋ-ਦੋ ਸੌ ਕਿਲੋਮੀਟਰ ਦੂਰ ਬੈਠੇ ਅਧਿਆਪਕਾਂ ਦੀਆਂ ਜਦ ਆਪਣੇ ਘਰਾਂ ਦੇ ਨੇੜੇ ਖਾਲੀ ਸਟੇਸ਼ਨਾਂ 'ਤੇ ਬਦਲੀਆਂ ਹੋਈਆਂ ਤਾਂ ਉਨ੍ਹਾਂ ਨੂੰ ਸੁੱਖ ਦਾ ਸਾਹ ਆਇਆ, ਪਰ ਵਿਭਾਗ ਨੇ ਉਨ੍ਹਾਂ ਉੱਪਰ ਸਕੂਲ ਵਿੱਚ 50% ਤੋਂ ਘੱਟ ਹੋਣ ਦੀ ਸ਼ਰਤ ਲਗਾ ਕੇ ਰਿਲੀਵ ਕਰਨ ਤੋਂ ਰੋਕ ਦਿੱਤਾ।ਇਸ ਮਸਲੇ 'ਤੇ ਜਥੇਬੰਦੀ ਦਾ ਵਫਦ ਡੀ.ਐੱਸ.ਈ. ਤੇ ਬਦਲੀ ਸੈੱਲ ਦੇ ਅਫਸਰਾਂ ਨੂੰ ਮਿਲ ਕੇ ਅਨੇਕਾਂ ਵਾਰ ਅਪੀਲ ਕਰ ਚੁੱਕਾ ਹੈ ਕਿ ਉਨ੍ਹਾਂ ਅਧਿਆਪਕਾਂ ਨੂੰ ਰਿਲੀਵ ਕੀਤਾ ਜਾਵੇ, ਪਰ ਹੁਣ ਇੱਕ ਸਾਲ ਬਾਅਦ ਉਨ੍ਹਾਂ ਨੂੰ ਰਿਲੀਵ ਕਰਨ ਦੀ ਥਾਂ ਸਿੱਖਿਆ ਵਿਭਾਗ ਨੇ ਉਨ੍ਹਾਂ ਦੀਆਂ ਬਦਲੀਆਂ ਰੱਦ ਕਰਨ ਦਾ ਪੱਤਰਕਾਰ ਕੱਢਿਆ ਹੈ।ਆਗੂਆਂ ਨੇ ਕਿਹਾ ਕਿ ਸਿੱਖਿਆ ਵਿਭਾਗ ਵਿੱਚ ਬਦਲੀ ਕਰਵਾਉਣਾ ਕੋਈ ਖਾਲਾ ਜੀ ਦਾ ਵਾੜਾ ਨਹੀਂ, ਉਨ੍ਹਾਂ ਅਧਿਆਪਕਾਂ ਨੇ ਸਰਕਾਰ ਵੱਲੋਂ ਬਣਾਈ ਪਾਲਿਸੀ ਰਾਹੀਂ ਮੈਰਿਟ ਦੇ ਅਧਾਰ 'ਤੇ ਬਦਲੀ ਕਰਵਾਈ ਸੀ।ਇਸ ਲਈ ਬਦਲੀਆਂ ਰੱਦ ਕਰਨ ਦਾ ਫ਼ੈਸਲਾ ਉਨ੍ਹਾਂ ਦੇ ਬਦਲੀ ਕਰਵਾਉਣ ਦੇ ਅਧਿਕਾਰ 'ਤੇ ਡਾਕਾ ਹੈ।ਸੀਨੀਅਰ ਮੀਤ ਪ੍ਰਧਾਨ ਸੁਖਜਿੰਦਰ ਸੰਗਰੂਰ, ਪ੍ਰੈੱਸ ਸਕੱਤਰ ਜਸਬੀਰ ਨਮੋਲ ਤੇ ਵਿੱਤ ਸਕੱਤਰ ਯਾਦਵਿੰਦਰ ਧੂਰੀ ਨੇ ਮੰਗ ਕੀਤੀ ਕਿ ਇਨ੍ਹਾਂ ਅਧਿਆਪਕਾਂ ਨੂੰ ਤੁਰੰਤ ਰਿਲੀਵ ਕਰਕੇ ਇਨ੍ਹਾਂ ਦੇ ਬਦਲੀਆਂ ਵਾਲੇ ਸਕੂਲਾਂ ਵਿੱਚ ਭੇਜਿਆ ਜਾਵੇ।ਆਗੂਆਂ ਨੇ ਇਹ ਵੀ ਮੰਗ ਕੀਤੀ ਕਿ ਅਗਲੇ ਸੈਸ਼ਨ ਦੇ ਸ਼ੁਰੂ ਵਿੱਚ ਹੀ ਬਦਲੀਆਂ ਲਈ ਅਰਜ਼ੀਆਂ ਮੰਗ ਕੇ ਮੈਰਿਟ ਦੇ ਅਧਾਰ 'ਤੇ ਬਦਲੀਆਂ ਕੀਤੀਆਂ ਜਾਣ ਤਾਂ ਜੋ ਸੈਸ਼ਨ ਦੇ ਸ਼ੁਰੂ ਤੋਂ ਵਿਦਿਆਰਥੀਆਂ ਨੂੰ ਅਧਿਆਪਕ ਮਿਲ ਸਕਣ।

## ਸ਼ਹੀਦਾਂ ਨੂੰ ਸਮਰਪਤ ਕੈਂਪ 'ਚ 200 ਵਿਅਕਤੀਆਂ ਵੱਲੋਂ ਖ਼ੂਨ ਦਾਨ

**ਧੂਰੀ (ਮਨੋਹਰ ਸਿੰਘ ਸੱਗੂ, ਬਿੰਨੀ ਗਰਗ)**-ਮਾਨਵਤਾ ਦੀ ਸੇਵਾ ਨੂੰ ਸਮਰਪਤ ਸੰਸਥਾ ਪਰਿਵਰਤਨ (ਮਾਲਵਾ ਫਰੈਂਡਜ਼ ਵੈੱਲਫੇਅਰ ਸੋਸਾਇਟੀ ਰਜਿ:) ਧੂਰੀ ਵੱਲੋਂ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਵਿਸ਼ਾਲ ਖ਼ੂਨਦਾਨ ਕੈਂਪ ਸਨਾਤਨ ਧਰਮ ਸਭਾ ਧੂਰੀ ਵਿਖੇ ਲਗਾਇਆ ਗਿਆ।ਇਸ ਕੈਂਪ ਵਿੱਚ ਮੁੱਖ ਮਹਿਮਾਨ ਵਜੋਂ ਡਾ: ਨਰਾਇਣ ਇੰਚਾਰਜ ਐੱਸ ਐੱਮ ਓ ਸਿਵਲ ਹਸਪਤਾਲ ਧੂਰੀ ਤੇ ਡਾਕਟਰ ਹਿਤੇਸ਼ ਜਿੰਦਲ ਧੂਰੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਕੈਂਪ ਵਦੌਰਾਨ 200 ਖ਼ੂਨਦਾਨੀਆਂ ਨੇ ਖ਼ੂਨਦਾਨ ਕੀਤਾ।ਕੈਂਪ ਦੀ ਅਗਵਾਈ ਗੁਰਦਰਸ਼ਨ ਸਿੰਘ ਡਿੰਪੀ ਤੇ ਸਮਾਗਮ ਦੀ ਪ੍ਰਧਾਨਗੀ ਸੰਸਥਾ ਦੇ ਪ੍ਰਧਾਨ ਗੁਰਤੇਜ ਸਿੰਘ ਮਾਨ ਨੇ ਕੀਤੀ।ਉਨ੍ਹਾਂ ਕਿਹਾ ਕਿ ਸ਼ਹੀਦਾਂ ਦੀ ਕੁਰਬਾਨੀ ਨੂੰ ਯਾਦ ਕਰਦਿਆਂ ਮਨੁੱਖਤਾ ਦੀ ਸੇਵਾ ਕਰਨਾ ਹੀ ਸੱਚੀ ਸ਼ਰਧਾਂਜਲੀ ਹੈ।ਇਸ ਮੌਕੇ ਕੈਂਪ ਨੂੰ ਸਫ਼ਲ ਬਣਾਉਣ ਵਿੱਚ ਜਗਰੂਪ ਸਿੰਘ ਬੱਬੂ, ਜਸਵਿੰਦਰ ਸਿੰਘ, ਜਸਵਿੰਦਰ ਕੁਮਾਰ, ਕਿਰਨਦੀਪ, ਕਮਲਜੀਤ ਕੌਰ, ਗੀਟਾ ਗੋਇਲ, ਦਲਜੀਤ ਕੌਰ, ਰਾਜੂ ਰਿਸ਼ੀ, ਸੁਰੇਸ਼ ਰਾਧੇ, ਸੁਖਪਾਲ ਸਿੰਘ, ਜੋਗਿੰਦਰ ਸਿੰਘ, ਪੁਨੀਤ ਗੋਇਲ, ਮਨੋਜ ਸ਼ਰਮਾ ਤੇ ਧਰਮ ਸਿੰਘ, ਸੁਖਬੀਰ ਸਿੰਘ, ਸੁੰਦਰ ਲਾਲ, ਵਰਿੰਦਰ ਸਿੰਗਲਾ, ਅਮਨਪ੍ਰੀਤ ਸਿੰਘ, ਮਨਵੀਰ, ਜਤਨ ,ਵਿਜੇ ਸ਼ਰਮਾ, ਬੂਟਾ ਸਿੰਘ, ਜਗਸੀਰ ਸਿੰਘ ਜੱਗੀ ਢੀਂਡਸਾ ਨੇ ਅਹਿਮ ਯੋਗਦਾਨ ਪਾਇਆ।ਕੈਂਪ ਵਿੱਚ ਐੱਨ ਐੱਸ ਐੱਸ ਯੂਨਿਟ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧੂਰੀ ਪਿੰਡ, ਲਾਈਫ ਗਾਰਡ ਨਰਸਿੰਗ ਇੰਸਟੀਚਿਊਟ ਦੇ ਵਲੰਟੀਅਰਾਂ ਨੇ ਵੀ ਕੈਂਪ ਵਿੱਚ ਭਰਪੂਰ ਸਹਿਯੋਗ ਦਿੱਤਾ।ਖ਼ੂਨ ਦਾਨ ਕਰਨ ਵਾਲੇ ਸਾਰੇ ਸੱਜਣਾਂ ਨੂੰ ਸੰਸਥਾ ਵੱਲੋਂ ਸਨਮਾਨ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ।



## ਸਫਾ 1 ਦੇ ਬਾਕੀ...

### ਪੰਜਾਬ 'ਚ ਵਿਸ਼ਵ ਪੱਧਰੀ...

ਮੂਧੇ ਮੂੰਹ ਡਿੱਗੇਗੀ।ਇਹ ਦੁੱਖ ਦੀ ਗੱਲ ਹੈ ਕਿ ਕਾਂਗਰਸ ਦੇ ਚੋਟੀ ਦੇ ਆਗੂ ਸੱਤਾ ਲਈ ਲੜ ਰਹੇ ਹਨ ਅਤੇ ਸੂਬੇ ਲਈ ਉਨ੍ਹਾਂ ਕੋਲ ਕੋਈ ਏਜੰਡਾ ਨਹੀਂ। ਪਿਛਲੀ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਸ ਇਲਾਕੇ ਵਿੱਚ ਛੋਟੇ ਦੁਕਾਨਦਾਰ, ਵਪਾਰੀ ਅਤੇ ਕਿਸਾਨ ਹਨ। ਲੋਕਾਂ ਨੇ ਪਹਿਲਾਂ ਰਵਾਇਤੀ ਪਾਰਟੀਆਂ ਨੂੰ ਵੱਡੇ ਪੱਧਰ 'ਤੇ ਵੋਟ ਦਿੱਤੀ ਸੀ, ਪਰ ਪਿਛਲੀਆਂ ਸਰਕਾਰਾਂ ਨੇ ਪੰਜਾਬ ਨੂੰ ਲੁੱਟਿਆ। ਇਨ੍ਹਾਂ ਆਗੂਆਂ ਨੇ ਸਰੋਤਾਂ ਨੂੰ ਨਿੱਜੀ ਮੁਫਾਦਾਂ ਲਈ ਵਰਤਿਆ ਅਤੇ ਅੱਜ ਵੀ ਉਨ੍ਹਾਂ ਕੋਲ ਕੋਈ ਏਜੰਡਾ ਨਹੀਂ ਹੈ, ਸਿਰਫ਼ ਸੱਤਾ ਦੀ ਭੁੱਖ ਹੈ। ਉਹ ਇੱਕ ਦੂਜੇ ਤੋਂ ਮੂਹਰੇ ਹੋ ਕੇ ਮੈਨੂੰ ਗਾਲ੍ਹਾਂ ਕੱਢਦੇ ਹਨ। ਉਨ੍ਹਾਂ ਅੱਗੇ ਕਿਹਾ, ਪਹਿਲਾਂ ਭ੍ਰਿਸ਼ਟਾਚਾਰ ਕਾਰਨ ਇਸ ਪੈਸੇ ਦੀ ਦੁਰਵਰਤੋਂ ਹੁੰਦੀ ਸੀ, ਪਰ ਹੁਣ ਅਸੀਂ ਲੋਕਾਂ ਅਤੇ ਰਾਜ ਦੀ ਭਲਾਈ ਲਈ ਇਨ੍ਹਾਂ ਚੋਰ-ਮੋਰੀਆਂ ਨੂੰ ਰੋਕਿਆ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 'ਰਾਜ ਸਰਕਾਰ ਨੇ ਮਾਝਾ ਖੇਤਰ ਵਿੱਚ 22 ਕਿਲੋਮੀਟਰ ਲੰਬੀ ਸਰਹਾਲੀ ਨਹਿਰ ਦਾ ਪਤਾ ਲਾ ਲਿਆ ਹੈ ਜੋ ਕਿ ਜ਼ਮੀਨ ਹੇਠ ਦੱਬ ਗਈ ਸੀ। ਇਹ ਨਹਿਰ ਹੁਣ ਸੂਬਾ ਸਰਕਾਰ ਦੇ ਠੋਸ ਯਤਨਾਂ ਕਾਰਨ ਚਾਲੂ ਹੈ।'

ਉਨ੍ਹਾਂ ਅੱਗੇ ਕਿਹਾ, "ਦਹਾਕਿਆਂ ਤੋਂ ਕਿਸਾਨ ਫਿਰੋਜ਼ਪੁਰ ਅਤੇ ਸਰਹਿੰਦ ਨਹਿਰਾਂ ਤੋਂ ਰੋਟੇਸ਼ਨ ਵਿੱਚ ਪਾਣੀ ਲੈਂਦੇ ਆ ਰਹੇ ਸਨ, ਪਰ ਪਹਿਲੀ ਵਾਰ ਇਹ ਪ੍ਰਣਾਲੀ ਖਤਮ ਹੋਈ ਹੈ, ਜਿਸ ਨਾਲ ਵੱਡੀ ਰਾਹਤ ਮਿਲੀ ਹੈ" ਇਸ ਮੌਕੇ ਕੈਬਨਿਟ ਮੰਤਰੀ, ਵਿਧਾਇਕ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।

### ਮੋਦੀ ਸਰਕਾਰ ਲੋਕਾਂ ਦੀ...

ਬੰਤ ਬਰਾੜ ਨੇ ਕਿਹਾ ਕਿ ਅਸੀਂ ਮੋਦੀ ਸਰਕਾਰ ਅਤੇ ਉਸ ਦੇ ਭਾਈਵਾਲ ਆਰ ਐੱਸ ਐੱਸ ਦੇ ਵੰਡ-ਪਾਊ ਮਨਸੂਬਿਆਂ ਅਤੇ ਲੋਕ-ਮਾਰੂ ਨੀਤੀਆਂ ਨੂੰ ਮੁੱਢੋਂ ਨਕਾਰਦੇ ਹਾਂ। ਉਨ੍ਹਾ ਕਿਹਾ ਕਿ ਅੱਜ ਡੋਨਾਲਡ ਟਰੰਪ, ਨੇਤਨਯਾਹੂ ਅਤੇ ਨਰਿੰਦਰ ਮੋਦੀ ਸਾਮਰਾਜੀ ਸ਼ਕਤੀਆਂ ਅਤੇ ਪੂੰਜੀਪਤੀਆਂ ਦੇ ਫਾਇਦੇ ਲਈ ਮਨੁੱਖਤਾ ਦਾ ਘਾਣ ਕਰਦੇ ਇਕੋ ਰਸਤੇ ਚੱਲ ਰਹੇ ਹਨ। ਅਮਰੀਕਾ ਦੇ ਰਾਸ਼ਟਰਪਤੀ ਤਾਕਤ ਵਿੱਚ ਆਉਣ ਤੋਂ ਬਾਅਦ ਹਮੇਸ਼ਾ ਜੰਗ ਛੇੜ ਕੇ ਹਥਿਆਰਾਂ ਦੀ ਮੰਡੀ ਨੂੰ ਲਾਭ ਪਹੁੰਚਾਉਂਦੇ ਰਹੇ ਹਨ। ਮਾਨਵਤਾ ਲਈ ਜ਼ਰੂਰੀ ਵਸਤਾਂ, ਖਾਦ ਸਮੱਗਰੀ ਅਤੇ ਦਵਾਈਆਂ ਦੀਆਂ ਕੀਮਤਾਂ ਵਿੱਚ ਚੋਖਾ ਵਾਧਾ ਕਰਦੇ ਹਨ। ਹਮੇਸ਼ਾ ਸਾਮਰਾਜੀ ਜੁੰਡਲੀ ਅਮਰੀਕਾ ਦੇ ਝੰਡੇ ਹੇਠ ਇਕੱਠੀ ਹੋਈ ਹੈ ਅਤੇ ਦੁਨੀਆ ਦੇ ਛੋਟੇ ਅਤੇ ਕਮਜ਼ੋਰ ਦੇਸ਼ਾਂ ਦੇ ਕੁਦਰਤੀ ਵਸੀਲਿਆਂ ਪੈਟਰੋਲ, ਗੈਸ ਅਤੇ ਵਡਮੁੱਲੇ ਖਣਿਜ ਪਦਾਰਥਾਂ ਨੂੰ ਡਰਾ-ਧਮਕਾ ਕੇ ਜਾਂ ਜੰਗ ਛੇੜ ਕੇ ਜਬਰੀ ਹਥਿਆਉਂਦੀ ਰਹੀ ਹੈ। ਕਿਊਬਾ, ਈਰਾਨ, ਇਰਾਕ, ਲਿਬਨਾਨ, ਵੀਅਤਨਾਮ, ਅਫ਼ਗਾਨਿਸਤਾਨ, ਵੈਨਜ਼ੁਏਲਾ ਸਮੇਤ ਅਨੇਕਾਂ ਦੇਸ਼ਾਂ ਨੇ ਇਕਤਰਫ਼ਾ ਜੰਗ ਦਾ ਸੰਤਾਪ ਹੰਢਾਇਆ ਹੈ। ਇਜ਼ਰਾਈਲ ਨੇ ਨਿਰਦੋਸ਼ੇ 70 ਹਜ਼ਾਰ ਫ਼ਲਸਤੀਨੀ ਔਰਤਾਂ ਅਤੇ ਬੱਚਿਆਂ ਦਾ ਨਰਸੰਘਾਰ ਕੀਤਾ ਹੈ। ਮੋਦੀ ਸਰਕਾਰ ਦੇਸ਼ ਵਿੱਚ ਮੁਸਲਮਾਨ ਭਰਾਵਾਂ ਪ੍ਰਤੀ ਨਫ਼ਰਤ ਫੈਲਾਉਣ ਅਤੇ ਉਜਾੜਨ ਵਾਲਾ ਵਤੀਰਾ ਰੱਖਦੀ ਹੈ, ਪਰ ਖਾੜੀ ਵਿਚ ਜਾ ਕੇ ਉਨ੍ਹਾਂ ਨਾਲ ਪਿਆਰ ਜਤਾਉਂਦੀ ਹੈ। ਮੰਦਭਾਗੀ ਗੱਲ ਇਹ ਹੈ ਕਿ ਸਰਕਾਰ ਲੋਕ ਹਿੱਤਾਂ ਦੀ ਥਾਂ ਕਾਰਪੋਰੇਟਰਾਂ ਦੇ ਹਿੱਤ ਪੂਰਦੀ ਹੈ ਅਤੇ ਉਨ੍ਹਾਂ ਦੇ ਹੀ ਹਿੱਤਾਂ ਦੀ ਰਾਖੀ ਵਿੱਚ ਸਰਗਰਮ ਹੈ। ਸ਼ਹੀਦ-ਏ-ਆਜ਼ਮ ਭਗਤ ਸਿੰਘ ਅਤੇ ਉਨ੍ਹਾਂ ਦੇ ਸਾਥੀ ਸ਼ਹੀਦਾਂ ਨੇ ਫਿਰੰਗੀਆਂ ਤੋਂ ਦੇਸ਼ ਆਜ਼ਾਦ ਕਰਵਾਇਆ ਸੀ। ਅਸੀਂ ਉਨ੍ਹਾਂ ਅੱਗੇ ਨਤਮਸਤਕ ਹਾਂ, ਪਰ ਅਜੋਕੇ ਸਮੇਂ ਵਿੱਚ ਮੋਦੀ ਸਰਕਾਰ ਲੋਕ ਪੱਖੀ ਕਾਨੂੰਨ ਬਿਨਾਂ ਸੰਬੰਧਤ ਧਿਰਾਂ ਨਾਲ ਸਲਾਹ ਕੀਤੇ ਹੀ ਬਦਲ ਕੇ ਲੋਕ-ਮਾਰੂ ਕਾਨੂੰਨ ਲਿਆ ਰਹੀ ਹੈ। ਸਰਕਾਰ ਦੀ ਸ਼ਹਿ ਉੱਤੇ ਹੀ ਕਾਰਪੋਰੇਟ ਆਮ ਲੋਕਾਂ ਦੀ ਅੰਨ੍ਹੀ ਲੁੱਟ ਕਰ ਰਹੇ ਹਨ, ਜਿਸ ਦਾ ਵਿਰੋਧ ਅਜੋਕੇ ਸਮੇਂ ਦੀ ਸਖ਼ਤ ਲੋੜ ਹੈ।

ਮੀਟਿੰਗ ਨੂੰ ਜਸਪਾਲ ਸਿੰਘ ਦੱਪਰ, ਜੋਗਿੰਦਰ ਸ਼ਰਮਾ, ਕਰਮ ਸਿੰਘ ਵਕੀਲ ਅਤੇ ਪ੍ਰੀਤਮ ਸਿੰਘ ਹੁੰਦਲ ਨੇ ਵੀ ਸੰਬੋਧਨ ਕੀਤਾ। ਸਾਥੀ ਰਾਜ ਕੁਮਾਰ ਨੇ ਹਾਜ਼ਰ ਸਾਥੀਆਂ ਦਾ ਧੰਨਵਾਦ ਕੀਤਾ। ਉਨ੍ਹਾ ਕਿਹਾ ਕਿ ਅਜੋਕੇ ਸਮੇਂ ਵਿਚ ਵਧੀਕੀਆਂ ਖਿਲਾਫ ਲੜਨਾ ਹਰ ਸੰਘਰਸ਼ਸ਼ੀਲ ਸਾਥੀ ਦਾ ਪਹਿਲਾ ਫਰਜ਼ ਹੈ। ਮੀਟਿੰਗ ਦੌਰਾਨ ਬਲਵਿੰਦਰ ਸਿੰਘ, ਗੁਰਦਿਆਲ ਸਿੰਘ, ਸੁਰਿੰਦਰ ਸਿੰਘ ਜੜੌਤ, ਪ੍ਰਲਾਦ ਸਿੰਘ, ਸੇਵਕ ਸਿੰਘ, ਮਹਿੰਦਰਪਾਲ ਸਿੰਘ, ਮੁਹੰਮਦ ਆਜ਼ਮ, ਰਾਜੀਵ ਕੁਮਾਰ, ਕੇਹਰ ਸਿੰਘ, ਜਗਤਾਰ ਸਿੰਘ, ਲਾਲ ਜੀ ਲਾਲੀ, ਵਿਜੇ ਕੁਮਾਰ ਅਤੇ ਰਾਮ ਕੇਵਲ ਸਮੇਤ ਕਰੀਬ 50 ਯੂਨੀਅਨਾਂ ਦੇ ਰਹਿਨੁਮਾ ਸਾਥੀ ਸ਼ਾਮਲ ਹੋਏ।

## ਭਗਤ ਸਿੰਘ ਤੇ ਸਾਥੀਆਂ ਦੇ ਗੁਪਤ ਟਿਕਾਣੇ ਨੂੰ ਮਿਊਜ਼ੀਅਮ ਤੇ ਲਾਇਬਰੇਰੀ 'ਚ ਬਦਲਣ ਦੀ ਮੰਗ

**ਲੌਂਗੋਵਾਲ (ਪ੍ਰਦੀਪ ਸੱਪਲ)**-ਦੇਸ਼ਭਗਤ ਯਾਦਗਾਰ ਲੌਂਗੋਵਾਲ ਦੇ ਪ੍ਰਧਾਨ ਬਲਬੀਰ ਲੌਂਗੋਵਾਲ, ਜਨਰਲ ਸਕੱਤਰ ਜੁਝਾਰ ਲੌਂਗੋਵਾਲ, ਮੀਤ ਪ੍ਰਧਾਨ ਰਣਜੀਤ ਸਿੰਘ, ਵਿੱਤ ਸਕੱਤਰ ਅਨਿਲ ਸ਼ਰਮਾ ਤੇ ਪ੍ਰੈੱਸ ਸਕੱਤਰ ਲਖਵੀਰ ਲੱਖੀ ਤੇ ਸਮੂਹ ਮੈਂਬਰਾਂ ਨੇ ਮੰਗ ਕੀਤੀ ਹੈ ਕਿ ਸਰਕਾਰ ਵੱਲੋਂ ਭਗਤ ਸਿੰਘ ਤੇ ਉਸ ਦੇ ਕ੍ਰਾਂਤੀਕਾਰੀ ਸਾਥੀਆਂ ਦੇ ਫਿਰੋਜ਼ਪੁਰ ਸਥਿਤ ਗੁਪਤ ਟਿਕਾਣੇ ਨੂੰ ਮਿਊਜ਼ੀਅਮ ਤੇ ਲਾਇਬਰੇਰੀ ਵਿੱਚ ਬਦਲਿਆ ਜਾਵੇ।ਇਹ ਉਹ ਗੁਪਤ ਟਿਕਾਣਾ ਹੈ, ਜਿੱਥੇ ਭਗਤ ਸਿੰਘ ਤੇ ਉਸ ਦੇ ਸਾਥੀ ਦੇਸ਼ ਨੂੰ ਆਜ਼ਾਦ ਕਰਵਾਉਣ ਲਈ ਸਰਗਰਮੀਆਂ ਕਰਦੇ ਰਹੇ।ਭਗਤ ਸਿੰਘ ਨੇ ਇੱਥੇ ਆਪਣੀ ਇਨਕਲਾਬੀ ਪਾਰਟੀ ਦੀਆਂ ਲੋੜਾਂ ਮੁਤਾਬਕ ਕੇਸ ਤੇ ਦਾਹੜੀ ਕਟਵਾਏ ਸਨ।ਉਹ ਇੱਥੇ ਸਾਂਡਰਸ ਕਤਲ ਕਾਂਡ ਤੋਂ ਬਾਅਦ ਨਿਸ਼ਾਨੇਬਾਜ਼ੀ ਕਰਦੇ ਰਹੇ ਸਨ।ਇਸ ਗੁਪਤ ਟਿਕਾਣੇ ਸੰਬੰਧੀ ਖੋਜ ਤੋਂ ਬਾਅਦ ਸਰਕਾਰ ਨੇ ਸਾਲ 2015 ਵਿੱਚ ਇਸ ਨੂੰ ਸੁਰੱਖਿਅਤ ਇਮਾਰਤ ਘੋਸ਼ਿਤ ਕਰ ਦਿੱਤਾ ਸੀ, ਪਰ ਇਸ ਨੂੰ ਕਬਜ਼ੇ ਵਿੱਚ ਲੈ ਕੇ ਮਿਊਜ਼ੀਅਮ ਤੇ ਲਾਇਬਰੇਰੀ ਵਿੱਚ ਨਹੀਂ ਬਦਲਿਆ।ਇਹ ਗੁਪਤ ਟਿਕਾਣਾ ਕ੍ਰਾਂਤੀਕਾਰੀ ਗਯਾ ਪ੍ਰਸ਼ਾਦ ਨੇ ਲਿਆ ਸੀ ਤੇ ਹੇਠਾਂ ਉਨ੍ਹਾਂ ਨੇ ਦਵਾਖਾਨਾ ਖੋਲ੍ਹਿਆ ਤੇ ਉੱਤੇ ਰਿਹਾਇਸ਼ ਰੱਖੀ ਸੀ।

ਇਹ ਇੱਥੇ ਬੰਬ ਬਣਾਉਣ ਦਾ ਸਾਮਾਨ ਇਕੱਠਾ ਕਰਦੇ ਰਹੇ ਸਨ।ਆਗੂਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ, ਜਿਹੜੀ ਆਪਣੇ ਆਪ ਨੂੰ ਭਗਤ ਸਿੰਘ ਦੀ ਅਖੌਤੀ ਵਾਰਿਸ ਕਹਾਉਂਦੀ ਹੈ, ਨੇ ਸਹੁੰ ਚੁੱਕ ਸਮਾਗਮ ਵੀ ਖਟਕੜ ਕਲਾਂ ਕੀਤਾ ਸੀ, ਪ੍ਰੰਤੂ ਇਸ ਟਿਕਾਣੇ ਸਬੰਧੀ ਅੱਜ ਤੱਕ ਕੁਝ ਨਹੀਂ ਕੀਤਾ।

## ਸੜਕ ਵਿਚਕਾਰ ਖੁੱਲ੍ਹਾ ਸੀਵਰੇਜ ਬਣਿਆ ਮੌਤ ਦਾ ਖੂਹ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸਨੌਰ ਸ਼ਹਿਰ ਵਿੱਚ ਵਿਕਾਸ ਦੇ ਦਾਅਵਿਆਂ ਦੀ ਹਕੀਕਤ ਇੱਕ ਵਾਰ ਫਿਰ ਸਵਾਲਾਂ ਦੇ ਘੇਰੇ ਵਿੱਚ ਆ ਗਈ ਹੈ।ਫਤਿਹਪੁਰ ਰੋਡ ਉੱਤੇ ਸਥਿਤ ਇੱਕ ਖੁੱਲ੍ਹਾ ਸੀਵਰੇਜ ਸਥਾਨਕ ਲੋਕਾਂ ਲਈ ਵੱਡਾ ਖਤਰਾ ਬਣਿਆ ਹੋਇਆ ਹੈ।ਸੜਕ ਦੇ ਵਿਚਕਾਰ ਇੱਕ ਡੂੰਘਾ ਸੀਵਰੇਜ ਖੁੱਲ੍ਹਾ ਪਿਆ ਹੈ, ਜਿਸ ਵਿੱਚ ਗੰਦਾ ਪਾਣੀ ਭਰਿਆ ਹੋਇਆ ਹੈ ਅਤੇ ਆਸ-ਪਾਸ ਮਿੱਟੀ, ਮਲਬਾ ਅਤੇ ਕੂੜਾ ਵੀ ਫੈਲਿਆ ਪਿਆ ਹੈ।ਸੂਤਰਾਂ ਦੱਸਿਆ ਕਿ ਬੀਤੇ ਦਿਨੀਂ ਨਗਰ ਕੌਂਸਲ ਸਨੌਰ ਦੇ ਕਰਮਚਾਰੀਆਂ ਵੱਲੋਂ ਇਥੇ ਲੱਗੀ ਲੋਹੇ ਦੀ ਟੁੱਟੀ ਜਾਲੀ ਨੂੰ ਉਖਾੜ ਕੇ ਆਪਣੇ ਨਾਲ ਲੈ ਗਏ।ਪਹਿਲਾਂ ਸੀਵਰੇਜ ਉੱਤੇ ਲੱਗੀ ਸੁਰੱਖਿਆ ਲਈ ਜਾਲੀ ਹੁੰਦੀ ਸੀ, ਜੋ ਹੁਣ ਹਟਾ ਦਿੱਤੀ ਗਈ ਹੈ।ਇਸ ਕਾਰਨ ਇਹ ਖੁੱਲ੍ਹਾ ਸੀਵਰੇਜ ਹੁਣ ਮੌਤ ਦਾ ਖੂਹ ਬਣਦਾ ਜਾ ਰਿਹਾ ਹੈ।ਸਥਾਨਕ ਵਾਸੀ ਬਲਜਿੰਦਰ ਸਿੰਘ ਨੇ ਦੱਸਿਆ ਕਿ ਇਹ ਸੜਕ ਕਾਫੀ ਰਸ਼ ਵਾਲੀ ਹੈ ਅਤੇ ਇੱਥੇ ਹਰ ਵੇਲੇ ਲੋਕਾਂ ਦੀ ਆਵਾਜਾਈ ਰਹਿੰਦੀ ਹੈ।ਖ਼ਾਸ ਕਰਕੇ ਰਾਤ ਦੇ ਸਮੇਂ ਜਾਂ ਬਾਰਿਸ਼ ਦੌਰਾਨ ਇਹ ਸੀਵਰੇਜ ਦਿਖਾਈ ਨਹੀਂ ਦਿੰਦਾ, ਜਿਸ ਨਾਲ ਕਿਸੇ ਵੀ ਸਮੇਂ ਵੱਡਾ ਹਾਦਸਾ ਹੋ ਸਕਦਾ ਹੈ।ਬੱਚਿਆਂ ਅਤੇ ਬਜ਼ੁਰਗਾਂ ਲਈ ਇਹ ਹੋਰ ਵੀ ਜ਼ਿਆਦਾ ਖਤਰਨਾਕ ਸਾਬਿਤ ਹੋ ਸਕਦਾ ਹੈ।ਨੇੜਲੇ ਲੋਕਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਇਸ ਮਸਲੇ ਨੂੰ ਗੰਭੀਰਤਾ ਨਾਲ ਲਿਆ ਜਾਵੇ ਅਤੇ ਤੁਰੰਤ ਸੀਵਰੇਜ ਨੂੰ ਢਕ ਕੇ ਸੜਕ ਦੀ ਮੁਰੰਮਤ ਕਰਵਾਈ ਜਾਵੇ।ਜੇਕਰ ਸਮੇਂ ਸਿਰ ਕਾਰਵਾਈ ਨਾ ਕੀਤੀ ਗਈ ਤਾਂ ਇਹ ਲਾਪਰਵਾਹੀ ਕਿਸੇ ਵੱਡੇ ਹਾਦਸੇ ਨੂੰ ਜਨਮ ਦੇ ਸਕਦੀ ਹੈ, ਜਿਸ ਦੀ ਜ਼ਿੰਮੇਵਾਰੀ ਸੰਬੰਧਤ ਵਿਭਾਗਾਂ ਉੱਤੇ ਹੀ ਆਵੇਗੀ।

## ਡਾਕਟਰ ਗਗਨਦੀਪ ਨੂੰ ਖੁਦਕੁਸ਼ੀ ਲਈ ਮਜਬੂਰ ਕਰਨ ਵਾਲੇ ਮੰਤਰੀ ਨੂੰ ਤੁਰੰਤ ਗ੍ਰਿਫ਼ਤਾਰ ਕਰੋ : ਜਮਹੂਰੀ ਅਧਿਕਾਰ ਸਭਾ



**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਅੰਮ੍ਰਿਤਸਰ ਜ਼ਿਲ੍ਹਾ ਮੈਨੇਜਰ ਗਗਨਦੀਪ ਸਿੰਘ ਵੱਲੋਂ ਖੁਦਕੁਸ਼ੀ ਕਰ ਲੈਣ ਦੀ ਦੁਖਦਾਈ ਤੇ ਚਿੰਤਾਜਨਕ ਘਟਨਾ ਵਾਪਰੀ ਹੈ। ਜਮਹੂਰੀ ਅਧਿਕਾਰ ਸਭਾ ਇਕਾਈ ਸੰਗਰੂਰ ਦੇ ਪ੍ਰਧਾਨ ਜਗਜੀਤ ਭੁਟਾਲ ਅਤੇ ਜਰਨਲ ਸੱਕਤਰ ਕੁਲਦੀਪ ਸਿੰਘ, ਮੀਤ ਪ੍ਰਧਾਨ ਬਸ਼ੇਸ਼ਰ ਰਾਮ, ਪ੍ਰੈਸ ਸਕੱਤਰ ਜੁਝਾਰ ਲੌਂਗੋਵਾਲ, ਸੂਬਾ ਕਮੇਟੀ ਮੈਂਬਰ ਮਨਧੀਰ ਰਾਜੋਮਾਜਰਾ ਤੇ ਸਹਾਇਕ ਸੱਕਤਰ ਕੁਲਵਿੰਦਰ ਬੰਟੀ ਨੇ ਦੱਸਿਆ ਕਿ ਗਗਨਦੀਪ ਸਿੰਘ ਨੂੰ ਖੁਦਕੁਸ਼ੀ ਲਈ ਮਜਬੂਰ ਕਰਨ ਦਾ ਦੋਸ਼ ਟਰਾਂਸਪੋਰਟ ਮੰਤਰੀ ਲਾਲ ਜੀਤ ਸਿੰਘ ਭੁੱਲਰ ਉਪਰ ਹੈ।ਇਸ ਸਬੰਧ ਵਿੱਚ ਮੁਲਾਜ਼ਮਾਂ ਅਤੇ ਪਰਵਾਰ ਵੱਲੋਂ ਐਫਆਈਆਰ ਦਰਜ ਕਰਨ ਦੀ ਮੰਗ ਪੂਰੀ ਹੋਣ ਬਾਅਦ ਕਿਸੇ ਬਾਹਰਲੇ ਰਾਜ ਵਿਚੋਂ ਪੋਸਟਮਾਰਟਮ ਕਰਾਉਣ ਅਤੇ ਸੀ ਬੀ ਆਈ ਜਾਂਚ ਦੀ ਮੰਗ ਕੀਤੀ ਹੈ।ਭਾਵੇਂ ਲੋਕਾਂ ਦੇ ਦਬਾਅ ਸਦਕਾ ਕਾਰਨ ਮੰਤਰੀ ਅਤੇ ਦੋ ਹੋਰ ਵਿਅਕਤੀਆਂ ਉਪਰ ਧਾਰਾ 108 ਤਹਿਤ ਕੇਸ ਦਰਜ ਕਰ ਲਿਆ ਹੈ।ਮੁੱਖ ਮੰਤਰੀ ਨੇ ਭਾਵੇਂ ਮੰਤਰੀ ਦਾ ਅਸਤੀਫਾ ਲੈ ਲਿਆ ਹੈ, ਪਰ ਉਸ ਵੱਲ ਕੇਸ ਦਰਜ ਕਰਨ ਤੋਂ ਪਹਿਲਾਂ ਜਾਂਚ ਕਰਨ ਦੇ ਦੇ ਬਿਆਨ ਉੱਚ ਪਹੁੰਚ ਰੱਖਣ ਵਾਲੇ ਦੋਸੀਆਂ ਖਿਲਾਫ ਕਾਰਵਾਈ ਨਾ ਕਰਨ ਦੇ ਸੰਕੇਤ ਹਨ।ਭਾਵੇਂ ਗਗਨਦੀਪ ਵੱਲੋਂ ਅਜਿਹੇ ਦਬਾਅ ਬਾਰੇ ਆਪਣੇ ਉੱਚ ਅਧਿਕਾਰੀਆਂ ਨੂੰ ਸੁਚਿਤ ਕਰਨ ਦੀ ਰਿਪੋਰਟ ਹੈ। ਇਸ ਲਈ ਸਭਾ ਮੰਗ ਕਰਦੀ ਹੈ ਕਿ ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਜਾਵੇ।ਇਹ ਘਟਨਾ ਜਿਸ ਵਿੱਚ ਇੱਕ ਜ਼ਿਲ੍ਹਾ ਮੈਨੇਜਰ ਉਪਰ ਸਰਕਾਰੀ ਦਬਾਅ ਪਾ ਕੇ ਕੁੱਟਮਾਰ ਕੇ ਨਿੱਜੀ ਫ਼ਾਇਦੇ ਲੈਣ ਨਾਲ ਦਾ ਜ਼ਿਕਰ ਹੈ ਆਮ ਮੁਲਾਜ਼ਮਾਂ ਦੇ ਕੰਮਾਂ ਦੀ ਚਿੰਤਾਜਨਕ ਹਾਲਤ ਨੂੰ ਪ੍ਰਗਟ ਕਰਦੀ ਹੈ।ਬੇਸ਼ੱਕ ਲੋਕ ਦਬਾ ਹੇਠ ਮੁਕੱਦਮਾ ਦਰਜ ਹੋ ਗਿਆ ਹੈ, ਪਰ ਅਜੇ ਤਕ ਮੰਤਰੀ ਲਾਲ ਜੀਤ ਸਿੰਘ ਭੁੱਲਰ, ਸੁਖਦੇਵ ਸਿੰਘ ਭੁੱਲਰ, ਪੀ ਏ ਦਿਲਬਾਗ ਸਿੰਘ ਤੇ ਹੋਰ ਸ਼ਾਮਲ ਵਿਅਕਤੀਆਂ ਦੀ ਗ੍ਰਿਫਤਾਰੀ ਨਹੀਂ ਹੋਈ।ਪਰਵਾਰ ਦੀ ਮੰਗ ਅਨੁਸਾਰ ਪੋਸਟ ਮਾਰਟਮ ਪੰਜਾਬ ਤੋਂ ਬਾਹਰ ਕਰਾਉਣ ਅਤੇ ਇਸ ਸਮੁੱਚੀ ਘਟਨਾ ਦੀ ਜਾਂਚ ਸੀ ਬੀ ਆਈ ਤੋਂ ਕਰਵਾਉਣੀ ਬਣਦੀ ਹੈ।

## ਨਸ਼ਿਆਂ ਨੂੰ ਲੈ ਕੇ ਪੁਲਸ ਵੱਲੋਂ ਸਰਚ ਅਭਿਆਨ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਗਿੱਦੜਬਾਹਾ ਪੁਲਸ ਵੱਲੋਂ ਬੀਤੀ ਦੇਰ ਸ਼ਾਮ ਇਲਾਕੇ ਦੇ ਵੱਖ ਵੱਖ ਮੁਹੱਲਿਆਂ ਵਿੱਚ ਨਸ਼ਿਆਂ ਨੂੰ ਲੈ ਕੇ ਕਾਸੋ ਅਧੀਨ ਸਰਚ ਅਭਿਆਨ ਚਲਾਇਆ ਗਿਆ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਡੀ.ਐੱਸ.ਪੀ. ਅਰੁਣ ਮੁੰਡਨ ਨੇ ਦੱਸਿਆ ਕਿ ਲੋਕਾਂ ਵੱਲੋਂ ਪ੍ਰਾਪਤ ਸ਼ਿਕਾਇਤਾਂ ਦੇ ਆਧਾਰ 'ਤੇ ਪੁਲਸ ਵੱਲੋਂ ਸਬ ਡਵੀਜ਼ਨ ਗਿੱਦੜਬਾਹਾ ਅੰਦਰ ਵੱਖ ਵੱਖ ਜਗ੍ਹਾ 'ਤੇ ਸਰਚ ਆਪ੍ਰੇਸ਼ਨ ਕੀਤਾ ਗਿਆ, ਜਿਸ ਦੌਰਾਨ ਇਕ ਵਿਅਕਤੀ ਨੂੰ ਪੁੱਛਗਿੱਛ ਲਈ ਰਾਊਂਡਅੱਪ ਵੀ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਇਸ ਮਹੀਨੇ ਦੌਰਾਨ ਹੁਣ ਤੱਕ ਪੁਲਸ ਨੇ 15 ਐੱਨ.ਡੀ.ਪੀ.ਐੱਸ. ਦੇ ਮਾਮਲੇ ਦਰਜ ਕਰਕੇ 20 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਪੁਲਸ ਵੱਲੋਂ ਕਰੀਬ 21 ਨਸ਼ਾ ਛੱਡਣ ਦੇ ਇੱਛੁਕ ਵਿਅਕਤੀਆਂ ਨੂੰ ਵੱਖ ਵੱਖ ਓਟ ਤੇ ਡੀ. ਅਡੀਕਸ਼ਨ ਸੈਂਟਰਾਂ ਵਿੱਚ ਦਾਖਲ ਕਰਵਾਇਆ ਗਿਆ ਹੈ।ਉਨ੍ਹਾਂ ਕਿਹਾ ਕਿ ਕਾਸੋ ਅਧੀਨ ਸਰਚ ਆਪ੍ਰੇਸ਼ਨ ਲਗਾਤਾਰ ਚੱਲ ਰਿਹਾ ਹੈ ਤੇ ਇਸ ਤੋਂ ਪਹਿਲਾਂ ਹਲਕੇ ਦੇ ਕਈ ਪਿੰਡਾਂ ਵਿਚ ਪ੍ਰਾਪਤ ਸ਼ਿਕਾਇਤਾਂ ਦੇ ਆਧਾਰ 'ਤੇ ਸਰਚ ਆਪ੍ਰੇਸ਼ਨ ਕੀਤੇ ਜਾ ਚੁੱਕੇ ਹਨ।ਉਨ੍ਹਾਂ ਕਿਹਾ ਕਿ ਗਿੱਦੜਬਾਹਾ ਪੁਲਸ ਨਸ਼ਿਆਂ ਨੂੰ ਖਤਮ ਕਰਨ ਲਈ ਪੂਰੀ ਤਰ੍ਹਾਂ ਬਚਨਬੱਧ ਹੈ। ਇਸ ਮੌਕੇ ਥਾਣਾ ਗਿੱਦੜਬਾਹਾ ਦੇ ਐੱਸ.ਐੱਚ.ਓ. ਹਰਗੋਬਿੰਦ ਸਿੰਘ ਮਾਨ ਤੇ ਥਾਣਾ ਕੋਟਭਾਈ ਦੀ ਐੱਸ.ਐੱਚ.ਓ. ਦੀਪਿਕਾ ਕੰਬੋਜ ਵੀ ਮੌਜੂਦ ਸਨ।

## ਪੰਜਾਬ ਮੈਡੀਕਲ ਰਿਪ੍ਰੈਜ਼ੈਂਟੇਟਿਵ ਐਸੋ. ਵੱਲੋਂ ਚੇਅਰਮੈਨ ਜੁਨੇਜਾ ਦਾ ਸਨਮਾਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਮੈਡੀਕਲ ਰਿਪ੍ਰੈਜ਼ੈਂਟੇਟਿਵ ਐਸੋਸੀਏਸ਼ਨ ਪਟਿਆਲਾ ਵੱਲੋਂ ਕੀਤੀ ਗਈ ਮੀਟਿੰਗ ਵਿੱਚ ਮੁੱਖ ਮਹਿਮਾਨ ਵਜੋਂ ਪੀ ਆਰ ਟੀ ਸੀ ਚੇਅਰਮੈਨ ਸ੍ਰੀ ਹਰਪਾਲ ਜੁਨੇਜਾ ਨੇ ਸ਼ਿਰਕਤ ਕੀਤੀ।ਮੀਟਿੰਗ ਦੌਰਾਨ ਐਸੋਸੀਏਸ਼ਨ ਵੱਲੋਂ ਆ ਰਹੀਆਂ ਸਮੱਸਿਆਵਾਂ ਬਾਰੇ ਚਰਚਾ ਕੀਤੀ ਗਈ ਤੇ ਹਰਪਾਲ ਜੁਨੇਜਾ ਨੇ ਪੂਰਨ ਤੌਰ 'ਤੇ ਐਸੋਸੀਏਸ਼ਨ ਦੇ ਸਾਰੇ ਮਸਲੇ ਹੱਲ ਕਰਵਾਉਣ ਦਾ ਭਰੋਸਾ ਦਿੱਤਾ। ਇਸ ਮੌਕੇ ਆਰਵਿੰਦਰ ਸ਼ਰਮਾ (ਨੌਰਥ ਹੈੱਡ) ਪੰਜਾਬ ਸਰਕਾਰ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਇੱਕ ਸਾਫ਼ ਸੁਥਰੀ ਸ਼ਖਸੀਅਤ ਨੂੰ ਇਹ ਮਾਣ ਬਖਸ਼ਿਆ ਤੇ ਅਸੀਂ ਹਰਪਾਲ ਜੁਨੇਜਾ ਨੂੰ ਵਿਸ਼ਵਾਸ ਦਿਵਾਉਂਦੇ ਹਾਂ ਕਿ ਹਮੇਸ਼ਾ ਆਪ ਦਾ ਸਾਥ ਦੇਵਾਂਗੇ। ਇਸ ਮੌਕੇ ਐਸੋਸੀਏਸ਼ਨ ਵੱਲੋਂ ਚੇਅਰਮੈਨ ਸ੍ਰੀ ਹਰਪਾਲ ਜੁਨੇਜਾ ਦਾ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਐਸੋਸੀਏਸ਼ਨ ਦੇ ਪ੍ਰਧਾਨ ਹਰਸ਼ ਵਾਹਨ, ਸੈਕਰੇਟਰੀ ਰਾਜਨ ਸ਼ਰਮਾ, ਅਰਵਿੰਦਰ ਸ਼ਰਮਾ (ਨੌਰਥ ਹੈੱਡ), ਮੁਨੀਸ਼, ਰਮਨ ਲੁਭਾਨਾ, ਮਨਜੋਤ ਭੰਡਾਰੀ, ਸਚਿਨ, ਸੁਨੀਲ, ਅਜੀਤ, ਜਤਿਨ ਆਦਿ ਹੋਰ ਮੈਂਬਰ ਮੌਜੂਦ ਸਨ।

## ਹਰਬੰਸ ਬਰਾੜ ਕੋਆਪ੍ਰੇਟਿਵ ਬੈਂਕ ਦੇ ਜ਼ਿਲ੍ਹਾ ਚੇਅਰਮੈਨ ਨਿਯੁਕਤ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਹਲਕਾ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਦੇ ਮੁੱਖ ਦਫਤਰ ਵਿਖੇ ਆਉਣ 'ਤੇ ਸੰਦੀਪ ਸਿੰਘ ਸੰਨੀ ਢਿੱਲੋਂ ਨੇ ਮੂੰਹ ਮਿੱਠਾ ਕਰਾ ਕੇ ਹਰਬੰਸ ਸਿੰਘ ਬਰਾੜ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਨਿਯੁਕਤੀ ਨਾਲ ਬੈਂਕ ਦੇ ਕੰਮਕਾਜ ਨੂੰ ਹੋਰ ਮਜ਼ਬੂਤੀ ਮਿਲੇਗੀ ਤੇ ਹਲਕੇ ਦੇ ਲੋਕਾਂ ਨੂੰ ਬੈਂਕ ਦੇ ਕੰਮ ਕਾਰਾਂ ਵਿਚ ਲਾਭ ਮਿਲੇਗਾ।ਇਸ ਮੌਕੇ ਨਵ-ਨਿਯੁਕਤ ਵਾਈਸ ਚੇਅਰਮੈਨ ਹਰਬੰਸ ਸਿੰਘ ਬਰਾੜ ਨੇ ਹਲਕਾ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਤੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਗਈ ਹੈ, ਉਸ ਨੂੰ ਉਹ ਤਨਦੇਹੀ ਨਾਲ ਨਿਭਾਉਣਗੇ ਤੇ ਕੋਆਪ੍ਰੇਟਿਵ ਬੈਂਕ ਨਾਲ ਸਬੰਧਤ ਕਿਸੇ ਵੀ ਗਾਹਕ ਨੂੰ ਕਿਸੇ ਵੀ ਕਿਸਮ ਦੀ ਕੋਈ ਵੀ ਸਮੱਸਿਆ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।ਇਸ ਤੋਂ ਇਲਾਵਾ ਉਨ੍ਹਾਂ ਬੈਂਕ ਨਾਲ ਸਬੰਧਤ ਗਾਹਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਕੋਆਪ੍ਰੇਟਿਵ ਬੈਂਕ ਨਾਲ ਸਬੰਧਤ ਕਿਸੇ ਵੀ ਪ੍ਰਕਾਰ ਕੋਈ ਵੀ ਸਮੱਸਿਆ ਪੇਸ਼ ਆਉਂਦੀ ਹੈ ਤਾਂ ਉਹ ਉਨ੍ਹਾਂ ਨਾਲ ਸਿੱਧੇ ਤੌਰ 'ਤੇ ਸੰਪਰਕ ਕਰ ਸਕਦੇ ਹਨ।ਇਸ ਮੌਕੇ ਪ੍ਰਗਟ ਸਿੰਘ ਸਰਪੰਚ, ਮੱਖਣ ਸਿੰਘ, ਗੁਰਦੀਪ ਸਿੰਘ, ਬਲਕਾਰ ਸਿੰਘ, ਗੁਰਬਾਜ ਸਿੰਘ, ਲਖਵਿੰਦਰ ਸਿੰਘ ਪੰਚ, ਜੱਗਾ ਸਿੰਘ ਪੰਚ, ਬਾਦਲ ਸਿੰਘ ਪੰਚ, ਜਗਦੇਵ ਸਿੰਘ, ਪਰਮਜੀਤ ਸਿੰਘ ਗਿੱਲ, ਜਗਜੀਤ ਸਿੰਘ ਕਾਲਾ, ਨਿਰਮਲ ਸਿੰਘ, ਕੁਲਵੰਤ ਸਿੰਘ, ਵਜ਼ੀਰ ਸਿੰਘ, ਸੁਖਮੰਦਰ ਸਿੰਘ ਮੈਂਬਰ, ਕੁਲਵੰਤ ਸਿੰਘ ਮੈਂਬਰ, ਠਾਕਰ ਸਿੰਘ ਮੈਂਬਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134
Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਭਾਜਪਾ ਵੱਲੋਂ ਕੇਜਰੀਵਾਲ ਨੂੰ ਬਦਨਾਮ ਕਰਨ ਲਈ ਰਚੀ ਸਾਜ਼ਿਸ਼ ਬੇਨਕਾਬ : ਰੰਧਾਵਾ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਵਿਧਾਇਕ ਗੁਰਦੀਪ ਸਿੰਘ ਰੰਧਾਵਾ ਦੀ ਅਗਵਾਈ ਵਿੱਚ ਬਲਾਕ ਪੰਚਾਇਤ ਤੇ ਵਿਕਾਸ ਦਫ਼ਤਰ ਡੇਰਾ ਬਾਬਾ ਨਾਨਕ ਵਿਖੇ ਲੋਕਾਂ ਨੂੰ ਪ੍ਰਸਿੱਧ ਯੂਟਿਊਬਰ ਧਰੁਵ ਰਾਠੀ ਵੱਲੋਂ ਦਿੱਲੀ ਦੇ ਫਰਜ਼ੀ ਸ਼ਰਾਬ ਘੁਟਾਲੇ ਬਾਬਤ ਬਣਾਈ ਗਈ ਦਸਤਾਵੇਜ਼ੀ ਇੰਡੀਆਜ਼ ਬਿਗਸਟ ਕਾਂਸਪੈਰੇਸੀ, ਰਿਆਲਟੀ ਆਫ਼ ਦਿੱਲੀ ਲੀਕਰ ਸਕੈਮ ਦਿਖਾਈ ਗਈ।ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਦੱਸਿਆ ਕਿ ਇਸ ਫਿਲਮ ਰਾਹੀਂ ਭਾਜਪਾ ਦੀ ਦਿੱਲੀ ਦੇ ਤਤਕਾਲੀ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਹੋਰ ਸੀਨੀਅਰ ਆਪ ਆਗੂਆਂ ਨੂੰ ਬਦਨਾਮ ਕਰਨ ਲਈ ਘੜੀ ਗਈ ਕੋਝੀ ਸਾਜ਼ਿਸ਼ ਬੇਨਕਾਬ ਹੋ ਗਈ ਹੈ।ਉਨ੍ਹਾਂ ਕਿਹਾ ਕਿ ਇਸ ਦਸਤਾਵੇਜ਼ੀ ਫਿਲਮ ਜ਼ਰੀਏ ਭਾਜਪਾ ਦੇ ਝੂਠ ਦੀ ਪੋਲ ਖੁੱਲ੍ਹ ਗਈ ਹੈ।ਉਨ੍ਹਾਂ ਕਿਹਾ ਕਿ ਸੱਚ ਨੂੰ ਕਦੇ ਵੀ ਲੁਕਾ ਕੇ ਨਹੀਂ ਰੱਖਿਆ ਜਾ ਸਕਦਾ।ਉਨ੍ਹਾਂ ਕਿਹਾ ਕਿ ਇਸ ਦਸਤਾਵੇਜ਼ੀ ਫਿਲਮ ਰਾਹੀਂ ਇਕ



ਮੁੱਖ ਮੰਤਰੀ ਨੂੰ ਜਿਹੜਾ ਘੁਟਾਲਾ ਹੋਇਆ ਹੀ ਨਹੀਂ, ਉਸ ਫਰਜ਼ੀ ਘੁਟਾਲੇ ਦੇ ਦੋਸ਼ ਵਿੱਚ ਜੇਲ੍ਹ ਵਿੱਚ ਭੇਜਣ ਦੀ ਸਾਜ਼ਿਸ਼ ਦਾ ਪਰਦਾਫਾਸ਼ ਹੋਇਆ ਹੈ।ਉਨ੍ਹਾਂ ਕਿਹਾ ਕਿ ਭਾਵੇਂ ਕੇਂਦਰ ਸਰਕਾਰ ਨੇ ਇਸ ਝੂਠ ਨੂੰ ਫੈਲਾਉਣ ਲਈ ਕੋਈ ਕਸਰ ਨਹੀਂ ਛੱਡੀ ਪਰ ਅਖੀਰ ਵਿੱਚ ਸੱਚ ਦੀ ਜਿੱਤ ਹੋਈ ਹੈ ਅਤੇ ਦਿੱਲੀ ਦੀ ਅਦਾਲਤ ਨੇ ਇਸ ਕੇਸ ਨੂੰ ਬੇਬੁਨਿਆਦ ਦੱਸਦੇ ਹੋਏ ਅਰਵਿੰਦ ਕੇਜਰੀਵਾਲ ਸਮੇਤ ਹੋਰ ਆਗੂਆਂ ਨੂੰ ਬਰੀ ਕਰ ਦਿੱਤਾ। ਉਨ੍ਹਾਂ ਅੱਗੇ ਕਿਹਾ ਕਿ ਬੀਜੇਪੀ ਦੀ ਕੇਂਦਰ ਸਰਕਾਰ ਵੱਲੋਂ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਉੱਪਰ ਲਗਾਏ ਗਏ ਕਥਿਤ ਸ਼ਰਾਬ ਘੁਟਾਲੇ ਦੇ ਕੇਸ ਦੀ ਅਸਲ ਸੱਚਾਈ ਲੋਕਾਂ ਸਾਹਮਣੇ ਰੱਖਣ ਲਈ ਦਸਤਾਵੇਜ਼ੀ ਫਿਲਮ ਤਿਆਰ ਕੀਤੀ ਗਈ ਹੈ।ਇਸ ਮੌਕੇ ਹਲਕਾ ਡੇਰਾ ਬਾਬਾ ਨਾਨਕ ਦੇ ਲੋਕਾਂ ਵੱਲੋਂ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ ਗਈ ਅਤੇ ਮਾਮਲੇ ਬਾਰੇ ਖੁੱਲ੍ਹ ਕੇ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਪ੍ਰਧਾਨ ਰਾਜੇਸ਼ ਕੁਮਾਰ ਬਿੱਟਾ, ਆਪ ਆਗੂ ਮਹਿੰਦਰ ਸਿੰਘ ਨਿੱਕੋਸਰਾ, ਪੀ. ਏ. ਲਵਪ੍ਰੀਤ ਸਿੰਘ ਸਮੇਤ ਵੱਖ-ਵੱਖ ਪਿੰਡਾਂ ਦੇ ਪੰਚ-ਸਰਪੰਚ ਤੇ ਮੋਤਹਬਰ ਵਿਅਕਤੀ ਹਾਜ਼ਰ ਸਨ।

# ਮੋਗਾ ਰੈਲੀ ਨੇ ਭਾਜਪਾ ਆਗੂਆਂ ਤੇ ਵਰਕਰਾਂ 'ਚ ਭਾਰੀ ਉਤਸ਼ਾਹ ਭਰਿਆ : ਡਾ. ਰਿਤੂ ਕੌਂਡਲ

**ਗੁਰਦਾਸਪੁਰ, (ਜਨਕ ਮਹਾਜਨ)**- ਹਿਮਾਲਯ ਪਰਿਵਾਰ ਸੰਸਥਾ ਪੰਜਾਬ ਦੀ ਮਹਾਮੰਤਰੀ ਡਾ. ਰਿਤੂ ਕੌਂਡਲ ਨੇ ਕਿਹਾ ਕਿ ਮੋਗਾ ਵਿਚ ਹੋਈ ਭਾਜਪਾ ਦੀ 'ਬਦਲਾਵ ਰੈਲੀ' ਨੇ ਭਾਜਪਾ ਵਰਕਰਾਂ ਅਤੇ ਆਗੂਆਂ ਵਿਚ ਭਾਰੀ



ਉਤਸ਼ਾਹ ਭਰਿਆ ਹੈ।ਉਨ੍ਹਾਂ ਕਿਹਾ ਕਿ ਰੈਲੀ ਦੌਰਾਨ ਦਿਖਾਈ ਗਈ ਏਕਤਾ ਅਤੇ ਵੱਡੀ ਗਿਣਤੀ ਵਿੱਚ ਲੋਕਾਂ ਦੀ ਸ਼ਮੂਲੀਅਤ ਨੇ ਸਾਬਤ ਕਰ ਦਿੱਤਾ ਹੈ ਕਿ ਪੰਜਾਬ ਵਿੱਚ ਭਾਜਪਾ ਵਿਚ ਲੋਕਾਂ ਦਾ ਵਿਸ਼ਵਾਸ ਲਗਾਤਾਰ ਵੱਧ ਰਿਹਾ ਹੈ।ਡਾ. ਰਿਤੂ ਕੌਂਡਲ ਨੇ ਕਿਹਾ ਕਿ ਰੈਲੀ ਵਿਚ ਲੱਖਾਂ ਲੋਕਾਂ ਨੇ ਹਿੱਸਾ ਲਿਆ, ਭਾਜਪਾ ਦੀਆਂ ਨੀਤੀਆਂ ਅਤੇ ਲੀਡਰਸ਼ਿਪ ਪ੍ਰਤੀ ਆਪਣਾ ਸਮਰਥਨ ਪ੍ਰਗਟ ਕੀਤਾ।ਉਨ੍ਹਾਂ ਅਨੁਸਾਰ ਇਹ ਰੈਲੀ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੌਰਾਨ ਪੰਜਾਬ ਵਿੱਚ ਭਾਜਪਾ ਸਰਕਾਰ ਦੇ ਗਠਨ ਲਈ ਇੱਕ ਮਜ਼ਬੂਤ ਨੀਂਹ ਵਜੋਂ ਕੰਮ ਕਰੇਗੀ।ਉਨ੍ਹਾਂ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਬਿਆਨ ਦਾ ਹਵਾਲਾ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਨੂੰ ਨਸ਼ਾ ਮੁਕਤ ਬਣਾਉਣਾ ਹੈ, ਤਾਂ ਇੱਕ ਮਜ਼ਬੂਤ ਇਰਾਦੇ ਵਾਲੀ ਸਰਕਾਰ ਦੀ ਲੋੜ ਹੈ।ਉਨ੍ਹਾਂ ਦਾਅਵਾ ਕੀਤਾ ਕਿ ਇਹ ਸਿਰਫ਼ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਹੀ ਸੰਭਵ ਹੈ ਅਤੇ ਪੰਜਾਬ ਵਿਚ 'ਡਬਲ-ਇੰਜਣ' ਸਰਕਾਰ ਦੇ ਗਠਨ ਨਾਲ ਸੂਬੇ ਦੇ ਵਿਕਾਸ ਨੂੰ ਨਵੀਂ ਗਤੀ ਮਿਲੇਗੀ।ਉਨ੍ਹਾਂ ਕਿਹਾ ਕਿ ਪਾਰਟੀ ਭਵਿੱਖ ਵਿਚ ਵੀ ਲੋਕਾਂ ਦੀ ਸੇਵਾ ਲਈ ਇੱਕਜੁੱਟ ਹੋ ਕੇ ਕੰਮ ਕਰਦੀ ਰਹੇਗੀ।

# ਸ਼ਹੀਦੀ ਦਿਹਾੜੇ ਨੂੰ ਸਾਮਰਾਜ ਵਿਰੋਧੀ ਦਿਵਸ ਵਜੋਂ ਮਨਾਉਣ ਦਾ ਫੈਸਲਾ




**ਗੁਰਦਾਸਪੁਰ (ਜਨਕ ਮਹਾਜਨ)**- ਸੰਯੁਕਤ ਕਿਸਾਨ ਮੋਰਚਾ, ਮਜ਼ਦੂਰਾਂ ਦੀਆਂ ਟ੍ਰੇਡ ਯੂਨੀਅਨਾਂ, ਬਿਜਲੀ ਕਾਮਿਆਂ ਤੇ ਹੋਰ ਜਨਤਕ ਜਥੇਬੰਦੀਆਂ ਵੱਲੋਂ 23 ਮਾਰਚ ਨੂੰ ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ ਦੇ ਦਿਹਾੜੇ ਨੂੰ ਸਾਮਰਾਜ ਵਿਰੋਧੀ ਦਿਵਸ ਵਜੋਂ ਮਨਾਇਆ ਜਾਵੇਗਾ।ਸਾਰੇ ਪੰਜਾਬ ਵਿੱਚ ਥਾਂ ਥਾਂ ਰੈਲੀਆਂ, ਕਨਵੈਨਸ਼ਨਾਂ ਕਰਕੇ ਸਾਰੀ ਦੁਨੀਆ ਵਿੱਚ ਤਬਾਹੀ ਮਚਾ ਰਹੇ ਤੇ ਅਨੇਕਾਂ ਮੁਲਕਾਂ ਨੂੰ ਤਬਾਹ ਕਰਨ ਤੋਂ ਬਾਅਦ ਹੁਣ ਈਰਾਨ 'ਤੇ ਨਾਜਾਇਜ਼ ਹਮਲੇ ਕਰਕੇ ਉਸ ਨੂੰ ਬਰਬਾਦ ਕਰਨ ਦੇ ਰਾਹ ਪਏ ਅਮਰੀਕੀ ਰਾਸ਼ਟਰਪਤੀ ਟਰੰਪ ਦੇ ਪੁਤਲੇ ਫੂਕੇ ਜਾਣਗੇ।ਗੁਰਦਾਸਪੁਰ ਜ਼ਿਲ੍ਹੇ ਵਿੱਚ ਵੀ ਕਈ ਥਾਵਾਂ 'ਤੇ ਸ਼ਹੀਦੀ ਦਿਹਾੜੇ ਤੇ ਇਸ ਸਾਮਰਾਜੀ ਬਘਿਆੜ ਦੀਆਂ ਮਨੁੱਖਤਾ ਵਿਰੋਧੀ ਕਰਤੂਤਾਂ ਦਾ ਭਾਂਡਾ ਭੰਨਿਆ ਜਾਵੇਗਾ।ਇਸ ਸਬੰਧੀ ਗੁਰਦਾਸਪੁਰ ਵਿਖੇ ਰਾਮ ਸਿੰਘ ਦੱਤ ਹਾਲ ਵਿਖੇ 11 ਵਜੇ ਇਕੱਤਰ ਹੋਇਆ ਜਾਵੇਗਾ।ਇਸ ਬਾਰੇ ਇੱਕ ਸੰਖੇਪ ਮੀਟਿੰਗ ਸਾਥੀ ਮੱਖਣ ਸਿੰਘ ਕੁਹਾੜ, ਸਤਬੀਰ ਸਿੰਘ ਸੁਲਤਾਨੀ, ਗੁਰਵਿੰਦਰ ਸਿੰਘ ਜੀਵਨ ਚੱਕ, ਗੁਰਮੀਤ ਸਿੰਘ ਮਗਰਾਲਾ, ਬਲਬੀਰ ਸਿੰਘ ਕੱਤੋਵਾਲ, ਜਗਜੀਤ ਸਿੰਘ ਅਲੂਣਾ, ਐੱਸਪੀ ਸਿੰਘ ਗੋਸਲ, ਬਲਵਿੰਦਰ ਉਦੀਪੁਰ, ਸਾਹਿਬ ਸਿੰਘ ਚੱਕ ਕਰਾਈਆਂ, ਸੰਜੀਵ ਮਿੰਟੂ, ਅਮਰ ਕ੍ਰਾਂਤੀ, ਸੰਜੀਵ ਸੈਣੀ, ਸੰਜੀਵ ਝਬਕਰਾ, ਧਿਆਨ ਸਿੰਘ ਠਾਕੁਰ, ਵਿਜੇ ਸੋਹਲ, ਰਾਜ ਕੁਮਾਰ ਪੰਡੋਰੀ, ਰਘਬੀਰ ਸਿੰਘ ਚਾਹਲ ਆਦਿ ਨੇ ਸਾਂਝੇ ਤੌਰ 'ਤੇ ਮਜ਼ਦੂਰਾਂ, ਕਿਸਾਨਾਂ, ਮੁਲਾਜ਼ਮਾਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਪੁੱਜਣ ਦੀ ਬੇਨਤੀ ਕੀਤੀ।

# ਸ਼ਹੀਦ ਭਗਤ ਸਿੰਘ ਦਾ ਸ਼ਹੀਦੀ ਦਿਹਾੜਾ ਅੱਜ ਮਨਾਇਆ ਜਾਵੇਗਾ

**ਲੋਹੀਆਂ ਖਾਸ, (ਯੋਗੇਸ਼ਵਰ, ਰੀਨਾ ਸ਼ਰਮਾ)**- ਲੋਹੀਆਂ ਨਾਟਕ ਕਲਾਂ ਮੰਚ ਲੋਹੀਆਂ ਖਾਸ, ਯੂਥ ਵੈੱਲਫੇਅਰ ਕਲੱਬ ਲੋਹੀਆਂ ਖਾਸ, ਸੋਚ ਸੈਂਟਰ ਸਿਆਟਲ ਅਮਰੀਕਾ ਸਮੇਤ ਹੋਰ ਸਹਿਯੋਗੀਆਂ ਦੇ ਸਹਿਯੋਗ ਨਾਲ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਦਾ ਸ਼ਹੀਦੀ ਦਿਹਾੜਾ 23 ਮਾਰਚ ਨੂੰ ਦਸਮੇਸ਼ ਪਾਰਕ ਲੋਹੀਆਂ ਖਾਸ ਵਿਖੇ ਮਨਾਇਆ ਜਾਵੇਗਾ। ਇਸ ਮੌਕੇ ਸ਼ਾਮ 5:30 ਵਜੇ ਸ਼ਹੀਦੀ ਸਮਾਗਮ 'ਚ ਨਾਟਕ 'ਛਿਪਣ ਤੋਂ ਪਹਿਲਾਂ' ਖੇਡਿਆ ਜਾਵੇਗਾ ਤੇ ਲੋਕ ਗਾਇਕ ਸੁਖਵਿੰਦਰ ਸੁੱਖੀ ਅਖਾੜਾ ਲਾਉਣਗੇ। ਇਸ ਮੌਕੇ ਸਮਾਗਮ ਦੇ ਮੁੱਖ ਮਹਿਮਾਨ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸਿੱਧਵਾਂ ਹੋਣਗੇ ਤੇ ਪ੍ਰਧਾਨਗੀ ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ ਮੈਂਬਰ ਰਾਜ ਸਭਾ ਕਰਨਗੇ ਅਤੇ ਵਿਸ਼ੇਸ਼ ਮਹਿਮਾਨਾਂ ਇੰਦਰਜੀਤ ਸਿੰਘ ਮਾਨ ਚੇਅਰਮੈਨ ਮਾਰਕਫੈੱਡ ਪੰਜਾਬ, ਬਾਲ ਮੁਕੰਦ ਸ਼ਰਮਾ (ਚੇਅਰਮੈਨ, ਫੂਡ ਕਮਿਸ਼ਨਰ ਪੰਜਾਬ), ਡਾ. ਹਿਮਾਂਸ਼ੂ ਅਗਰਵਾਲ ਡਿਪਟੀ ਕਮਿਸ਼ਨਰ ਜਲੰਧਰ, ਹਰਜਿੰਦਰ ਸਿੰਘ ਹੇਅਰ ਯੂਕੇ, ਖੇਡ ਪ੍ਰਮੋਟਰ ਹਰਬੰਸ ਸਿੰਘ ਚੰਦੀ, ਸੱਤਿਅਮ ਗਰੁੱਪ ਦੇ ਚੇਅਰਮੈਨ ਵਿਪਨ ਸ਼ਰਮਾ, ਆਪ ਹਲਕਾ ਇੰਚਾਰਜ ਪਰਮਿੰਦਰ ਸਿੰਘ ਪਿੰਦਰ ਪੰਡੋਰੀ ਸਮੇਤ ਹੋਰ ਪਤਵੰਤੇ ਹਾਜ਼ਰ ਹੋਣਗੇ। ਇਸ ਮੌਕੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸਿੱਧਵਾਂ ਵੱਲੋਂ ਸ਼ਹੀਦ ਭਗਤ ਸਿੰਘ ਦਾ ਸ਼ਹੀਦੀ ਦਿਹਾੜਾ ਵਾਲੇ ਦਿਨ ਲੋਹੀਆਂ ਖਾਸ ਵਿੱਚ ਸੀਵਰੇਜ, ਵਾਟਰ ਟਰੀਟਮੈਂਟ ਪਲਾਂਟ, ਵਾਟਰ ਸਪਲਾਈ ਅਤੇ ਖੇਡ ਸਟੇਡੀਅਮ ਸਮੇਤ 70 ਕਰੋੜ ਰੁਪਏ ਦੇ ਵੱਖ-ਵੱਖ ਪ੍ਰਾਜੈਕਟਾਂ ਦੀ ਆਰੰਭਤਾ ਦੇ ਨੀਂਹ ਪੱਥਰ ਆਪਣੇ ਕਰ ਕਮਲਾਂ ਨਾਲ ਰੱਖਣਗੇ।

# ਪ੍ਰਤਾਪ ਵਰਲਡ ਸਕੂਲ ਦੇ ਵਿਦਿਆਰਥੀਆਂ ਨੇ ਜਿੱਤੇ ਸੋਨੇ ਦੇ ਤਮਗੇ



**ਪਠਾਨਕੋਟ (ਦਵਿੰਦਰ ਸਿੰਘ)**- ਪ੍ਰਤਾਪ ਵਰਲਡ ਸਕੂਲ ਪਠਾਨਕੋਟ ਦੇ 17 ਵਿਦਿਆਰਥੀਆਂ ਨੇ ਇੰਟਰਨੈਸ਼ਨਲ ਸਾਇੰਸ ਓਲੰਪਿਆਡ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸੋਨੇ ਦੇ ਤਮਗੇ ਜਿੱਤ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।ਇਹ ਪ੍ਰਸਿੱਧ ਮੁਕਾਬਲਾ ਸਾਇੰਸ ਓਲੰਪਿਆਡ ਫਾਊਂਡੇਸ਼ਨ ਵੱਲੋਂ ਕਰਵਾਇਆ ਜਾਂਦਾ ਹੈ, ਜਿਸ ਵਿੱਚ ਪਹਿਲੀ ਕਲਾਸ ਤੋਂ 12 ਤੱਕ ਦੇ ਵਿਦਿਆਰਥੀ ਹਿੱਸਾ ਲੈਂਦੇ ਹਨ। ਐੱਸਐੱਫਓਆਈਐੱਸਓ ਦਾ ਪਾਠਕ੍ਰਮ ਇਸ ਤਰ੍ਹਾਂ ਤਿਆਰ ਕੀਤਾ ਗਿਆ ਹੈ ਕਿ ਇਹ ਵਿਦਿਆਰਥੀਆਂ ਨੂੰ ਵਿਗਿਆਨ ਦੇ ਖੇਤਰ ਵਿੱਚ ਆਪਣੀ ਪ੍ਰਤਿਭਾ ਨੂੰ ਪਛਾਨਣ ਅਤੇ ਉਸਨੂੰ ਨਿਖਾਰਨ ਦਾ ਮੌਕਾ ਦਿੰਦਾ ਹੈ ਜਿਸ ਨਾਲ ਉਹ ਭਵਿੱਖ ਦੀ ਮੁਕਾਬਲੇ ਦੀ ਦੁਨੀਆ ਲਈ ਤਿਆਰ ਹੋ ਸਕਣ।ਸਾਹੇਲੀ ਕੁੰਡੂ, ਮੁਸਕਾਨ ਅਲੀ, ਸਾਹਿਬਾ ਅਖਤਰ, ਪਨਵ ਸ਼ਰਮਾ, ਰਾਧਿਕਾ ਸ਼ਰਮਾ, ਆਯੁਸ਼ੀ, ਅਰਚਿਤ ਸ਼ਰਮਾ, ਕਾਰਤਿਕ ਸਿੰਘ, ਤੋਇਬਾ, ਆਰਵ ਸ਼ਰਮਾ, ਪ੍ਰਣਵ ਗੰਡੋਤਰਾ, ਸ਼੍ਰੀਸ਼ਾ ਪਟਨਾਇਕ, ਦਕਸ਼ ਗੁਪਤਾ, ਮਾਧਵ ਸਰੀਨ, ਪ੍ਰਿਤੀਸ਼ ਅਗਰਵਾਲ, ਆਰੁਸ਼ ਸ਼ਰਮਾ ਅਤੇ ਰੁਤਵੀ ਮਿਸ਼ਰਾ ਆਦਿ ਨੇ ਸੋਨੇ ਦੇ ਤਮਗੇ ਜਿੱਤੇ ।ਸਕੂਲ ਪ੍ਰਬੰਧਕਾਂ ਨੇ ਵਿਦਿਆਰਥੀਆਂ ਦੀ ਇਸ ਉਪਲਬਧੀ ਤੇ ਉਨ੍ਹਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਕੜੀ ਮਿਹਨਤ, ਸਮਰਪਣ ਅਤੇ ਲਗਨ ਦੀ ਪ੍ਰਸ਼ੰਸਾ ਕੀਤੀ।ਨਾਲ ਹੀ ਅਧਿਆਪਕਾਂ ਦੇ ਲਗਾਤਾਰ ਮਾਰਗਦਰਸ਼ਨ ਅਤੇ ਮਾਪਿਆਂ ਦੇ ਸਹਿਯੋਗ ਦੀ ਵੀ ਸਰਾਹਨਾ ਕੀਤੀ ਗਈ।ਸਕੂਲ ਦੇ ਡਾਇਰੈਕਟਰ ਸੰਨੀ ਮਹਾਜਨ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੀਆਂ ਉਪਲਬਧੀਆਂ ਸਕੂਲ ਦੀ ਐਕਾਡੈਮਿਕ ਲੈਗੇਸੀ ਅਤੇ ਅਨੁਭਵੀ ਸਿੱਖਿਆ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀਆਂ ਹਨ।ਸਕੂਲ ਦੇ ਪ੍ਰਿੰ. ਸ਼ੁਭਰਾ ਰਾਣੀ ਨੇ ਵਿਦਿਆਰਥੀਆਂ ਦੇ ਇਸ ਸ਼ਾਨਦਾਰ ਪ੍ਰਦਰਸ਼ਨ 'ਤੇ ਮਾਣ ਪ੍ਰਗਟ ਕਰਦਿਆਂ ਕਿਹਾ ਕਿ ਸਕੂਲ ਵਿਦਿਆਰਥੀਆਂ ਵਿੱਚ ਵਿਗਿਆਨਕ ਸੋਚ, ਵਿਸ਼ਲੇਸ਼ਣੀ ਯੋਗਤਾ ਅਤੇ ਨਵੀਨਤਾ ਦੀ ਸਮਰੱਥਾ ਨੂੰ ਵਿਕਸਤ ਕਰਨ ਲਈ ਲਗਾਤਾਰ ਯਤਨ ਕਰ ਰਿਹਾ ਹੈ।

# ਮਜੀਠੀਆ ਵੱਲੋਂ ਗਗਨ ਰੰਧਾਵਾ ਖੁਦਕੁਸ਼ੀ ਮਾਮਲੇ 'ਚ ਸੀਬੀਆਈ ਜਾਂਚ ਦੀ ਮੰਗ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਨੇਤਾ ਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਸੀਨੀਅਰ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਵੇਅਰ ਹਾਊਸ ਕਾਰਪੋਰੇਸ਼ਨ ਦੇ ਜ਼ਿਲ੍ਹਾ ਮੈਨੇਜਰ ਗਗਨਦੀਪ ਰੰਧਾਵਾ ਨੂੰ ਤੰਗ ਪਰੇਸ਼ਾਨ ਕਰਨ ਅਤੇ ਖੁਦਕੁਸ਼ੀ ਕਰਨ ਲਈ ਮਜਬੂਰ ਕਰਨ ਦੇ ਮਾਮਲੇ ਦੀ ਸੀਬੀਆਈ ਜਾਂਚ ਦੀ ਮੰਗ ਕੀਤੀ ਹੈ। ਪ੍ਰੈੱਸ ਕਾਨਫਰੰਸ ਦੌਰਾਨ ਮਜੀਠੀਆ ਨੇ ਕਿਹਾ ਕਿ ਕੱਟੜ ਇਮਾਨਦਾਰੀ ਦਾ




ਨਕਾਬ ਪਾ ਕੇ ਆਪ ਦੇ ਮੰਤਰੀ ਨੇ ਟੈਂਡਰ ਪਿੱਛੇ ਇਮਾਨਦਾਰ ਅਫਸਰ ਦੀ ਜਾਨ ਲੈ ਲਈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਅਤੇ ਮੁੱਖ ਮੰਤਰੀ ਵਾਕਈ ਪਰਿਵਾਰ ਨੂੰ ਇਨਸਾਫ ਦਿਵਾਉਣਾ ਚਾਹੁੰਦੇ ਹਨ ਤਾਂ ਮੰਤਰੀ ਅਤੇ ਸਾਰੇ ਦੋਸ਼ੀਆਂ ਖਿਲਾਫ 302 ਦਾ ਪਰਚਾ ਦਰਜ ਕਰਕੇ ਸਖਤ ਕਾਰਵਾਈ ਕੀਤੀ ਜਾਵੇ। ਮ੍ਰਿਤਕ ਦਾ ਪੋਸਟਮਾਰਟਮ ਪੀਜੀਆਈ ਜਾਂ ਏਮਜ਼ ਦੇ ਡਾਕਟਰਾਂ ਦੇ ਬੋਰਡ ਤੋਂ ਕਰਵਾਇਆ ਜਾਵੇ।

# ਸੀਪੀਆਈ (ਐੱਮ ਐੱਲ) ਲਿਬਰੇਸ਼ਨ ਵੱਲੋਂ ਡਾ: ਰੰਧਾਵਾ ਦੇ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਸੀ. ਪੀ. ਆਈ. (ਐੱਮ ਐੱਲ) ਲਿਬਰੇਸ਼ਨ ਜ਼ਿਲਾ ਕਮੇਟੀ ਅੰਮ੍ਰਿਤਸਰ ਤਰਨ ਤਾਰਨ ਨੇ ਅੰਮ੍ਰਿਤਸਰ ਤਰਨਤਾਰਨ ਦੇ ਵੇਅਰ ਹਾਊਸਿੰਗ ਕਾਰਪੋਰੇਸ਼ਨ ਦੇ ਡੀ. ਐੱਮ. ਡਾ: ਗਗਨਜੀਤ ਸਿੰਘ ਰੰਧਾਵਾ ਨੂੰ ਆਤਮ ਹੱਤਿਆ ਲਈ ਮਜਬੂਰ ਕਰਨ ਦੇ ਮਾਮਲੇ ਵਿੱਚ ਸੀਬੀਆਈ ਜਾਂ ਸੁਪਰੀਮ ਕੋਰਟ ਦੇ ਮੌਜੂਦਾ ਜੱਜ ਤੋਂ ਜਾਂਚ ਕਰਨ ਦੀ ਮੰਗ ਕੀਤੀ ਹੈ।ਪਾਰਟੀ ਦੇ ਜ਼ਿਲਾ ਅੰਮ੍ਰਿਤਸਰ, ਤਰਨਤਾਰਨ ਦੇ ਆਗੂਆਂ ਬਲਬੀਰ ਸਿੰਘ ਮੂਧਲ, ਸ਼ਮਸ਼ੇਰ ਸਿੰਘ ਹੇਰ, ਮੰਗਲ ਸਿੰਘ ਧਰਮਕੋਟ, ਨਰਿੰਦਰ ਤੇੜਾ, ਨਿਰਮਲ ਸਿੰਘ ਛੱਜਲਵੱਡੀ, ਰਜੇਸ਼ ਹੰਸ ਲੱਖੂਵਾਲ, ਕੁਲਵਿੰਦਰ ਸਿੰਘ ਅਜਨਾਲਾ ਆਦਿ ਨੇ ਡਾਕਟਰ ਰੰਧਾਵਾ ਦੇ ਪਰਵਾਰਕ ਮੈਂਬਰਾਂ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਹੈ।ਲਿਬਰੇਸ਼ਨ ਆਗੂਆਂ ਮੰਤਰੀ ਲਾਲਜੀਤ ਸਿੰਘ ਭੁੱਲਰ ਅਤੇ ਉਨ੍ਹਾਂ ਦੇ ਗੁੰਡਾ ਗਰੋਹ ਵੱਲੋਂ ਡੀਐੱਮ ਨੂੰ ਆਪਣੇ ਘਰ ਬੁਲਾ ਕੇ ਆਪਣੇ ਪਿਤਾ ਦੇ ਨਾਮ ਟੈਂਡਰ ਜਾਰੀ ਕਰਾਉਣ ਲਈ ਦਬਾਅ ਪਾਉਣ, ਉਨ੍ਹਾਂ ਦੀ ਬੁਰੀ ਤਰ੍ਹਾਂ ਮਾਰ ਕੁਟਾਈ ਕਰਨ ਅਤੇ ਉਨ੍ਹਾਂ ਨੂੰ ਮਾਨਸਿਕ ਤੌਰ ਤੇ ਜ਼ਲੀਲ ਪਰੇਸ਼ਾਨ ਕਰਨਾ ਇਹ ਸਾਬਤ ਕਰਦਾ ਹੈ ਕਿ ਸਰਕਾਰ ਦੇ ਮੰਤਰੀ ਖੁਦ ਗੈਂਗਸਟਰ ਬਣੇ ਹੋਏ ਹਨ।ਡੀ. ਐੱਮ. ਰੰਧਾਵਾ ਵੱਲੋਂ ਜਾਰੀ ਕੀਤੀ ਗਈ ਵੀਡੀਓ ਵਿੱਚ ਇਹ ਕਹਿਣਾ ਕਿ ਉਸ ਦੀ ਮੌਤ ਲਈ ਲਾਲਜੀਤ ਸਿੰਘ ਭੁੱਲਰ ਜ਼ੁੰਮੇਵਾਰ ਹੈ ਇਸ ਲਈ ਲਿਬਰੇਸ਼ਨ ਮੰਤਰੀ ਲਾਲਜੀਤ ਸਿੰਘ ਭੁੱਲਰ, ਉਨ੍ਹਾਂ ਦੇ ਪਿਤਾ ਅਤੇ ਮੰਤਰੀ ਦੇ ਗੁੰਡਾ ਗਰੋਹ ਸਾਥੀਆਂ ਦੀ



**ਆਤਮਹੱਤਿਆ ਦੇ ਮਾਮਲੇ ਦੀ ਸਿਰਫ ਸੀਬੀਆਈ ਤੋਂ ਜਾਂਚ ਕਰਾਉਣ ਦੀ ਕੀਤੀ ਮੰਗ**

ਤੁਰੰਤ ਗ੍ਰਿਫ਼ਤਾਰੀ ਕਰਨ ਦੀ ਮੰਗ ਕਰਦੀ ਹੈ।ਦੂਸਰੇ ਪਾਸੇ ਜਮਹੂਰੀ ਅਧਿਕਾਰ ਸਭਾ ਪੰਜਾਬ ਦੇ ਸੂਬਾ ਪ੍ਰਧਾਨ ਪ੍ਰੋ: ਜਗਮੋਹਨ ਸਿੰਘ, ਜਨਰਲ ਸਕੱਤਰ ਪ੍ਰਿਤਪਾਲ ਸਿੰਘ ਅਤੇ ਸੂਬਾ ਜਥੇਬੰਦਕ ਸੱਕਤਰ ਨਰਭਿੰਦਰ ਨੇ ਸਾਂਝੇ ਤੌਰ ਤੇ ਬਿਆਨ ਜਾਰੀ ਕਰਦਿਆਂ ਕਿਹਾ ਕਿ ਜ਼ਿਲ੍ਹਾ ਮੈਨੇਜਰ ਡਾਕਟਰ ਗਗਨਦੀਪ ਨੂੰ ਖੁਦਕੁਸ਼ੀ ਲਈ ਮਜਬੂਰ ਕਰਨ ਵਾਲੇ ਮੰਤਰੀ ਤੇ ਐੱਫਆਈਆਰ ਦਰਜ ਕਰਨ ਦੀ ਮੰਗ ਪੂਰੀ ਹੋਣ ਬਾਅਦ ਪੋਸਟਮਾਰਟਮ ਕਿਸੇ ਬਾਹਰਲੇ ਰਾਜ ਤੋਂ ਕਰਵਾਉਣ ਦੀ ਮੰਗ ਕੀਤੀ।ਉਨ੍ਹਾਂ ਕਿਹਾ ਕਿ ਭਾਵੇਂ ਲੋਕਾਂ ਦੇ ਦਬਾਅ ਸਦਕਾ ਮੰਤਰੀ ਅਤੇ ਦੋ ਹੋਰ ਵਿਅਕਤੀਆਂ ਉਪਰ ਧਾਰਾ 108 ਤਹਿਤ ਕੇਸ ਦਰਜ ਕਰ ਲਿਆ ਹੈ ਅਤੇ ਮੁਖ ਮੰਤਰੀ ਨੇ ਭਾਵੇਂ ਮੰਤਰੀ ਦਾ ਅਸਤੀਫਾ ਵੀ ਲੈ ਲਿਆ ਹੈ, ਪਰ ਉਸ ਵੱਲ਼ ਕੇਸ ਦਰਜ ਕਰਨ ਤੋਂ ਪਹਿਲਾਂ ਜਾਂਚ ਕਰਨ ਦੇ ਬਿਆਨ ਉਚ ਪਹੁੰਚ ਰੱਖਣ ਵਾਲੇ ਦੋਸ਼ੀਆਂ ਖਿਲਾਫ ਕਾਰਵਾਈ ਨਾ ਕਰਨ ਦੇ ਸੰਕੇਤ ਹਨ। ਬੇਸ਼ਕ ਲੋਕ ਦਬਾ ਹੇਠ ਮੁਕੱਦਮਾ ਦਰਜ ਹੋ ਗਿਆ ਹੈ, ਪਰ ਅਜੇ ਤੱਕ ਮੰਤਰੀ ਲਾਲ ਜੀਤ ਸਿੰਘ ਭੁੱਲਰ, ਸੁਖਦੇਵ ਸਿੰਘ ਭੁੱਲਰ, ਪੀ. ਏ. ਦਿਲਬਾਗ ਸਿੰਘ ਅਤੇ ਹੋਰ ਸ਼ਾਮਿਲ ਵਿਅਕਤੀਆਂ ਦੀ ਗ੍ਰਿਫਤਾਰੀ ਨਹੀਂ ਹੋਈ।ਉਨ੍ਹਾਂ ਕਿਹਾ ਕਿ ਪਰਵਾਰ ਦੀ ਮੰਗ ਅਨੁਸਾਰ ਪੋਸਟ ਮਾਰਟਮ ਪੰਜਾਬ ਤੋਂ ਬਾਹਰ ਕਰਵਾਉਣ ਅਤੇ ਇਸ ਸਮੁੱਚੀ ਘਟਨਾ ਦੀ ਜਾਂਚ ਸੀਬੀਆਈ ਤੋਂ ਕਰਵਾਉਣੀ ਬਣਦੀ ਹੈ, ਕਿਉਂਕਿ ਸਥਾਨਕ ਪੁਲਸ ਅਧਿਕਾਰੀ ਸਰਕਾਰ ਦੇ ਦਬਾਅ ਹੇਠ ਕੰਮ ਕਰਦੇ ਹਨ, ਇਹ ਪੀੜਤ ਪਰਿਵਾਰ ਨੂੰ ਯੋਗ ਨਿਆਂ ਨਹੀਂ ਦੇ ਸਕਣਗੇ।

# ਫੂਡ ਸੇਫਟੀ ਵਿੰਗ ਨੇ ਲਗਾਇਆ ਜਾਗਰੂਕਤਾ ਕੈਂਪ

**ਤਰਨਤਾਰਨ (ਪ੍ਰਿਤਪਾਲ ਸਿੰਘ)**- ਡਿਪਟੀ ਕਮਿਸ਼ਨਰ ਰਾਹੁਲ ਅਤੇ ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਫੂਡ ਸੇਫਟੀ ਵਿੰਗ ਤਰਨ ਤਾਰਨ ਨੇ ਸਿਵਲ ਸਰਜਨ ਦਫ਼ਤਰ ਤਰਨ ਤਾਰਨ ਵਿਖੇ ਫੂਡ ਸੇਫਟੀ ਸਬੰਧੀ ਇਕ ਜਾਗਰੂਕਤਾ ਕੈਂਪ



ਲਗਾਇਆ।ਇਸ ਮੌਕੇ ਜ਼ਿਲ੍ਹਾ ਸਿਹਤ ਅਫ਼ਸਰ ਡਾ. ਸੁਖਬੀਰ ਕੌਰ ਨੇ ਸਾਰੇ ਫੂਡ ਕਾਰੋਬਾਰ ਸੰਚਾਲਕਾਂ ਖਾਸ ਕਰਕੇ ਸਟ੍ਰੀਟ ਫੂਡ ਵਾਲਿਆਂ ਨੂੰ ਸਖ਼ਤ ਹਦਾਇਤਾਂ ਜਾਰੀ ਕੀਤੀਆਂ।ਤਿਆਰ ਭੋਜਨ ਵੇਚਣ ਵਾਲੇ ਵਿਕਰੇਤਾਵਾਂ ਨੂੰ ਕਾਰਟ/ਸਟਾਲ ਨੂੰ ਸਾਫ਼ ਰੱਖਣ, ਗੁਣਵੱਤਾ ਵਾਲੇ ਕੱਚੇ ਮਾਲ ਦੀ ਵਰਤੋਂ ਕਰਨ, ਮਨਜ਼ੂਰਸ਼ੁਦਾ ਫੂਡ ਰੰਗਾਂ ਦੀ ਵਰਤੋਂ ਕਰਨ, ਤਿਆਰ ਭੋਜਨ ਨੂੰ ਧੂੜ ਅਤੇ ਮੱਖੀਆਂ ਦੇ ਸੰਪਰਕ ਤੋਂ ਬਿਨਾਂ ਢੱਕ ਕੇ ਰੱਖਣ ਅਤੇ ਢੱਕੇ ਹੋਏ ਡੱਬਿਆਂ ਦੀ ਵਰਤੋਂ ਕਰਨ ਲਈ ਕਿਹਾ।ਬਦਲਦੇ ਤਾਪਮਾਨ ਨੂੰ ਧਿਆਨ ਵਿੱਚ ਰੱਖਦੇ ਹੋਏ, ਜ਼ਿਲ੍ਹਾ ਸਿਹਤ ਅਧਿਕਾਰੀ ਨੇ ਸਾਰਿਆਂ ਨੂੰ ਹਦਾਇਤ ਕੀਤੀ ਕਿ ਉਹ ਖਾਣ-ਪੀਣ ਦੀਆਂ ਵਸਤਾਂ ਉਸ ਮਾਤਰਾ ਵਿੱਚ ਤਿਆਰ ਕਰਨ ਜੋ ਤਾਜ਼ੀ ਪਰੋਸੀ ਜਾਣ/ਵੇਚਣ ਦੀ ਸੰਭਾਵਨਾ ਹੋਵੇ ਅਤੇ ਭੋਜਨ ਨੂੰ ਸੁਰੱਖਿਅਤ ਰੱਖਣ ਲਈ 5 ਡਿਗਰੀ ਤੋਂ ਘੱਟ ਜਾਂ 65 ਡਿਗਰੀ ਤੋਂ ਵੱਧ ਰੱਖਣ ਅਤੇ ਖਾਣਾ ਪਕਾਉਣ ਵਾਲੇ ਤੇਲ ਨੂੰ ਦੁਬਾਰਾ ਵਰਤਣ ਤੋਂ ਬਚਣ ਲਈ ਰਜਿਸਟ੍ਰੇਸ਼ਨ/ਲਾਈਸੈਂਸ ਬਣਾਉਣ ਅਤੇ ਮਿਆਦ ਪੁੱਗਣ ਦੀ ਸੂਰਤ ਵਿਚ ਨਵੀਨੀਕਰਨ ਕਰਵਾਉਣ ਦੇ ਨਿਰਦੇਸ਼ ਦਿੱਤੇ।ਐੱਫਬੀਓਜ਼ ਵਿਚੋਂ ਇਕ ਨੇ ਧਿਆਨ ਵਿਚ ਲਿਆਂਦਾ ਕਿ ਕੁਝ ਨਕਲੀ ਵਿਅਕਤੀ ਮੁੱਖ ਖੇਤਰ ਵਿਚ ਅਤੇ ਆਲੇ-ਦੁਆਲੇ ਐੱਫਬੀਓਜ਼ ਨੂੰ ਡਰਾ ਰਿਹਾ ਹੈ।ਸਾਰੇ ਐੱਫਬੀਓਜ਼ ਨੂੰ ਅਜਿਹੀਆਂ ਨਕਲੀ ਗਤੀਵਿਧੀਆਂ ਤੋਂ ਸਾਵਧਾਨ ਰਹਿਣ ਅਤੇ ਜੇਕਰ ਉਨ੍ਹਾਂ ਨੂੰ ਅਜਿਹੀ ਕਿਸੇ ਵੀ ਸਥਿਤੀ ਦਾ ਸਾਹਮਣਾ ਕਰਨਾ ਪੈਂਦਾ ਹੈ ਤਾਂ ਤੁਰੰਤ ਅਧਿਕਾਰੀਆਂ ਨੂੰ ਸੂਚਿਤ ਕਰਨ ਦੀ ਸਲਾਹ ਦਿੱਤੀ ਗਈ।

# ਯੋਧ ਸਿੰਘ ਸਮਰਾ ਦੀ ਸਿਹਤ ਵਿਗੜਨ ਕਾਰਨ ਅਕਾਲੀ ਵਰਕਰ ਚਿੰਤਤ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**- ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਯੋਧ ਸਿੰਘ ਸਮਰਾ ਦੀ ਸਿਹਤ ਵਿਗੜਨ ਦੀ ਖ਼ਬਰ ਸੁਣਦਿਆਂ ਹੀ ਉਨ੍ਹਾਂ ਦੇ ਹਲਕੇ ਅਤੇ ਪਾਰਟੀ ਵਰਕਰਾਂ ਵਿੱਚ ਚਿੰਤਾ ਦੀ ਲਹਿਰ ਦੌੜ ਗਈ।ਅਜਨਾਲਾ ਇਲਾਕੇ ਤੋਂ ਵੱਡੀ ਗਿਣਤੀ ਵਿੱਚ ਅਕਾਲੀ ਦਲ ਦੇ ਵਰਕਰ ਅਤੇ ਸਮਰਥਕ ਉਨ੍ਹਾਂ ਦੀ ਸਿਹਤ ਦਾ ਹਾਲ-ਚਾਲ ਜਾਨਣ ਲਈ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਪਹੁੰਚੇ।ਇਕੱਠੇ ਹੋਏ ਵਰਕਰਾਂ ਨੇ ਕਿਹਾ ਕਿ ਯੋਧ ਸਿੰਘ ਸਮਰਾ ਨੇ ਹਮੇਸ਼ਾ ਇਲਾਕੇ ਦੀ ਚੜ੍ਹਦੀ ਕਲਾ ਅਤੇ ਪਾਰਟੀ ਦੀ ਮਜ਼ਬੂਤੀ ਲਈ ਦਿਨ-ਰਾਤ ਕੰਮ ਕੀਤਾ ਹੈ, ਜਿਸ ਕਾਰਨ ਅੱਜ ਹਰ ਵਰਕਰ ਉਨ੍ਹਾਂ ਦੇ ਨਾਲ ਚੱਟਾਨ ਵਾਂਗ ਖੜ੍ਹਾ ਹੈ।ਇਸ ਮੌਕੇ ਕਈ ਸਥਾਨਕ ਆਗੂਆਂ ਨੇ ਵੀ ਹਾਜ਼ਰੀ ਭਰੀ ਅਤੇ ਪਰਿਵਾਰ ਨਾਲ ਮੁਲਾਕਾਤ ਕਰਕੇ ਹਰ ਸੰਭਵ ਸਹਿਯੋਗ ਦਾ ਭਰੋਸਾ ਦਿੱਤਾ।ਵਰਕਰਾਂ ਦੇ ਇਸ ਭਾਰੀ ਇਕੱਠ ਨੇ ਸਿੱਧ ਕਰ ਦਿੱਤਾ ਹੈ ਕਿ ਯੋਧ ਸਿੰਘ ਸਮਰਾ ਦਾ ਆਪਣੇ ਹਲਕੇ ਅਜਨਾਲਾ ਵਿੱਚ ਕਿੰਨਾ ਡੂੰਘਾ ਆਧਾਰ ਹੈ।ਇਸ ਮੌਕੇ ਅਮੋਲਕ ਸਿੰਘ ਸ਼ਾਹ, ਇਕਬਾਲ ਸਿੰਘ ਸ਼ਿੰਟੂ, ਧਰਮਿੰਦਰ ਸਿੰਘ ਗਿੱਲ, ਅਮਰ ਸਿੰਘ ਫਤਿਹਵਾਲ, ਪ੍ਰਗਟ ਸਿੰਘ, ਗੁਰਚਰਨ ਸਿੰਘ ਫਤਿਹਵਾਲ, ਹੈਪੀ ਫਤਿਹਵਾਲ, ਪਰਮਜੀਤ ਸਿੰਘ ਪੰਮਾ, ਦਲਬੀਰ ਸਿੰਘ ਚੱਕ ਡੋਗਰਾ, ਸ਼ੇਰ ਸਿੰਘ, ਪਵਿੱਤਰ ਸਿੰਘ ਫੈਂਸੀ, ਲਾਟੀ ਅਜਨਾਲਾ, ਕੁਲਦੀਪ ਤੇ ਅਜਨਾਲੇ ਦੇ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।

# ਐਡਵੋਕੇਟ ਧਾਮੀ ਦੀ ਅਗਵਾਈ 'ਚ ਹੋਈ ਸ਼ਤਾਬਦੀ ਸਬੰਧੀ ਸਬ-ਕਮੇਟੀ ਦੀ ਇਕੱਤਰਤਾ

**ਅੰਮ੍ਰਿਤਸਰ (ਜਗਦੀਸ਼ ਕਮਲੇਸ਼)**- ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੁਆਰਾ ਵਸਾਏ ਸ੍ਰੀ ਕੀਰਤਪੁਰ ਸਾਹਿਬ ਦਾ 400 ਸਾਲਾ ਸਥਾਪਨਾ ਦਿਵਸ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਪ੍ਰੰਪਰਾਵਾਂ ਅਤੇ ਖ਼ਾਲਸਈ ਜਾਹੋ-ਜਲਾਲ ਨਾਲ ਮਨਾਇਆ ਜਾਵੇਗਾ।ਇਸ ਸਬੰਧੀ 29, 30 ਅਪ੍ਰੈਲ ਅਤੇ 1 ਮਈ 2026 ਨੂੰ ਗੁਰਦੁਆਰਾ ਸ੍ਰੀ ਕੀਰਤਪੁਰ ਸਾਹਿਬ ਵਿਖੇ ਵਿਸ਼ਾਲ ਪੱਧਰ 'ਤੇ ਗੁਰਮਤਿ ਸਮਾਗਮ ਹੋਣਗੇ।ਇਸ ਸਬੰਧੀ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਸ੍ਰੀ ਕੀਰਤਪੁਰ ਸਾਹਿਬ ਦੇ 400 ਸਾਲਾ ਸਥਾਪਨਾ ਦਿਵਸ ਸਮਾਗਮਾਂ ਸਬੰਧੀ ਸਬ-ਕਮੇਟੀ ਦੀ ਇਕੱਤਰਤਾ ਹੋਈ, ਜਿਸ ਵਿਚ ਸ਼ਤਾਬਦੀ ਸਬੰਧੀ ਕੀਤੇ ਜਾਣ ਵਾਲੇ ਸਮਾਗਮਾਂ ਦੀ ਰੂਪ-ਰੇਖਾ ਉਲੀਕੀ ਗਈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ੍ਰੀ ਕੀਰਤਪੁਰ ਸਾਹਿਬ ਉਹ ਪਾਵਨ ਧਰਤੀ ਹੈ, ਜਿਸ ਨੂੰ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਵਸਾਇਆ ਸੀ ਅਤੇ ਇਸ ਪਾਵਨ ਅਸਥਾਨ 'ਤੇ ਸ੍ਰੀ ਗੁਰੂ ਹਰਿਰਾਏ ਸਾਹਿਬ ਅਤੇ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਨੇ ਵੀ ਵਾਸ



ਕੀਤਾ।ਇਸ ਪਾਵਨ ਅਸਥਾਨ ਦੀ 400 ਸਾਲਾ ਸ਼ਤਾਬਦੀ ਸਮੂਹ ਸਿੱਖ ਜਥੇਬੰਦੀਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਵਿਸ਼ਾਲ ਪੱਧਰ 'ਤੇ ਮਨਾਈ ਜਾਵੇਗੀ। ਇਕੱਤਰਤਾ 'ਚ ਅੰਤ੍ਰਿੰਗ ਕਮੇਟੀ ਮੈਂਬਰ ਦਲਜੀਤ ਸਿੰਘ ਭਿੰਡਰ, ਸੁਰਜੀਤ ਸਿੰਘ ਤੁਗਲਵਾਲ, ਮੰਗਵਿੰਦਰ ਸਿੰਘ ਖਾਪੜਖੇੜੀ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸੁਰਜੀਤ ਸਿੰਘ ਭਿੱਟੇਵੱਡ, ਭਾਈ ਗੁਰਬਖ਼ਸ਼ ਸਿੰਘ ਖ਼ਾਲਸਾ, ਅਜਮੇਰ ਸਿੰਘ ਖੇੜਾ, ਪ੍ਰਿਤਪਾਲ ਸਿੰਘ ਪਾਲੀ, ਸੁਖਵਰਸ਼ ਸਿੰਘ ਪੰਨੂ, ਭਾਈ ਅਜੈਬ ਸਿੰਘ ਅਭਿਆਸੀ, ਗੁਰਿੰਦਰਪਾਲ ਸਿੰਘ ਗੋਰਾ, ਓਐੱਸਡੀ ਸਤਬੀਰ ਸਿੰਘ, ਸਕੱਤਰ ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ਼ਾਹਬਾਜ਼ ਸਿੰਘ, ਵਧੀਕ ਸਕੱਤਰ ਬਿਜੈ ਸਿੰਘ, ਮੀਤ ਸਕੱਤਰ ਜਸਵਿੰਦਰ ਸਿੰਘ ਜੱਸੀ, ਹਰਭਜਨ ਸਿੰਘ ਵਕਤਾ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਮਲਕੀਤ ਸਿੰਘ, ਵਧੀਕ ਮੈਨੇਜਰ ਹਰਦੇਵ ਸਿੰਘ, ਇੰਚਾਰਜ ਰਾਜਵਿੰਦਰ ਸਿੰਘ ਜੋਗਾ ਆਦਿ ਮੌਜੂਦ ਸਨ।

# ਭੁੱਲਰ ਵਿਰੁੱਧ ਧਾਰਾ 306 ਤਹਿਤ ਫੌਜਦਾਰੀ ਕੇਸ ਦਰਜ ਕਰਨ ਦੀ ਮੰਗ

**ਧਾਰੀਵਾਲ, (ਮਨਦੀਪ ਵਿੱਕੀ)**- ਸੀਪੀਆਈ ਐੱਮਐੱਲ ਲਿਬਰੇਸ਼ਨ ਨੇ ਪੰਜਾਬ ਦੀ ਮਾਨ ਸਰਕਾਰ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਭੁੱਲਰ ਵਿਰੁੱਧ ਵੇਅਰਹਾਊਸ ਦੇ ਅੰਮ੍ਰਿਤਸਰ ਅਤੇ ਤਰਨ ਤਰਨ ਜ਼ਿਲ੍ਹੇ ਦੇ ਡੀ ਐੱਮ ਗਗਨਜੀਤ ਸਿੰਘ ਰੰਧਾਵਾ ਨੂੰ ਆਤਮਹੱਤਿਆ ਕਰਨ ਲਈ ਮਜਬੂਰ ਕਰਨ ਦੇ ਮਾਮਲੇ ਵਿੱਚ 306 ਧਾਰਾ ਤਹਿਤ ਫੌਜਦਾਰੀ ਕੇਸ ਦਰਜ ਕਰਨ ਦੀ ਮੰਗ ਕੀਤੀ ਹੈ।ਇਸ ਸਬੰਧੀ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਲਿਬਰੇਸ਼ਨ ਦੇ ਸੂਬਾ ਸਕੱਤਰ ਗੁਰਮੀਤ ਸਿੰਘ ਬਖਤਪੁਰਾ ਨੇ ਕਿਹਾ ਕਿ ਮਾਨ ਸਰਕਾਰ ਦੇ ਇਸ



ਮੰਤਰੀ ਵੱਲੋਂ ਐੱਮਡੀ ਗਗਨਜੀਤ ਸਿੰਘ ਰੰਧਾਵਾ ਨੂੰ ਆਪਣੇ ਘਰ ਬੁਲਾ ਕੇ ਆਪਣੇ ਪਿਤਾ ਦੇ ਨਾਂਅ ਟੈਂਡਰ ਜਾਰੀ ਕਰਨ ਲਈ ਦਬਾਅ ਪਾਉਣ, ਉਸ ਦੀ ਕੁੱਟਮਾਰ ਕਰਨਾ ਅਤੇ ਬੁਰੀ ਤਰ੍ਹਾਂ ਉਸਨੂੰ ਜ਼ਲੀਲ ਕਰਨਾ ਸਾਬਤ ਕਰਦਾ ਹੈ ਕਿ ਸਰਕਾਰ ਦੇ ਮੰਤਰੀ ਖੁਦ ਗੈਂਗਸਟਰ ਬਣੇ ਹੋਏ ਹਨ, ਪਰ ਇਸ ਬਾਬਤ ਸਰਦਾਰ ਰੰਧਾਵਾ ਵੱਲੋਂ ਜਾਰੀ ਕੀਤੀ ਗਈ ਆਪਣੀ ਵੀਡੀਓ ਵਿੱਚ ਇਹ ਕਹਿਣਾ ਕਿ ਉਸ ਦੀ ਮੌਤ ਲਈ ਪੂਰਨ ਤੌਰ ਤੇ ਮੰਤਰੀ ਲਾਲਜੀਤ ਭੁੱਲਰ ਜ਼ੁੰਮੇਵਾਰ ਹੈ, ਦੇ ਵਿਰੁੱਧ ਫੌਰੀ ਕਤਲ ਦੀ ਕਾਰਵਾਈ ਬਣਦੀ ਹੈ ਪਰ ਇਸ ਦੇ ਬਾਵਜੂਦ ਪੁਲਸ ਲਾਲਜੀਤ ਭੁੱਲਰ ਵਿਰੁੱਧ ਕਿਸੇ ਨੂੰ ਮਰਨ ਲਈ ਮਜਬੂਰ ਕਰਨ ਸਬੰਧੀ ਕੇਸ ਦਰਜ ਕਰਨ ਦੀ ਬਜਾਏ 174 ਦੀ ਕਾਰਵਾਈ ਕਰਨ ਦੀ ਜ਼ਿੱਦ ਕਰ ਰਹੀ ਹੈ ਅਤੇ ਸਰਕਾਰ ਉਸਦਾ ਕੇਵਲ ਅਸਤੀਫ਼ਾ ਲੈ ਕੇ ਇਸ ਗੰਭੀਰ ਮੌਤ 'ਤੇ ਕੋਈ ਕਾਨੂੰਨੀ ਕਾਰਵਾਈ ਕਰਨ ਤੋਂ ਭੱਜਣ ਦੀ ਤਾਕ ਵਿੱਚ ਹੈ।ਬਖਤਪੁਰਾ ਨੇ ਕਿਹਾ ਪਹਿਲਾਂ ਵੀ ਮਾਨ ਸਰਕਾਰ ਦੇ ਕਈ ਮੰਤਰੀਆਂ ਅਤੇ ਐੱਮ. ਐੱਲ. ਏ. ਦੁਆਰਾ ਇਸ ਤਰ੍ਹਾਂ ਦੀਆਂ ਘਟਨਾਵਾਂ ਵਾਪਰ ਚੁੱਕੀਆਂ ਹਨ ਪਰ ਮਾਨ ਸਰਕਾਰ ਨੇ ਆਪਣੇ ਇਸ ਲਾਣੇ ਨੂੰ ਕਾਨੂੰਨ ਅਨੁਸਾਰ ਚੱਲਣਾ ਸਿਖਾਉਣ ਦੀ ਬਜਾਏ ਨੌਬਤ ਅਫ਼ਸਰਾਂ ਦੀ ਆਤਮਹੱਤਿਆ ਤੱਕ ਲੈ ਆਂਦੀ ਹੈ।ਇਸ ਸਥਿਤੀ ਵਿੱਚ ਜ਼ਰੂਰੀ ਹੈ ਕਿ ਵੇਅਰ ਹਾਊਸ ਦੇ ਐੱਮਡੀ ਵੱਲੋਂ ਆਪਣੀ ਮੌਤ ਤੋਂ ਪਹਿਲਾਂ ਜਾਰੀ ਕੀਤੀ ਗਈ ਵੀਡੀਓ ਆਧਾਰਤ ਫੌਰੀ ਐੱਫਆਈਆਰ ਦਰਜ ਕੀਤੀ ਜਾਵੇ ਅਤੇ ਇਸ ਘਟਨਾ ਦੀ ਸੁਪਰੀਮ ਕੋਰਟ ਦੇ ਮੌਜੂਦਾ ਜੱਜ ਤੋਂ ਪੜਤਾਲ ਕਰਵਾਈ ਜਾਵੇ ਤਾਂ ਜੋ ਪੰਜਾਬ ਵਿੱਚ ਮਾਨ ਸਰਕਾਰ ਦੇ ਜੰਗਲ ਰਾਜ ਨੂੰ ਠੱਲ ਪਾਈ ਜਾ ਸਕੇ।

# ਪੰਜਾਬ ਰਾਜ ਟ੍ਰੇਡਰਜ਼ ਕਮਿਸ਼ਨ ਦੀਆਂ ਹਲਕਾਵਾਰ ਮੀਟਿੰਗਾਂ ਤਹਿਤ ਲਾਇਬ੍ਰੇਰੀ ਰੋਡ ਗੁਰਦਾਸਪੁਰ ਵਿਖੇ ਮੀਟਿੰਗ

**ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੇ ਵਪਾਰੀਆਂ ਦੀ ਸਾਂਝੀ ਬੈਠਕ ਕਰਕੇ ਵਿਚਾਰੇ ਅਹਿਮ ਮਸਲੇ**

**ਗੁਰਦਾਸਪੁਰ, (ਦਿਨੇਸ਼ ਕੁਮਾਰ, ਜਨਕ ਮਹਾਜਨ)**- ਪੰਜਾਬ ਰਾਜ ਟ੍ਰੇਡਰਜ਼ ਕਮਿਸ਼ਨ ਦੀਆਂ ਹਲਕਾਵਾਰ ਮੀਟਿੰਗਾਂ ਤਹਿਤ ਲਾਇਬ੍ਰੇਰੀ ਰੋਡ ਗੁਰਦਾਸਪੁਰ ਬਾਜ਼ਾਰ ਵਿਖੇ ਵਪਾਰੀਆਂ ਤੇ ਦੁਕਾਨਦਾਰਾਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ।ਇਸ ਮੌਕੇ ਪੰਜਾਬ ਰਾਜ ਟ੍ਰੇਡਰਜ਼ ਕਮਿਸ਼ਨ ਦੇ ਵਾਈਸ ਚੇਅਰਮੈਨ ਅਨਿਲ ਠਾਕੁਰ, ਰਮਨ ਬਹਿਲ ਹਲਕਾ ਇੰਚਾਰਜ ਗੁਰਦਾਸਪੁਰ, ਐੱਸ.ਡੀ.ਐੱਮ. ਅਨੁਪ੍ਰੀਤ ਕੌਰ ਰੰਧਾਵਾ ਅਤੇ ਸਿਮਰਜੀਤ ਸਿੰਘ ਚੇਅਰਮੈਨ ਟਰੇਡਰਜ਼ ਕਮਿਸ਼ਨ ਗੁਰਦਾਸਪੁਰ ਮੌਜੂਦ ਸਨ।ਇਸ ਮੌਕੇ ਪੰਜਾਬ ਰਾਜ ਟ੍ਰੇਡਰਜ਼ ਕਮਿਸ਼ਨ ਦੇ ਵਾਈਸ ਚੇਅਰਮੈਨ ਅਨਿਲ ਠਾਕੁਰ ਨੇ ਕਿਹਾ ਕਿ ਪੰਜਾਬ ਸਰਕਾਰ, ਵਪਾਰੀਆਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਵਪਾਰੀਆਂ ਦੀਆਂ ਸਮੱਸਿਆਵਾਂ ਦਾ ਪਹਿਲ ਦੇ ਅਧਾਰ ਤੇ ਹੱਲ ਕੀਤਾ ਜਾਵੇਗਾ, ਇਸੇ ਕੜੀ ਤਹਿਤ ਵੱਖ-ਵੱਖ ਵਿਭਾਗ ਮਿਲਜੁਲ ਕੇ ਕੰਮ ਕਰ ਰਹੇ ਹਨ ਤਾਂ ਜੋ ਪ੍ਰਕਿਰਿਆਵਾਂ ਨੂੰ ਸਧਾਰਿਆ ਜਾ ਸਕੇ ਅਤੇ ਸਮਾਂਬੱਧ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਸਕਣ।ਇਸ ਮੌਕੇ ਸੰਬੋਧਨ ਕਰਦਿਆਂ ਰਮਨ ਬਹਿਲ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਵਪਾਰੀਆਂ, ਦੁਕਾਨਦਾਰਾਂ ਤੇ ਉਦਮੀਆਂ ਲਈ ਕਾਰੋਬਾਰੀ ਪ੍ਰਕਿਰਿਆਵਾਂ ਨੂੰ ਸਰਲ ਬਣਾਉਣ ਦੇ ਉਦੇਸ਼ ਨਾਲ ਪੰਜਾਬ ਟਰੇਡ ਕਮਿਸ਼ਨ ਦਾ ਗਠਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਵਪਾਰੀਆਂ ਤੇ ਦੁਕਾਨਦਾਰਾਂ ਦੀਆਂ ਮੁਸ਼ਕਿਲਾਂ ਦੇ




ਹੱਲ ਲਈ ਸਰਕਾਰ ਲਈ ਵਚਨਬੱਧ ਹੈ ਅਤੇ ਉਨ੍ਹਾਂ ਦੀ ਹਰ ਸਮੱਸਿਆ ਪਹਿਲ ਦੇ ਆਧਾਰ ਤੇ ਹੱਲ ਕੀਤੀ ਜਾਵੇਗੀ।ਇਸ ਮੌਕੇ ਸਿਮਰਜੀਤ ਸਿੰਘ ਚੇਅਰਮੈਨ ਟ੍ਰੇਡਰਸ ਕਮਿਸ਼ਨ ਗੁਰਦਾਸਪੁਰ ਨੇ ਕਿਹਾ ਕਿ ਮੀਟਿੰਗ ਦੌਰਾਨ ਵਪਾਰੀਆਂ ਵੱਲੋਂ ਦਰਪੇਸ਼ ਆ ਰਹੀਆਂ ਮੁਸ਼ਕਲਾਂ ਅਤੇ ਮਸਲਿਆਂ ਨੂੰ ਧਿਆਨ ਨਾਲ ਸੁਣਿਆ ਗਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਟੇਟ ਟਰੇਡਰਸ ਕਮਿਸ਼ਨ ਦਾ ਮੁੱਖ ਉਦੇਸ਼ ਵਪਾਰੀਆਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਕਰਨਾ ਅਤੇ ਵਪਾਰਕ ਮਾਹੌਲ ਨੂੰ ਹੋਰ ਸੁਗਮ ਅਤੇ ਪਾਰਦਰਸ਼ੀ ਬਣਾਉਣਾ ਹੈ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ ਅਤੇ ਭਰੋਸਾ ਦਿਵਾਇਆ ਕਿ ਵਪਾਰ ਕਮਿਸ਼ਨ ਹਰ ਹਾਲਾਤ ਵਿੱਚ ਵਪਾਰੀ ਵਰਗ ਦੇ ਨਾਲ ਖੜ੍ਹਾ ਹੈ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਮੀਟਿੰਗ ਦੌਰਾਨ ਅਧਿਕਾਰੀਆਂ ਨੇ ਵਪਾਰੀਆਂ ਨੂੰ ਭਰੋਸਾ ਦਿਵਾਇਆ ਕਿ ਜੀ.ਐੱਸ.ਟੀ, ਬਿਜਲੀ ਸਪਲਾਈ, ਮਜ਼ਦੂਰੀ ਆਦਿ ਨਾਲ ਸੰਬੰਧਿਤ ਮੁੱਦਿਆਂ ਦਾ ਸਮਰੱਥ ਢੰਗ ਨਾਲ ਨਿਪਟਾਰਾ ਕੀਤਾ ਜਾਵੇਗਾ, ਤਾਂ ਜੋ ਉਨ੍ਹਾਂ ਨੂੰ ਵੱਖ-ਵੱਖ ਦਫ਼ਤਰਾਂ ਦੇ ਚੱਕਰ ਨਾ ਲਗਾਉਣੇ ਪੈਣ।ਇਸ ਮੌਕੇ ਸੁਭਾਸ਼ ਚੰਦਰ ਏਆਰਟੀਓ ਗੁਰਦਾਸਪੁਰ, ਰਘੁਬੀਰ ਸਿੰਘ ਖਾਲਸਾ ਚੇਅਰਮੈਨ ਵਾਪਾਰ ਮੰਡਲ ਗੁਰਦਾਸਪੁਰ, ਰਜਿੰਦਰ ਨੰਦਾ ਚੇਅਰਮੈਨ ਐਕਸਾਈਜ਼ ਐਂਡ ਟੈਕਸੇਸ਼ਨ ਗੁਰਦਾਸਪੁਰ, ਮੈਂਬਰ ਬਿਕਰਮਜੀਤ ਸਿੰਘ ਸੋਢੀ, ਗੁਰਪ੍ਰੀਤ ਸਿੰਘ, ਹਰਜਿੰਦਰ ਸਿੰਘ, ਜਸਬੀਰ ਸਿੰਘ, ਰਜਿੰਦਰ ਨਈਅਰ, ਜਗਜੀਤ ਸਿੰਘ ਪਿੰਟਾ ਜ਼ਿਲਾ ਜਨਰਲ ਸਕੱਤਰ, ਅਸ਼ੋਕ ਮਹਾਜਨ ਪ੍ਰਧਾਨ ਮਾਰਕੀਟ ਕਮੇਟੀ, ਆਸ਼ੂ ਸਕੱਤਰ ਸੋਸ਼ਲ ਮੀਡੀਆ ਵਿੰਗ, ਮਾਝਾ ਜ਼ੋਨ, ਅਰੁਣ ਕੁਮਾਰ ਈ. ਓ. ਨਗਰ ਕੌਂਸਲ, ਭੁਪਿੰਦਰ ਸਿੰਘ ਕਲੇਰ, ਐੱਸ. ਡੀ. ਓ. ਪੀ. ਐੱਸ. ਪੀ. ਸੀ. ਐੱਲ. ਪਲਕ ਇੰਸਪੈਕਟਰ ਜੀ. ਐੱਸ. ਟੀ. ਸਮੇਤ ਵਪਾਰੀ ਅਤੇ ਦੁਕਾਨਦਾਰ ਮੌਜੂਦ ਸਨ।

# ਡੀਐੱਮ ਰੰਧਾਵਾ ਮਾਮਲੇ ਦੀ ਨਿਰਪੱਖ ਜਾਂਚ ਹੋਵੇ : ਧਾਰੀਵਾਲ

**ਪੱਟੀ, (ਬਲਦੇਵ ਸਿੰਘ ਸੰਧੂ)**- ਡੀਐੱਮ ਗਗਨਦੀਪ ਸਿੰਘ ਰੰਧਾਵਾ ਮਾਮਲੇ ਦੀ ਨਿਰਪੱਖ ਜਾਂਚ ਹੋਵੇ, ਦੋਸ਼ੀਆਂ ਨੂੰ ਬਣਦੀ ਸਜ਼ਾ ਮਿਲੇ, ਲਾਲਜੀਤ ਸਿੰਘ ਭੁੱਲਰ ਤੇ ਉਸਦੇ ਪਿਤਾ 'ਤੇ ਕੁੱਟਮਾਰ ਕਰਨ ਤੇ ਖੁਦਕੁਸ਼ੀ ਲਈ ਉਕਸਾਉਣ ਵਾਲੇ ਵਿਅਕਤੀਆਂ ਵਿਰੁੱਧ ਕਤਲ ਦਾ ਮਾਮਲਾ ਦਰਜ ਹੋਵੇ ।ਪਰਿਵਾਰ ਨੂੰ ਇਨਸਾਫ਼ ਦਿਵਾਉਣ ਲਈ ਕੋਈ ਕਸਰ ਨਹੀਂ ਛੱਡੀ ਜਾਵੇਗੀ।ਇਨਾਂ ਸ਼ਬਦਾਂ ਦਾ ਪ੍ਰਗਟਾਵਾ ਵਿਧਾਨ ਸਭਾ ਹਲਕਾ ਪੱਟੀ ਤੋਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੀਨੀਅਰ ਆਗੂ ਹਰਬੀਰ ਸਿੰਘ ਧਾਰੀਵਾਲ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਮ ਆਦਮੀ ਪਾਰਟੀ ਨੂੰ ਕਰੜੇ ਹੱਥੀਂ ਲਿਆ। ਉਨ੍ਹਾਂ ਕਿਹਾ ਕਿ ਆਪਣੇ ਆਪ ਨੂੰ ਕੱਟੜ ਇਮਾਨਦਾਰ ਦਾ ਢਿੰਡੋਰਾ ਪਿੱਟਣ ਵਾਲਿਆਂ ਦੇ ਰਾਜ ਦੌਰਾਨ ਅਫਸਰਸ਼ਾਹੀ ਤੋਂ ਰਿਸ਼ਵਤ ਮੰਗਣ ਬਦਲੇ ਜ਼ਲੀਲ ਕਰਕੇ ਮੌਤ ਦੇ ਮੂੰਹ 'ਚ ਧੱਕਿਆ ਜਾ ਰਿਹਾ।ਧਾਰੀਵਾਲ ਨੇ ਦੱਸਿਆ ਕਿ ਵਿਧਾਨ ਸਭਾ ਹਲਕਾ ਪੱਟੀ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਤੇ ਸਾਬਕਾ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਵੇਅਰਹਾਊਸ ਦੇ ਡੀਐੱਮ ਗਗਨਦੀਪ ਸਿੰਘ ਰੰਧਾਵਾ ਨੂੰ ਆਪਣੇ ਦਫ਼ਤਰ ਬੁਲਾ ਕੇ ਆਪਣੇ ਚਹੇਤਿਆਂ ਨੂੰ ਟੈਂਡਰ ਦੇਣ ਲਈ ਜ਼ਲੀਲ ਕੀਤਾ, ਕੁੱਟਮਾਰ ਵੀ ਹੋਈ ਦੱਸੀ ਜਾ ਰਹੀ ਹੈ।ਹਰਬੀਰ ਸਿੰਘ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੇ ਮੰਤਰੀਆਂ ਵਿਧਾਇਕਾਂ ਵੱਲੋਂ ਸੂਬੇ ਨੂੰ ਦੋਹੀਂ ਹੱਥੀਂ ਲੁੱਟਿਆ ਤੇ ਕੁੱਟਿਆ ਜਾ ਰਿਹਾ। ਅੱਜ ਸੂਬਾ ਲਾਵਾਰਿਸ ਮਹਿਸੂਸ ਕਰ ਰਿਹਾ ।ਉਨ੍ਹਾਂ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਅਪੀਲ ਕੀਤੀ ਕਿ ਗਗਨਦੀਪ ਸਿੰਘ ਦੇ ਮਾਮਲੇ ਦੀ ਨਿਰਪੱਖ ਜਾਂਚ ਹੋਵੇ ।ਲਾਲਜੀਤ ਭੁੱਲਰ ਸਮੇਤ ਖੁਦਕੁਸ਼ੀ ਲਈ ਉਕਸਾਉਣ ਮਾਮਲੇ ਦਾ ਪਰਚਾ ਦਰਜ ਹੋਵੇ।ਧਾਰੀਵਾਲ ਦੇ ਦੱਸਿਆ ਕਿ ਮੌਜੂਦਾ ਸਰਕਾਰ ਵੱਲੋਂ ਪੁਲਸ ਪ੍ਰਸ਼ਾਸਨ ਤੇ ਪਰਿਵਾਰ ਤੇ ਦਬਾਅ ਬਣਾ ਕੇ ਮਾਮਲੇ ਨੂੰ ਰਫਾ ਦਫ਼ਾ ਕਰਨ ਦੀ ਸਰਕਾਰ ਦੀ ਕੋਈ ਕੋਸ਼ਿਸ਼ ਕਾਮਯਾਬ ਨਹੀਂ ਹੋਣ ਦਿੱਤੀ ਜਾਵੇਗੀ ।ਰੰਧਾਵਾ ਪਰਿਵਾਰ ਨੂੰ ਇਨਸਾਫ ਦਿਵਾਉਣ ਲਈ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਨਾਲ ਸਮੁੱਚੀ ਲੀਡਰਸ਼ਿਪ ਚੱਟਾਨ ਵਾਂਗ ਖੜ੍ਹੀ ਹੈ ।

# ਸੁੱਚਾ ਸਿੰਘ ਲੰਗਾਹ ਵੱਲੋਂ ਸੁਖਬੀਰ ਬਾਦਲ ਨੂੰ ਪਾਰਟੀ ਫੰਡ ਲਈ 11 ਲੱਖ ਰੁਪਏ ਦੀ ਥੈਲੀ ਭੇਟ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਹਲਕਾ ਡੇਰਾ ਬਾਬਾ ਨਾਨਕ ਦੇ ਕਸਬਾ ਕਲਾਨੌਰ ਵਿਖੇ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਜ਼ਿਲ੍ਹਾ ਜਥੇਦਾਰ ਸੁੱਚਾ ਸਿੰਘ ਲੰਗਾਹ ਵੱਲੋਂ ਕਰਵਾਈ ਗਈ ਪੰਜਾਬ ਬਚਾਓ ਰੈਲੀ ਨੂੰ ਲਾ ਮਿਸਾਲ ਹੁੰਗਾਰਾ ਮਿਲਿਆ । ਇਸ ਰੈਲੀ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੋਂ ਇਲਾਵਾ ਪਾਰਟੀ ਦੇ ਸੀਨੀਅਰ ਆਗੂਆਂ ਨੇ ਵਿਸ਼ੇਸ਼ ਤੌਰ ਤੇ ਸ਼ਮੂਲੀਅਤ ਕੀਤੀ ਤੇ ਆਪੋ ਆਪਣੇ ਵਿਚਾਰ ਰੱਖੇ ।

ਇਸ ਰੈਲੀ ਮੌਕੇ ਹਲਕਾ ਡੇਰਾ ਬਾਬਾ ਨਾਨਕ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਅਤੇ ਵੱਖ-ਵੱਖ ਬਰਾਦਰੀਆਂ ਦੇ ਨੁਮਾਇੰਦਿਆਂ ਨੇ ਹਜ਼ਾਰਾਂ ਦੀ ਗਿਣਤੀ ਵਿੱਚ ਪਹੁੰਚ ਕੇ ਆਪਣੇ ਮਹਿਬੂਬ ਨੇਤਾਵਾਂ ਤੇ ਪਾਰਟੀ ਆਗੂਆਂ ਦੇ ਵਿਚਾਰ ਸੁਣੇ ।ਇਸ ਮੌਕੇ ਸੁਖਬੀਰ ਸਿੰਘ ਬਾਦਲ ਨੇ ਰੈਲੀ ਦੌਰਾਨ ਆਪਣੀ ਖੁਸ਼ੀ ਜ਼ਾਹਰ ਕਰਦਿਆਂ ਜਥੇਦਾਰ ਸੁੱਚਾ ਸਿੰਘ ਲੰਗਾਹ ਅਤੇ ਸੁਖਜਿੰਦਰ ਸਿੰਘ ਸੋਨੂੰ ਲੰਗਾਹ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਰੈਲੀ ਪੰਜਾਬ ਵਿੱਚ ਪਾਰਟੀ ਵੱਲੋਂ ਕਰਵਾਈਆਂ ਗਈਆਂ ਰੈਲੀਆਂ ਵਿੱਚੋ ਸਭ ਤੋਂ ਵੱਡੀ ਰੈਲੀ ਹੈ।ਉਨ੍ਹਾਂ ਕਿਹਾ ਕਿ ਸਭ ਤੋਂ ਵੱਡੀ ਖੁਸ਼ੀ ਦੀ ਗੱਲ ਇਹ ਵੀ ਹੈ ਕਿ ਇਸ ਰੈਲੀ ਵਿੱਚ ਸਟੇਜ ਤੇ ਜ਼ਿਲ੍ਹਾ ਗੁਰਦਾਸਪੁਰ ਦੀ ਸਮੁੱਚੀ ਪਾਰਟੀ ਦੀ ਲੀਡਰਸ਼ਿਪ ਲੰਗਾਹ ਸਾਹਿਬ ਨੇ ਇਕੱਠੀ ਕਰ ਕੇ ਦਿਖਾ ਦਿੱਤਾ ਕਿ ਪਾਰਟੀ ਵਰਕਰਾਂ ਦੇ ਨਾਲ ਨਾਲ ਜ਼ਿਲੇ ਦੀ ਲੀਡਰਸ਼ਿਪ ਵੀ ਲੰਗਾਹ ਸਾਹਿਬ ਨਾਲ ਕਿੰਨਾ ਪਿਆਰ ਕਰਦੀ ਹੈ ।ਇਸ ਮੌਕੇ ਜਥੇਦਾਰ ਸੁੱਚਾ ਸਿੰਘ ਲੰਗਾਹ ਤੇ ਸੁਖਜਿੰਦਰ ਸਿੰਘ ਸੋਨੂੰ ਲੰਗਾਹ ਵੱਲੋਂ ਸ.ਸੁਖਬੀਰ ਸਿੰਘ ਬਾਦਲ ਅਤੇ ਪਾਰਟੀ ਹਾਈ ਕਮਾਂਡ ਨੂੰ ਪਾਰਟੀ ਫੰਡ ਲਈ ਹਲਕਾ ਡੇਰਾ ਬਾਬਾ ਨਾਨਕ ਵੱਲੋਂ 11 ਲੱਖ ਦੀ ਥੈਲੀ ਭੇਟ ਕੀਤੀ ਗਈ ਅਤੇ ਰੈਲੀ ਦੌਰਾਨ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਤੇ ਪਾਰਟੀ ਵਰਕਰਾਂ ਦਾ ਦਿਲ ਦੀਆਂ




ਗਹਿਰਾਈਆਂ ਤੋਂ ਧੰਨਵਾਦ ਕੀਤਾ ਗਿਆ ।ਇਸ ਮੌਕੇ ਸਾਬਕਾ ਕੈਬਨਿਟ ਮੰਤਰੀ ਤੇ ਸੀਨੀਅਰ ਆਗੂ ਡਾ. ਦਲਜੀਤ ਸਿੰਘ ਚੀਮਾ, ਸਾਬਕਾ ਮੰਤਰੀ ਹੀਰਾ ਸਿੰਘ ਗਾਬੜੀਆ, ਸਾਬਕਾ ਵਿਧਾਇਕ ਗੁਰਬਚਨ ਸਿੰਘ ਬੱਬੇਹਾਲੀ, ਸਾਬਕਾ ਵਿਧਾਇਕ ਲਖਬੀਰ ਸਿੰਘ ਲੋਧੀਨੰਗਲ, ਸਾਬਕਾ ਵਿਧਾਇਕ ਬਲਬੀਰ ਸਿੰਘ ਬਾਠ ਅਤੇ ਸੋਨੂੰ ਲੰਗਾਹ ਨੇ ਵੀ ਵਰਕਰਾਂ ਨੂੰ ਸੰਬੋਧਨ ਕੀਤਾ। ਇਸ ਮੌਕੇ ਸੀਨੀਅਰ ਅਕਾਲੀ ਆਗੂ ਗੁਰਦੀਪ ਸਿੰਘ ਦੀਪੀ ਪਠਾਨਕੋਟ, ਮਨਪ੍ਰੀਤ ਸਾਹਨੀ ਪਠਾਨਕੋਟ, ਸੁਰਿੰਦਰ ਸਿੰਘ ਬਿੱਲਾ, ਜਸਪਾਲ ਸਿੰਘ ਪਾਲੀ ਸੁਜਾਨਪੁਰ, ਕੁਲਦੀਪ ਸਿੰਘ ਗੂਨਾ, ਜਗਦੀਸ਼ ਸਿੰਘ ਬੁੱਟਰ ਚੀਫ਼ ਗੁਰਦੁਆਰਾ ਇੰਸਪੈਕਟਰ, ਮੈਨੇਜਰ ਸਤਨਾਮ ਸਿੰਘ ਗੋਸਲ, ਮੈਨੇਜਰ ਰਣਜੀਤ ਸਿੰਘ ਕਲਿਆਣਪੁਰ, ਮੈਨੇਜਰ ਸਰਬਜੀਤ ਸਿੰਘ, ਹਰਪਾਲ ਸਿੰਘ ਰੰਧਾਵਾ, ਬਲਰਾਜ ਸਿੰਘ ਭਿੰਡਰ, ਬਚਨ ਸਿੰਘ ਨਿੱਕੋਸਰਾ, ਗੁਰਬਿੰਦਰ ਸਿੰਘ, ਸਾਬਕਾ ਚੇਅਰਮੈਨ ਗੁਰਦੇਵ ਸਿੰਘ ਧਾਰੋਵਾਲੀ, ਤੇਜਬੀਰ ਸਿੰਘ ਦਿਉਲ ਪੀ ਏ ਲੰਗਾਹ, ਹਰਦੀਪ ਸਿੰਘ ਲੰਗਾਹ, ਹਰਸਿਮਰਤ ਸਿੰਘ ਬਾਜਵਾ ਵੇਰੋਕੇ, ਸਤਨਾਮ ਸਿੰਘ ਪਟਵਾਰੀ ਠੇਠਰਕੇ, ਗੁਰਪ੍ਰੀਤ ਸਿੰਘ ਬਾਦਲ ਡੇਰਾ, ਸਾਬਕਾ ਚੇਅਰਮੈਨ ਬੂਟਾ ਸਿੰਘ ਅਠਵਾਲ, ਧਰਮਪਾਲ ਸਿੰਘ ਮੱਤਰੀ, ਗੁਰਪ੍ਰੀਤ ਸਿੰਘ ਗੁਰਚੱਕ ,ਬਲਜੀਤ ਸਿੰਘ ਖੰਨਾ ਚਮਾਰਾ, ਜਸਪਿੰਦਰ ਸਿੰਘ ਝੰਗੀ, ਅੰਮ੍ਰਿਤ ਭਿੰਡਰ, ਰਾਮ ਲਾਲ ਸੈਕਟਰੀ, ਹਰਵੰਤ ਸਿੰਘ ਗੋਸਲ, ਅਜਮੇਰ ਸਿੰਘ ਬਾਜਵਾ, ਲਵਪ੍ਰੀਤ ਸਿੰਘ ਬਾਠ, ਕੁਲਵਿੰਦਰ ਸਿੰਘ ਬੱਗਾ, ਹਰਪਾਲ ਸਿੰਘ ਕੋਟਲਾ, ਸੁਖਜੀਤ ਸਿੰਘ ਚੋੜਾ ਬਾਜਵਾ, ਜਗਦੀਪ ਸਿੰਘ ਮੂਲੋਵਾਲੀ, ਸੁਖਵਿੰਦਰ ਸਿੰਘ ਕਲਾਨੌਰ, ਗੁਰਮੇਜ ਸਿੰਘ ਨਿੱਕੋਸਰਾ, ਸਤਪਾਲ ਸਿੰਘ ਨਿਕੋਸਰਾ, ਜੋਗਿੰਦਰ ਸਿੰਘ ਪੱਬਾਰਾਲੀ, ਸੁਰਜੀਤ ਸਿੰਘ ਚਾਕਾਂ ਵਾਲੀ, ਮਲਕੀਤ ਸਿੰਘ,ਪ੍ਰਗਟ ਸਿੰਘ ਮੂਲੋਵਾਲੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਤੇ ਆਗੂ ਹਾਜ਼ਰ ਸਨ ।

# ਸੰਤ ਬਾਬਾ ਸੋਹਣ ਸਿੰਘ ਦੀ 51ਵੀਂ ਸਾਲਾਨਾ ਬਰਸੀ ਮਨਾਈ

**ਝਬਾਲ, (ਹਰਜਿੰਦਰ ਸਿੰਘ ਸੋਨੀ)**- ਇਤਿਹਾਸਕ ਨਗਰ ਸੁਰਸਿੰਘ ਵਿਖੇ ਸੱਚਖੰਡ ਵਾਸੀ ਸੰਤ ਬਾਬ ਸੋਹਣ ਸਿੰਘ ਦੀ ਸਾਲਾਨਾ ਬਰਸੀ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਦਲ ਬਾਬਾ ਬਿਧੀ ਚੰਦ ਸਾਹਿਬ ਦੇ 12ਵੇਂ ਮੁਖੀ ਜਥੇਦਾਰ ਸੰਤ ਬਾਬਾ ਅਵਤਾਰ ਸਿੰਘ ਦੀ ਅਗਵਾਈ ਹੇਠ ਬੜੀ ਸ਼ਰਧਾ ਭਾਵਨਾ ਨਾਲ ਮਨਾਈ ਗਈ।ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ ਸਨ ਜਿਨ੍ਹਾਂ ਦੇ ਭੋਗ ਪਾਏ ਗਏ। ਉਪਰੰਤ ਬਾਬਾ ਬਿਧੀ ਚੰਦ ਸਾਹਿਬ ਦੀਵਾਨ ਹਾਲ ਵਿੱਚ ਦੀਵਾਨ ਸਜਾਏ ਗਏ ਜਿਸ ਵਿੱਚ ਰਾਗੀ, ਢਾਡੀ, ਕਥਾਵਾਚਕਾਂ, ਕਵੀਸ਼ਰਾਂ ਨੇ ਬਾਬਾ ਬਿਧੀ ਚੰਦ ਤੇ ਸੱਚਖੰਡ ਵਾਸੀ ਸੰਤ ਬਾਬਾ ਸੋਹਣ ਸਿੰਘ ਦਾ ਜੀਵਨ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ।ਇਸ ਮੌਕੇ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ, ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ, ਭਾਈ



ਮਨਜੀਤ ਸਿੰਘ ਮੈਂਬਰ ਐੱਸਜੀਪੀਸੀ, ਹੈੱਡ ਗ੍ਰੰਥੀ ਗਿਆਨੀ ਨਿਸ਼ਾਨ ਸਿੰਘ ਬਾਬਾ ਬੁੱਢਾ ਸਾਹਿਬ, ਬਾਬਾ ਦਰਸ਼ਨ ਸਿੰਘ ਟਾਹਲਾ ਸਾਹਿਬ ਵਾਲੇ, ਭਾਈ ਸੁਖਦੇਵ ਸਿੰਘ ਭੂਰਾ, ਗਿਆਨੀ ਗੁਰਮੁਖ ਸਿੰਘ ਕਲਸੀਆਂ, ਬਾਬਾ ਜੋਗਾ ਸਿੰਘ ਮੁਖੀ ਤਰਨਾ ਦਲ ਬਾਬਾ ਬਕਾਲਾ ਸਾਹਿਬ, ਬਾਬਾ ਬਲਬੀਰ ਸਿੰਘ ਮੁਖੀ ਬੁੱਢਾ ਦਲ, ਬਾਬਾ ਬਲਦੇਵ ਸਿੰਘ ਬੁੱਢਾ ਦਲ, ਗਿਆਨੀ ਜਸਬੀਰ ਸਿੰਘ ਰੋਡੇ, ਬਾਬਾ ਗੁਰਦੇਵ ਸਿੰਘ ਸ਼ਹੀਦੀ ਬਾਗ ਵਾਲੇ, ਭਾਈ ਤਰਲੋਚਨ ਸਿੰਘ, ਬਾਬਾ ਹੀਰਾ ਸਿੰਘ ਝੂਲਣੇ ਮਹਿਲ ਵਾਲੇ, ਬਾਬਾ ਗੁਰਦੇਵ ਸਿੰਘ ਭੈਣੀ ਸਾਹਿਬ ਵਾਲੇ, ਬਾਬਾ ਗੁਰਸੇਵਕ ਸਿੰਘ ਮੁਖੀ ਗੁਰਦੁਆਰਾ ਮਾਤਾ ਭਾਗ ਕੌਰ ਸਾਹਿਬ ਝਬਾਲ, ਜਥੇਦਾਰ ਸੰਤ ਬਾਬਾ ਚਤਰ ਸਿੰਘ ਢਾਬਸਰ ਵਾਲੇ, ਜਥੇਦਾਰ ਮਾਨ ਸਿੰਘ, ਬਾਬਾ ਸੰਤੋਖ ਸਿੰਘ ਬੀੜ ਸਾਹਿਬ ਅਤੇ ਹੋਰ ਸੰਤਾਂ ਮਹਾਂਪੁਰਸ਼ਾਂ ਨੂੰ ਬਾਬਾ ਅਵਤਾਰ ਸਿੰਘ ਸੁਰਸਿੰਘ ਵਾਲਿਆਂ ਵੱਲੋਂ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਸ਼ਾਮ ਨੂੰ ਨਾਮਵਰ ਕਬੱਡੀ ਟੀਮਾਂ ਵਿਚਕਾਰ ਪ੍ਰਦਰਸ਼ਨੀ ਮੈਚ ਖੇਡਿਆ ਗਿਆ।

# ਅੱਜ ਦੇ ਸੰਦਰਭ 'ਚ ਭਗਤ ਸਿੰਘ ਦੇ ਵਿਚਾਰਾਂ ਦੀ ਸਾਰਥਕਤਾ

**ਮੱਖਣ ਕੁਹਾੜ**



ਸਮੁੱਚੇ ਭਾਰਤ ਵਿਚ ਅਤੇ ਖ਼ਾਸ ਕਰਕੇ ਪੰਜਾਬ ਵਿਚ ਜਾਂ ਜਿੱਥੇ-ਜਿੱਥੇ ਵੀ ਦੁਨੀਆ ਦੇ ਕਿਸੇ ਵੀ ਕੋਨੇ ਵਿਚ ਭਾਰਤੀ ਰਹਿੰਦੇ ਹਨ, ਉਹ ਸ਼ਹੀਦ ਭਗਤ ਸਿੰਘ ਨੂੰ ਅਕਸਰ ਯਾਦ ਕਰਦੇ ਰਹਿੰਦੇ ਹਨ। ਫ਼ਖ਼ਰ ਨਾਲ ਉਸ ਦਾ ਨਾਂਅ ਲੈਂਦੇ ਹਨ, ਉਸ ਨੂੰ ਮਹਾਨ ਸ਼ਹੀਦ ਕਹਿ ਕੇ ਫ਼ਖ਼ਰ ਮਹਿਸੂਸ ਕਰਦੇ ਹਨ। ਉਸ ਦੀਆਂ ਤਸਵੀਰਾਂ ਘਰ-ਘਰ ਵਿਚ ਸਜਾਈਆਂ ਮਿਲਦੀਆਂ ਹਨ। ਨੌਜਵਾਨ ਤਾਂ ਉਸ ਦੇ ਟੈਟੂ ਬਣਾਉਣ, ਗਲ਼ਾਂ 'ਚ ਲਾਟੂ ਬਣਾ ਕੇ ਪਵਾਉਣ ਤੀਕਰ ਜਾਂਦੇ ਹਨ। ਕਾਰਾਂ, ਮੋਟਰਸਾਈਕਲਾਂ 'ਤੇ ਉਸ ਦੀ ਫ਼ੋਟੋ ਦੇ ਸਟਿੱਕਰ ਬਣਾ ਕੇ ਲਾਏ ਜਾਂਦੇ ਹਨ। ਚਾਬੀ ਛੱਲੇ ਨਾਲ ਭਗਤ ਸਿੰਘ ਦੀ ਤਸਵੀਰ ਲਾਈ ਹੁੰਦੀ ਹੈ। ਟਰੱਕਾਂ ਵਾਲੇ ਆਪਣੇ ਡਾਲੇ ਪਿੱਛੇ ਭਗਤ ਸਿੰਘ ਦੀ ਤਸਵੀਰ ਬਣਵਾ ਕੇ ਖ਼ੁਸ਼ ਹੁੰਦੇ ਹਨ। ਇਨਕਲਾਬੀ ਲੋਕ ਤਾਂ ਉਸ ਨੂੰ ਮੰਨਦੇ ਹੀ ਹਨ, ਸਾਰੇ ਧਰਮਾਂ, ਮਜ਼ਬਾਂ, ਫਿਰਕਿਆਂ ਦੇ ਲੋਕ ਉਸ ਨੂੰ ਆਪਣਾ ਆਖ ਕੇ ਖ਼ੁਸ਼ ਹੁੰਦੇ ਹਨ।

ਪਰ ਅਸਲ ਵਿਚ ਭਗਤ ਸਿੰਘ ਕੀ ਚਾਹੁੰਦਾ ਸੀ, ਇਹ ਬਹੁਤ ਘੱਟ ਲੋਕ ਜਾਣਦੇ ਹਨ। ਵਧੇਰੇ ਕਰਕੇ ਲੋਕ ਉਸ ਨੂੰ ਭਾਰਤ ਨੂੰ ਆਜ਼ਾਦ ਕਰਾਉਣ ਵਾਲਾ ਐਸਾ ਯੋਧਾ, ਜੋ ਹੱਸ ਕੇ ਫਾਂਸੀ ਦਾ ਰੱਸਾ ਚੁੰਮ ਗਿਆ, ਸਮਝ ਕੇ ਉਸ ਅੱਗੇ ਸਿਰ ਝੁਕਾਉਂਦੇ ਹਨ। ਹਾਕਮ ਲੋਕ ਅੰਗਰੇਜ਼ਾਂ ਤੋਂ ਹਿੰਦੋਸਤਾਨ ਆਜ਼ਾਦ ਕਰਾਉਣ ਲਈ ਮਹਾਤਮਾ ਗਾਂਧੀ ਦਾ ਨਾਂਅ ਵਧੇਰੇ ਲੈਂਦੇ ਹਨ, 'ਦੇ ਦੀ ਹਮੇਂ ਆਜ਼ਾਦੀ ਬਿਨਾਂ ਖੜਗ ਬਿਨਾਂ ਢਾਲ, ਸਾਬਰਮਤੀ ਕੇ ਸੰਤ ਤੂਨੇ ਕਰ ਦਿਆ ਕਮਾਲ।' ਪਰ ਹਾਕਮ ਸ਼੍ਰੇਣੀ ਵੱਲੋਂ ਭਗਤ ਸਿੰਘ, ਰਾਜਗੁਰੂ, ਸੁਖਦੇਵ, ਗਦਰੀ ਬਾਬੇ, ਕਾਲੇ ਪਾਣੀ ਦੇ ਤੇ ਹੋਰ ਲੱਖਾਂ ਕੈਦੀ, ਸੁਭਾਸ਼ ਚੰਦਰ ਬੋਸ, ਚੰਦਰ ਸ਼ੇਖਰ ਆਜ਼ਾਦ ਆਦਿ ਹਜ਼ਾਰਾਂ ਗਦਰੀ ਬਾਬੇ ਤੇ ਹੋਰ ਅਨੇਕਾਂ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਅਕਸਰ ਅਣਗੌਲਿਆ ਕਰਕੇ ਲੋਕਾਂ ਦੇ ਦਿਲਾਂ 'ਚੋਂ ਭੁਲਾਉਣ ਦਾ ਯਤਨ ਕੀਤਾ ਜਾਂਦਾ ਹੈ।

ਇਹ ਗੱਲ ਵੀ ਪ੍ਰਚਾਰੀ ਜਾਂਦੀ ਹੈ ਕਿ ਭਗਤ ਸਿੰਘ ਨੇ ਫਾਂਸੀ ਲੱਗਣ ਤੋਂ ਕੁਝ ਦਿਨ ਪਹਿਲਾਂ ਜੇਲ੍ਹ ਵਿਚ ਗਿਆਨੀ ਰਣਧੀਰ ਸਿੰਘ ਤੋਂ ਅੰਮ੍ਰਿਤ ਛਕ ਲਿਆ ਸੀ ਅਤੇ ਉਹ ਸਿੱਖ ਬਣ ਗਿਆ ਸੀ। ਕਈ ਉਸ ਨੂੰ ਆਰੀਆ ਸਮਾਜੀ ਕਹਿ ਕੇ ਵਡਿਆਉਂਦੇ, ਛੁਟਿਆਉਂਦੇ ਹਨ। ਬਹੁਤੇ ਉਸ ਦੇ ਲੇਖ 'ਮੈਂ ਨਾਸਤਿਕ ਕਿਉਂ ਹਾਂ' ਨੂੰ ਹੀ ਵਧੇਰੇ ਤਰਜੀਹ ਦਿੰਦੇ ਹਨ। ਕੋਈ ਉਸ ਨੂੰ ਕੀ ਕਹਿੰਦਾ ਹੈ, ਦੀ ਬਹਿਸ ਨਾਲੋਂ, ਅੱਜ ਵਧੇਰੇ ਜ਼ਰੂਰੀ ਹੈ ਕਿ ਇਹ ਜਾਣਿਆ ਜਾਵੇ ਕਿ ਭਗਤ ਸਿੰਘ ਕੀ ਚਾਹੁੰਦਾ ਸੀ? ਉਹ ਕਿਉਂ ਸ਼ਹੀਦ ਹੋਇਆ ਅਤੇ ਅੱਜ ਦੇ ਸੰਦਰਭ ਵਿਚ ਉਸ ਦੇ ਵਿਚਾਰਾਂ ਦੀ ਕੀ ਸਾਰਥਕਤਾ ਹੈ?

ਨੌਜਵਾਨ ਭਾਰਤ ਸਭਾ, ਜਿਸ ਦੇ ਪਹਿਲੇ ਜਨਰਲ ਸਕੱਤਰ ਭਗਤ ਸਿੰਘ ਬਣੇ ਸਨ, ਨੇ ਆਪਣੇ ਮੈਨੀਫ਼ੈਸਟੋ ਬਾਰੇ 11-12-13 ਅਪ੍ਰੈਲ 1928 ਨੂੰ ਅੰਮ੍ਰਿਤਸਰ ਵਿਖੇ ਸਭਾ ਦੀ ਕਾਨਫ਼ਰੰਸ ਵਿਚ ਸਪੱਸ਼ਟ ਕਰ ਦਿੱਤਾ ਸੀ। 'ਸਾਡਾ ਦੇਸ਼ ਇਕ ਨਾਜ਼ੁਕ ਅਵਸਥਾ ਵਿਚੋਂ ਲੰਘ ਰਿਹਾ ਹੈ। ਹਰ ਪਾਸੇ ਆਪਸੀ ਬੇ-ਇਤਬਾਰੀਆਂ ਅਤੇ ਨਿਰਾਸ਼ਾ ਦਾ ਬੋਲਬਾਲਾ ਹੈ।...... ਆਜ਼ਾਦੀ ਦੇ ਨਾਂਅ ਧਰੀਕ ਹਮਾਇਤੀਆਂ ਕੋਲ ਨਾ ਕੋਈ ਪ੍ਰੋਗਰਾਮ ਹੈ ਅਤੇ ਨਾ ਹੀ ਜੋਸ਼ ਤੇ ਉਤਸ਼ਾਹ। ਹਰ ਪਾਸੇ ਹਫੜਾ-ਦਫੜੀ ਮਚੀ ਹੋਈ ਹੈ। ਭਵਿੱਖ ਵਿਚ ਦੇਸ਼ ਨੂੰ ਸੰਘਰਸ਼ ਲਈ ਤਿਆਰ ਕਰਨ ਦਾ ਪ੍ਰੋਗਰਾਮ ਇਸ ਨਾਅਰੇ ਨਾਲ ਸ਼ੁਰੂ ਹੋਵੇਗਾ, 'ਜਨਤਾ ਦਾ ਇਨਕਲਾਬ ਤੇ ਜਨਤਾ ਲਈ ਇਨਕਲਾਬ'। ਦੂਜੇ ਸ਼ਬਦਾਂ ਵਿਚ, 'ਉਹ ਸਵਰਾਜ, ਜੋ 99 ਫ਼ੀਸਦੀ ਲੋਕਾਂ ਲਈ ਹੋਵੇ।' (ਭਗਤ ਸਿੰਘ ਤੇ ਸਾਥੀਆਂ ਦੀਆਂ ਲਿਖਤਾਂ) ਅਸੈਂਬਲੀ ਬੰਬ ਕੇਸ ਬਿਆਨ ਵਿਚ ਉਨ੍ਹਾਂ ਕਿਹਾ, 'ਮਜ਼ਦੂਰਾਂ ਵਿਰੁੱਧ ਟਰੇਡ ਡਿਸਪਿਊਟ ਬਿੱਲ ਬਾਰੇ ਅਸੈਂਬਲੀ ਵਿਚ ਬਹਿਸ ਸੁਣ ਕੇ ਸਾਡਾ ਵਿਸ਼ਵਾਸ ਪੱਕਾ ਹੋ ਗਿਆ ਕਿ ਭਾਰਤ ਦੇ ਕਰੋੜਾਂ ਲੋਕਾਂ ਨੂੰ ਇਸ ਸੰਸਥਾ ਤੋਂ ਕੋਈ ਆਸ ਨਹੀਂ, ਸੰਘਰਸ਼ ਕਰਦੇ ਤੇ ਭੁੱਖ ਨਾਲ ਮਰਦੇ ਕਰੋੜਾਂ ਲੋਕਾਂ ਦਾ ਬੁਨਿਆਦੀ ਅਧਿਕਾਰ ਖੋਹ ਲਿਆ ਹੈ ਅਤੇ ਉਸ ਦੀ ਆਰਥਕ ਲੜਾਈ ਦਾ ਇਕੋ ਇਕ ਰਾਹ ਵੀ ਬੰਦ ਕਰ ਦਿੱਤਾ ਗਿਆ ਹੈ। ਮਿਹਨਤ ਕਰਦੇ ਭਾਰਤੀ ਮਜ਼ਦੂਰਾਂ ਦੀ ਮਜਬੂਰੀ, ਭੁੱਖ, ਦੁੱਖ ਦੇ ਮਾੜੇ ਹਾਲ ਦਾ ਅਹਿਸਾਸ ਹੁੰਦਾ ਹੈ।'

ਭਗਤ ਸਿੰਘ ਨੇ ਬਿਆਨ ਦਿੰਦਿਆਂ ਅੱਗੇ ਕਿਹਾ, 'ਹੇਠਲੀ ਕਚਹਿਰੀ ਵਿਚ ਸਾਥੋਂ ਪੁੱਛਿਆ ਗਿਆ ਸੀ ਕਿ ਸਾਡਾ ਇਨਕਲਾਬ ਤੋਂ ਕੀ ਭਾਵ ਹੈ, ਇਸ ਦੇ ਜਵਾਬ ਵਿਚ ਮੈਂ ਆਖਾਂਗਾ ਕਿ ਇਨਕਲਾਬ ਵਾਸਤੇ ਖ਼ੂਨੀ ਲੜਾਈਆਂ ਜ਼ਰੂਰੀ ਨਹੀਂ ਹਨ ਤੇ ਨਾ ਹੀ ਇਸ ਵਿਚ ਨਿੱਜੀ ਬਦਲੇ ਲਈ ਕੋਈ ਥਾਂ ਹੈ। ਇਹ ਬੰਬ ਅਤੇ ਪਿਸਤੌਲ ਦਾ ਕੋਈ ਫਿਰਕਾ ਨਹੀਂ। ਇਨਕਲਾਬ ਤੋਂ ਸਾਡਾ ਮਤਲਬ ਹੈ ਕਿ ਨੰਗੇ ਅਨਿਆਂ ਉਤੇ ਟਿਕਿਆ ਹੋਇਆ ਮੌਜੂਦਾ ਢਾਂਚਾ ਜ਼ਰੂਰ ਬਦਲਣਾ ਚਾਹੀਦਾ ਹੈ।'

ਅਸੈਂਬਲੀ ਬੰਬ ਕੇਸ ਦੇ ਬਿਆਨ 'ਚ ਆਪਣੇ ਇਨਕਲਾਬੀ ਉਦੇਸ਼ ਨੂੰ ਭਗਤ ਸਿੰਘ ਹੋਰ ਸਪੱਸ਼ਟ ਕਰਦਾ ਹੈ-'ਇਨਕਲਾਬ ਤੋਂ ਸਾਡਾ ਭਾਵ ਅੰਤ ਇਕ ਐਸੀ ਵਿਵਸਥਾ ਕਾਇਮ ਕਰਨਾ ਹੈ, ਜਿਸ ਵਿਚ ਕਿਰਤੀ, ਮਜ਼ਦੂਰ ਵਰਗ ਦੀ ਸਰਦਾਰੀ ਨੂੰ ਮੰਨਿਆ ਜਾਵੇ ਅਤੇ ਇਕ ਵਿਸ਼ਵ ਸੰਗਠਨ ਰਾਹੀਂ ਮਨੁੱਖਤਾ ਨੂੰ ਪੂੰਜੀਵਾਦ ਦੇ ਬੰਧਨਾਂ ਤੋਂ ਅਤੇ ਸਾਮਰਾਜੀ ਕੰਮਾਂ ਦੀ ਤਬਾਹੀ ਤੋਂ ਹਿੰਮਤ ਕਰਕੇ ਆਜ਼ਾਦ ਕਰਾਇਆ ਜਾਵੇਗਾ।'

22 ਅਕਤੂਬਰ 1929 ਦੇ ਟ੍ਰਿਬਿਊਨ ਲਾਹੌਰ ਵਿਚ ਭਗਤ ਸਿੰਘ ਹੋਰਾਂ ਦਾ ਵਿਦਿਆਰਥੀਆਂ ਦੇ ਨਾਂਅ ਸੰਦੇਸ਼ ਛਪਿਆ-'ਅਸੀਂ ਨੌਜਵਾਨਾਂ ਨੂੰ ਬੰਬ ਤੇ ਪਿਸਤੌਲ ਚੁੱਕਣ ਦੀ ਸਲਾਹ ਨਹੀਂ ਦੇ ਸਕਦੇ। ਵਿਦਿਆਰਥੀਆਂ ਦੇ ਕਰਨ ਲਈ ਇਸ ਤੋਂ ਜ਼ਿਆਦਾ ਵੱਡੇ ਕੰਮ ਹਨ। ........ਫ਼ੈਕਟਰੀਆਂ ਵਿਚ ਕੰਮ ਕਰਦੇ ਲੱਖਾਂ ਮਜ਼ਦੂਰਾਂ ਕੋਲ, ਝੁੱਗੀਆਂ ਤੇ ਪੇਂਡੂ ਝੌਂਪੜੀਆਂ ਵਿਚ ਨੌਜਵਾਨਾਂ ਨੇ ਇਨਕਲਾਬ ਦਾ ਸੁਨੇਹਾ ਦੇਸ਼ ਦੇ ਹਰ ਕੋਨੇ-ਕੋਨੇ ਵਿਚ ਪਹੁੰਚਾਉਣਾ ਹੈ।'

ਇਕ ਮਈ 1930 ਨੂੰ ਸਥਾਪਤ ਕੀਤੇ ਲਾਹੌਰ ਸਾਜ਼ਿਸ਼ ਕੇਸ ਦੇ ਖ਼ਾਸ ਟ੍ਰਿਬਿਊਨਲ ਨੂੰ ਬਿਆਨ ਦਿੰਦਿਆਂ ਉਨ੍ਹਾ ਆਖਿਆ, 'ਸਾਡਾ ਵਿਸ਼ਵਾਸ ਹੈ ਕਿ ਸਾਮਰਾਜਵਾਦ ਇਕ ਵੱਡੇ ਡਾਕੇ ਮਾਰਨ ਦੀ ਸਾਜ਼ਿਸ਼ ਤੋਂ ਬਗੈਰ ਹੋਰ ਕੁਝ ਵੀ ਨਹੀਂ। ਸਾਮਰਾਜਵਾਦ ਮਨੁੱਖ ਦੇ ਹੱਥੋਂ ਮਨੁੱਖ ਦੀ ਅਤੇ ਕੌਮਾਂ ਦੇ ਹੱਥੋਂ ਕੌਮਾਂ ਦੀ ਲੁੱਟ ਦਾ ਸਿਖ਼ਰ ਹੈ। ਸਾਮਰਾਜਵਾਦੀ ਆਪਣੇ ਹਿੱਤਾਂ ਤੇ ਲੁੱਟਣ ਦੀਆਂ ਸਕੀਮਾਂ ਨੂੰ ਪੂਰੇ ਕਰਨ ਲਈ ਨਾ ਸਿਰਫ਼ ਕਾਨੂੰਨੀ ਤਾਕਤ ਵਰਤਦੇ ਹਨ, ਸਗੋਂ ਵੱਡੇ-ਵੱਡੇ ਕਤਲੇਆਮ ਵੀ ਰਚਾਉਂਦੇ ਹਨ। ਆਪਣੀ ਲੁੱਟ ਨੂੰ ਪੂਰਾ ਕਰਨ ਲਈ ਜੰਗ ਵਰਗੇ ਖ਼ੌਫ਼ਨਾਕ ਜੁਰਮ ਵੀ ਕਰਦੇ ਹਨ। ........ਕਾਨੂੰਨ ਤੇ ਅਮਨ ਦੀ ਆੜ ਹੇਠ ਉਹ ਅਮਨ ਭੰਗ ਕਰਦੇ ਹਨ। ਹਫੜਾ-ਦਫੜੀ ਮਚਾਉਂਦੇ ਹਨ, ਲੋਕਾਂ ਨੂੰ ਜਾਨੋਂ ਮਾਰਦੇ ਹਨ, ਹਰ ਸੰਭਵ ਜ਼ੁਲਮ ਕਰਦੇ ਹਨ।'

ਸਪੱਸ਼ਟ ਹੈ ਕਿ ਭਗਤ ਸਿੰਘ ਸਾਮਰਾਜ ਦੇ ਖ਼ਿਲਾਫ਼ ਇਕ ਯੁੱਧ ਲੜਨਾ ਚਾਹੁੰਦਾ ਸੀ। ਉਸ ਦਾ ਆਜ਼ਾਦੀ ਪ੍ਰਾਪਤੀ ਕਰਨ ਤੋਂ ਭਾਵ ਸੱਤਾ ਤਬਦੀਲੀ ਨਹੀਂ, ਸਗੋਂ ਸਮਾਜਵਾਦੀ ਪ੍ਰਬੰਧ ਸਥਾਪਤ ਕਰਨ ਦਾ ਸੀ। ਉਹ ਸਿਰਫ਼ ਭਾਰਤ ਵਿਚੋਂ ਸਾਮਰਾਜੀ ਅੰਗਰੇਜ਼ ਹਕੂਮਤ ਨੂੰ ਖ਼ਤਮ ਕਰਨ ਤੱਕ ਸੀਮਤ ਨਹੀਂ ਸੀ, ਸਗੋਂ ਧਰਤੀ ਦੇ ਸਾਰੇ ਦੇਸ਼ਾਂ ਨੂੰ, ਸਮੁੱਚੀ ਮਨੁੱਖਤਾ ਨੂੰ ਸਾਮਰਾਜੀਆਂ ਤੋਂ ਮੁਕਤ ਕਰਾਉਣਾ ਚਾਹੁੰਦਾ ਸੀ।

ਭਗਤ ਸਿੰਘ ਜੇਲ੍ਹ ਵਿਚ ਇਨਕਲਾਬ ਬਾਰੇ ਪੁਸਤਕਾਂ ਪੜ੍ਹਦਾ ਸੀ ਅਤੇ ਹਰ ਪੱਖੋਂ ਉਹ ਪਰਪੱਕ ਹੋਣਾ ਲੋੜਦਾ ਸੀ। 24 ਜੁਲਾਈ 1930 ਨੂੰ ਉਸ ਦੇ ਪੜ੍ਹਨ ਲਈ ਜੇਲ੍ਹ ਵਿਚ ਮਟੀਰੀਲਿਜ਼ਮ (ਕਾਰਲ ਨਿਬਨੇਖਤ), ਵਾਈ ਮੈਨ ਫ਼ਾਈਟ (ਬੀ. ਰਸੇਲ), ਸੋਵੀਅਤ ਐਟ ਵਰਕ, ਕੌਲੇਪਸ ਆਫ਼ ਸੈਕਿੰਡ ਇੰਟਰਨੈਸ਼ਨਲ, ਲੈਫਟ ਵਿੰਗ ਕਮਿਊਨਿਜ਼ਮ, ਮਿਊਚਅਲ ਏਡ (ਕਰਪਾਟਲਿਨ), ਫ਼ਰਾਸ (ਮਾਰਕਸ) ਲੈਂਡ, ਰੈਵੂਲੇਸਨ ਇਨ ਰਸ਼ੀਆ, 'ਸਪਾਈ' (ਅਪਟਨ ਸਿਨਕਲੇਅਰ), ਥਿਊਰੀ ਆਫ਼ ਹਿਸਟੋਰੀਕਲ ਮਟੀਰੀਲਿਜ਼ਮ (ਬਖਾਰਿਨ) ਪੁਸਤਕਾਂ ਭੇਜਣ ਲਈ ਆਖਦਾ ਹੈ।

ਅਕਤੂਬਰ 1930 ਵਿਚ ਉਹ ਉਮਰ ਕੈਦ ਭੁਗਤ ਰਹੇ ਬੁਟਕੇਸ਼ਵਰ ਦੱਤ ਨੂੰ ਖ਼ਤ ਰਾਹੀਂ ਆਖਦਾ ਹੈ, 'ਮੈਨੂੰ ਸਜ਼ਾ ਸੁਣਾ ਦਿੱਤੀ ਗਈ ਹੈ ਅਤੇ ਫਾਂਸੀ ਦਾ ਹੁਕਮ ਹੋਇਆ ਹੈ। ......ਮੈਂ ਇਸ ਖ਼ੁਸ਼ੀ ਨਾਲ ਫਾਂਸੀ ਦੇ ਤਖ਼ਤ 'ਤੇ ਚੜ੍ਹ ਕੇ ਦੁਨੀਆ ਨੂੰ ਦਿਖਾ ਦੇਵਾਂਗਾ ਕਿ ਇਨਕਲਾਬੀ ਆਪਣੇ ਆਦਰਸ਼ਾਂ ਲਈ ਕਿੰਨੀ ਵੀਰਤਾ ਨਾਲ ਕੁਰਬਾਨੀ ਦੇ ਸਕਦੇ ਹਨ।' ਫਾਂਸੀ ਤੋਂ ਕੁਝ ਦਿਨ ਪਹਿਲਾਂ 2 ਫ਼ਰਵਰੀ 1931 ਨੂੰ ਇਨਕਲਾਬੀ ਪ੍ਰੋਗਰਾਮ ਵਿਚ ਭਗਤ ਸਿੰਘ ਨੇ 'ਨੌਜਵਾਨ ਸਿਆਸੀ ਕਾਰਕੁਨਾਂ ਨੂੰ ਖ਼ਤ' ਵਿਚ ਕਾਂਗਰਸ ਦਾ ਉਦੇਸ਼ ਕੀ ਹੈ, ਬਾਰੇ ਜ਼ਿਕਰ ਕਰਦਿਆਂ ਲਿਖਿਆ ਹੈ, 'ਮੈਂ ਕਿਹਾ ਹੈ ਕਿ ਮੌਜੂਦਾ ਅੰਦੋਲਨ ਯਾਨੀ ਇਹ ਘੋਲ ਕਿਸੇ ਨਾ ਕਿਸੇ ਸਮਝੌਤੇ ਜਾਂ ਪੂਰਨ ਅਸਫ਼ਲਤਾ ਵਿਚ ਖ਼ਤਮ ਹੋਵੇਗਾ, ਕਿਉਂਕਿ ਇਸ ਸਮੇਂ ਅਸਲ ਇਨਕਲਾਬੀ ਤਾਕਤਾਂ ਨੂੰ ਮੈਦਾਨ ਵਿਚ ਸੱਦਾ ਨਹੀਂ ਦਿੱਤਾ ਗਿਆ। ਇਹ ਘੋਲ ਮੱਧ ਵਰਗੀ ਦੁਕਾਨਦਾਰਾਂ ਅਤੇ ਚੰਦ ਪੂੰਜੀਪਤੀਆਂ ਦੇ ਬਲਬੂਤੇ ਲੜਿਆ ਜਾ ਰਿਹਾ ਹੈ। ........ਦੋਨੋਂ ਜਮਾਤਾਂ ਖ਼ਾਸ ਕਰਕੇ ਪੂੰਜੀਪਤੀ ਆਪਣੀ ਜਾਇਦਾਦ ਜਾਂ ਮਾਲਕੀ ਖ਼ਤਰੇ ਵਿਚ ਪਾਉਣ ਦੀ ਜੁਅਰੱਤ ਨਹੀਂ ਕਰ ਸਕਦੇ। ਹਕੀਕੀ ਇਨਕਲਾਬੀ ਫ਼ੌਜਾਂ ਤਾਂ ਪਿੰਡਾਂ ਵਿਚ ਅਤੇ ਕਾਰਖ਼ਾਨਿਆਂ ਵਿਚ ਹਨ। ਕਿਸਾਨ ਅਤੇ ਮਜ਼ਦੂਰ, ਪਰ ਸਾਡਾ ਬੁਰਜਵਾ ਨੇਤਾ ਉਨ੍ਹਾਂ ਨੂੰ ਨਾਲ ਲੈਣ ਦੀ ਹਿੰਮਤ ਨਾ ਕਰਦੇ ਹਨ ਨਾ ਹੀ ਕਰ ਸਕਦੇ ਹਨ.....।' (ਸਫ਼ਾ-366)

ਇਨਕਲਾਬ ਪੂਰਾ ਕਰਨ ਲਈ ਭਗਤ ਸਿੰਘ ਇਸੇ ਖ਼ਤ ਵਿਚ ਅੱਗੇ ਆਖਦਾ ਹੈ, 'ਉਨ੍ਹਾਂ ਨੌਜਵਾਨਾਂ ਨੂੰ ਪਾਰਟੀ ਵਿਚ ਲੈ ਲੈਣਾ ਚਾਹੀਦਾ ਹੈ, ਜਿਨ੍ਹਾਂ ਦੇ ਵਿਚਾਰ ਵਿਕਸਤ ਹੋ ਚੁੱਕੇ ਹਨ ਅਤੇ ਉਹ ਆਪਣੀ ਜ਼ਿੰਦਗੀ ਨੂੰ ਇਸ ਕੰਮ ਲਈ ਲਾਉਣ ਨੂੰ ਤਿਆਰ ਹਨ।'.

ਫਾਂਸੀ ਤੋਂ ਤਿੰਨ ਦਿਨ ਪਹਿਲਾਂ 20 ਮਾਰਚ 1931 ਨੂੰ ਗਵਰਨਰ ਵੱਲ ਭੇਜੇ ਇਕ ਪੈਗਾਮ ਵਿਚ ਭਗਤ ਸਿੰਘ ਨੇ ਲਿਖਿਆ, 'ਜਦ ਤੱਕ ਸਮਾਜਵਾਦੀ ਲੋਕ ਰਾਜ ਸਥਾਪਤ ਨਹੀਂ ਹੋ ਜਾਂਦਾ ਤੇ ਸਮਾਜ ਦਾ ਵਰਤਮਾਨ ਢਾਂਚਾ ਖ਼ਤਮ ਕਰਕੇ ਉਸ ਦੇ ਥਾਂ ਸਮਾਜਕ, ਖੁਸ਼ਹਾਲੀ 'ਤੇ ਆਧਾਰਤ ਸਮਾਜਕ ਢਾਂਚਾ ਨਹੀਂ ਉਸਰ ਜਾਂਦਾ, ਜੰਗ ਹੋਰ ਨਵੇਂ ਜੋਸ਼, ਹੋਰ ਵਧੇਰੇ ਨਿਡਰਤਾ, ਬਹਾਦਰੀ ਅਤੇ ਅਟੱਲ ਇਰਾਦੇ ਨਾਲ ਲੜੀ ਜਾਂਦੀ ਰਹੇਗੀ।..... ਇਹ ਜੰਗ ਨਾ ਅਸਾਂ ਤੋਂ ਸ਼ੁਰੂ ਹੋਈ ਹੈ ਤੇ ਨਾ ਹੀ ਸਾਡੇ ਜੀਵਨ ਨਾਲ ਖ਼ਤਮ ਹੋਵੇਗੀ। ਇਹ ਤਾਂ ਇਤਿਹਾਸਕ ਕਾਰਨਾਂ ਦੇ ਆਲੇ-ਦੁਆਲੇ ਪਸਰੇ ਹਾਲਾਤ ਦਾ ਜ਼ਰੂਰੀ ਨਤੀਜਾ ਹੈ। ਸਾਡੀ ਨਿਮਾਣੀ ਜਿਹੀ ਕੁਰਬਾਨੀ ਤਾਂ ਉਸ ਇਤਿਹਾਸਕ ਲੜੀ ਦੀ ਇਕ ਕੜੀ ਹੈ।'

ਫਾਂਸੀ ਤੋਂ ਇਕ ਦਿਨ ਪਹਿਲਾਂ 22 ਮਾਰਚ 1931 ਨੂੰ ਕੁਝ ਇਨਕਲਾਬੀਆਂ ਵੱਲੋਂ ਫਾਂਸੀ ਤੋਂ ਬਚਾਉਣ ਲਈ ਉਪਰਾਲਾ ਕਰਨ ਦੀ ਤਜਵੀਜ਼ ਦੇ ਜਵਾਬ ਵਿਚ ਭਗਤ ਸਿੰਘ ਨੇ ਇਕ ਨੋਟ ਉਨ੍ਹਾਂ ਨੂੰ ਜਵਾਬ ਵਜੋਂ ਭੇਜਿਆ, 'ਮੇਰਾ ਨਾਂਅ ਹਿੰਦੋਸਤਾਨੀ ਇਨਕਲਾਬੀ ਦਾ ਨਿਸ਼ਾਨ ਬਣ ਚੁੱਕਿਆ ਹੈ ਅਤੇ ਇਕਨਲਾਬ ਪਸੰਦ ਪਾਰਟੀ ਦੇ ਆਦਰਸ਼ਾਂ ਤੇ ਕੁਰਬਾਨੀਆਂ ਨੇ ਮੈਨੂੰ ਬਹੁਤ ਉੱਚਿਆਂ ਕਰ ਦਿੱਤਾ ਹੈ। ਮੇਰੇ ਦਲੇਰੀ ਭਰੇ ਢੰਗ ਨਾਲ ਹੱਸਦਿਆਂ-ਹੱਸਦਿਆਂ ਫਾਂਸੀ ਚੜ੍ਹਨ ਦੀ ਸੂਰਤ ਵਿਚ ਹਿੰਦੋਸਤਾਨੀ ਮਾਵਾਂ ਆਪਣਿਆਂ ਬੱਚਿਆਂ ਦੇ ਭਗਤ ਸਿੰਘ ਬਣਨ ਦੀ ਆਰਜ਼ੂ ਕਰਿਆ ਕਰਨਗੀਆਂ ਅਤੇ ਦੇਸ਼ ਦੀ ਆਜ਼ਾਦੀ ਲਈ ਕੁਰਬਾਨ ਹੋਣ ਵਾਲਿਆਂ ਦੀ ਗਿਣਤੀ ਏਨੀ ਵਧ ਜਾਵੇਗੀ ਕਿ ਇਨਕਲਾਬ ਨੂੰ ਰੋਕਣਾ ਸਾਮਰਾਜਵਾਦ ਦੀਆਂ ਸਭ ਸ਼ੈਤਾਨੀ ਤਾਕਤਾਂ ਦੇ ਵਸ ਦੀ ਗੱਲ ਨਹੀਂ ਰਹੇਗੀ।'

ਸਪੱਸ਼ਟ ਹੈ ਕਿ ਭਗਤ ਸਿੰਘ ਆਪਣੇ ਜਿਸ ਮਨੋਰਥ ਲਈ ਸ਼ਹੀਦ ਹੋਇਆ, ਉਹ ਇਨਕਲਾਬ ਸੀ। ਉਸ ਦੀ ਮਨਸ਼ਾ ਐਸਾ ਸਮਾਜਵਾਦੀ ਪ੍ਰਬੰਧ ਸਥਾਪਤ ਕਰਨਾ ਸੀ, ਜਿਸ ਵਿਚ ਮਨੁੱਖ ਹੱਥੋਂ ਮਨੁੱਖ ਦੀ ਲੁੱਟ ਨਾ ਹੋਵੇ। ਰਾਜ ਸੱਤਾ ਮਜ਼ਦੂਰਾਂ, ਕਿਸਾਨਾਂ ਤੇ ਕਿਰਤ ਕਰਨ ਵਾਲਿਆਂ ਦੇ ਹੱਥ ਆਵੇ। ਗ਼ਰੀਬ ਅਤੇ ਅਮੀਰ ਦਾ ਪਾੜਾ ਨਾ ਰਹੇ। ਜਾਤਾਂ, ਮਜ਼੍ਹਬਾਂ, ਫਿਰਕਿਆਂ, ਖਿੱਤਿਆਂ ਦੇ ਝਗੜਿਆਂ ਨੂੰ ਪਾਸੇ ਕਰਕੇ ਇਨਸਾਨ ਨੂੰ ਸਿਰਫ਼ ਇਨਸਾਨ ਜਾਣਿਆ ਜਾਵੇ। ਜਿੱਥੇ ਹਰ ਇਕ ਨੂੰ ਕੰਮ ਮਿਲੇ। ਰੋਟੀ, ਕੱਪੜਾ, ਮਕਾਨ ਦਾ ਮਸਲਾ ਸਥਾਈ ਤੌਰ 'ਤੇ ਹੱਲ ਹੋਵੇ। ਸਾਮਰਾਜ ਦਾ ਸੰਸਾਰ 'ਚੋਂ ਖ਼ਤਮਾ ਹੋਵੇ। ਅੱਜ ਭਗਤ ਸਿੰਘ ਨੂੰ ਮੰਨਣ ਵਾਲਿਆਂ ਲਈ ਇਹ ਜ਼ਰੂਰੀ ਹੈ ਕਿ ਉਹ ਆਪਣਾ ਹਰ ਕਾਰਜ ਭਗਤ ਸਿੰਘ ਦੇ ਇਨਕਲਾਬ ਦੇ ਉਦੇਸ਼ ਦੀ ਪ੍ਰਾਪਤੀ ਲਈ ਸੇਧਤ ਕਰਨ। 1947 ਦੀ ਆਜ਼ਾਦੀ, ਜਿਸ ਵਿਚ ਕੇਵਲ ਰਾਜ ਸੱਤਾ ਦੀ ਤਬਦੀਲੀ ਹੋਈ ਅਤੇ ਗੋਰਿਆਂ (ਬਰਤਾਨਵੀ) ਸ਼ਾਸਕਾਂ ਦੀ ਥਾਂ ਕਾਲਿਆਂ (ਭਾਰਤੀ) ਸ਼ਾਸਕਾਂ ਨੇ ਰਾਜ-ਸੱਤਾ ਸਾਂਭ ਲਈ। ਪ੍ਰਬੰਧ ਜਿਉਂ ਦਾ ਤਿਉਂ ਸਰਮਾਏਦਾਰੀ ਕੋਲ ਹੀ ਰਿਹਾ। ਇਸ ਦਾ ਹਸ਼ਰ ਸਭ ਦੇ ਸਾਹਮਣੇ ਹੈ। ਗ਼ਰੀਬੀ ਤੇ ਅਮੀਰੀ ਦਾ ਪਾੜਾ ਗਹਿਰੀ ਖੱਡ ਦੀ ਹੇਠਲੀ ਸੱਤਾ ਤੋਂ ਉਚੇ ਤੋਂ ਉਚੇ ਪਰਬਤ ਦੀ ਟੀਸੀ ਵਰਗਾ ਹੋ ਗਿਆ ਹੈ। ਫਿਰਕਾਪ੍ਰਸਤੀ ਦਾ ਤਾਂਡਵ ਨਾਚ ਆਮ ਭਾਰਤੀਆਂ ਨੂੰ ਨਿਗਲ ਰਿਹਾ ਹੈ। ਭਗਤ ਸਿੰਘ ਦੇ ਇਨਕਲਾਬ ਦੇ ਸੁਪਨੇ ਨੂੰ ਪੂਰਾ ਕੀਤੇ ਬਿਨਾਂ ਨਹੀਂ ਸਰਨਾ। ਇਹੀ ਭਗਤ ਸਿੰਘ ਲੋਚਦਾ ਸੀ। ਇਹੀ ਸਾਨੂੰ ਕਰਨਾ ਚਾਹੀਦਾ ਹੈ। ਇਨਕਲਾਬ ਕਰਨਾ ਹੀ ਭਗਤ ਸਿੰਘ ਦਾ ਉਸ ਦੇ ਪੈਰੋਕਾਰ ਲਈ ਸੁਨੇਹਾ ਹੈ। 25 ਸਤੰਬਰ 2020 ਤੋਂ 15 ਦਸੰਬਰ 2021 ਤੱਕ ਦੇ ਕਰੀਬ ਚੱਲੇ ਕਿਸਾਨੀ ਯੁੱਧ ਨੇ ਸਾਬਤ ਕਰ ਦਿੱਤਾ ਹੈ ਕਿ ਲੋਕਾਂ ਨੂੰ ਜੇ ਸਹੀ ਅਗਵਾਈ ਮਿਲੇ ਤਾਂ ਉਹ ਹਰ ਖ਼ੂੰਖਾਰ ਸਰਕਾਰ ਨੂੰ ਨਿਵਾ ਸਕਦੇ ਹਨ। ਅੱਜ ਭਾਰਤ ਵਿਚ ਨਵੀਂ ਮੋਦੀ ਦੀ ਸਰਕਾਰ ਹੈ, ਜੋ ਪਹਿਲਾਂ 2014 ਤੋਂ ਫੇਰ 2019 ਵਿਚ ਬਹੁਮਤ ਨਾਲ ਜਿੱਤੀ ਹੈ। ਇਸ ਨੇ ਭਾਰਤ ਦੇ ਸੰਵਿਧਾਨ ਦੀ ਭੂਮਿਕਾ ਵਿਚ ਦਰਸਾਏ 'ਸਮਾਜਵਾਦੀ ਉਦੇਸ਼' ਦੀ ਥਾਂ ਸਾਮਰਾਜੀ ਰਾਹ ਅਪਣਾ ਲਿਆ ਹੈ। ਸਾਮਰਾਜੀ ਤਾਕਤਾਂ ਨਾਲ ਸਾਂਝ ਪਾ ਲਈ ਹੈ। ਅਮਰੀਕਾ, ਜਾਪਾਨ, ਚੀਨ, ਆਸਟ੍ਰੇਲੀਆ, ਬਰਤਾਨੀਆ ਸਾਰੇ ਦੇਸ਼ਾਂ ਨਾਲ ਐਸੇ ਸਮਝੌਤੇ ਕੀਤੇ ਜਾ ਰਹੇ ਹਨ, ਜਿਸ ਨਾਲ ਸਾਮਰਾਜੀ ਕਾਰਪੋਰੇਟ ਸੈਕਟਰ ਭਾਰਤ ਵਿਚ ਬਹੁਤ ਵੱਡੇ ਪੱਧਰ 'ਤੇ ਨਿਵੇਸ਼ ਕਰ ਸਕੇ। ਇਸ ਨਾਲ ਭਾਰਤੀ ਆਰਥਕ ਆਜ਼ਾਦੀ ਸਾਮਰਾਜੀਆਂ ਦੀਆਂ ਮੋਟੀਆਂ ਜ਼ੰਜੀਰਾਂ ਵਿਚ ਫਸੇਗੀ, ਨਾਲ ਦੀ ਨਾਲ ਸਿਆਸੀ ਆਜ਼ਾਦੀ ਵੀ ਹੱਥੋਂ ਖੁਸ ਜਾਵੇਗੀ। ਭਗਤ ਸਿੰਘ ਦੇ ਮੁਕੰਮਲ ਇਨਕਲਾਬ ਦੇ ਉਦੇਸ਼ ਨੂੰ ਪੂਰਾ ਕਰਨਾ ਹੀ ਭਗਤ ਸਿੰਘ ਵਿਚਾਰਾਂ ਨਾਲ ਸਾਰਥਕ ਸਾਂਝ ਹੋਵੇਗੀ। 'ਬੇੜਾ ਬੰਧ ਨਾ ਸਕਿਓ ਬੰਧਨ ਕੀ ਬੇਲਾ।' ਫਿਰ ਉਂਗਲਾਂ ਛੱਡ ਅਰਕਾਂ ਚੱਟਣੀਆਂ ਪੈਣਗੀਆਂ। ਜੇ ਭਗਤ ਸਿੰਘ ਦੇ ਵਿਚਾਰਾਂ 'ਤੇ ਪਹਿਰਾ ਨਾ ਦਿੱਤਾ। ਇਨਕਲਾਬ ਲਈ ਕੋਸ਼ਿਸ਼ਾਂ ਤੇਜ਼ ਨਾ ਕੀਤੀਆਂ, ਲਾਜ਼ਮੀ ਭਾਰਤ ਫਿਰ ਤੋਂ ਸਾਮਰਾਜੀਆਂ ਦੀਆਂ ਜ਼ੰਜੀਰਾਂ ਵਿਚ ਨੂੜਿਆ ਜਾਵੇਗਾ।

ਆਓ! ਭਗਤ ਸਿੰਘ ਦੇ ਵਿਚਾਰਾਂ 'ਤੇ ਮਜ਼ਬੂਤੀ ਨਾਲ ਪਹਿਰਾ ਦੇਈਏ। ਉਸ ਨੇ ਇਨਕਲਾਬ ਲਈ ਜੋ ਸੁਨੇਹਾ ਦਿੱਤਾ, ਉਸ ਦੀ ਅੱਜ ਦੇ ਸੰਦਰਭ ਵਿਚ ਹੋਰ ਵੀ ਡਾਢੀ ਲੋੜ ਹੈ।

# ਸੰਪਰਕ : 95013-65522

# ਸ਼ਹੀਦ ਭਗਤ ਸਿੰਘ ਤੇ ਅਸੀਂ

**ਸੰਜੀਵਨ ਸਿੰਘ**



ਸ਼ਹੀਦ ਕਦੇ ਵੀ ਇਕ ਜਾਤ, ਧਰਮ, ਫਿਰਕੇ ਜਾਂ ਦੇਸ਼ ਦੇ ਨਹੀਂ ਹੁੰਦੇ। ਸ਼ਹੀਦ ਤਾਂ ਸਾਰੀ ਇਨਸਾਨੀਅਤ ਦੇ, ਸਾਰੀ ਕਾਇਨਾਤ ਦੇ ਹੁੰਦੇ ਹਨ। ਜਿਵੇਂ ਸੂਰਜ ਅਤੇ ਚੰਦ ਦੀ ਰੋਸ਼ਨੀ ਸਾਰਿਆਂ ਲਈ ਹੁੰਦੀ ਹੈ, ਬਿਲਕੁਲ ਉਸੇ ਤਰ੍ਹਾਂ ਸ਼ਹੀਦ ਵੀ ਸਾਰਿਆਂ ਦੇ ਹੁੰਦੇ ਹਨ। ਅਸੀਂ ਲੋਕ ਸ਼ਹੀਦਾਂ ਨੂੰ ਸਾਲ ਵਿਚ ਇਕ ਵਾਰ ਫੇਰ ਵੀ ਯਾਦ ਕਰ ਲੈਂਦੇ ਹਾਂ, ਪਰ ਸ਼ਹੀਦ ਦੇ ਪ੍ਰੀਵਾਰ ਮਾਂ-ਬਾਪ, ਪਤਨੀ, ਬੱਚਿਆਂ ਦਾ ਕਦੇ ਵੀ ਜ਼ਿਕਰ ਕਰਨ ਦੀ ਜ਼ਰੂਰਤ ਨਹੀਂ ਸਮਝਦੇ। ਸ਼ਹੀਦ ਤਾਂ ਦੇਸ਼ ਉੱਤੇ ਆਪਣੀ ਜਾਨ-ਕੁਰਬਾਨ ਕਰਕੇ ਇਤਿਹਾਸ ਦੇ ਪੰਨਿਆਂ ਵਿਚ ਆਪਣਾ ਨਾਂਅ ਦਰਜ ਕਰਵਾ ਲੈਂਦੇ ਹਨ, ਪਰ ਉਨ੍ਹਾਂ ਦੇ ਪ੍ਰੀਵਾਰ ਸ਼ਹੀਦੀ ਨੂੰ ਹਰ ਪਲ, ਹਰ ਘੜੀ ਹੰਢਾਉਂਦੇ ਹਨ। ਗ਼ਰੀਬੀ ਦੇ ਰੂਪ ਵਿਚ, ਭੁੱਖਮਰੀ ਦੇ ਰੂਪ ਵਿਚ, ਦੁੱਖਾਂ-ਤਕਲੀਫਾਂ ਦੇ ਰੂਪ ਵਿਚ। ਉਹਨਾਂ ਦਾ ਜ਼ਿਕਰ ਕਰਨਾ ਨਾ ਤਾਂ ਅਸੀਂ ਵਾਜਿਬ ਸਮਝਦੇ ਆਂ ਤੇ ਨਾ ਹੀ ਸਰਕਾਰਾਂ ਲੋੜ ਮਹਿਸੂਸ ਕਰਦੀਆਂ ਹਨ।

ਸ਼ਹੀਦ ਭਗਤ ਸਿੰਘ ਦੇ ਸ਼ਹੀਦੀ ਦਿਵਸ ਮੌਕੇ ਲਿਖਤੀ ਜਾਂ ਜ਼ੁਬਾਨੀ ਕਹੀਆਂ ਭਗਤ ਸਿੰਘ ਦੀਆਂ ਕੁਝ ਗੱਲਾਂ/ਘਟਨਾਵਾਂ ਦਾ ਜ਼ਿਕਰ ਕਰਨਾ ਸਮੇਂ ਦੀ ਮੰਗ ਵੀ ਹੈ ਤੇ ਲੋੜ ਵੀ। ਸਰਦਾਰ ਭਗਤ ਸਿੰਘ ਨੇ ਹਾਕਮ ਨੂੰ ਪੱਤਰ ਲਿਖ ਕੇ ਕਿਹਾ ਸੀ-ਉਹਨਾ ਨੂੰ ਫਾਂਸੀ ਦੀ ਥਾਂ ਗੋਲੀ ਮਾਰੀ ਜਾਵੇ, ਪਰ ਕਿਉਂਕਿ ਤੁਹਾਡੇ ਹੱਥ ਵਿਚ ਤਾਕਤ ਹੈ। ਦੁਨੀਆ ਵਿਚ ਤਾਕਤ ਨੂੰ ਸਾਰੇ ਹੱਕ ਹਾਸਲ ਹੁੰਦੇ ਹਨ। ਅਸੀਂ ਜਾਣਦੇ ਹਾਂ, ਤੁਸੀਂ ਲੋਕ ਆਪਣਾ ਇਰਾਦਾ ਪੂਰਾ ਕਰਨ ਲਈ 'ਜਿਸ ਦੀ ਲਾਠੀ, ਉਸ ਦੀ ਮੈਸ' ਦਾ ਅਸੂਲ ਅਪਨਾਉਗੇ, ਪਰ ਅਸੀਂ ਜੰਗੀ ਕੈਦੀ ਹਾਂ। ਇਸ ਲਈ ਅਸੀਂ ਮੰਗ ਕਰਦੇ ਹਾਂ, ਸਾਡੇ ਨਾਲ ਜੰਗੀ ਕੈਦੀਆਂ ਵਰਗਾ ਸਲੂਕ ਕੀਤਾ ਜਾਵੇ, ਫਾਂਸੀ ਉੱਤੇ ਲਟਕਾਉਣ ਦੀ ਬਜਾਏ ਸਾਨੂੰ ਗੋਲੀ ਨਾਲ ਉਡਾਇਆ ਜਾਵੇ।

ਸਰਦਾਰ ਭਗਤ ਸਿੰਘ ਅਦਾਲਤ ਵਿਚ ਪੇਸ਼ੀ ਸਮੇਂ ਅੰਗਰੇਜ਼ੀ ਅਦਾਲਤ ਦਾ ਮਜ਼ਾਕ ਉਡਾ ਰਿਹਾ ਸੀ। ਸਰਕਾਰੀ ਵਕੀਲ ਨੇ ਕਿਹਾ-ਤੁਸੀਂ ਦੇਸ਼ ਧਰੋਹੀ ਹੋ। ਭਗਤ ਸਿੰਘ ਫਿਰ ਹੱਸਿਆ। ਸਰਕਾਰੀ ਵਕੀਲ ਨੇ ਕਿਹਾ-ਭਗਤ ਸਿੰਘ ਤੁਸੀਂ ਇਸ ਤਰ੍ਹਾਂ ਅਦਾਲਤ ਦੀ ਤੌਹੀਨ ਕਰ ਰਹੇ ਹੋ। ਭਗਤ ਸਿੰਘ ਨੇ ਕਿਹਾ-ਵਕੀਲ ਸਾਹਿਬ, ਮੈਂ ਜਦ ਤੱਕ ਜਿਉਂਦਾ ਰਹਾਂਗਾ, ਇਵੇਂ ਹੀ ਹੱਸਦਾ ਰਹਾਂਗਾ। ਜਦੋਂ ਮੈਂ ਫਾਂਸੀ ਦੇ ਤਖਤੇ 'ਤੇ ਖੜ੍ਹਾ ਹੋ ਕੇ ਹੱਸਾਂਗਾ, ਉਦੋਂ ਤੁਸੀਂ ਕਿਹੜੀ ਅਦਾਲਤ ਵਿਚ ਸ਼ਿਕਾਇਤ ਕਰੋਗੇ।

ਬਾਬਾ ਸੋਹਨ ਸਿੰਘ ਭਕਨਾ ਭਗਤ ਸਿੰਘ ਨੂੰ ਜੇਲ੍ਹ ਵਿਚ ਮਿਲਣ ਲਈ ਗਏ। ਬਾਬਾ ਜੀ ਨੇ ਭਗਤ ਸਿੰਘ ਨੂੰ ਪੁੱਛਿਆ-ਭਗਤ ਸਿੰਘ ਤੁਹਾਡਾ ਕੋਈ ਰਿਸ਼ਤੇਦਾਰ ਮਿਲਣ ਨਹੀਂ ਆਇਆ। ਤਾਂ ਭਗਤ ਸਿੰਘ ਨੇ ਕਿਹਾ-ਬਾਬਾ ਜੀ ਮੇਰਾ ਖ਼ੂਨ ਦਾ ਰਿਸ਼ਤਾ ਤਾਂ ਸ਼ਹੀਦਾਂ ਦੇ ਨਾਲ ਹੈ, ਖ਼ੁਦੀ ਰਾਮ ਬੋਸ ਦੇ ਨਾਲ, ਕਰਤਾਰ ਸਿੰਘ ਸਰਾਭਾ ਦੇ ਨਾਲ, ਅਸੀਂ ਸਭ ਇਕ ਹੀ ਖ਼ੂਨ ਦੇ ਹਾਂ। ਸਾਡਾ ਖ਼ੂਨ ਇਕ ਹੀ ਜਗ੍ਹਾ ਤੋਂ ਆਇਐ, ਇਕ ਹੀ ਜਗ੍ਹਾ ਜਾ ਰਿਹੈ। ਦੂਜਾ ਰਿਸ਼ਤਾ ਤੁਹਾਡੇ ਲੋਕਾਂ ਦੇ ਨਾਲ ਹੈ, ਜੋ ਸਾਨੂੰ ਪ੍ਰੇਰਣਾ ਦੇ ਰਹੇ ਹੋ, ਜਿਹਨਾਂ ਦੇ ਨਾਲ ਕਾਲ ਕੋਠੜੀ ਵਿਚ ਅਸੀਂ ਪਸੀਨਾ ਬਹਾਇਆ ਹੈ। ਤੀਜੇ ਰਿਸ਼ਤੇਦਾਰ ਉਹ ਹੋਣਗੇ, ਜੋ ਖ਼ੂਨ-ਪਸੀਨੇ ਦੇ ਨਾਲ ਤਿਆਰ ਕੀਤੀ ਜ਼ਮੀਨ ਵਿਚੋਂ ਨਵੀਂ ਨਸਲ ਅਤੇ ਸ਼ਕਲ ਵਿਚ ਪੈਦਾ ਹੋਣਗੇ। ਜੋ ਸਾਡੇ ਮਿਸ਼ਨ ਨੂੰ, ਸਾਡੀ ਸੋਚ ਨੂੰ ਅੱਗੇ ਵਧਾਉਣਗੇ। ਇਸ ਤੋਂ ਇਲਾਵਾ ਸਾਡੇ ਹੋਰ ਕੌਣ ਰਿਸ਼ਤੇਦਾਰ ਹੋ ਸਕਦੇ ਬਾਬਾ ਜੀ।

ਮਾਨਵਾਲ ਜ਼ਿਲ੍ਹਾ ਸ਼ੇਖ਼ੂਪੁਰਾ ਦੇ ਤੇਜਾ ਸਿੰਘ ਮਾਨ ਦੀ ਭੈਣ ਨਾਲ ਵਿਆਹ ਨਿਯਤ ਹੋਣ ਤੋਂ ਬਾਅਦ ਭਗਤ ਸਿੰਘ ਨੇ ਆਪਣੇ ਪਿਤਾ ਨੂੰ ਪੱਤਰ ਲਿਖ ਕੇ ਕਿਹਾ ਸਤਿਕਾਰਯੋਗ ਪਿਤਾ ਜੀ, ਇਹ ਵਿਆਹ ਦਾ ਸਮਾਂ ਨਹੀਂ ਹੈ। ਦੇਸ਼ ਮੈਨੂੰ ਬੁਲਾ ਰਿਹਾ ਹੈ। ਮੈਂ ਅਪਣਾ ਤਨ, ਮਨ ਅਤੇ ਧਨ ਦੇਸ਼ ਦੇ ਲੇਖੇ ਲਾਉਣ ਦਾ ਫੈਸਲਾ ਕੀਤਾ ਹੈ। ਵੈਸੇ ਵੀ ਇਹ ਸਾਡੇ ਪਰਵਾਰ ਲਈ ਕੋਈ ਨਵੀਂ ਗੱਲ ਨਹੀਂ। ਸਾਡਾ ਸਾਰਾ ਖ਼ਾਨਦਾਨ ਦੇਸ਼ ਭਗਤਾਂ ਦਾ ਹੈ। 1910 ਵਿਚ ਮੇਰੇ ਜਨਮ ਦੇ ਦੋ-ਤਿੰਨ ਸਾਲ ਬਾਅਦ ਹੀ ਚਾਚਾ ਸਵਰਨ ਸਿੰਘ ਜੀ ਜੇਲ੍ਹ ਵਿਚ ਸਵਰਗਵਾਸ ਹੋਏ ਸਨ। ਚਾਚਾ ਅਜੀਤ ਸਿੰਘ ਜੀ ਜਲਾਵਤਨ ਹੋ ਕੇ ਗ਼ੈਰ-ਮੁਲਕਾਂ ਵਿਚ ਰਹੇ। ਚਾਚਾ ਜੀ ਨੇ ਜੇਲ੍ਹਾਂ ਵਿਚ ਬਹੁਤ ਮੁਸ਼ਕਲਾਂ ਦਾ ਸਾਹਮਣਾ ਕੀਤਾ। ਮੈਂ ਤਾਂ ਸਿਰਫ ਉਹਨਾ ਦੇ ਨਕਸ਼ੇ-ਕਦਮ ਉਪਰ ਚੱਲ ਰਿਹਾ ਹਾਂ। ਮਿਹਰਬਾਨੀ ਕਰਕੇ ਤੁਸੀਂ ਮੈਨੂੰ ਵਿਆਹ ਦੇ ਬੰਧਨ ਵਿਚ ਨਾ ਜਕੜੋ, ਬਲਕਿ ਮੇਰੇ ਹੱਕ ਵਿਚ ਦੁਆ ਕਰੋ, ਤਾਂ ਜੋ ਮੈਂ ਆਪਣੇ ਮਕਸਦ ਵਿਚ ਕਾਮਯਾਬ ਹੋ ਸਕਾਂ।

ਪਿਤਾ ਨੇ ਭਗਤ ਸਿੰਘ ਦੇ ਜਵਾਬ ਵਿਚ ਲਿਖਿਆ, ਬੇਟਾ, ਅਸੀਂ ਤੇਰਾ ਵਿਆਹ ਨਿਸਚਿਤ ਕਰ ਦਿਤਾ ਹੈ। ਅਸੀਂ ਲੜਕੀ ਵੇਖ ਚੁੱਕੇ ਹਾਂ। ਸਾਨੂੰ ਪਸੰਦ ਹੈ। ਤੈਨੂੰ ਆਪਣੀ ਦਾਦੀ ਦੀ ਗੱਲ ਮੰਨਣੀ ਚਾਹੀਦੀ ਹੈ। ਮੇਰਾ ਆਦੇਸ਼ ਹੈ, ਤੂੰ ਵਿਆਹ ਵਿਚ ਕਿਸੇ ਕਿਸਮ ਦਾ ਅੜਿੱਕਾ ਨਾ ਪਾਵੇ। ਖ਼ੁਸ਼ੀ ਨਾਲ ਸਹਿਮਤ ਹੋ ਜਾਹ।

ਭਗਤ ਸਿੰਘ ਨੇ ਪਿਤਾ ਦੀ ਇਸ ਚਿੱਠੀ ਦੇ ਜਵਾਬ ਵਿਚ ਕਿਹਾ-ਸਤਿਕਾਰਯੋਗ ਪਿਤਾ ਜੀ ਮੈਨੂੰ ਇਹ ਪੜ੍ਹ ਕੇ ਹੈਰਾਨੀ ਹੋਈ, ਜੇ ਤੁਹਾਡੇ ਜਿਹੇ ਸੱਚੇ ਦੇਸ਼-ਭਗਤ ਅਤੇ ਬਹਾਦਰ ਇਨਸਾਨ ਨੂੰ ਵੀ ਇਹ ਮਾਮੂਲੀ ਗੱਲਾਂ ਪ੍ਰਭਾਵਤ ਕਰ ਸਕਦੀਆਂ ਹਨ। ਫੇਰ ਇਕ ਆਮ ਗੁਲਾਮ ਇਨਸਾਨ ਦਾ ਕੀ ਹੋਵੇਗਾ? ਤੁਸੀਂ ਸਿਰਫ ਮੇਰੀ ਦਾਦੀ ਜੀ ਦੀ ਫ਼ਿਕਰ ਕਰ ਰਹੇ ਹੋ, ਪਰ 33 ਕਰੋੜ ਲੋਕਾਂ ਦੀ ਮਾਂ, ਭਾਰਤ ਮਾਂ ਦੇ ਦੁੱਖ ਦੂਰ ਕਰਨ ਦੇ ਬਾਰੇ ਸੋਚੋ। ਭਾਰਤ ਮਾਂ ਦੇ ਦੁੱਖ ਦੂਰ ਕਰਨ ਲਈ ਸਾਨੂੰ ਸਭ ਕੁਝ ਕੁਰਬਾਨ ਕਰ ਦੇਣਾ ਚਾਹੀਦਾ ਹੈ।

ਸਰਦਾਰ ਭਗਤ ਸਿੰਘ ਨੇ ਇਕ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਕਿਹਾ-ਅਸੀਂ ਮੁੱਠੀ-ਭਰ ਕਰਾਂਤੀਕਾਰੀ, ਲੋਕਾਂ ਨੂੰ ਨਾਲ ਲਏ ਬਿਨਾਂ ਆਜ਼ਾਦੀ ਹਾਸਲ ਨਹੀਂ ਕਰ ਸਕਦੇ। ਜਨਤਾ ਦੀ ਸ਼ਕਤੀ ਦੇ ਨਾਲ ਹੀ ਸਾਡਾ ਮੁਲਕ ਆਜ਼ਾਦ ਹੋਏਗਾ। ਭਾਰਤ ਦੀ ਲੁੱਟ ਨੂੰ ਖਤਮ ਕਰਨਾ, ਨੌਕਰਸ਼ਾਹੀ ਦਾ ਦਬਦਬਾ ਖਤਮ ਕਰਨਾ, ਲੋਕਾਂ ਨੂੰ ਹਕੂਮਤ ਵਿਚ ਬਰਾਬਰ ਦਾ ਹਿੱਸੇਦਾਰ ਬਣਾਉਣਾ ਸਾਡਾ ਪਹਿਲਾ ਫ਼ਰਜ਼ ਹੈ।

ਹੁਣ ਦੇਖਣਾ ਹੈ ਕਿ ਭਗਤ ਸਿੰਘ ਤੇ ਅਣਗਿਣਤ ਦੇਸ਼ ਭਗਤ, ਜਿਨ੍ਹਾਂ ਨੇ ਆਪਣੀਆਂ ਜਾਨਾਂ ਦੇਸ਼ ਦੀ ਆਜ਼ਾਦੀ ਖਾਤਰ ਹੱਸ ਕੇ ਕੁਰਬਾਨ ਕੀਤੀਆਂ। ਕੀ ਅੱਜ ਦਾ ਭਾਰਤ ਉਹਨਾਂ ਦੇ ਸੁਪਨਿਆਂ ਦਾ ਭਾਰਤ ਹੀ ਹੈ? ਜੇਕਰ ਨਹੀਂ ਤਾਂ ਕੀ ਕਾਰਨ ਹੈ? ਕੀ ਅਸੀਂ ਉਹਨਾਂ ਦੇ, ਉਹਨਾਂ ਦੀ ਸੋਚ ਦੇ ਵਾਰਿਸ ਬਣ ਸਕੇ ਹਾਂ? ਜੇਕਰ ਨਹੀਂ ਤਾਂ ਕੀ ਕਾਰਨ ਹਨ, ਕਿੱਥੇ ਗੜਬੜ ਹੋਈ ਹੈ? ਮੁਲਕ ਇਕ ਵਾਰ ਫੇਰ ਗੁਲਾਮੀ ਵੱਲ ਵਧ ਰਿਹਾ ਹੈ, ਪਰ ਹੁਣ ਵਾਲੀ ਗੁਲਾਮੀ ਪਹਿਲੀ ਗੁਲਾਮੀ ਨਾਲ ਬੇਹੱਦ ਖਤਰਨਾਕ ਅਤੇ ਖੌਫਨਾਕ ਹੋਵੇਗੀ। ਸਾਮਰਾਜਵਾਦ ਦੇ ਕੋਝੇ ਮਨਸੂਬੇ ਭਾਰਤ ਨੂੰ ਰਾਜਨੀਤਕ, ਸਮਾਜਕ, ਸੱਭਿਆਚਾਰਕ ਤੇ ਆਰਥਿਕ ਤੌਰ 'ਤੇ ਗੁਲਾਮ ਕਰਨ ਦੇ ਹਨ।

*# ਸੰਪਰਕ : 94174-60656*

# ਭਗਤ ਸਿੰਘ ਦੇ ਜ਼ਮਾਨੇ ਦੇ ਲੋਕ, ਲੀਡਰ ਤੇ ਅੱਜ-ਕੱਲ੍ਹ

**ਰਮੇਸ਼ ਰਤਨ**

ਸੁਖਦੇਵ ਅਤੇ ਰਾਜਗੁਰੂ ਨਾਲ ਆਪਣੀ ਫਾਂਸੀ ਵੱਲ ਵਧਣ ਸਮੇਂ ਤੱਕ ਭਾਰਤ ਦਾ ਮਹਾਨ ਸਪੂਤ ਤੇ ਆਜ਼ਾਦੀ ਘੁਲਾਟੀਆ ਭਗਤ ਸਿੰਘ ਨਵੀਂ ਸੋਚ ਦਾ ਸ਼ਾਹਕਾਰ ਤੇ ਇਨਕਲਾਬ ਦਾ ਮੂਲ ਮੰਤਰ ਬਣ ਚੁੱਕਾ ਸੀ।

ਸ਼ਹੀਦ ਸੁਖਦੇਵ ਦੀ ਅਧੂਰੀ ਚਿੱਠੀ, ਜੋ ਉਸ ਨੂੰ ਫਾਂਸੀ ਦੀ ਕੋਠੜੀ ਵਿੱਚ ਲੈ ਜਾਣ ਉਪਰੰਤ ਤਲਾਸ਼ੀ ਸਮੇਂ ਫੜੀ ਗਈ, ਵਿੱਚ ਲਿਖਿਆ ਹੈ, 'ਲਾਲੇ 'ਤੇ ਲਾਠੀਆਂ ਵਰ੍ਹਨ ਨਾਲ ਲੋਕ ਬਹੁਤ ਨਾਰਾਜ਼ ਹੋ ਗਏ। ਸਾਂਡਰਸ ਨੂੰ ਕਤਲ ਕਰਨ ਦਾ ਮੁੱਖ ਉਦੇਸ਼ ਸੀ ਕਿ ਦੇਸ਼ ਜਾਗ ਪਏ ਕਿ ਇਹ ਇੱਕ ਸਿਆਸੀ ਕਤਲ ਹੈ, ਇਸ ਐਕਸ਼ਨ ਨੂੰ ਕਰਨ ਵਾਲੇ ਇਨਕਲਾਬੀ ਹਨ।'

ਬੇਸ਼ੱਕ ਨਵੰਬਰ 1927 ਵਿੱਚ ਲਾਲਾ ਲਾਜਪਤ ਰਾਏ ਦੇ ਨਾਂਅ ਖੁੱਲ੍ਹੀ ਚਿੱਠੀ ਅਤੇ ਜਨਵਰੀ 1928 ਦੇ 'ਕਿਰਤੀ' ਅਖਬਾਰ ਵਿੱਚ ਉਹਨਾਂ ਦੇ ਸਾਥੀਆ ਦੀ ਸਮਝ ਵਿੱਚ ਲਾਲਾ ਲਾਜਪਤ ਰਾਏ ਦੇਸ਼ ਦਾ ਇੱਕ ਬਜ਼ੁਰਗ ਨੇਤਾ ਸੀ, ਪਰ ਜਵਾਨੀ ਦੇ ਸਮੇਂ ਕੁਰਬਾਨੀਆਂ ਦੀਆਂ ਗੱਲਾਂ ਕਰਨ ਵਾਲਾ ਪੰਜਾਬ ਕੇਸਰੀ ਬਾਅਦ ਵਿੱਚ ਜੀ-ਹਜ਼ੂਰੀਆਂ ਅਤੇ ਝੋਲੀਚੁੱਕਾਂ ਨਾਲ ਬਾਂਹ ਵਿੱਚ ਬਾਂਹ ਪਾ ਕੇ ਤੁਰਨ ਲੱਗ ਪਿਆ ਸੀ।

'ਦ ਪੀਪਲ' ਹਫਤਾਵਾਰ ਦੇ ਲਾਲਾ ਲਾਜਪਤ ਰਾਏ ਜਨਮਦਾਤਾ ਅਤੇ ਐਡੀਟਰ ਸਨ। ਉਹ ਯੂਰਪ ਦੀ ਮੰਨੀ-ਪ੍ਰਮੰਨੀ ਲੇਖਕਾ ਮਿਸ ਐਗਨਿਸ ਸਮੈਡਲੀ ਦੇ ਲੇਖ ਛਾਪਦੇ ਰਹੇ। ਫਿਰ ਉਹਨਾ ਨੂੰ ਮਿਸ ਸਮੈਡਲੀ ਦੇ ਲੇਖਾਂ ਵਿੱਚੋਂ ਬਾਲਸ਼ਵਿਕਾਂ ਵਾਲੀ ਬੋਅ ਆਉਣ ਲੱਗ ਪਈ।

1919 ਦੇ ਜਲ੍ਹਿਆਂਵਾਲੇ ਬਾਗ਼ ਦੇ ਬਾਅਦ ਅੰਗਰੇਜ਼ ਸਰਕਾਰ ਦੇ ਅਸਰ ਹੇਠ 1924 ਵਿੱਚ ਕੋਹਾਟ ਦੇ ਮੁਕਾਮ 'ਤੇ ਬਹੁਤ ਹੀ ਗ਼ੈਰ-ਇਨਸਾਨੀ ਢੰਗ ਨਾਲ ਮੁਸਲਮਾਨ ਅਤੇ ਹਿੰਦੂ ਦੰਗੇ ਹੋਏ। 1927 ਵਿਚ ਲਾਹੌਰ ਦੇ ਤਾਜ਼ਾ ਫਸਾਦਾਂ ਵਿੱਚ ਮੁਸਲਮਾਨਾਂ ਨੇ ਬੇਗੁਨਾਹ ਸਿੱਖਾਂ ਅਤੇ ਹਿੰਦੂਆਂ ਦੇ ਆਹੂ ਲਾਹੇ ਅਤੇ ਸਿੱਖਾਂ ਨੇ ਵੀ ਵਾਹ ਲੱਗਦੀ ਕੋਈ ਕਸਰ ਨਹੀਂ ਛੱਡੀ।

ਜੂਨ 1927 ਦੇ 'ਕਿਰਤੀ' ਅਖਬਾਰ ਵਿੱਚ ਲਿਖਿਆ ਕਿ ਇਹਨਾਂ ਫਸਾਦਾਂ ਪਿੱਛੇ ਫਿਰਕੂ ਲੀਡਰਾਂ ਅਤੇ ਅਖਬਾਰਾਂ ਦਾ ਹੱਥ ਹੈ। ਅਨੇਕਾਂ ਲੀਡਰ ਜੋ ਹਿੰਦੁਸਤਾਨ ਨੂੰ ਆਜ਼ਾਦ ਕਰਾਉਣ ਲਈ ਸਾਂਝੀ ਕੌਮੀਅਤ ਅਤੇ ਸਵਰਾਜ ਦੇ ਦਮਗਜ਼ੇ ਮਾਰਦੇ ਸਨ, ਕੁਝ ਇੱਕ ਨੂੰ ਛੱਡ ਕੇ ਬਾਕੀ ਜਾਂ ਤਾਂ ਧਰਮ ਦੇ ਫਿਰਕੂ ਵਹਿਣ ਵਿੱਚ ਹੀ ਵਹਿ ਗਏ ਜਾਂ ਸਿਰੀਆਂ ਲੁਕਾ ਕੇ ਬੈਠ ਗਏ। ਇਸੇ ਕਾਰਨ ਰਾਮ ਪ੍ਰਸਾਦ ਬਿਸਮਿਲ ਦੇ ਆਖ਼ਰੀ ਖ਼ਤ ਦੀਆਂ ਲਾਈਨਾਂ ਹਨ- ਦੇਸ਼ ਵਾਸੀਆਂ ਅੱਗੇ ਇਹੀ ਪ੍ਰਾਰਥਨਾ ਹੈ, ਜੇ ਉਹਨਾਂ ਨੂੰ ਸਾਡੇ ਮਰਨ ਦਾ ਜ਼ਰਾ ਭਰ ਵੀ ਅਫ਼ਸੋਸ ਹੈ ਤਾਂ ਉਹ ਜਿਸ ਤਰ੍ਹਾਂ ਵੀ ਹੋਵੇ ਹਿੰਦੂ-ਮੁਸਲਿਮ ਏਕਤਾ ਕਰਨ। ਇਹੋ ਸਾਡੀ ਆਖ਼ਰੀ ਖ਼ਾਹਿਸ਼ ਸੀ, ਇਹੋ ਸਾਡੀ ਯਾਦਗਾਰ ਹੋ ਸਕਦੀ ਹੈ।

ਆਮ ਲੋਕਾਂ ਦੇ ਸਿਰ ਨੂੰ ਫਿਰਕਾਪ੍ਰਸਤੀ ਤਾਂ ਨਸ਼ੇ ਵਾਂਗ ਚੜ੍ਹ ਜਾਂਦੀ ਹੈ, ਪਰ ਸੱਚੇ ਦੇਸ਼ ਭਗਤਾਂ ਪ੍ਰਤੀ ਉਦਾਸੀਨਤਾ ਬਾਰੇ 15 ਮਾਰਚ 1926 ਨੂੰ 'ਪ੍ਰਤਾਪ' ਅਖਬਾਰ ਵਿੱਚ ਭਗਤ ਸਿੰਘ ਨੇ ਲਿਖਿਆ ਕਿ, 27 ਫਰਵਰੀ ਨੂੰ ਹੋਲੀ ਦੇ ਦਿਨ ਜਦੋਂ ਅਸੀਂ ਖੇਡਣ-ਮੱਲਣ ਵਿੱਚ ਰੁਝੇ ਹੋਏ ਸੀ, ਲਾਹੌਰ ਸੈਂਟਰਲ ਜੇਲ ਵਿੱਚ, ਉਸ ਦਿਨ ਛੇ ਬੱਬਰ ਅਕਾਲੀ ਫਾਂਸੀ 'ਤੇ ਲਟਕਾ ਦਿੱਤੇ ਗਏ।

ਮਹਾਤਮਾ ਗਾਂਧੀ ਬਾਰੇ ਭਗਤ ਸਿੰਘ ਲਿਖਦੇ ਹਨ-ਦੇਸ਼ ਵਿਚ ਚਲਾਈ ਨਾ-ਮਿਲਵਰਤਨ ਲਹਿਰ ਰਾਹੀਂ ਲੋਕ ਜਾਗ੍ਰਤੀ ਵਿੱਚ ਪਾਏ ਹਿੱਸੇ ਲਈ ਉਹਨਾਂ ਨੂੰ ਸਲਾਮ ਨਾ ਕਰੀਏ ਤਾਂ ਸਾਡੇ ਹਿੱਸੇ 'ਤੇ ਬੜੀ ਨਾਸ਼ੁਕਰੀ ਹੋਵੇਗੀ, ਪਰ ਸਾਡੇ ਲਈ ਮਹਾਤਮਾ ਇੱਕ ਅਸੰਭਵਤਾਵਾਂ ਦਾ ਦਾਰਸ਼ਨਿਕ ਹੈ।

23 ਦਸੰਬਰ 1929 ਨੂੰ ਅੰਗਰੇਜ਼ੀ ਸਾਮਰਾਜ ਦੇ ਵੱਡੇ ਥੰਮ੍ਹ ਵਾਇਸਰਾਏ ਦੀ ਗੱਡੀ ਨੂੰ ਉਡਾਉਣ ਦਾ ਯਤਨ ਕੀਤਾ ਗਿਆ, ਜੋ ਅਸਫਲ ਰਿਹਾ। ਇਸ ਮੌਕੇ ਗਾਂਧੀ ਨੇ ਇੱਕ ਦੂਸ਼ਣ ਭਰਿਆ ਲੇਖ ਲਿਖਿਆ-ਬੰਬ ਪੂਜਾ। ਉਸ ਦੇ ਜਵਾਬ ਵਿੱਚ ਫਿਲਾਸਫੀ ਆਫ਼ ਬੰਬ ਦਾ ਮਨੋਰਥ ਪੱਤਰ 26 ਜਨਵਰੀ 1930 ਨੂੰ ਭਗਤ ਸਿੰਘ ਦੀ ਰਾਏ ਨਾਲ ਜਾਰੀ ਕੀਤਾ ਗਿਆ। ਇਸ ਵਿੱਚ ਲਿਖਿਆ ਗਿਆ - ਦੇਸ਼ ਭਗਤ ਹਿੰਸਾ ਜਾਂ ਬੰਬ ਦੇ ਪੁਜਾਰੀ ਨਹੀਂ, ਨਾ ਹੀ ਇਸ ਦੇ ਕੱਟੜ ਵਿਰੋਧੀ ਹਨ। ਹਿੰਸਾ ਉਸ ਜਬਰ ਦਾ ਨਾਂਅ ਹੈ, ਜੋ ਅਨਿਆਂ ਲਈ ਵਰਤੋਂ ਵਿੱਚ ਆਉਂਦਾ ਹੈ, ਪਰ ਇਨਕਲਾਬੀਆਂ ਦਾ ਇਸ ਨਾਲ ਕੋਈ ਵਾਸਤਾ ਨਹੀਂ। ਦੂਜੇ ਬੰਨੇ ਜਿਸ ਨੂੰ ਅਹਿੰਸਾ ਕਿਹਾ ਜਾਂਦਾ ਹੈ, ਅਸਲ ਵਿੱਚ ਆਤਮਿਕ ਸ਼ਕਤੀ ਦਾ ਸਿਧਾਂਤ ਹੈ, ਜਿਸ ਨੂੰ ਕਿ ਨਿੱਜੀ ਅਤੇ ਕੌਮੀ ਹੱਕਾਂ ਦੀ ਪੂਰਤੀ ਲਈ ਵਰਤਿਆ ਜਾਂਦਾ ਹੈ। ਜਦੋਂ ਇਕ ਇਨਕਲਾਬੀ ਆਪਣੇ ਕੁਝ ਹੱਕ ਸਮਝਦਾ ਹੈ, ਉਹ ਉਹਨਾਂ ਦੀ ਮੰਗ ਕਰਦਾ ਹੈ, ਦਲੀਲ ਦਿੰਦਾ ਹੈ, ਆਪਣੀ ਪੂਰੀ ਆਤਮਕ ਸ਼ਕਤੀ ਰਾਹੀਂ ਉਸ ਨੂੰ ਹਾਸਲ ਕਰਨ ਦਾ ਯਤਨ ਕਰਦਾ ਹੈ। ਵੱਡੇ ਤੋਂ ਵੱਡੇ ਦੁੱਖ-ਤਸੀਹੇ ਝੱਲਦਾ ਹੈ, ਵੱਡੀ ਤੋਂ ਵੱਡੀ ਕੁਰਬਾਨੀ ਦੇਣ ਲਈ ਤਿਆਰ ਰਹਿੰਦਾ ਹੈ ਅਤੇ ਨਾਲ ਹੀ ਆਪਣੇ ਸਰੀਰਕ ਬਲ ਨੂੰ ਵੀ ਵਰਤਣਾ ਜੁਰਮ ਨਹੀਂ ਸਮਝਦਾ। ਸੋ ਸਵਾਲ ਹਿੰਸਾ ਜਾਂ ਅਹਿੰਸਾ ਦਾ ਨਹੀਂ, ਬਲਕਿ ਇਹ ਕਿ ਅਸੀਂ ਨਿਰੋਲ ਆਤਮਿਕ ਗੱਲ ਦੇ ਸਿਰ 'ਤੇ ਹੀ ਚੱਲਣਾ ਹੈ ਜਾਂ ਇਸ ਨਾਲ ਸਰੀਰਕ ਸ਼ਕਤੀ ਦੀ ਵੀ ਵਰਤੋਂ ਕਰਨੀ ਹੈ।



'ਕਿਰਤੀ' ਅਖ਼ਬਾਰ ਦੇ ਜੁਲਾਈ 1928 ਦੇ ਅੰਕ ਵਿੱਚ 'ਨਵੇਂ ਲੀਡਰਾਂ ਦੇ ਜੁਦਾ-ਜੁਦਾ ਖਿਆਲ' ਦੇ ਸਿਰਲੇਖ ਅਧੀਨ ਭਗਤ ਸਿੰਘ ਲਿਖਦੇ ਹਨ-ਇਸ ਵਕਤ ਜੋ ਲੀਡਰ ਅੱਗੇ ਆਏ ਹਨ, ਉਹ ਹਨ - ਬੰਗਾਲ ਦੇ ਪੂਜਨੀਕ ਸੁਭਾਸ਼ ਚੰਦਰ ਬੋਸ ਅਤੇ ਮਾਣਯੋਗ ਸ੍ਰੀ ਪੰਡਤ ਜਵਾਹਰ ਲਾਲ ਨਹਿਰੂ। ਇਹ ਦੋ ਲੀਡਰ ਹਿੰਦੁਸਤਾਨ ਵਿੱਚ ਉੱਠਦੇ ਨਜ਼ਰ ਆਉਂਦੇ ਹਨ ਅਤੇ ਇਹ ਨੌਜਵਾਨਾਂ ਦੀਆਂ ਤਹਿਰੀਕਾਂ ਵਿੱਚ ਖਾਸ ਹਿੱਸਾ ਲੈਂਦੇ ਹਨ। ਦੋਵੇਂ ਹੀ ਹਿੰਦੁਸਤਾਨ ਦੀ ਆਜ਼ਾਦੀ ਦੇ ਕੱਟੜ ਹਾਮੀ ਹਨ। ਦੋਨੋਂ ਹੀ ਬੜੇ ਸਿਆਣੇ ਅਤੇ ਸੱਚੇ ਦੇਸ਼ ਸੇਵਕ ਹਨ। ਫਿਰ ਵੀ ਉਹਨਾਂ ਦੇ ਖਿਆਲ ਵਿੱਚ ਜ਼ਮੀਨ-ਅਸਮਾਨ ਦਾ ਫ਼ਰਕ ਹੈ।

ਸੁਭਾਸ਼ ਬਾਬੂ ਭਾਰਤ ਦਾ ਆਦਰਸ਼ ਪੂਰਨ ਸੁਤੰਤਰਤਾ ਮੰਨਦੇ ਹਨ। ਕਾਂਗਰਸ ਦੀ ਅੰਮ੍ਰਿਤਸਰ ਅਤੇ ਮਹਾਰਾਸ਼ਟਰ ਕਾਨਫਰੰਸ ਦੇ ਪ੍ਰਧਾਨਗੀ ਭਾਸ਼ਣ ਵਿੱਚ ਆਪ ਨੇ ਇਸੇ ਮਤੇ ਦਾ ਪ੍ਰਚਾਰ ਕੀਤਾ, ਪਰ ਉਹ ਬੜੇ ਭਾਵੁਕ ਬੰਗਾਲੀ ਹਨ। ਮੁੰਬਈ ਦੇ ਇੱਕ ਲੈਕਚਰ ਵਿੱਚ ਇਹ ਗੱਲ ਸਾਫ਼ ਹੋ ਗਈ। ਉਹਨਾਂ ਲੈਕਚਰ ਸ਼ੁਰੂ ਕੀਤਾ ਕਿ ਹਿੰਦੁਸਤਾਨ ਦਾ ਦੁਨੀਆਂ ਦੇ ਨਾਂਅ ਇੱਕ ਖਾਸ ਪੈਗਾਮ ਹੈ। ਉਹ ਦੁਨੀਆ ਨੂੰ ਰੂਹਾਨੀ ਸਬਕ ਦਵੇਗਾ। ਖੈਰ! ਉਹ ਵੀ ਮੁੜ ਵੇਦਾਂ ਵੱਲ ਚਲੋ ਦਾ ਹੀ ਆਵਾਜ਼ਾ ਕੱਸਦੇ ਹਨ। ਹਰ ਗੱਲ ਵਿੱਚ ਪੁਰਾਣੇ ਜ਼ਮਾਨੇ ਦੀ ਮਹਾਨਤਾ ਵੇਖਦੇ ਹਨ।

ਪੰਡਤ ਜਵਾਹਰ ਲਾਲ ਹੁਰਾਂ ਦੇ ਵਿਚਾਰ ਇਸ ਤੋਂ ਉਲਟ ਹਨ। ਉਹ ਕਹਿੰਦੇ ਹਨ, ਜਿਸ ਮੁਲਕ ਵਿੱਚ ਵੀ ਜਾਵੋ, ਉਹ ਸਮਝਦਾ ਹੈ ਕਿ ਉਸ ਦਾ ਦੁਨੀਆ ਵਾਸਤੇ ਇੱਕ ਖਾਸ ਸੁਨੇਹਾ ਹੈ।.... ਹਰ ਇੱਕ ਨੌਜਵਾਨ ਨੂੰ ਬਗਾਵਤ ਕਰਨੀ ਚਾਹੀਦੀ ਹੈ। ਰਾਜਸੀ ਮੈਦਾਨ ਵਿੱਚ ਹੀ ਨਹੀਂ, ਬਲਕਿ ਸਮਾਜਿਕ, ਆਰਥਿਕ ਅਤੇ ਮਜ਼੍ਹਬੀ ਮੈਦਾਨ ਵਿੱਚ ਵੀ। ਕੋਈ ਗੱਲ ਆਪਣੀ ਸਮਝ ਦੀ ਪਰਖ ਨਾਲ ਠੀਕ ਨਾ ਸਾਬਤ ਹੋਵੇ, ਉਸ ਨੂੰ ਚਾਹੇ ਵੇਦ ਅਤੇ ਕੁਰਾਨ ਵਿੱਚ ਕਿੱਡਾ ਚੰਗਾ ਹੀ ਕਿਹਾ ਹੋਵੇ, ਨਹੀਂ ਮੰਨਣੀ ਚਾਹੀਦੀ। ਇਹ ਇੱਕ ਯੁੱਗ ਪਲਟਾਊ ਦੇ ਖ਼ਿਆਲਾਤ ਹਨ।

ਇਸ ਵੇਲੇ ਪੰਜਾਬ ਨੂੰ ਦਿਮਾਗ਼ ਦੀ ਗ਼ਜ਼ਾ ਦੀ ਲੋੜ ਹੈ। ਉਹ ਪੰਡਤ ਜਵਾਹਰ ਨਹਿਰੂ ਕੋਲੋਂ ਹੀ ਮਿਲ ਸਕਦੀ ਹੈ।

ਇਸ ਦਾ ਮਤਲਬ ਇਹ ਨਹੀਂ ਕਿ ਉਹਨਾ ਦੇ ਅੰਨ੍ਹੇ ਪੈਰੋਕਾਰ ਬਣ ਜਾਣਾ ਚਾਹੀਦਾ ਹੈ, ਪਰ ਜਿੱਥੋਂ ਤੀਕ ਖਿਆਲਾਤ ਦਾ ਤਅਲੁਕ ਹੈ, ਉਥੋਂ ਤੀਕ ਇਸ ਵੇਲੇ ਪੰਜਾਬੀ ਨੌਜਵਾਨਾਂ ਨੂੰ ਉਹਨਾਂ ਦੇ ਪਿੱਛੇ ਲੱਗਣਾ ਚਾਹੀਦਾ ਹੈ, ਤਾਂ ਕਿ ਉਹ ਇਨਕਲਾਬ ਦੇ ਅਸਲੀ ਮਾਅਨੇ, ਹਿੰਦੁਸਤਾਨ ਦੇ ਇੰਨਕਲਾਬ ਦੀ ਜ਼ਰੂਰਤ, ਦੁਨੀਆਂ ਦੇ ਇਨਕਲਾਬ ਵਿੱਚ ਇਸ ਦਾ ਥਾਂ ਕੀ ਹੈ, ਆਦਿ ਬਾਰੇ ਜਾਣ ਸਕਣ। ਸੋਚ ਵਿਚਾਰ ਦੇ ਨਾਲ ਨੌਜਵਾਨ ਆਪਣੇ ਖਿਆਲਾਤ ਨੂੰ ਪੱਕਿਆਂ ਕਰਨ, ਤਾਂ ਕਿ ਨਿਰਾਸ਼ਾ, ਮਾਯੂਸੀ ਅਤੇ ਹਾਰ ਦੇ ਜ਼ਮਾਨੇ ਵਿੱਚ ਵੀ ਡੋਲਣ ਨਾ ਅਤੇ ਇਕੱਲੇ ਖਲੋ ਕੇ ਵੀ ਦੁਨੀਆ ਦੇ ਮੁਕਾਬਲੇ ਵਿੱਚ ਡਟੇ ਰਹਿਣ। ਐਸੇ ਹੀ ਆਦਮੀ ਇਨਕਲਾਬ ਨੂੰ ਕਾਮਯਾਬ ਕਰ ਸਕਣਗੇ।

ਵਿਦਿਆਰਥੀਆਂ ਦੀ ਕਾਨਫਰੰਸ ਲਈ ਸੰਦੇਸ਼

19 ਅਕਤੂਬਰ 1929 ਨੂੰ ਉਸ ਲਿਖਿਆ ਕਿ ਇਨਕਲਾਬ ਆਜ਼ਾਦੀ ਲਿਆਵੇਗਾ, ਜਿਸ ਵਿੱਚ ਆਦਮੀ ਦੇ ਹੱਥੋਂ ਆਦਮੀ ਦੀ ਲੁੱਟ-ਖਸੁੱਟ ਅਸੰਭਵ ਹੋ ਜਾਵੇਗੀ। ਹਿੰਦੁਸਤਾਨ ਸੋਸ਼ਲਿਸਟ ਰਿਪਬਲਿਕਨ ਐਸੋਸੀਏਸ਼ਨ ਦੇ ਮੈਨੀਫੈਸਟੋ ਵਿੱਚ ਦਰਜ ਹੈ ਕਿ ਇਨਕਲਾਬ ਅਜਿਹਾ ਕ੍ਰਿਸ਼ਮਾ ਹੈ, ਜਿਸ ਨੂੰ ਕੁਦਰਤ ਪਿਆਰ ਕਰਦੀ ਹੈ, ਜਿਸ ਦੇ ਬਗ਼ੈਰ ਕੋਈ ਉਨਤੀ ਨਹੀਂ ਹੋ ਸਕਦੀ।

23 ਮਾਰਚ ਨੂੰ ਜਦੋਂ ਅਸੀਂ ਭਾਰਤ ਦੇ ਮਹਾਨ ਸਪੂਤਾਂ ਤੇ ਆਜ਼ਾਦੀ ਘੁਲਾਟੀਆਂ ਨੂੰ ਯਾਦ ਕਰਦੇ ਹਾਂ, ਤਾਂ ਮੌਜੂਦਾ ਨਵੀਂ ਪੀੜ੍ਹੀ ਦੀਆਂ ਭਾਵਨਾਵਾਂ ਬਾਰ-ਬਾਰ ਉਭਰ ਕੇ ਸਾਡੇ ਸਾਹਮਣੇ ਆਉਂਦੀਆਂ ਹਨ। ਨਵੀਂ ਪੀੜ੍ਹੀ ਨੂੰ ਮੋਬਾਇਲ ਫੋਨਾਂ 'ਤੇ ਜੁੜੇ ਹੋਏ ਅਤੇ ਗਾਣਿਆ ਵਿੱਚ ਨਸ਼ਾ ਕਰਦੇ, ਦਾਰੂ ਪੀਂਦੇ, ਸੂਟੇ ਮਾਰਦੇ, ਲਚਰ ਕਿਸਮ ਦੇ ਗਾਣੇ ਗਾਉਂਦੇ, ਨੰਗੇ ਨਾਚਾਂ ਵਿੱਚ ਮਸਤ ਪੀੜ੍ਹੀ ਵਜੋਂ ਪੇਸ਼ ਕਰਨ ਦਾ ਰੁਝਾਨ ਅਸਲੀ ਸੱਚਾਈ ਤੋਂ ਕੋਹਾਂ ਦੂਰ ਅਤੇ ਇਕ ਪਾਸੜ ਹੈ। ਨਵੀਂ ਪੀੜ੍ਹੀ ਦੇ ਨੌਜਵਾਨਾਂ ਦਾ ਵੱਡਾ ਸਮੂਹ ਆਪਣੇ ਭਵਿੱਖ ਲਈ ਚਿੰਤਾਤੁਰ ਵੀ ਹੈ ਅਤੇ ਮੁਕਾਬਲੇ ਵਿੱਚ ਅੱਗੇ ਵਧਣ ਲਈ ਬਹੁਤ ਸਖਤ ਮਿਹਨਤ ਕਰਨ ਵਾਲਾ ਵੀ।

ਨਵੀਂ ਪੀੜ੍ਹੀ ਦੀ ਬਾਹਰਮੁਖੀ ਜ਼ਰੂਰਤ ਅਜਿਹਾ ਵਿਦਿਅਕ ਢਾਂਚਾ ਹੈ, ਜਿਸ ਵਿੱਚ ਉਹਨਾਂ ਦੀ ਰੁਚੀ ਅਨੁਸਾਰ ਲਗਾਤਾਰ ਸਿੱਖਣ ਅਤੇ ਅੱਗੇ ਵਧਣ ਅਤੇ ਪ੍ਰਾਪਤ ਕੀਤੀ ਵਿਦਿਆ, ਹੁਨਰ ਅਤੇ ਤਜਰਬੇ ਦੇ ਆਧਾਰ 'ਤੇ ਆਪਣੇ ਸਮਾਜ ਲਈ ਕੁਝ ਕਰਨ ਉਪਰੰਤ ਮਾਣਮੱਤੇ ਢੰਗ ਦਾ ਜੀਵਨ ਜੀਆ ਜਾ ਸਕੇ।

ਸ਼ਹੀਦ ਸੁਖਦੇਵ ਦੇ ਆਪਣੇ ਕ੍ਰਾਂਤੀਕਾਰੀ ਦੋਸਤਾਂ ਦੇ ਨਾਂਅ ਖਤ ਦੀਆਂ ਇਹ ਗੱਲਾਂ ਅੱਜ ਵੀ ਬਹੁਤ ਮਹੱਤਵਪੂਰਨ ਹਨ। ਇਨਕਲਾਬ ਜ਼ਿੰਦਾਬਾਦ ਕਹਿਣ ਨਾਲ ਹੀ ਤੁਸੀਂ ਕ੍ਰਾਂਤੀਕਾਰੀ ਹੋ ਗਏ ਹੋ, ਤਾਂ ਇਹ ਤੁਹਾਡੀ ਭੁੱਲ ਹੈ। ਕੋਈ ਹੀ ਹੋਵੇਗਾ, ਜਿਹੜਾ ਅਸਲ ਵਿੱਚ ਇਨਕਲਾਬੀ ਕਹਾਉਣ ਦੇ ਯੋਗ ਹੋਵੇ, ਪਰ ਇਹ ਕੋਈ ਸ਼ਰਮ ਦੀ ਗੱਲ ਨਹੀਂ। ਆਪਣੀ ਇਸ ਕਮੀ ਨੂੰ ਸਾਨੂੰ ਮੰਨਣਾ ਚਾਹੀਦਾ ਹੈ ਅਤੇ ਮੰਨ ਕੇ ਉਹ ਕਮੀ ਦੂਰ ਕਰਨੀ ਚਾਹੀਦੀ ਹੈ। ਆਪਣੀ ਅਤੇ ਦੂਸਰੇ ਸਾਥੀਆਂ ਦੀ ਇਨਕਲਾਬੀ ਪੜ੍ਹਾਈ ਦਾ ਪ੍ਰਬੰਧ ਕਰਨਾ ਚਾਹੀਦਾ ਹੈ।

ਡਿਜੀਟਲ ਯੁੱਗ ਦੀ ਤਬਦੀਲੀ ਵਿੱਚ ਭਗਤ ਸਿੰਘ ਅਤੇ ਉਸ ਜ਼ਮਾਨੇ ਦੇ ਵੱਡੇ ਲੀਡਰਾਂ ਦੇ ਪ੍ਰਤੀ ਉਸ ਦੀ ਸੋਚ ਨੂੰ ਜਾਣਨਾ ਤੇ ਸਮਝਣਾ ਅੱਜ ਵੀ ਬਹੁਤ ਪ੍ਰਸੰਗਿਕ ਹੈ। ਅਸੀਂ ਬਰਾਬਰੀ ਵਾਲਾ ਸਮਾਜ ਸਿਰਜ ਕੇ ਹੀ ਭਗਤ ਸਿੰਘ ਤੇ ਉਸ ਦੇ ਸਾਥੀਆਂ ਨੂੰ ਯਾਦ ਕਰਨ ਦੇ ਹੱਕ 'ਤੇ ਮੋਹਰ ਲਗਾ ਸਕਦੇ ਹਾਂ।

# ਸੰਪਰਕ : 98142-73870

# ਵਿਸ਼ਵ ਸ਼ਾਂਤੀ, ਆਰਥਿਕ ਬਰਾਬਰੀ ਤੇ ਸਮਾਜਿਕ ਨਿਆਂ ਲਈ ਸ਼ਹੀਦ ਭਗਤ ਸਿੰਘ ਦੀ ਸੋਚ ਰਾਹ ਦਸੇਰਾ : ਕਾਮਰੇਡ ਮੌੜ, ਡਾ. ਅਰੁਣ ਮਿੱਤਰਾ

**ਲੁਧਿਆਣਾ (ਐੱਮ ਐੱਸ ਭਾਟੀਆ)**

ਅਜੋਕੇ ਸਮੇਂ ਜਦੋਂ ਦੁਨੀਆ ਭਰ ਵਿੱਚ ਜੰਗਾਂ ਨਾਲ ਤਬਾਹੀ ਹੋ ਰਹੀ ਹੈ, ਆਰਥਿਕ ਤੇ ਸਮਾਜਿਕ ਅਸਮਾਨਤਾ ਵਧ ਰਹੀ ਹੈ, ਆਰਥਿਕ ਤੌਰ 'ਤੇ ਕਮਜ਼ੋਰ ਵਰਗ ਸਿਹਤ ਤੇ ਸਿੱਖਿਆ ਤੋਂ ਵਾਂਝੇ ਹੋ ਰਹੇ ਹਨ, ਬੇਰੋਜ਼ਗਾਰੀ ਦੇ ਕਾਰਨ ਨੌਜਵਾਨ ਪ੍ਰੇਸ਼ਾਨ ਹਨ, ਅਜਿਹੇ ਸਮੇਂ ਭਗਤ ਸਿੰਘ ਦੀ ਸੋਚ ਸਾਡੇ ਲਈ ਰਾਹ ਦਸੇਰਾ ਹੈ।ਇਹ ਗੱਲ ਅੱਜ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਵਸ 'ਤੇ ਅਯੋਜਿਤ ਜਨਤਕ ਸਮਾਗਮ ਵਿੱਚ ਵੱਖ ਵੱਖ ਬੁਲਾਰਿਆਂ, ਜਿਨ੍ਹਾਂ 'ਚ ਕਾਮਰੇਡ ਡੀ ਪੀ ਮੌੜ, ਡਾ: ਅਰੁਣ ਮਿੱਤਰਾ, ਐੱਮ ਐੱਸ ਭਾਟੀਆ, ਰਮੇਸ਼ ਰਤਨ, ਚਮਕੌਰ ਸਿੰਘ, ਡਾਕਟਰ ਗੁਲਜਾਰ ਪੰਧੇਰ, ਐਡਵੋਕੇਟ ਨਵਲ ਛਿੱਬ, ਨਰੇਸ਼ ਗੌੜ, ਰਣਧੀਰ ਸਿੰਘ, ਕਾਮੇਸ਼ਵਰ ਤੇ ਟਾਈਗਰ ਸਿੰਘ ਸ਼ਾਮਲ ਸਨ, ਨੇ ਕਹੀ।ਇਸ ਜਨਤਕ ਸਮਾਗਮ ਦਾ ਆਯੋਜਨ ਸਾਥੀ ਤੇਜਾ ਸਿੰਘ ਸੁਤੰਤਰ ਮਹਲਾ ਸੁਧਾਰ ਕਮੇਟੀ ਤੇ ਸਰਬ ਭਾਰਤ ਨੌਜਵਾਨ ਸਭਾ ਨੇ ਭਾਰਤੀ ਕਮਿਊਨਿਸਟ ਪਾਰਟੀ ਸ਼ਹਿਰੀ ਲੁਧਿਆਣਾ ਦੇ ਸਹਿਯੋਗ ਨਾਲ ਵਾਈ ਬਲਾਕ ਰਿਸ਼ੀ ਨਗਰ ਵਿਖੇ ਕੀਤਾ।ਇਸ ਮੌਕੇ ਸਮਾਜ ਦੇ ਵੱਖ-ਵੱਖ ਵਰਗਾਂ ਤੋਂ ਨੌਜਵਾਨ ਵਿਦਿਆਰਥੀ ਇਸਤਰੀਆਂ ਤੇ ਹੋਰ ਲੋਕ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ।ਇਸ ਮੌਕੇ ਬੋਲਦਿਆਂ ਉਕਤ ਬੁਲਾਰਿਆਂ ਨੇ ਕਿਹਾ ਕਿ ਭਗਤ ਸਿੰਘ ਨੂੰ ਸ਼ਹੀਦੇ ਆਜ਼ਮ ਦਾ ਦਰਜਾ ਇਸ ਲਈ ਦਿੱਤਾ ਗਿਆ ਕਿ ਉਨ੍ਹਾਂ ਨੇ ਕੇਵਲ ਬਰਤਾਨਵੀ ਸਰਕਾਰ ਨੂੰ ਭਾਰਤ ਵਿੱਚੋਂ ਕੱਢਣ ਦੀ ਗੱਲ ਨਹੀਂ ਕੀਤੀ, ਬਲਕਿ ਆਜ਼ਾਦੀ ਉਪਰੰਤ ਆਰਥਿਕ ਬਰਾਬਰੀ ਤੇ ਸਮਾਜਿਕ ਨਿਆਂ ਵਾਲਾ ਲੋਕਤੰਤਰ ਤੇ ਧਰਮ ਨਿਰਪੱਖਤਾ 'ਤੇ ਅਧਾਰਤ ਸਮਾਜਵਾਦੀ ਪ੍ਰਬੰਧ ਉਸਾਰਨ ਦੀ ਗੱਲ ਕੀਤੀ।ਉਨ੍ਹਾਂ ਵਾਰ-ਵਾਰ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਅਡੰਬਰਾਂ ਵਿੱਚ ਨਾ ਪੈਣ, ਬਲਕਿ ਆਪਣੀ ਚੰਗੀ ਸੋਚ ਤੇ ਚੰਗੇ ਕੰਮਾਂ ਦੇ ਨਾਲ ਦੇਸ਼ ਤੇ ਸਮਾਜ ਨੂੰ ਰਾਹ ਦਿਖਾਉਣ।ਭਾਵੇਂ ਉਹ ਖੁਦ ਕਿਸੇ ਰੱਬੀ ਸ਼ਕਤੀ ਨੂੰ ਨਹੀਂ ਸਨ ਮੰਨਦੇ ਤੇ ਕੇਵਲ ਵਿਗਿਆਨਕ ਸੋਚ ਦੇ ਧਾਰਨੀ ਸਨ, ਉਨ੍ਹਾਂ ਨੇ ਸਭ ਧਰਮ ਤੇ ਅਕੀਦਿਆਂ ਨੂੰ ਇੱਜ਼ਤ ਮਾਨ ਦੇਣ ਦੀ ਗੱਲ ਕਹੀ ਤੇ ਸਮਾਜਿਕ ਏਕਤਾ ਦਾ ਬਲ ਦਿੱਤਾ ਵਿਸ਼ੇਸ਼ ਕਰ ਹਿੰਦੂ ਮੁਸਲਿਮ ਏਕਤਾ ਦੀ ਲੋੜ ਦੇ ਮਹੱਤਵ ਨੂੰ ਪਹਿਚਾਣ ਕੇ ਇੱਕ ਮੁੱਠ ਹੋ ਕੇ ਸਾਮਰਾਜ ਦੇ ਵਿਰੁੱਧ ਸੰਘਰਸ਼ ਦਾ ਐਲਾਨ ਕੀਤਾ।ਉਨ੍ਹਾਂ ਕਿਹਾ ਕਿ ਪ੍ਰਗਤੀਸ਼ੀਲ ਵਿਚਾਰਧਾਰਾ ਵਿਸ਼ਵ ਸ਼ਾਂਤੀ ਦੀ ਹਾਮੀ ਹੈ।ਜੰਗਾਂ ਲਾਉਣਾ ਸਾਮਰਾਜੀ ਸ਼ਕਤੀਆਂ ਦੀ ਸੋਚ ਹੁੰਦੀ ਹੈ, ਕਿਉਂਕਿ ਉਹ ਦੂਜਿਆਂ 'ਤੇ ਕਬਜ਼ਾ ਕਰਕੇ ਲੁੱਟ ਖਸੁੱਟ ਨੂੰ ਜਾਰੀ ਰੱਖਣਾ ਚਾਹੁੰਦੇ ਹਨ।ਇਸ ਲਈ ਆਜ਼ਾਦੀ ਉਪਰੰਤ ਉਨ੍ਹਾਂ ਸਰਮਾਏਦਾਰੀ ਨਿਜ਼ਾਮ ਦੀ ਬਜਾਏ ਸਮਾਜਵਾਦੀ ਪ੍ਰਬੰਧ ਦੀ ਸਿਰਜਣਾ ਦੀ ਜ਼ੋਰਦਾਰ ਵਕਾਲਤ ਕੀਤੀ ਤਾਂ ਜੋ ਸਭਨਾਂ ਲਈ ਮੁਢਲੀਆਂ ਸਹੂਲਤਾਂ ਸੁਨਿਸ਼ਚਤ ਹੋਣ।ਅਜੋਕੇ ਸਮੇਂ ਦੁੱਖ ਦੀ ਗੱਲ ਤਾਂ ਇਹ ਹੈ ਕਿ ਸੱਜੇ ਪੱਖੀ ਸੋਚ ਵਾਲੀਆਂ ਸ਼ਕਤੀਆਂ ਬਹੁਤ ਮਜ਼ਬੂਤ ਹੋ ਗਈਆਂ ਹਨ, ਜਿਹੜੀਆਂ ਕੀ ਅੱਜ ਦੁਨੀਆ ਦੇ ਵਿੱਚ ਥਾਂ ਥਾਂ ਜੰਗਾਂ ਲਾਉਣ ਦਾ ਕਾਰਨ ਬਣ ਗਈਆਂ ਹਨ।ਅਮਰੀਕਾ ਦੇ ਰਾਸ਼ਟਰਪਤੀ ਡੋਨਲਡ ਟਰੰਪ ਜੋ ਕਿ ਅਮਨ ਦੀ ਗੱਲ ਕਰਦੇ ਸਨ, ਅੱਜ ਸ਼ਰੇਆਮ ਈਰਾਨ ਉੱਪਰ ਹਮਲਾ ਕਰਕੇ ਇਜ਼ਰਾਇਲ ਦੇ ਨਾਲ ਮਿਲ ਕੇ ਵਿਸ਼ਵ ਨੂੰ ਘੋਰ ਆਰਥਿਕ ਸੰਕਟ ਵੱਲ ਧੱਕ ਰਹੇ ਹਨ।ਪੱਛਮੀ ਏਸ਼ੀਆ ਵਿੱਚ ਖਾੜੀ ਖੇਤਰ ਵਿੱਚ ਈਰਾਨ ਉੱਪਰ ਹਮਲੇ ਕਾਰਨ ਤੀਸਰੇ ਵਿਸ਼ਵ ਯੁੱਧ ਦਾ ਖਤਰਾ ਮੰਡਰਾਉਣ ਲੱਗ ਪਿਆ ਹੈ ਤੇ ਪ੍ਰਮਾਣੂ ਹਥਿਆਰਾਂ ਦੀ ਵਰਤੋਂ ਦਾ ਵੀ ਖਤਰਾ ਵਧਦਾ ਜਾ ਰਿਹਾ ਹੈ। ਇਸੇ ਢੰਗ ਨਾਲ ਹੀ ਭਾਰਤ ਅੰਦਰ ਵੀ ਆਰ ਐੱਸ ਐੱਸ ਦੀ ਸੋਚ ਵਾਲੀ ਭਾਜਪਾ ਸਰਕਾਰ ਫਿਰਕੂ ਲੀਹਾਂ 'ਤੇ ਸਮਾਜ ਨੂੰ ਵੰਡ ਰਹੀ ਹੈ ਤੇ ਹਿੰਸਾ ਨੂੰ ਬੜ੍ਹਾਵਾ ਦੇ ਰਹੀ ਹੈ।ਅੱਜ ਰਾਜਨੀਤਕ ਤੌਰ 'ਤੇ ਲੋਕਤੰਤਰ ਤੇ ਧਰਮ-ਨਿਰਪੱਖਤਾ ਨੂੰ ਤਰਜੀਹ ਦੇਣ ਵਾਲੀਆਂ ਸ਼ਕਤੀਆਂ ਨੂੰ ਇੱਕਮੁੱਠ ਹੋ ਕੇ ਇਨ੍ਹਾਂ ਕੱਟੜਪੰਥੀ ਹਿੰਦੂਤਵਵਾਦੀ ਸ਼ਕਤੀਆਂ ਨੂੰ ਹਰਾਉਣ ਦੀ ਸਖਤ ਲੋੜ ਹੈ।ਆਜ਼ਾਦੀ ਦੇ ਸੰਗਰਾਮ ਵਿੱਚ ਭਗਤ ਸਿੰਘ, ਰਾਜਗੁਰੂ, ਸੁਖਦੇਵ, ਰਾਮ ਪ੍ਰਸਾਦ ਬਿਸਮਿਲ, ਅਸ਼ਫਾਕ ਉੱਲਾ ਖਾਨ ਆਦਿ ਸਭ ਧਰਮਾਂ ਤੋਂ ਆਏ ਨੌਜਵਾਨਾਂ ਦਾ ਏਕਾ ਸਾਡੇ ਲਈ ਇੱਕ ਮਾਰਗ ਦਰਸ਼ਕ ਹੈ।ਇਸ ਮੌਕੇ ਸ਼ਹੀਦ ਭਗਤ ਸਿੰਘ ਦੀ ਜੀਵਨੀ ਦੇ ਨਾਲ ਸਬੰਧਤ ਨਾਟਕ ਛਿਪਣ ਤੋਂ ਪਹਿਲਾਂ ਮੋਗਾ ਇਪਟਾ ਵੱਲੋਂ ਖੇਡਿਆ ਗਿਆ।ਇਨਕਲਾਬੀ ਕਵੀਸ਼ਰੀ ਜੱਥਾ ਰਸੂਲਪੁਰ ਵੱਲੋਂ ਕਵੀਸ਼ਰੀ ਪੇਸ਼ ਕੀਤੀ ਗਈ।ਚਾਂਦ ਕਲੋਨੀ ਸਥਿਤ ਸਾਈਵਾਲ ਸਕੂਲ ਦੇ ਬੱਚਿਆਂ ਨੇ ਇਨਕਲਾਬੀ ਗੀਤ ਗਾਏ।ਇਸ ਮੌਕੇ ਆਏ ਪਤਵੰਤੇ ਸੱਜਣਾ, ਜਿਨ੍ਹਾਂ 'ਚ ਕੌਂਸਲਰ ਇੰਦੂ ਮੁਨੀਸ਼ ਸ਼ਾਹ, ਮੁਨੀਸ਼ਾ ਸੁਰੇਸ਼ ਸ਼ਰਮਾ ਦਵਿੰਦਰ ਸ਼ਰਮਾ ਆਦਿ ਸ਼ਾਮਲ ਸਨ, ਨੇ ਬੱਚਿਆਂ ਨੂੰ ਟਰਾਫੀਆਂ ਦੇ ਕੇ ਸਨਮਾਨਤ ਕੀਤਾ ਗਿਆ।ਇਸ ਸਮੁੱਚੇ ਸਮਾਗਮ ਦੀ ਸਟੇਜ ਦੀ ਕਾਰਵਾਈ ਸੁਰਜੀਤ ਨੇ ਬਾਖੂਬੀ ਨਿਭਾਈ।

**ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਸਮਾਗਮ**



# ਮਜ਼ਦੂਰ-ਮੁਲਾਜ਼ਮ ਜਥੇਬੰਦੀਆਂ ਵੱਲੋਂ ਲੁਧਿਆਣਾ 'ਚ ਵਿਸ਼ਾਲ ਰੈਲੀ

**ਲੁਧਿਆਣਾ (ਸਤੀਸ਼ ਸਚਦੇਵਾ)**



ਮਜ਼ਦੂਰ ਤੇ ਮੁਲਾਜ਼ਮ ਜਥੇਬੰਦੀਆਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਲੁਧਿਆਣਾ ਦੇ ਜਲੰਧਰ ਬਾਈਪਾਸ ਨੇੜੇ ਦਾਣਾ ਮੰਡੀ ਵਿਖੇ ਵਿਸ਼ਾਲ ਰੈਲੀ ਕੀਤੀ ਗਈ।ਇਸ ਰੈਲੀ ਨੂੰ ਸੰਬੋਧਨ ਕਰਦਿਆਂ ਇਫਟੂ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਜਰਮਨਜੀਤ ਸਿੰਘ ਛੱਜਲਵਡੀ ਤੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਪ੍ਰਧਾਨ ਮੁਕੇਸ਼ ਮਲੌਦ ਨੇ ਆਖਿਆ ਕਿ ਅੱਜ ਦੀ ਰੈਲੀ ਚਾਰ ਲੇਬਰ ਕੋਡ ਰੱਦ ਕਰਨ, ਬਿਜਲੀ ਸੋਧ ਬਿੱਲ 2025 ਰੱਦ ਕਰਨ, ਮਗਨਰੇਗਾ ਕਾਨੂੰਨ ਬਹਾਲ ਕਰਨ, ਠੇਕਾ ਵਰਕਰ ਪੱਕੇ ਕਰਨ, ਸਕੀਮ ਆਊਟਸੋਰਸ ਵਰਕਰ, ਠੇਕਾ ਮੁਲਾਜ਼ਮ, ਮਗਨਰੇਗਾ ਮੁਲਾਜ਼ਮ ਸਮੇਤ ਮਗਨਰੇਗਾ ਮੇਟ, ਆਸ਼ਾ, ਮਿੱਡ ਡੇ ਮੀਲ, ਆਂਗਨਵਾੜੀ, ਜੰਗਲਾਤ, ਬਿਜਲੀ ਕਰਮਚਾਰੀ ਤੇ ਸਫਾਈ ਵਰਕਰਾਂ ਨੂੰ ਪੱਕਾ ਕਰਨ, ਪੇਂਡੂ ਮਜ਼ਦੂਰਾਂ ਦੀ ਦਿਹਾੜੀ 1000 ਰੁਪਏ ਤੇ ਮਹੀਨਾ 26 ਦਿਨ ਦਾ ਮੰਨ ਕੇ ਮਾਸਿਕ ਉਜ਼ਰਤ 26 ਹਜ਼ਾਰ ਰੁਪਏ ਤੈਅ ਕਰਨ, ਆਟੋਜ਼ ਦੇ ਆਨਲਾਈਨ ਚਲਾਨ ਕਰਨੇ ਬੰਦ ਕਰਨ ਤੇ ਟੈਸਟ ਪਾਸਿੰਗ ਫੀਸਾਂ ਵਿੱਚ ਕੀਤਾ ਵਾਧਾ ਵਾਪਸ ਲੈਣ ਆਦਿ ਮੰਗਾਂ ਨੂੰ ਲੈ ਕੇ ਕੀਤੀ ਜਾ ਰਹੀ ਹੈ।ਆਗੂਆਂ ਨੇ ਕਿਹਾ ਕਿ ਚਾਰ ਲੇਬਰ ਕੋਡ ਮਜ਼ਦੂਰ ਵਰਗ ਲਈ ਬਹੁਤ ਘਾਤਕ ਹਨ। ਇਨ੍ਹਾਂ ਦੇ ਲਾਗੂ ਹੋਣ ਨਾਲ ਮਜ਼ਦੂਰਾਂ ਦੀ 300 ਦੀ ਗਿਣਤੀ ਤੱਕ ਦੀਆਂ ਫੈਕਟਰੀਆਂ ਬੰਦ ਹੋ ਜਾਣਗੀਆਂ, 12 ਘੰਟੇ ਦਾ ਕੰਮ ਮਜ਼ਦੂਰ ਮਸ਼ੀਨ ਬਣਾ ਦੇਵੇਗਾ, ਮਜ਼ਦੂਰਾਂ ਨੂੰ ਕੱਢਣਾ ਅਸਾਨ ਹੋ ਜਾਵੇਗਾ, ਸਮਾਜਿਕ ਸੁਰੱਖਿਆ ਸਿਰਫ ਕਾਗਜ਼ਾਂ ਵਿੱਚ ਰਹਿ ਜਾਵੇਗੀ ਤੇ ਯੂਨੀਅਨ ਬਣਾਉਣ ਦਾ ਅਧਿਕਾਰ ਸੀਮਤ ਹੋ ਜਾਵੇਗਾ।ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਜਨਤਕ ਅਦਾਰਿਆਂ ਦਾ ਧੜਾਧੜ ਨਿੱਜੀਕਰਨ ਕਰ ਰਹੀ ਹੈ, ਇਸ ਦਾ ਬਿਜਲੀ ਬਿੱਲ 2025 ਬਿਜਲੀ ਦੇ ਵੰਡ ਖ਼ੇਤਰ ਨੂੰ ਨਿੱਜੀ ਕੰਪਨੀਆਂ ਦੇ ਹਵਾਲੇ ਕਰਨਾ ਹੈ, ਜਿਸ ਨਾਲ ਸਬਸਿਡੀਆਂ ਘੱਟ ਜਾਣਗੀਆਂ ਜਾਂ ਖਤਮ ਹੋ ਜਾਣਗੀਆਂ।ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਵੱਲੋਂ ਮਗਨਰੇਗਾ ਕਾਨੂੰਨ ਖਤਮ ਕਰਕੇ ਲਿਆਂਦੇ ਗਏ ਵਿ ਬੀ ਜੀ ਰਾਮ ਜੀ ਕਾਨੂੰਨ ਨਾਲ ਰੁਜ਼ਗਾਰ ਦੀ ਕਾਨੂੰਨੀ ਸੁਰੱਖਿਆ ਕਮਜ਼ੋਰ ਹੋਵੇਗੀ।

ਉਨ੍ਹਾਂ ਆਖਿਆ ਕਿ ਕੇਂਦਰ ਸਰਕਾਰ ਦੇ ਨਾਲ ਨਾਲ ਪੰਜਾਬ ਦੀ ਮਾਨ ਸਰਕਾਰ ਵੀ ਜਨਤਕ ਜਥੇਬੰਦੀਆਂ ਦੇ ਸੰਘਰਸ਼ਾਂ ਉੱਤੇ ਜਬਰ ਢਾਹ ਰਹੀ ਹੈ ਤੇ ਆਗੂਆਂ ਨੂੰ ਝੂਠੇ ਕੇਸਾਂ ਤਹਿਤ ਜੇਲ੍ਹਾਂ ਵਿੱਚ ਬੰਦ ਕੀਤਾ ਜਾ ਰਿਹਾ ਹੈ, ਜਿਸ ਨੂੰ ਸਹਿਣ ਨਹੀਂ ਕੀਤਾ ਜਾਵੇਗਾ।ਰੈਲੀ ਉਪਰੰਤ ਮੁਜ਼ਾਹਰਾ ਵੀ ਕੀਤਾ ਗਿਆ।ਸਟੇਜ ਦੀ ਸੇਵਾ ਕਸ਼ਮੀਰ ਸਿੰਘ ਘੁਗਸ਼ੋਰ ਨੇ ਨਿਭਾਈ।ਇੰਡੀਅਨ ਫੈਡਰੇਸ਼ਨ ਆਫ ਟਰੇਡ ਯੂਨੀਅਨਜ਼, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ, ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਵਰਕਰ ਵੱਡੀ ਗਿਣਤੀ ਵਿੱਚ ਇਸ ਰੈਲੀ ਵਿੱਚ ਪਹੁੰਚੇ।ਇਸ ਮੌਕੇ ਆਸ਼ਾ ਵਰਕਰ ਯੂਨੀਅਨ ਦੇ ਸ਼ਕੁੰਤਲਾ ਸਰੋਏ, ਮਿੱਡ ਡੇ ਮੀਲ ਵਰਕਰ ਯੂਨੀਅਨ ਦੇ ਲਖਵਿੰਦਰ ਕੌਰ ਫਰੀਦਕੋਟ, ਪੀ ਐੱਮ ਯੂਨੀਅਨ ਦੇ ਮੰਗਾ ਸਿੰਘ ਬੇਰੋਕੇ ਤੇ ਹੰਸ ਰਾਜ ਪੱਦਵਾਂ, ਜ਼ਮੀਨ ਪ੍ਰਾਪਤ ਸੰਘਰਸ਼ ਕਮੇਟੀ ਦੇ ਬਿੱਕਰ ਸਿੰਘ ਹੱਥੋਆ ਤੇ ਧਰਮਵੀਰ ਹਰੀਗੜ੍ਹ, ਜੋਗਿੰਦਰ ਪਾਲ ਗੁਰਦਾਸਪੁਰ, ਅਵਤਾਰ ਸਿੰਘ ਤਾਰੀ ਨੇ ਸੰਬੋਧਨ ਕੀਤਾ।ਇਸ ਮੌਕੇ ਜਸਵੀਰ ਸਿੰਘ ਦੀਪ, ਰੁਪਿੰਦਰ ਪਾਲ, ਸੁਖਵਿੰਦਰ ਸਿੰਘ, ਪ੍ਰਵੀਨ ਕੁਮਾਰੀ, ਗੁਰਪ੍ਰੀਤ ਕੌਰ, ਬਿਕਰਮਦੇਵ ਸਿੰਘ, ਹਰਦੀਪ ਟੋਡਰਪੁਰ, ਮਮਤਾ ਸ਼ਰਮਾ, ਸੁਖਦੇਵ ਮਾਨੂਕੇ ਤੋਂ ਇਲਾਵਾ ਹਜ਼ਾਰਾਂ ਦੀ ਗਿਣਤੀ 'ਚ ਮਜ਼ਦੂਰ ਮੁਲਾਜ਼ਮ ਹਾਜ਼ਰ ਸਨ।

## ਕਾਤਰਾਂ

### ਦੋ ਰੋਜ਼ਾ ਕਬੱਡੀ ਟੂਰਨਾਮੈਂਟ ਅੱਜ ਤੋਂ

**ਲੌਂਗੋਵਾਲ (ਪ੍ਰਦੀਪ ਸੱਪਲ)**-ਸ੍ਰੀ ਗੁਰੂ ਤੇਗ ਬਹਾਦਰ ਯੂਥ ਕਲੱਬ ਸ਼ਾਹਪੁਰ ਕਲਾਂ ਵੱਲੋਂ 23 ਤੇ 24 ਮਾਰਚ ਨੂੰ 12ਵਾਂ ਵਿਸ਼ਾਲ ਨਿਰੋਲ ਕਬੱਡੀ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ।ਇਸ ਟੂਰਨਾਮੈਂਟ ਦੀ ਅਗਵਾਈ ਸਰਪ੍ਰਸਤ ਬਘੇਲ ਸਿੰਘ ਬੱਬੂ, ਕਲੱਬ ਪ੍ਰਧਾਨ ਬਲਵਿੰਦਰ ਸਿੰਘ ਬੱਬੂ, ਸਰਪੰਚ ਲਖਬੀਰ ਸਿੰਘ ਲੱਖੀ ਤੇ ਗੋਬਿੰਦ ਸਿੰਘ ਗੋਪੀ ਵੱਲੋਂ ਕੀਤੀ ਜਾ ਰਹੀ ਹੈ।ਅੱਜ ਲੌਂਗੋਵਾਲ ਵਿਖੇ ਸੱਦਾ ਪੱਤਰ ਦੇਣ ਪਹੁੰਚੇ ਚਮਕੌਰ ਸਿੰਘ ਸ਼ਾਹਪੁਰ ਨੇ ਦੱਸਿਆ ਕਿ ਇਸ ਟੂਰਨਾਮੈਂਟ ਵਿੱਚ 45 ਕਿੱਲੋ, 52 ਕਿੱਲੋ, 65 ਕਿੱਲੋ, 75 ਕਿੱਲੋ ਤੇ ਓਪਨ ਕਬੱਡੀ ਦੇ ਮੁਕਾਬਲੇ ਕਰਵਾਏ ਜਾਣਗੇ।ਉਨ੍ਹਾਂ ਦੱਸਿਆ ਕਿ ਓਪਨ ਕਬੱਡੀ ਵਿੱਚ ਪਹਿਲਾ ਇਨਾਮ 71000 ਰੁਪਏ ਤੇ ਦੂਸਰਾ ਇਨਾਮ 51000 ਰੁਪਏ ਰੱਖਿਆ ਗਿਆ ਹੈ, ਜਦਕਿ ਹੋਰ ਵਰਗਾਂ ਵਿੱਚ ਵੀ ਹਜ਼ਾਰਾਂ ਰੁਪਏ ਦੇ ਇਨਾਮ ਤੇ ਬੈਸਟ ਖਿਡਾਰੀਆਂ ਨੂੰ ਕੱਪ ਤੇ ਨਕਦ ਰਕਮ ਨਾਲ ਸਨਮਾਨਤ ਕੀਤਾ ਜਾਵੇਗਾ।ਇਸ ਦੌਰਾਨ ਕਬੱਡੀ ਕਮੈਂਟੇਟਰ ਰੁਪਿੰਦਰ ਜਲਾਲ ਦੀ ਹਾਜ਼ਰੀ ਵੀ ਰਹੇਗੀ।

### ਸੋਸ਼ਲ ਵੈੱਲਫੇਅਰ ਯੂਨਿਟ ਧੂਰੀ ਦੀ ਚੋਣ



**ਧੂਰੀ (ਮਨੋਹਰ ਸਿੰਘ ਸੱਗੂ)**-ਸੋਸ਼ਲ ਵੈੱਲਫੇਅਰ ਯੂਨਿਟ ਧੂਰੀ ਦੀ ਚੋਣ ਸੇਵਾ ਮੁਕਤ ਕਾਰਜਸਾਧਕ ਅਫਸਰ ਸਤੀਸ਼ ਕੁਮਾਰ ਦੀ ਅਗਵਾਈ ਹੇਠ ਹੋਈ।ਚੋਣ ਦੌਰਾਨ ਸਰਬਸੰਮਤੀ ਨਾਲ ਮਲਕੀਤ ਸਿੰਘ ਚਾਂਗਲੀ ਨੂੰ ਪ੍ਰਧਾਨ ਤੇ ਸਤੀਸ਼ ਚੰਦਰ ਅਰੋੜਾ ਤੇ ਸਤੀਸ਼ ਕੁਮਾਰ ਗਰਗ ਸੇਵਾ ਮੁਕਤ ਕਾਰਜਸਾਧਕ ਅਫ਼ਸਰ ਨੂੰ ਚੇਅਰਮੈਨ ਚੁਣਿਆ ਗਿਆ।ਬਾਕੀ ਅਹੁਦੇਦਾਰਾਂ 'ਚ ਸੰਦੀਪ ਸੇਠ ਸੀਨੀਅਰ ਮੀਤ ਪ੍ਰਧਾਨ, ਕੇ ਕੇ ਮੀਤ ਪ੍ਰਧਾਨ, ਮਨਜੀਤ ਸਿੰਘ ਬਖਸ਼ੀ ਜਨਰਲ ਸਕੱਤਰ, ਵਿਸ਼ਾਲ ਜੈਨ ਸੰਯੁਕਤ ਸਕੱਤਰ, ਕਰਮ ਸਿੰਘ ਸੋਢੀ ਮੁੱਖ ਸਲਾਹਕਾਰ, ਨਰਿੰਦਰ ਸਿੰਗਲਾ ਖਜ਼ਾਨਚੀ, ਰਾਜਿੰਦਰ ਬਿੱਲਾ ਆਰਗੇਨਾਈਜ਼ਰ ਸਕੱਤਰ ਚੁਣੇ ਗਏ ਅਤੇ ਵਿਜੈ ਸੋਫ਼ਤ, ਯਸ਼ ਬਾਂਸਲ, ਹਰੀਸ਼ ਰਾਜੂ ਤੇ ਕੈਲਾਸ਼ ਕਾਲਾ ਕਾਰਜਕਾਰੀ ਮੈਂਬਰ ਨਿਯੁਕਤ ਕੀਤੇ ਗਏ।

### ਪਿੰਡ ਚੱਠੇ ਨਕਟੇ 'ਚ ਬੂਟੇ ਲਗਾਏ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਪਿੰਡ ਚੱਠੇ ਨਕਟੇ ਵਿਖੇ ਸਰਪੰਚ ਹਰਜਿੰਦਰ ਸਿੰਘ ਦੀ ਅਗਵਾਈ ਵਿੱਚ ਬੂਟੇ ਲਗਾਉਣ ਦੀ ਮੁਹਿੰਮ ਸ਼ੁਰੂ ਕੀਤੀ ਗਈ। ਇਸ ਮੌਕੇ ਉਨ੍ਹਾਂ ਨਾਲ ਰਸ਼ਪਾਲ ਸਿੰਘ ਪਾਲੀ ਹਾਜ਼ਰ ਸਨ। ਇਸ ਮੌਕੇ ਉਨ੍ਹਾਂ ਕਿਹਾ ਕਿ ਵਾਤਾਵਰਨ ਨੂੰ ਪ੍ਰਦੂਸ਼ਣ ਮੁਕਤ ਰੱਖਣ ਲਈ ਸਾਨੂੰ ਵੱਧ ਤੋਂ ਵੱਧ ਬੂਟੇ ਲਗਾਉਣੇ ਚਾਹੀਦੇ ਹਨ। ਇਸ ਮੌਕੇ ਬੀ ਐੱਲ ਓ ਦਲੇਰ ਸਿੰਘ ਨੇ ਰੁੱਖ ਲਗਾਉਣ ਦੇ ਮਹੱਤਵ ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਪੌਦੇ ਲਗਾਉਣ ਨਾਲ ਸਾਡਾ ਆਲਾ ਦੁਆਲਾ ਹਰਿਆ-ਭਰਿਆ ਹੁੰਦਾ ਹੈ। ਮੌਕੇ 'ਤੇ ਪਿੰਡ ਚੱਠੇ ਨਕਟੇ ਦੀ ਸਮੂਹ ਟੀਮ ਨੇ ਅੰਗਦ ਸਿੰਘ ਦਾ ਸਹਿਯੋਗ ਦੇਣ ਲਈ ਧੰਨਵਾਦ ਕੀਤਾ।

# 5 ਕਿੱਲੋ 765 ਗ੍ਰਾਮ ਹੈਰੋਇਨ ਸਮੇਤ 3 ਸਮਗਲਰ ਕਾਬੂ

**ਫਿਰੋਜ਼ਪੁਰ (ਗੁਰਬਚਨ ਸਿੰਘ)**-ਪੰਜਾਬ ਸਰਕਾਰ ਤੇ ਡਾਇਰੈਕਟਰ ਜਨਰਲ ਪੁਲਸ ਵੱਲੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਵਿੱਢੀ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਫਿਰੋਜ਼ਪੁਰ ਪੁਲਸ ਨੂੰ ਉਸ ਸਮੇਂ ਵੱਡੀ ਸਫ਼ਲਤਾ ਮਿਲੀ, ਜਦੋਂ ਵੱਖ-ਵੱਖ ਕਾਰਵਾਈਆਂ ਦੌਰਾਨ 3 ਅਪਰਾਧੀਆਂ ਨੂੰ ਗ੍ਰਿਫ਼ਤਾਰ ਕਰਕੇ ਕੁੱਲ 5 ਕਿੱਲੋ 765 ਗ੍ਰਾਮ ਹੈਰੋਇੰਨ ਬਰਾਮਦ ਕੀਤੀ ਗਈ।ਜ਼ਿਲ੍ਹਾ ਪੁਲਸ ਮੁਖੀ ਭੁਪਿੰਦਰ ਸਿੰਘ ਸਿੱਧੂ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਕਾਰਵਾਈ ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ ਬਣਾਈਆਂ ਗਈਆਂ ਵਿਸ਼ੇਸ਼ ਟੀਮਾਂ ਦੁਆਰਾ ਕੀਤੀ ਗਈ।ਉਨ੍ਹਾਂ ਦੱਸਿਆ ਕਿ ਸੀਆਈਏ ਜ਼ੀਰਾ ਦੇ ਸਹਾਇਕ ਥਾਣੇਦਾਰ ਅੰਗਰੇਜ਼ ਸਿੰਘ ਦੀ ਅਗਵਾਈ ਵਾਲੀ ਪੁਲਸ ਪਾਰਟੀ ਨੇ ਪਿੰਡ ਮੱਧਰੇ ਦੇ ਸ਼ਮਸ਼ਾਨ ਘਾਟ ਕੋਲੋਂ ਜਸਵੀਰ ਸਿੰਘ ਉਰਫ ਕਾਕਾ ਤੇ ਸੁਖਵਿੰਦਰ ਸਿੰਘ ਉਰਫ ਸੁੱਖੀ ਨੂੰ ਕਾਬੂ ਕੀਤਾ।ਇਨ੍ਹਾਂ ਪਾਸੋਂ 1 ਕਿੱਲੋ 52 ਗ੍ਰਾਮ ਹੈਰੋਇਨ ਬਰਾਮਦ ਹੋਈ।ਥਾਣਾ ਸਦਰ ਫਿਰੋਜ਼ਪੁਰ ਵਿਖੇ ਮਾਮਲਾ ਦਰਜ ਕਰਕੇ ਤਫਤੀਸ਼ ਸ਼ੁਰੂ ਕਰ ਦਿੱਤੀ ਗਈ ਹੈ।ਇਸੇ ਤਰ੍ਹਾਂ ਸੀਆਈਏ ਜ਼ੀਰਾ ਦੇ ਸਹਾਇਕ ਥਾਣੇਦਾਰ ਬੋਹੜ ਸਿੰਘ ਦੀ ਟੀਮ ਨੇ ਕਿਲੇ ਵਾਲਾ ਚੌਂਕ ਪਾਸੋਂ ਮੋਟਰਸਾਈਕਲ ਸਵਾਰ ਅਲਬਖਸ਼ ਉਰਫ ਕਾਕਾ ਨੂੰ ਗ੍ਰਿਫ਼ਤਾਰ ਕੀਤਾ।ਤਲਾਸ਼ੀ ਦੌਰਾਨ ਉਸ ਕੋਲੋਂ 2 ਕਿੱਲੋ 725 ਗ੍ਰਾਮ ਹੈਰੋਇੰਨ ਮਿਲੀ।ਪੁਲਸ ਅਨੁਸਾਰ ਅਲਬਖਸ਼ ਇਕ ਪੇਸ਼ੇਵਰ ਅਪਰਾਧੀ ਹੈ, ਜਿਸ 'ਤੇ ਪਹਿਲਾਂ ਵੀ ਹੈਰੋਇਨ ਤਸਕਰੀ, ਡਰੱਗ ਮਨੀ ਤੇ ਨਾਜਾਇਜ਼ ਅਸਲੇ ਦੇ ਕਈ ਸੰਗੀਨ ਮਾਮਲੇ ਦਰਜ ਹਨ।ਥਾਣਾ ਸਦਰ ਫਿਰੋਜ਼ਪੁਰ ਦੇ ਬਲਦੇਵ ਰਾਜ ਦੀ ਟੀਮ ਨੂੰ ਪਿੰਡ ਲੰਗੇਆਨਾ ਦੇ ਖੇਤਾਂ ਵਿੱਚ ਡਰੋਨ ਰਾਹੀਂ ਪੀਲੇ ਰੰਗ ਦੇ ਪੈਕੇਟ ਸੁੱਟੇ ਜਾਣ ਦੀ ਸੂਚਨਾ ਮਿਲੀ ਸੀ।ਸਰਚ ਆਪ੍ਰੇਸ਼ਨ ਦੌਰਾਨ ਪੁਲਸ ਨੇ ਉਥੋਂ 1 ਕਿੱਲੋ 988 ਗ੍ਰਾਮ ਹੈਰੋਇਨ ਬਰਾਮਦ ਕੀਤੀ।ਇਸ ਸਬੰਧੀ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੀ ਜਾਂਚ ਜਾਰੀ ਹੈ।ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਅਲਬਖਸ਼ ਖ਼ਿਲਾਫ਼ ਪਹਿਲਾਂ ਵੀ ਤਿੰਨ ਵੱਡੇ ਮੁਕੱਦਮੇ ਦਰਜ ਹਨ, ਜਿਨ੍ਹਾਂ ਵਿੱਚ 7 ਕਿੱਲੋ ਹੈਰੋਇਨ, 36 ਲੱਖ ਡਰੱਗ ਮਨੀ ਤੇ ਹਥਿਆਰਾਂ ਦੀ ਬਰਾਮਦਗੀ, 50 ਗ੍ਰਾਮ ਹੈਰੋਇਨ ਤੇ ਸਕਾਰਪੀਓ ਗੱਡੀ ਦੀ ਬਰਾਮਦਗੀ, 105 ਗ੍ਰਾਮ ਹੈਰੋਇਨ ਤੇ ਪਿਸਤੌਲ ਦੀ ਬਰਾਮਦਗੀ ਸ਼ਾਮਲ ਹੈ।ਐੱਸ ਐੱਸ ਪੀ ਸਿੱਧੂ ਨੇ ਸਪੱਸ਼ਟ ਕੀਤਾ ਕਿ ਨਸ਼ਾ ਤਸਕਰਾਂ ਤੇ ਸਮਾਜ ਵਿਰੋਧੀ ਅਨਸਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ ਤੇ ਇਹ ਮੁਹਿੰਮ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਜਾਰੀ ਰਹੇਗੀ।

# ਮਨੀ ਕਰਿਆਨਾ ਸਟੋਰ ਨੂੰ ਲੱਗੀ ਅੱਗ, ਦੋ ਕਰੋੜ ਦਾ ਨੁਕਸਾਨ

**ਬੱਧਨੀ ਕਲਾਂ (ਲਵਲੀ ਮਾਛੀਕੇ)**



ਹਠੂਰ ਇਲਾਕੇ ਦੀ ਸਭ ਤੋਂ ਵੱਡੀ ਦੁਕਾਨ ਮਨੀ ਕਰਿਆਨਾ ਸਟੋਰ ਹਠੂਰ ਵਿਖੇ ਬੀਤੀ ਰਾਤ ਅਚਾਨਕ ਅੱਗ ਲੱਗਣ ਕਾਰਨ ਦੋ ਕਰੋੜ ਰੁਪਏ ਦਾ ਨੁਕਸਾਨ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਇਸ ਸਬੰਧੀ ਦੁਕਾਨਦਾਰ ਅਮਨਦੀਪ ਸਿੰਘ ਉਰਫ ਮਨੀ ਪੁੱਤਰ ਜਸਪਾਲ ਸਿੰਘ ਵਾਸੀ ਹਠੂਰ ਨੇ ਦੱਸਿਆ ਕਿ ਬੀਤੀ ਰਾਤ ਅਸੀਂ ਰੋਜ਼ਾਨਾ ਦੀ ਤਰ੍ਹਾਂ ਲਗਭਗ ਅੱਠ ਵਜੇ ਦੁਕਾਨ ਬੰਦ ਕਰਕੇ ਗਏ ਹਾਂ ਤੇ ਲਗਭਗ ਦਸ ਵਜੇ ਸਾਨੂੰ ਨੇੜੇ ਦੇ ਦੁਕਾਨਦਾਰਾ ਨੇ ਫੋਨ ਕੀਤਾ ਕਿ ਤੁਹਾਡੀ ਦੁਕਾਨ ਵਿੱਚੋਂ ਅੱਗ ਲੱਗਣ ਕਾਰਨ ਧੂੰਆਂ ਨਿਕਲ ਰਿਹਾ ਹੈ।ਉਨ੍ਹਾ ਦੱਸਿਆ ਕਿ ਜਦੋਂ ਅਸੀਂ ਆ ਕੇ ਦੁਕਾਨ ਦਾ ਦਰਵਾਜ਼ਾ ਖੋਲ੍ਹਿਆ ਤਾਂ ਅੱਗ ਇੱਕਦਮ ਭੜਕ ਪਈ।ਉਨ੍ਹਾ ਦੱਸਿਆ ਕਿ ਦੁਕਾਨ ਦੀ ਦੂਸਰੀ ਮੰਜ਼ਿਲ 'ਤੇ ਸਟੋਰ ਹੋਣ ਕਰਕੇ ਅੱਗ ਨੇ ਦੋਵੇਂ ਮੰਜ਼ਿਲਾਂ ਨੂੰ ਆਪਣੀ ਲਪੇਟ ਵਿੱਚ ਲੈ ਲਿਆ। ਦੁਕਾਨ ਵਿੱਚ ਦੇਸੀ ਘਿਓ, ਡਾਲਡਾ ਘਿਓ, ਸਰ੍ਹੋਂ ਦਾ ਤੇਲ, ਖੰਡ ਤੇ ਹੋਰ ਰੋਜ਼ਾਨਾ ਘਰ ਵਿੱਚ ਵਰਤਨ ਵਾਲਾ ਸਾਰਾ ਸਾਮਾਨ ਸੜ ਕੇ ਸੁਆਹ ਹੋ ਗਿਆ ਹੈ।

ਉਨ੍ਹਾ ਦੱਸਿਆ ਕਿ ਅੱਗ ਲੱਗਣ ਬਾਰੇ ਪਿੰਡ ਦੇ ਵੱਖ-ਵੱਖ ਗੁਰਦੁਆਰਾ ਸਾਹਿਬ ਤੋਂ ਅਨਾਊਂਸਮੈਂਟ ਕਰਵਾਈ ਗਈ, ਜਿਸ ਨਾਲ ਹਠੂਰ ਵਾਸੀ ਪਾਣੀ ਨਾਲ ਭਰੀਆਂ ਟੈਂਕੀਆਂ ਲੈ ਕੇ ਮੌਕੇ 'ਤੇ ਪਹੁੰਚੇ ਤੇ ਥਾਣਾ ਹਠੂਰ ਦੇ ਐੱਸ ਐੱਚ ਓ ਕੁਲਦੀਪ ਕੁਮਾਰ ਨੇ ਮੌਕੇ 'ਤੇ ਪਹੁੰਚ ਕੇ ਜਗਰਾਉਂ, ਮੁੱਲਾਂਪੁਰਾ, ਰਾਏਕੋਟ, ਬਰਨਾਲਾ ਤੋਂ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਮੰਗਵਾਈਆਂ, ਪਰ ਪੰਜ ਘੰਟਿਆਂ ਦੀ ਜੱਦੋ ਜਹਿਦ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ ਗਿਆ।ਉਨ੍ਹਾਂ ਦੱਸਿਆ ਕਿ ਅੱਗ ਨਾਲ ਕਰਿਆਨੇ ਦਾ ਸਾਰਾ ਸਾਮਾਨ ਸੜ ਕੇ ਸੁਆਹ ਹੋ ਚੁੱਕਾ ਹੈ ਤੇ ਦੁਕਾਨ ਦੀਆਂ ਦੋਵੇਂ ਮੰਜ਼ਿਲਾਂ ਵੀ ਅੱਗ ਨਾਲ ਪਾਟ ਗਈਆਂ ਹਨ।ਇਥੇ ਵਰਨਣਯੋਗ ਹੈ ਕਿ ਮਨੀ ਕਰਿਆਨਾ ਸਟੋਰ ਦੇ ਇੱਕ ਪਾਸੇ ਰਾਜ ਕੁਮਾਰ ਜੈਨ ਸਟੋਰ ਹੈ, ਉਸ ਦਾ ਵੀ ਲਗਭਗ 26 ਲੱਖ ਰੁਪਏ ਦਾ ਨੁਕਸਾਨ ਹੋਇਆ ਹੈ ਅਤੇ ਦੂਜੇ ਪਾਸੇ ਜਸਪ੍ਰੀਤ ਸਿੰਘ ਧਾਲੀਵਾਲ ਦਾ ਘਰ ਹੈ, ਉਸ ਦਾ ਵੀ ਲਗਭਗ ਛੇ ਲੱਖ ਰੁਪਏ ਦਾ ਨੁਕਸਾਨ ਹੋਇਆ ਹੈ।ਅੱਗ ਲੱਗਣ ਦਾ ਕਾਰਨ ਬਿਜਲੀ ਦਾ ਸਰਕਟ ਸ਼ਾਟ ਦੱਸਿਆ ਜਾ ਰਿਹਾ ਹੈ।

ਇਸ ਮੌਕੇ ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ, ਸਾਬਕਾ ਸਰਪੰਚ ਮਲਕੀਤ ਸਿੰਘ ਧਾਲੀਵਾਲ, ਪੰਚ ਅਮਨਦੀਪ ਸਿੰਘ ਅੰਮੂ, ਸਾਬਕਾ ਸਰਪੰਚ ਅਮਨਪ੍ਰੀਤ ਸਿੰਘ ਫਰਵਾਹਾ, ਪੰਚ ਰਣਜੋਧ ਸਿੰਘ ਜੋਧਾ, ਇੰਦਰਜੀਤ ਸਿੰਘ ਕਾਲਾ, ਸਰਬਜੀਤ ਸਿੰਘ ਹਠੂਰ, ਪ੍ਰਧਾਨ ਪ੍ਰਮਿੰਦਰ ਸਿੰਘ ਕੰਬੋ, ਕਰਮਜੀਤ ਸਿੰਘ ਕਰਮਾ ਤੇ ਸਮੂਹ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਪੀੜਤ ਦੁਕਾਨਦਾਰਾਂ ਨੂੰ ਯੋਗ ਮੁਆਵਜ਼ਾ ਦਿੱਤਾ ਜਾਵੇ।

# ਐਡਵੋਕੇਟ ਬਲਬੀਰ ਸਿੰਘ ਧਨੋਆ ਸਾਥੀਆਂ ਸਮੇਤ ਭਾਜਪਾ 'ਚ ਸ਼ਾਮਲ

**ਪ੍ਰਨੀਤ ਕੌਰ ਨੇ ਸਿਰੋਪਾ ਪਾ ਕੇ ਪਾਰਟੀ 'ਚ ਕੀਤਾ ਸਵਾਗਤ**



**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**-ਸਮਾਣਾ ਦੀ ਰਾਜਨੀਤੀ ਵਿੱਚ ਉਸ ਵੇਲੇ ਇੱਕ ਵੱਡਾ ਉਲਟਫੇਰ ਦੇਖਣ ਨੂੰ ਮਿਲਿਆ, ਜਦੋਂ ਇਲਾਕੇ ਦੀਆਂ ਉੱਘੀਆਂ ਸ਼ਖ਼ਸੀਅਤਾਂ ਤੇ ਕਾਨੂੰਨ ਦੇ ਮਾਹਿਰ ਐਡਵੋਕੇਟ ਬਲਬੀਰ ਸਿੰਘ ਧਨੋਆ ਆਪਣੇ ਵੱਡੀ ਗਿਣਤੀ ਸਾਥੀਆਂ ਸਮੇਤ ਰਸਮੀ ਤੌਰ 'ਤੇ ਭਾਜਪਾ ਵਿੱਚ ਸ਼ਾਮਲ ਹੋ ਗਏ।ਇਸ ਮੌਕੇ ਸਾਬਕਾ ਸੰਸਦ ਮੈਂਬਰ ਮਹਾਰਾਣੀ ਪ੍ਰਨੀਤ ਕੌਰ ਨੇ ਐਡਵੋਕੇਟ ਧਨੋਆ ਤੇ ਉਨ੍ਹਾਂ ਦੇ ਸਮਰਥਕਾਂ ਨੂੰ ਸਿਰੋਪਾ ਪਾ ਕੇ ਪਾਰਟੀ ਵਿੱਚ ਜੀ ਆਇਆਂ ਨੂੰ ਕਿਹਾ।ਜ਼ਿਕਰਯੋਗ ਹੈ ਕਿ ਇਸ ਸਮਾਗਮ ਵਿੱਚ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਵਿਸ਼ੇਸ਼ ਤੌਰ 'ਤੇ ਪਹੁੰਚਣਾ ਸੀ।ਉਹ ਸਮਾਣਾ ਪਹੁੰਚ ਵੀ ਚੁੱਕੇ ਸਨ, ਪਰ ਦਿੱਲੀ ਵਿੱਚ ਇੱਕ ਅਚਾਨਕ ਜ਼ਰੂਰੀ ਮੀਟਿੰਗ ਹੋਣ ਕਾਰਨ ਉਨ੍ਹਾਂ ਨੂੰ ਤੁਰੰਤ ਦਿੱਲੀ ਲਈ ਰਵਾਨਾ ਹੋਣਾ ਪਿਆ।ਜਾਣ ਤੋਂ ਪਹਿਲਾਂ ਮੁੱਖ ਮੰਤਰੀ ਸੈਣੀ ਨੇ ਮਹਾਰਾਣੀ ਪ੍ਰਨੀਤ ਕੌਰ ਦੀ ਡਿਊਟੀ ਲਗਾਈ ਕਿ ਉਹ ਐਡਵੋਕੇਟ ਧਨੋਆ ਤੇ ਉਨ੍ਹਾਂ ਦੇ ਸਾਥੀਆਂ ਨੂੰ ਪਾਰਟੀ ਵਿੱਚ ਸ਼ਾਮਲ ਕਰਵਾਉਣ ਦੀ ਰਸਮ ਅਦਾ ਕਰਨ।ਇਸ ਮੌਕੇ ਪ੍ਰਨੀਤ ਕੌਰ ਨੇ ਕਿਹਾ ਕਿ ਐਡਵੋਕੇਟ ਬਲਬੀਰ ਸਿੰਘ ਧਨੋਆ ਵਰਗੀ ਸੂਝਵਾਨ ਤੇ ਸਤਿਕਾਰਤ ਸ਼ਖ਼ਸੀਅਤ ਦੇ ਪਾਰਟੀ ਵਿੱਚ ਆਉਣ ਨਾਲ ਸਮਾਣਾ ਤੇ ਆਸ-ਪਾਸ ਦੇ ਇਲਾਕੇ ਵਿੱਚ ਭਾਜਪਾ ਨੂੰ ਵੱਡੀ ਮਜ਼ਬੂਤੀ ਮਿਲੇਗੀ।ਪਾਰਟੀ ਜੁਆਇਨ ਕਰਨ ਉਪਰੰਤ ਬਲਬੀਰ ਸਿੰਘ ਧਨੋਆ ਨੇ ਸ੍ਰੀਮਤੀ ਪ੍ਰਨੀਤ ਕੌਰ ਤੇ ਸਮੁੱਚੀ ਬੀਜੇਪੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਾਰਟੀ ਲਈ ਦਿਨ-ਰਾਤ ਇੱਕ ਕਰਕੇ ਮਿਹਨਤ ਕਰਨਗੇ, ਤਾਂ ਜੋ ਪਾਰਟੀ ਨੂੰ ਮਜ਼ਬੂਤ ਕੀਤਾ ਜਾ ਸਕੇ ਤੇ 2027 ਦੀਆਂ ਚੋਣਾਂ 'ਚ ਬੀਜੇਪੀ ਸਮਾਣਾ ਹਲਕੇ ਵਿੱਚੋਂ ਵੱਡੀ ਜਿੱਤ ਪ੍ਰਾਪਤ ਕਰੇ। ਸਮਾਗਮ ਦੌਰਾਨ ਮੰਚ ਦਾ ਸੰਚਾਲਨ ਬਹਾਦਰ ਖਾਨ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਕੀਤਾ।

# ਸਰਹੱਦ ਪਾਰੋਂ ਤਸਕਰੀ ਦੀ ਕੋਸ਼ਿਸ਼ ਨਾਕਾਮ, 6.5 ਕਿੱਲੋ ਹੈਰੋਇਨ ਬਰਾਮਦ




**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਇੱਕ ਵੱਡੀ ਸਫਲਤਾ ਵਿੱਚ ਕਾਊਂਟਰ ਇੰਟੈਲੀਜੈਂਸ (ਸੀ ਆਈ) ਫਿਰੋਜ਼ਪੁਰ ਨੇ ਸੀਮਾ ਸੁਰੱਖਿਆ ਬਲ (ਬੀਐੱਸਐੱਫ) ਨਾਲ ਤਾਲਮੇਲ ਕਰਕੇ ਬਾਰਡਰ ਆਊਟਪੋਸਟ (ਬੀਓਪੀ) ਜੀਜੀ-2, ਪਿੰਡ ਮਹਿਤਮ ਨਗਰ, ਫਾਜ਼ਿਲਕਾ ਨੇੜੀਓਂ 6.5 ਕਿਲੋਗ੍ਰਾਮ ਹੈਰੋਇਨ ਬਰਾਮਦ ਕਰਕੇ ਸਰਹੱਦ ਪਾਰੋਂ ਤਸਕਰੀ ਦੀ ਇੱਕ ਵੱਡੀ ਕੋਸ਼ਿਸ਼ ਨੂੰ ਨਾਕਾਮ ਕੀਤਾ ਹੈ। ਇਹ ਜਾਣਕਾਰੀ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਪਾਕਿਸਤਾਨ ਅਧਾਰਤ ਤਸਕਰ ਜ਼ੀਰੋ ਲਾਈਨ ਪਾਰ ਕਰਕੇ ਸਰਹੱਦ 'ਤੇ ਲੱਗੀ ਕੰਡਿਆਲੀ ਵਾੜ ਨੇੜੇ ਪਹੁੰਚ ਗਏ ਤੇ ਹਨੇਰੇ ਦਾ ਫਾਇਦਾ ਉਠਾ ਕੇ ਉਨ੍ਹਾਂ ਨੇ ਭਾਰਤ ਦੇ ਖੇਤਰ ਵਿੱਚ ਨਸ਼ੀਲੇ ਪਦਾਰਥ ਭੇਜਣ ਦੀ ਕੋਸ਼ਿਸ਼ ਕੀਤੀ। ਉਨ੍ਹਾਂ ਕਿਹਾ ਕਿ ਇਸ ਘੁਸਪੈਠ ਨੂੰ ਰੋਕਣ ਲਈ ਚੌਕਸ ਬੀਐੱਸਐੱਫ ਜਵਾਨਾਂ ਨੇ ਕਈ ਰਾਊਂਡ ਗੋਲੀਆਂ ਚਲਾਈਆਂ, ਜਿਸ ਤੋਂ ਬਾਅਦ ਵਿਸਥਾਰਤ ਸਾਂਝੀ ਤਲਾਸ਼ੀ ਮੁਹਿੰਮ ਚਲਾਈ ਗਈ ਤੇ ਇਨ੍ਹਾਂ ਨਸ਼ੀਲੇ ਪਦਾਰਥਾਂ ਦੀ ਬਰਾਮਦਗੀ ਕੀਤੀ ਗਈ। ਏਆਈਜੀ ਸੀਆਈ ਫਿਰੋਜ਼ਪੁਰ ਗੁਰਸੇਵਕ ਸਿੰਘ ਨੇ ਦੱਸਿਆ ਕਿ ਭਰੋਸੇਯੋਗ ਸੂਚਨਾਵਾਂ 'ਤੇ ਕਾਰਵਾਈ ਕਰਦਿਆਂ, ਪੁਲਸ ਟੀਮਾਂ ਨੇ ਬੀਐਸਐਫ ਫਾਜ਼ਿਲਕਾ ਨਾਲ ਮਿਲ ਕੇ ਸ਼ਨੀਵਾਰ ਸਵੇਰੇ ਵਿਸ਼ੇਸ਼ ਘਾਤ ਲਗਾ ਕੇ ਹਮਲਾ ਕਰਨ ਦੀ ਯੋਜਨਾ ਬਣਾਈ ਤੇ ਪਿੰਡ ਮਹਿਤਮ ਨਗਰ, ਫਾਜ਼ਿਲਕਾ, ਜਿੱਥੋਂ ਪਾਕਿਸਤਾਨੀ ਤਸਕਰ ਖੇਪ ਨੂੰ ਅੱਗੇ ਪਹੁੰਚਾਉਣ ਦੀ ਕੋਸ਼ਿਸ਼ ਕਰ ਰਹੇ ਸਨ, ਦੇ ਖੇਤਰ ਵਿੱਚ ਸਾਂਝਾ ਗੁਪਤ ਆਪ੍ਰੇਸ਼ਨ ਚਲਾਇਆ। ਉਨ੍ਹਾਂ ਕਿਹਾ ਕਿ ਬੀਐੱਸਐੱਫ ਤਾਇਨਾਤ ਜਵਾਨਾਂ ਨੇ ਜਵਾਬੀ ਕਾਰਵਾਈ ਵਿੱਚ ਤੁਰੰਤ ਇਸ ਕੋਸ਼ਿਸ਼ ਨੂੰ ਨਾਕਾਮ ਕਰ ਦਿੱਤਾ ਤੇ ਇਸ ਆਪ੍ਰੇਸ਼ਨ ਦੇ ਨਤੀਜੇ ਵਜੋਂ ਮੌਕੇ ਤੋਂ ਵੱਡੀ ਮਾਤਰਾ ਵਿੱਚ ਨਸ਼ੀਲੇ ਪਦਾਰਥਾਂ ਦੀ ਬਰਾਮਦਗੀ ਹੋਈ। ਏਆਈਜੀ ਨੇ ਕਿਹਾ ਕਿ ਸਮੁੱਚੇ ਨੈੱਟਵਰਕ ਦਾ ਪਰਦਾਫਾਸ਼ ਕਰਨ ਤੇ ਸਥਾਨਕ ਤਸਕਰ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਹੈ। ਇਸ ਸਬੰਧੀ ਥਾਣਾ ਐਸਐਸਓਸੀ ਫਾਜ਼ਿਲਕਾ ਵਿਖੇ ਐਨਡੀਪੀਐਸ ਐਕਟ ਤਹਿਤ ਐੱਫ ਆਈ ਆਰ ਦਰਜ ਕੀਤੀ ਗਈ ਹੈ।

# ਸੜਕ ਹਾਦਸੇ 'ਚ ਨੌਜਵਾਨ ਦੀ ਮੌਤ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਬੀਤੀ ਰਾਤ ਹਠੂਰ ਦੇ ਰਾਮੇ ਵਾਲੇ ਚੌਕ ਨਜ਼ਦੀਕ ਇੱਕ ਨੌਜਵਾਨ ਦੀ ਸੜਕ ਹਾਦਸੇ ਦੌਰਾਨ ਮੌਤ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਹਠੂਰ ਦੇ ਏ ਐੱਸ ਆਈ ਸੁਲੱਖਣ ਸਿੰਘ ਨੇ ਦੱਸਿਆ ਕਿ ਬੀਤੀ ਰਾਤ ਮਨੀ ਕਰਿਆਨਾ ਸਟੋਰ ਹਠੂਰ ਵਿਖੇ ਅਚਾਨਕ ਅੱਗ ਲੱਗ ਗਈ ਸੀ ਤਾਂ ਇਸ ਦੀ ਸੂਚਨਾ ਬਾਰੇ ਜਦੋਂ ਹਠੂਰ ਵਾਸੀਆਂ ਨੂੰ ਪਤਾ ਲੱਗਾ ਤਾਂ ਲੋਕ ਅੱਗ ਬੁਝਾਉਣ ਲਈ ਤੁਰ ਪਾਏ। ਇਸੇ ਤਰ੍ਹਾਂ ਭਵਨਪ੍ਰੀਤ ਸਿੰਘ (23) ਪੁੱਤਰ ਗੁਰਨਾਮ ਸਿੰਘ ਵਾਸੀ ਹਠੂਰ, ਜੋ ਕਿ ਹਠੂਰ ਦੇ ਇੱਕ ਰੈਸਟੋਰੈਂਟ ਵਿੱਚ ਚੱਲ ਰਹੀ ਵਿਆਹ ਦੀ ਪਾਰਟੀ ਵਿੱਚ ਹਾਜ਼ਰ ਸੀ, ਨੂੰ ਅੱਗ ਲੱਗਣ ਦੀ ਸੂਚਨਾ ਮਿਲੀ ਤਾਂ ਉਹ ਵਰਨਾ ਗੱਡੀ ਲੈ ਕੇ ਜਦੋਂ ਹਠੂਰ ਦੇ ਰਾਮਾ ਚੌਂਕ ਨਜ਼ਦੀਕ ਪੁੱਜਾ ਤਾਂ ਉਸ ਦੀ ਗੱਡੀ ਦਾ ਸੰਤੁਲਨ ਵਿਗੜ ਗਿਆ ਤੇ ਗੱਡੀ ਸੜਕ ਕਿਨਾਰੇ ਪਏ ਇੱਟਾਂ ਵਾਲੇ ਚੱਕੇ ਵਿੱਚ ਜਾ ਵੱਜੀ, ਜਿਸ ਦੀ ਮੌਕੇ 'ਤੇ ਹੀ ਮੌਤ ਹੋ ਗਈ।ਉਨ੍ਹਾ ਦੱਸਿਆ ਕਿ ਭਵਨਪ੍ਰੀਤ ਸਿੰਘ ਪੁੱਤਰ ਗੁਰਨਾਮ ਸਿੰਘ ਵਾਸੀ ਹਠੂਰ ਦਾ ਸਰਕਾਰੀ ਹਸਪਤਾਲ ਜਗਰਾਉਂ ਵਿਖੇ ਪੋਸਟਮਾਰਟਮ ਕਰਵਾ ਕੇ ਲਾਸ਼ ਵਾਰਸਾਂ ਹਵਾਲੇ ਕਰ ਦਿੱਤੀ ਹੈ।ਇਸ ਮੌਕੇ ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ, ਸਾਬਕਾ ਸਰਪੰਚ ਮਲਕੀਤ ਸਿੰਘ ਧਾਲੀਵਾਲ, ਪੰਚ ਅਮਨਦੀਪ ਸਿੰਘ ਅੰਮੂ, ਸਾਬਕਾ ਸਰਪੰਚ ਅਮਨਪ੍ਰੀਤ ਸਿੰਘ ਫਰਵਾਹਾ, ਪੰਚ ਰਣਜੋਧ ਸਿੰਘ ਜੋਧਾ, ਪ੍ਰਧਾਨ ਤਰਸੇਮ ਸਿੰਘ ਖਾਲਸਾ, ਗ੍ਰਾਮ ਪੰਚਾਇਤ ਹਠੂਰ ਤੇ ਸਮੂਹ ਪਿੰਡ ਵਾਸੀਆਂ ਨੇ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ।

# ਬਾਬਾ ਕਾਲਾ ਮਹਿਰ ਜੀ ਦੀ ਯਾਦ 'ਚ ਸਾਲਾਨਾ ਜੋੜ ਮੇਲਾ ਧੂਮਧਾਮ ਨਾਲ ਮਨਾਇਆ



**ਜ਼ੀਰਾ (ਰੂਪ ਸਿੰਘ ਸੰਧੂ)**-ਇਥੋਂ ਨੇੜਲੇ ਪਿੰਡ ਝੱਤਰਾ ਵਿਖੇ ਬਾਬਾ ਕਾਲਾ ਮਹਿਰ ਯੂਥ ਕਲੱਬ, ਗਰਾਮ ਪੰਚਾਇਤ, ਐੱਨ ਆਰ ਆਈ ਤੇ ਸਮੂਹ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਬਾਬਾ ਕਾਲਾ ਮਹਿਰ ਜੀ ਦੀ ਯਾਦ ਵਿੱਚ 20ਵਾਂ ਸਾਲਾਨਾ ਜੋੜ ਮੇਲਾ ਧੂਮਧਾਮ ਨਾਲ ਮਨਾਇਆ ਗਿਆ। ਸ੍ਰੀ ਗੁਰਦੁਆਰਾ ਸਾਹਿਬ ਵਿਖੇ ਲੜੀਵਾਰ ਸ੍ਰੀ ਅਖੰਡ ਪਾਠਾਂ ਦੇ ਭੋਗ ਪਾਏ ਗਏ, ਉਪਰੰਤ ਸ਼ਬਦ ਕੀਰਤਨ ਤੇ ਗੁਰਮਤਿ ਵਿਚਾਰਾਂ ਹੋਈਆਂ। ਬਾਬਾ ਕਾਲਾ ਮਹਿਰ ਜੀ ਦੀ ਸਮਾਧ 'ਤੇ ਭਾਰੀ ਗਿਣਤੀ ਵਿੱਚ ਸੰਗਤਾਂ ਨੇ ਬਾਬਾ ਜੀ ਨੂੰ ਸਿਜਦਾ ਕੀਤਾ। ਇਸ ਮੇਲੇ 'ਤੇ ਗੁਰੂ ਕਾ ਲੰਗਰ ਅਤੁੱਟ ਵਰਤਦਾ ਰਿਹਾ। ਦੁਕਾਨਦਾਰਾਂ ਵੱਲੋਂ ਜਲੇਬੀਆਂ, ਪਕੌੜੇ ਤੇ ਬੱਚਿਆਂ ਦੀਆਂ ਖੇਡਾਂ ਦੀਆਂ ਦੁਕਾਨਾਂ ਦਾ ਬਹੁਤ ਵੱਡਾ ਬਾਜ਼ਾਰ ਲਗਾਇਆ ਹੋਇਆ ਸੀ।ਮੇਲੇ ਦੇ ਅੱਜ ਆਖਰੀ ਦਿਨ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਉੱਘੇ ਗਾਇਕ ਹਰਜੀਤ ਸਿੱਧੂ ਤੇ ਬੀਬਾ ਪ੍ਰਵੀਨ ਦੀ ਗਾਇਕ ਜੋੜੀ ਨੇ ਸਰੋਤਿਆਂ ਦੇ ਭਾਰੀ ਇਕੱਠ ਨੂੰ ਕੀਲ ਕੇ ਬਿਠਾਈ ਰੱਖਿਆ। ਇਹ ਸੱਭਿਆਚਾਰਕ ਪ੍ਰੋਗਰਾਮ ਸ਼ਾਂਤੀਪੂਰਵਕ ਲਗਾਤਾਰ ਤਿੰਨ ਘੰਟੇ ਚਲਦਾ ਰਿਹਾ, ਜਿਸ ਵਿੱਚ ਨੌਜਵਾਨਾਂ, ਬੱਚਿਆਂ, ਬਜ਼ੁਰਗਾਂ ਤੋਂ ਇਲਾਵਾ ਔਰਤਾਂ ਨੇ ਭਾਰੀ ਗਿਣਤੀ ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਸੁੱਖਾ ਸੰਧੂ ਸੋਮਾ ਸੰਧੂ, ਦਿਲਜੀਤ ਸਿੰਘ ਸਰਪੰਚ, ਰਾਜਾ ਆਸਟਰੇਲੀਆ, ਦਿਲਬਾਗ ਸਿੰਘ, ਪ੍ਰਿਤਪਾਲ ਸਿੰਘ, ਬਲਤੇਜ ਸਿੰਘ ਆਦਿ ਨੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨਤ ਕੀਤਾ। ਬਾਬਾ ਕਾਲਾ ਮਹਿਰ ਦੀ ਸਮਾਧ 'ਤੇ ਭਾਗਦੀਨ, ਮਲਕੀਤ ਸਿੰਘ ਬਾਠ, ਗੁਰਪ੍ਰੀਤ ਸਿੰਘ, ਗੁਰਸੇਵਕ ਸਿੰਘ ਪੰਚ ਆਦਿ ਨੇ ਬਾਖੂਬੀ ਸੇਵਾ ਨਿਭਾਈ। ਇਸ ਮੌਕੇ ਜਸਵੰਤ ਸਿੰਘ ਇੰਗਲੈਂਡ, ਜਸਪਾਲ ਸਿੰਘ ਪਾਲੀ, ਸੁਰਜੀਤ ਸਿੰਘ, ਜੈਕ ਸੰਧੂ ਦੀਪਾ ਫੌਜੀ, ਅਮਰਜੀਤ ਸਿੰਘ ਧਾਲੀਵਾਲ ਪੰਚ, ਬਲਵਿੰਦਰ ਸਿੰਘ ਸਾਬਕਾ ਪੰਚ, ਮੇਹਰ ਸਿੰਘ ਬਾਠ, ਗੁਰਵਿੰਦਰ ਸਿੰਘ ਨੰਬਰਦਾਰ, ਜਗਰਾਜ ਸਿੰਘ ਸੰਧੂ, ਜਗਰੂਪ ਸਿੰਘ ਬਾਠ ਨੰਬਰਦਾਰ, ਸਾਬਕਾ ਪੰਚ ਬਲਰਾਜ ਸਿੰਘ, ਗੁਰਸੇਵਕ ਸਿੰਘ ਵਿਰਦੀ ਆਦਿ ਸ਼ਾਮਲ ਸਨ। ਦੂਰ ਦੁਰਾਡੇ ਤੇ ਇਲਾਕੇ ਭਰ ਤੋਂ ਭਾਰੀ ਗਿਣਤੀ ਵਿੱਚ ਆਈਆਂ ਸੰਗਤਾਂ ਨੇ ਆਪਣੀ ਸੁੱਖਣਾ ਪੂਰੀ ਹੋਣ ਦੀ ਖ਼ੁਸ਼ੀ ਵਿੱਚ ਬਾਬੇ ਦੀ ਸਮਾਧ 'ਤੇ ਖੁੱਲ੍ਹੇਆਮ ਸ਼ਰਾਬ ਦੇ ਲੰਗਰ ਲਗਾ ਕੇ ਆਪਣੀਆਂ ਮਨੋਕਾਮਨਾ ਪੂਰੀਆਂ ਹੋਣ ਦੀ ਖ਼ੁਸ਼ੀ ਵਿੱਚ ਢੋਲ ਢਮੱਕੇ ਨਾਲ ਭੰਗੜੇ ਪਾਏ।

# ਕਿਉਰ ਹੈਲਥ ਇਲੈਕਟਰੋ ਹੋਮਿਓਪੈਥਿਕ ਸੈਂਟਰ ਫਤਿਹਾਬਾਦ ਦਾ ਉਦਘਾਟਨ



**ਮੋਗਾ (ਇਕਬਾਲ ਸਿੰਘ ਖਹਿਰਾ)**

ਇਲੈਕਟਰੋ ਹੋਮਿਓਪੈਥਿਕ ਡਾਕਟਰਜ਼ ਮੈਡੀਕਲ ਐਸੋਸੀਏਸ਼ਨ ਪੰਜਾਬ ਦੇ ਸਹਾਇਕ ਖਜ਼ਾਨਚੀ ਡਾ. ਸਰਬਜੀਤ ਸਿੰਘ (ਫਤਿਹਾਬਾਦ) ਦੇ ਨਵੇਂ ਬਣੇ ਕਲੀਨਿਕ ਕਿਉਰ ਹੈਲਥ ਇਲੈਕਟਰੋ ਹੋਮਿਓਪੈਥਿਕ ਐਂਡ ਸਪਾਈਨ ਕੇਅਰ ਸੈਂਟਰ ਫਤਿਹਾਬਾਦ (ਤਰਨ ਤਾਰਨ) ਦਾ ਉਦਘਾਟਨ ਕੀਤਾ ਗਿਆ।ਇਸ ਕਲੀਨਿਕ ਦਾ ਉਦਘਾਟਨ ਰੈਬੀਸਨ ਇੰਡੀਆ ਦੇ ਚੇਅਰਪਰਸਨ ਡਾ. ਸੰਜੀਵ ਸ਼ਰਮਾ, ਹਿਮਾਚਲ ਪ੍ਰਦੇਸ਼ ਇਲੈਕਟਰੋ ਹੋਮਿਓਪੈਥਿਕ ਡਾਕਟਰ ਐਸੋਸੀਏਸ਼ਨ ਦੇ ਚੇਅਰਮੈਨ ਡਾ. ਸੁਰਿੰਦਰ ਠਾਕੁਰ ਤੇ ਪੰਜਾਬ ਐਸੋਸੀਏਸ਼ਨ ਦੇ ਚੇਅਰਮੈਨ ਡਾ. ਜਗਤਾਰ ਸਿੰਘ ਸੇਖੋਂ ਵੱਲੋਂ ਰੀਬਨ ਕੱਟ ਕੇ ਕੀਤਾ ਗਿਆ।ਇਸ ਮੌਕੇ ਐਸੋਸੀਏਸ਼ਨ ਦੀ ਸੀਨੀਅਰ ਲੀਡਰਸ਼ਿਪ, ਜਿਸ ਵਿੱਚ ਕੋਰ ਕਮੇਟੀ ਮੈਂਬਰ ਡਾ. ਮਨਪ੍ਰੀਤ ਸਿੰਘ ਨਿਹਾਲ ਸਿੰਘ ਵਾਲਾ, ਡਾ. ਜਗਮੋਹਣ ਸਿੰਘ ਧੂੜਕੋਟ, ਡਾ. ਜਗਜੀਤ ਸਿੰਘ ਗਿੱਲ, ਡਾ. ਜਸਵਿੰਦਰ ਸਿੰਘ ਸਮਾਧ ਭਾਈ, ਡਾ. ਸ਼ਿੰਦਰ ਸਿੰਘ ਕਲੇਰ, ਸੂਬਾ ਪ੍ਰਧਾਨ ਡਾ. ਸੰਤੋਖ ਸਿੰਘ ਜੋਸਨ, ਜਨਰਲ ਸਕੱਤਰ ਡਾ. ਪ੍ਰਮਿੰਦਰ ਕੁਮਾਰ ਪਾਠਕ, ਪ੍ਰੈੱਸ ਸਕੱਤਰ ਡਾ. ਅਵਤਾਰ ਸਿੰਘ ਦੇਵਗਨ, ਮੀਤ ਪ੍ਰਧਾਨ ਡਾ. ਐੱਸ. ਕੇ. ਕਟਾਰੀਆ, ਆਫਿਸ ਸਕੱਤਰ ਡਾ. ਕਮਲਜੀਤ ਕੌਰ ਸੇਖੋਂ, ਸਹਾਇਕ ਸਕੱਤਰ ਡਾ. ਜਸਵੀਰ ਸ਼ਰਮਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਕਲੀਨਿਕ ਦੇ ਉਦਘਾਟਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਐਸੋਸੀਏਸ਼ਨ ਦੇ ਪ੍ਰਧਾਨ ਡਾ. ਸੰਤੋਖ ਸਿੰਘ ਜੋਸਨ ਨੇ ਕਿਹਾ ਕਿ ਇਲੈਕਟਰੋ ਹੋਮਿਓਪੈਥੀ ਚਿਕਿਤਸਾ ਪ੍ਰਨਾਲੀ ਪੂਰੀ ਤਰ੍ਹਾਂ ਕੁਦਰਤੀ ਹੈ ਤੇ ਇਸ ਦਾ ਕੋਈ ਵੀ ਬੁਰਾ ਪ੍ਰਭਾਵ ਨਹੀਂ ਹੈ।ਇਹ ਦਵਾਈਆਂ ਰੋਗ ਦੇ ਲੱਛਣਾਂ ਦੀ ਬਜਾਏ ਰੋਗ ਨੂੰ ਜੜ੍ਹ ਤੋਂ ਖਤਮ ਕਰਨ ਵਿੱਚ ਸਹਾਈ ਹੁੰਦੀਆਂ ਹਨ, ਜਿਸ ਨਾਲ ਰੋਗੀਆਂ ਨੂੰ ਇੱਕ ਸਿਹਤਮੰਦ ਤੇ ਤੰਦਰੁਸਤ ਜੀਵਨ ਮਿਲਦਾ ਹੈ।ਉਨ੍ਹਾਂ ਕਿਹਾ ਕਿ ਇਸ ਕਲੀਨਿਕ ਰਾਹੀਂ ਇਲਾਕੇ ਦੇ ਲੋਕਾਂ ਨੂੰ ਸਸਤਾ ਤੇ ਮਿਆਰੀ ਇਲਾਜ ਮੁਹੱਈਆ ਕਰਵਾਇਆ ਜਾਵੇਗਾ।ਡਾ. ਸਰਬਜੀਤ ਸਿੰਘ ਨੇ ਸਮਾਗਮ ਵਿੱਚ ਪਹੁੰਚੇ ਐਸੋਸੀਏਸ਼ਨ ਦੇ ਅਹੁਦੇਦਾਰਾਂ, ਸਾਥੀ ਡਾਕਟਰਾਂ ਤੇ ਪਤਵੰਤੇ ਸੱਜਣਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਗੁੰਮ ਹੋਇਆ ਬੱਚਾ ਲੱਭ ਕੇ ਮਾਪਿਆਂ ਦੇ ਕੀਤਾ ਸੁਪਰਦ

**ਮਾਨਸਾ (ਆਤਮਾ ਸਿੰਘ ਪਮਾਰ)**-ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ ਵੱਲੋਂ ਗੁਆਚੇ ਬੱਚੇ ਦੀ ਭਾਲ ਕਰਕੇ ਮਾਪਿਆਂ ਨੂੰ ਸਪੁਰਦ ਕੀਤਾ ਗਿਆ।ਬੱਚੇ ਦੇ ਮਾਪਿਆਂ ਵੱਲੋਂ ਗੁੰਮ ਹੋਏ ਬੱਚੇ ਦੀ ਸੂਚਨਾ ਸਰਸ ਮੇਲੇ 'ਚ ਲੱਗੇ ਹੈਲਪ ਡੈਸਕ ਤੇ ਕੰਟਰੋਲ ਰੂਮ 'ਚ ਬੈਠੇ ਕਰਮਚਾਰੀਆਂ ਨੂੰ ਦਿੱਤੀ ਗਈ ਸੀ।ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ ਦੇ ਕਰਮਚਾਰੀਆਂ ਵੱਲੋਂ ਮੁਸਤੈਦੀ ਦਿਖਾਉਂਦੇ ਹੋਏ, ਬੱਚੇ ਦੀ ਭਾਲ ਕਰਕੇ ਬੱਚੇ ਨੂੰ ਮਾਪਿਆ ਨਾਲ ਮਿਲਾਇਆ ਗਿਆ।ਇਹ ਜਾਣਕਾਰੀ ਦਿੰਦਿਆਂ ਦਫ਼ਤਰ ਦੇ ਕਰਮਚਾਰੀ ਭੂਸ਼ਨ ਸਿੰਗਲਾ ਨੇ ਦੱਸਿਆ ਕਿ ਮਾਪਿਆਂ ਦੀ ਕੌਂਸਲਿੰਗ ਕੀਤੀ ਗਈ ਤੇ ਬੱਚਿਆਂ ਦੀ ਸੁਰੱਖਿਆ ਬਾਰੇ ਜਾਗਰੂਕ ਕੀਤਾ ਗਿਆ।ਸਰਸ ਮੇਲੇ ਵਿੱਚ ਮੌਜੂਦ ਮੈਡੀਕਲ ਟੀਮ ਵੱਲੋਂ ਮੈਡੀਕਲ ਜਾਂਚ ਤੋਂ ਬਾਅਦ ਵਨ ਸਟੋਪ ਸਖੀ ਸੈਂਟਰ ਦੇ ਸਹਿਯੋਗ ਨਾਲ ਬੱਚੇ ਨੂੰ ਜ਼ਿਲ੍ਹਾ ਬਾਲ ਭਲਾਈ ਕਮੇਟੀ ਕੋਲ ਪੇਸ਼ ਕਰਕੇ ਪਰਿਵਾਰ ਤੋਂ ਲੋੜੀਂਦੇ ਦਸਤਾਵੇਜ਼ ਲੈਣ ਉਪਰੰਤ ਮਾਪਿਆਂ ਦੇ ਸਪੁਰਦ ਕਰ ਦਿੱਤਾ ਗਿਆ ਹੈ।ਇਸ ਮੌਕੇ ਬਾਲ ਸੁਰੱਖਿਆ ਵਿਭਾਗ ਤੋਂ ਬੇਅੰਤ ਕੌਰ, ਗੁਰਵਿੰਦਰ ਕੌਰ ਵੀ ਹਾਜ਼ਰ ਸਨ।



# ਆਲ ਇੰਡੀਆ ਵਾਲਮੀਕ ਖਾਲਸਾ ਦਲ ਨੇ ਮਨਾਇਆ ਮਰਹੂਮ ਗ੍ਰਹਿ ਮੰਤਰੀ ਬੂਟਾ ਸਿੰਘ ਦਾ ਜਨਮ ਦਿਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਆਲ ਇੰਡੀਆ ਵਾਲਮੀਕ ਖਾਲਸਾ ਦਲ ਰਜਿ: ਮੋਗਾ (ਪੰਜਾਬ) ਵੱਲੋਂ ਦੇਸ਼ ਦੇ ਸਾਬਕਾ ਕੇਂਦਰੀ ਗ੍ਰਹਿ ਮੰਤਰੀ ਸ੍ਰ. ਬੂਟਾ ਸਿੰਘ ਜੀ ਦਾ 92ਵਾਂ ਜਨਮ ਦਿਨ ਮੁੱਖ ਦਫਤਰ ਬਸਤੀ ਲਾਲ ਸਿੰਘ ਬਹੋਨਾ ਚੌਕ ਮੋਗਾ ਵਿਖੇ ਮਨਾਇਆ ਗਿਆ।ਇਸ ਸਮੇਂ ਮਾਸਟਰ ਸੁਖਮੰਦਰ ਸਿੰਘ ਗਜੱਣਵਾਲਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਮਜ਼੍ਹਬੀ ਸਿੱਖ ਵੈੱਲਫੇਅਰ ਐਸੋਸੀਏਸ਼ਨ ਨੇ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕੀਤੀ ਤੇ ਉਨ੍ਹਾਂ ਨੂੰ ਗੁਰਮੇਲ ਸਿੰਘ ਖਾਲਸਾ ਨੇ ਸਿਰੋਪਾਓ ਦੇ ਕੇ ਸਨਮਾਨਤ ਕੀਤਾ। ਮਾਸਟਰ ਸੁਖਮੰਦਰ ਸਿੰਘ ਨੇ ਬੂਟਾ ਸਿੰਘ ਜੀ ਸਾਬਕਾ ਗ੍ਰਹਿ ਮੰਤਰੀ ਭਾਰਤ ਸਰਕਾਰ ਦਾ 92ਵਾਂ ਜਨਮ ਦਿਨ ਮਨਾਉਂਦੇ ਹੋਏ ਕਿਹਾ ਕਿ ਬੂਟਾ ਸਿੰਘ ਦਲ ਦੇ ਸਰਪ੍ਰਸਤ ਤੇ ਮੁੱਖ ਸਲਾਹਕਾਰ ਸਨ, ਜਿਨ੍ਹਾਂ ਨਾਲ ਦਲ ਦੀ ਸਰਗਰਮੀ ਵਿੱਚ ਬਹੁਤ ਵਾਧਾ ਹੋਇਆ ਸੀ, ਉਨ੍ਹਾਂ ਦੀ ਯਾਦ ਨੂੰ ਤਾਜ਼ਾ ਰੱਖਦੇ ਹੋਏ ਸਨਮਾਨ ਵੱਲੋਂ ਇਹ ਦਿਨ ਬੜੀ ਸ਼ਰਧਾ ਤੇ ਪ੍ਰੇਰਿਤ ਭਾਵਨਾ ਨਾਲ ਮਨਾਇਆ ਜਾਂਦਾ ਹੈ।ਇਸ ਮੌਕੇ ਬੂਟਾ ਸਿੰਘ ਨੇ ਬੂਟਾ ਸਿੰਘ ਦੇ ਸਵਰੂਪ 'ਤੇ ਫੁੱਲ ਮਾਲਾ ਭੇਟ ਕੀਤੀ।ਦਲ ਦੇ ਮੁੱਖ ਸੇਵਾਦਾਰ ਅਮਰਜੀਤ ਸਿੰਘ ਗਿੱਲ ਨੇ ਦੱਸਿਆ ਕਿ ਬੂਟਾ ਸਿੰਘ 1962, 1967, 1971, 1980, 1984, 1991, 1998 ਤੇ 1999 ਵਿੱਚ ਲੋਕ ਸਭਾ ਮੈਂਬਰ ਰਹੇ, ਜਿਸ ਦੌਰਾਨ ਉਨ੍ਹਾਂ ਨੇ ਵੱਡੇ-ਵੱਡੇ ਕੈਬਨਿਟ ਤੇ ਸਟੇਟ ਮੰਤਰੀ ਪਦ ਸੰਭਾਲੇ। ਉਨ੍ਹਾਂ ਨੇ ਆਪਣੇ ਸਮੇਂ ਵਿੱਚ ਵੱਡੇ-ਵੱਡੇ ਅਹੁਦਿਆਂ 'ਤੇ ਵੀ ਕੰਮ ਕੀਤਾ। ਉਹ ਇਸ ਸਮੇਂ ਕਾਲ ਵਿੱਚ ਦੇਸ਼ ਦੇ ਗ੍ਰਹਿ ਮੰਤਰੀ ਵੀ ਰਹੇ। ਅਖੀਰ ਵਿੱਚ ਉਹ 2007 ਤੋਂ ਮਈ 2010 ਤੱਕ ਚੇਅਰਮੈਨ, ਨੈਸ਼ਨਲ ਕਮਿਸ਼ਨ ਫਾਰ ਸ਼ਡਿਊਲ ਕਾਸਟ ਰਹੇ।ਦਲ ਦੇ ਦਫਤਰ ਸੈਕਟਰੀ ਬੇਅੰਤ ਸਿੰਘ ਨੇ ਸਾਰੇ ਵਰਕਰਾਂ ਤੇ ਅਹੁਦੇਦਾਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਇਸ ਮੌਕੇ ਪੂਰਨ ਸਿੰਘ, ਕੁਲਦੀਪ ਸਿੰਘ ਮਾਹਲਾ, ਵਿਨੋਦ ਗਿੱਲ, ਸੁਖਚੈਨ ਸਿੰਘ ਗਿੱਲ, ਭਾਈ ਨਿੰਦੂ ਸਿੰਘ, ਲਾਡੀ ਸਿੰਘ ਘਾਰੂ, ਰਾਮ ਸਿੰਘ ਗਿੱਲ, ਮਾਸਟਰ ਬਲਦੇਵ ਸਿੰਘ, ਭਿੰਦਾ ਸਿੰਘ ਘਾਰੂ, ਇਕਬਾਲ ਸਿੰਘ, ਜਗਸੀਰ ਸਿੰਘ ਸਰਪੰਚ, ਨੱਛਤਰ ਸਿੰਘ ਗਿੱਲ, ਨਿੱਕੂ ਸਿੰਘ ਭੱਟੀ, ਹਰਦੇਵ ਸਿੰਘ ਗਿੱਲ ਆਦਿ ਹਾਜ਼ਰ ਸਨ।

# ਭਗਤਾ-ਬਾਘਾਪੁਰਾਨਾ ਮੁੱਖ ਸੜਕ ਦੀ ਖਸਤਾ ਹਾਲਤ ਤੋਂ ਰਾਹਗੀਰ ਡਾਢੇ ਪ੍ਰੇਸ਼ਾਨ



**ਬਠਿੰਡਾ (ਰਾਜੀਵ ਗੋਇਲ)**-ਕਸਬਾ ਭਗਤਾ ਤੋਂ ਬਾਘਾਪੁਰਾਣਾ ਨੂੰ ਜਾਣ ਵਾਲੀ ਮੁੱਖ ਸੜਕ ਦੀ ਪਿਛਲੇ ਕਾਫੀ ਲੰਮੇ ਸਮੇਂ ਤੋਂ ਚੱਲ ਰਹੀ ਖਸਤਾ ਹਾਲਤ ਕਾਰਨ ਆਮ ਲੋਕ ਤੇ ਰਾਹਗੀਰ ਡਾਢੇ ਪ੍ਰੇਸ਼ਾਨ ਦਿਖਾਈ ਦੇ ਰਹੇ ਹਨ ਤੇ ਸਰਕਾਰ ਨੂੰ ਕੋਸਦੇ ਨਜ਼ਰ ਆ ਰਹੇ ਹਨ।ਸੂਬੇ ਦੇ ਮਾਰਕਫੈਡ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ ਦਾ ਜੱਦੀ ਪਿੰਡ ਸੰਗਤਪੁਰਾ ਵੀ ਇਸੇ ਸੜਕ 'ਤੇ ਹੈ, ਜਿਸ ਕਾਰਨ ਲੋਕ ਉਕਤ ਚੇਅਰਮੈਨ ਨੂੰ ਵੀ ਇਸ ਸੜਕ ਦੀ ਖਸਤਾ ਹਾਲਤ ਨੂੰ ਸੁਧਾਰਨ ਲਈ ਅਪੀਲ ਕਰਦੇ ਨਜ਼ਰ ਆ ਰਹੇ ਹਨ।ਦੱਸ ਦੇਈਏ ਕਿ ਭਗਤਾ ਤੋਂ ਬਾਘਾਪੁਰਾਣਾ ਦਾ ਕਰੀਬ 25 ਕਿਲੋਮੀਟਰ ਦਾ ਫ਼ਾਸਲਾ ਹੈ ਤੇ ਏਨੇ ਫ਼ਾਸਲੇ ਵਿਚਕਾਰ ਸੜਕ ਘੱਟ ਤੇ ਵੱਡੇ-ਵੱਡੇ ਟੋਏ ਵੱਧ ਹਨ, ਜਿਸ ਕਾਰਨ ਰਾਹਗੀਰਾਂ ਨੂੰ ਜਿੱਥੇ ਪ੍ਰੇਸ਼ਾਨੀਆਂ ਆਉਂਦੀਆਂ ਹਨ, ਉੱਥੇ ਹੀ ਹਾਦਸੇ ਵੀ ਵਾਪਰਦੇ ਹਨ ਤੇ ਨਾਲ ਹੀ ਵਾਹਨ ਚਾਲਕਾਂ ਦਾ ਇਨ੍ਹਾਂ ਖੱਡਿਆਂ 'ਚ ਵੱਜਣ ਕਾਰਨ ਨੁਕਸਾਨ ਵੀ ਹੁੰਦਾ ਹੈ।ਆਮ ਲੋਕਾਂ ਤੇ ਰਾਹਗੀਰਾਂ ਵੱਲੋਂ ਸੂਬਾ ਸਰਕਾਰ ਅਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਗਈ ਹੈ ਕਿ ਇਸ ਸੜਕ ਨੂੰ ਪਹਿਲ ਦੇ ਅਧਾਰ 'ਤੇ ਬਣਾਇਆ ਜਾਵੇ।ਦੂਜੇ ਪਾਸੇ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਠੇਕੇਦਾਰ ਵੱਲੋਂ ਸੜਕ ਮਾੜੀ ਬਣਾ ਦਿੱਤੀ ਗਈ ਸੀ, ਜਿਸਦੇ ਹੁਣ ਦੁਬਾਰਾ ਪੈਸੇ ਪਵਾ ਦਿੱਤੇ ਗਏ ਹਨ ਤੇ ਇਹ ਸੜਕ ਮਹੀਨੇ-ਦੋ ਮਹੀਨਿਆਂ ਅੰਦਰ ਦੁਬਾਰਾ ਬਣ ਜਾਵੇਗੀ।

## ਡਿਸਟ੍ਰੀਬਿਊਟਰ ਕੁਲਦੀਪ ਸਿੰਘ ਨੂੰ ਪੁਰਸਕਾਰ ਮਿਲਣਾ ਮਾਣ ਵਾਲੀ ਗੱਲ : ਸੰਜੀਵ ਬਾਂਸਲ



**ਸੰਗਰੂਰ (ਪ੍ਰਵੀਨ ਸਿੰਘ)**-ਮਿਹਨਤੀ ਇਨਸਾਨ ਨੂੰ ਜਦੋਂ ਉਸ ਦੀ ਘਾਲਣਾ ਦਾ ਫਲ ਮਿਲਦਾ ਹੈ, ਤਾਂ ਉਹ ਪਲ ਬੇਮਿਸਾਲ ਹੁੰਦੇ ਹਨ।ਅਜਿਹੀ ਹੀ ਮਿਸਾਲ ਜ਼ਿਲ੍ਹਾ ਬਰਨਾਲਾ ਦੇ ਪਿੰਡ ਧੂਰਕੋਟ ਦੇ ਅਗਾਂਹਵਧੂ ਕਿਸਾਨ ਕੁਲਦੀਪ ਸਿੰਘ ਨੇ ਪੇਸ਼ ਕੀਤੀ ਹੈ, ਜਿਨ੍ਹਾਂ ਨੂੰ ਪਸ਼ੂ ਪਾਲਣ ਦੇ ਖੇਤਰ ਵਿੱਚ ਵਧੀਆ ਸੇਵਾਵਾਂ ਬਦਲੇ ਮੁੱਖ ਮੰਤਰੀ ਪੁਰਸਕਾਰ ਨਾਲ ਸਨਮਾਨਤ ਕੀਤਾ ਗਿਆ ਹੈ।ਕੋਪਲ ਕੰਪਨੀ ਸੂਲਰ ਘਰਾਟ ਦੇ ਐਮ.ਡੀ. ਸੰਜੀਵ ਬਾਂਸਲ ਨੇ ਖ਼ੁਸ਼ੀ ਸਾਂਝੀ ਕਰਦਿਆਂ ਦੱਸਿਆ ਕਿ ਕੁਲਦੀਪ ਸਿੰਘ ਉਨ੍ਹਾਂ ਦੀ ਕੰਪਨੀ ਨਾਲ ਬਤੌਰ ਡਿਸਟ੍ਰੀਬਿਊਟਰ ਜੁੜੇ ਹੋਏ ਹਨ।ਉਨ੍ਹਾਂ ਦੱਸਿਆ ਕਿ ਲੁਧਿਆਣਾ ਵਿਖੇ ਗੁਰੂ ਅੰਗਦ ਦੇਵ ਵੈਟਰਨਰੀ ਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ ਵੱਲੋਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਿਖੇ ਕਿਸਾਨ ਮੇਲੇ ਦੌਰਾਨ ਭਗਵੰਤ ਮਾਨ ਵੱਲੋਂ ਕੁਲਦੀਪ ਸਿੰਘ ਨੂੰ ਇਹ ਸਨਮਾਨ ਦਿੱਤਾ ਗਿਆ।ਕੁਲਦੀਪ ਸਿੰਘ ਦੇ ਬੱਕਰੀ ਫਾਰਮ ਨੂੰ ਪੰਜਾਬ ਭਰ ਵਿੱਚੋਂ ਸਭ ਤੋਂ ਸਾਫ਼-ਸੁਥਰਾ ਅਤੇ ਸੁਖਾਵਾਂ ਮਾਹੌਲ ਪ੍ਰਦਾਨ ਕਰਨ ਲਈ ਅੱਵਲ ਦਰਜਾ ਦਿੱਤਾ ਗਿਆ ਹੈ।ਸ੍ਰੀ ਬਾਂਸਲ ਨੇ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਮਿਹਨਤੀ ਨੌਜਵਾਨ ਅੱਜ ਦੀ ਪੀੜ੍ਹੀ ਲਈ ਪ੍ਰੇਰਨਾ ਸਰੋਤ ਹਨ।

## ਜਨਤਕ ਮਸਲਿਆਂ ਦੇ ਜਲਦ ਨਿਪਟਾਰੇ ਲਈ ਵਿਸ਼ੇਸ਼ ਸਮਾਧਾਨ ਕੈਂਪ ਸ਼ੁਰੂ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਫ਼ਰੀਦਕੋਟ ਪੁਲਸ ਵੱਲੋਂ ਆਮ ਲੋਕਾਂ ਦੀਆਂ ਸ਼ਿਕਾਇਤਾਂ ਤੇ ਮਸਲਿਆਂ ਨੂੰ ਘੱਟ ਸਮੇਂ ਵਿੱਚ ਹੱਲ ਕਰਨ ਲਈ ਵਿਸ਼ੇਸ਼ ਮੁਹਿੰਮ ਵਿੱਢੀ ਗਈ ਹੈ।ਐਸ.ਐਸ.ਪੀ. ਡਾ. ਪ੍ਰਗਿਆ ਜੈਨ ਦੇ ਨਿਰਦੇਸ਼ਾਂ ਹੇਠ ਜ਼ਿਲ੍ਹੇ ਦੇ ਸਮੂਹ ਥਾਣਿਆਂ ਅਤੇ ਪੁਲਿਸ ਚੌਕੀਆਂ ਵਿੱਚ 21 ਤੇ 22 ਮਾਰਚ ਨੂੰ ਸਮਾਧਾਨ ਕੈਂਪਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ।ਕੈਂਪਾਂ ਦੇ ਮੁੱਖ ਉਦੇਸ਼ ਲੋਕਾਂ ਦੀਆਂ ਵਿਅਕਤੀਗਤ, ਪਰਵਾਰਕ ਤੇ ਜ਼ਮੀਨੀ ਸ਼ਿਕਾਇਤਾਂ ਦਾ ਮੌਕੇ 'ਤੇ ਹੀ ਹੱਲ ਕਰਨਾ ਹੈ। ਨਾਗਰਿਕਾਂ ਨੂੰ ਵਾਰ-ਵਾਰ ਦਫ਼ਤਰਾਂ ਦੇ ਗੇੜੇ ਮਾਰਨ ਤੋਂ ਨਿਜ਼ਾਤ ਦਿਵਾਉਣਾ ਤੇ ਉਨ੍ਹਾਂ ਦਾ ਕੀਮਤੀ ਸਮਾਂ ਬਚਾਉਣਾ।ਸ਼ਿਕਾਇਤਾਂ ਦਾ ਨਿਰਪੱਖ ਤੇ ਕਾਨੂੰਨੀ ਤਰੀਕੇ ਨਾਲ ਨਿਪਟਾਰਾ ਕਰਕੇ ਪੁਲਿਸ-ਪਬਲਿਕ ਸਾਂਝ ਨੂੰ ਮਜ਼ਬੂਤ ਕਰਨਾ।ਕੈਂਪ ਦੇ ਪਹਿਲੇ ਦਿਨ ਵੱਡੀ ਗਿਣਤੀ ਵਿੱਚ ਸ਼ਹਿਰੀ ਅਤੇ ਪੇਂਡੂ ਨਿਵਾਸੀ ਆਪਣੀਆਂ ਮੁਸ਼ਕਿਲਾਂ ਲੈ ਕੇ ਪਹੁੰਚੇ। ਇਸ ਮੌਕੇ ਹਾਜ਼ਰ ਨਾਗਰਿਕਾਂ ਨੇ ਪੁਲਿਸ ਪ੍ਰਸ਼ਾਸਨ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।ਲੋਕਾਂ ਦਾ ਕਹਿਣਾ ਹੈ ਕਿ ਅਜਿਹੇ ਕੈਂਪਾਂ ਸਦਕਾ ਉਨ੍ਹਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਸ਼ਿਕਾਇਤਾਂ ਦਾ ਬਿਨਾਂ ਕਿਸੇ ਦੇਰੀ ਦੇ ਨਿਪਟਾਰਾ ਹੋ ਰਿਹਾ ਹੈ।

## ਬਲਾਕ ਸੰਮਤੀ ਚੇਅਰਮੈਨ ਦੀ ਚੋਣ ਮੌਕੇ ਕਾਂਗਰਸ ਨੇ ਆਪ ਅੱਗੇ ਗੋਡੇ ਟੇਕੇ : ਕਲੇਰ



**ਜਗਰਾਉਂ (ਨਛੱਤਰ ਸੰਧੂ)**-ਬਲਾਕ ਸੰਮਤੀ ਚੇਅਰਮੈਨ ਦੀ ਚੋਣ ਮੌਕੇ ਸੱਤਾਧਾਰੀ ਧਿਰ ਤੇ ਕਾਂਗਰਸ ਦੀ ਸਿਆਸੀ ਖੇਡ ਨੇ ਦੋਵੇਂ ਰਾਜਨੀਤਕ ਪਾਰਟੀਆਂ ਦੇ ਘਿਓ ਖਿਚੜੀ ਹੋਣ ਦਾ ਸਬੂਤ ਪੇਸ਼ ਕੀਤਾ ਹੈ। ਇਹ ਕਹਿਣਾ ਹੈ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਐਸ. ਆਰ. ਕਲੇਰ ਦਾ।ਸ੍ਰੀ ਕਲੇਰ ਨੇ ਆਖਿਆ ਕਿ ਕਾਂਗਰਸ ਨੇ ਬਹੁਮੱਤ ਹੋਣ ਦੇ ਬਾਵਜੂਦ ਜਾਣਬੁੱਝ ਕੇ ਆਪਣਾ ਚੇਅਰਮੈਨ ਬਣਾਉਣ ਦੀ ਕੋਸ਼ਿਸ਼ ਨਹੀਂ ਕੀਤੀ, ਸਗੋਂ ਸੱਤਾਧਾਰੀ ਧਿਰ ਅੱਗੇ ਗੋਡੇ ਟੇਕ ਦਿੱਤੇ।ਕਲੇਰ ਨੇ ਆਖਿਆ ਕਿ ਕਾਂਗਰਸ ਵੱਲੋਂ ਹਮਾਇਤ ਲਈ ਉਨ੍ਹਾਂ ਤੱਕ ਪਹੁੰਚ ਕੀਤੀ ਗਈ ਸੀ, ਪ੍ਰੰਤੂ ਅਕਾਲੀ ਦਲ ਵੱਲੋਂ ਕਿਸੇ ਵੀ ਧਿਰ ਨਾਲ ਨਾ ਖੜਨ ਦੇ ਫੈਸਲੇ ਤੋਂ ਬਾਅਦ ਜਦੋਂ ਕਾਂਗਰਸ ਨੂੰ ਆਪਣੇ ਕੁਝ ਬਲਾਕ ਸੰਮਤੀ ਮੈਂਬਰਾਂ ਦੇ ਆਪ ਵੱਲ ਟੁੱਟ ਕੇ ਜਾਣ ਦੀ ਭਿਣਕ ਪਈ ਤਾਂ ਕਾਂਗਰਸ ਨੇ ਆਪਣਾ ਵਾਜੂਦ ਬਚਾਉਣ ਲਈ ਇਹ ਖੇਡ ਖੇਡੀ ਤੇ ਵਾਈਸ ਚੇਅਰਮੈਨ ਨਾਲ ਸਬਰ ਕਰ ਲਿਆ।ਉਨ੍ਹਾਂ ਕਿਹਾ ਕਿ ਜੇਕਰ ਅਕਾਲੀ ਦਲ ਨੇ ਆਪ ਨੂੰ ਸਮੱਰਥਨ ਦੇਣਾ ਹੁੰਦਾ ਤਾਂ ਉਨ੍ਹਾਂ ਦੀ ਪਾਰਟੀ ਦਾ ਚੇਅਰਮੈਨ ਜਾਂ ਵਾਇਸ ਚੇਅਰਮੈਨ ਬਣਾਉਣ 'ਤੇ ਸਹਿਮਤੀ ਹੋਣੀ ਸੀ।ਉਨ੍ਹਾਂ ਆਖਿਆ ਕਿ ਸ਼੍ਰੋਮਣੀ ਅਕਾਲੀ ਦਲ ਵੱਲੋਂ ਆਪਣੇ ਉਮੀਦਵਾਰਾਂ ਨੂੰ ਕਾਂਗਰਸ ਤੇ ਆਪ ਦੋਵਾਂ ਧਿਰਾਂ 'ਚੋਂ ਕਿਸੇ ਇਕ ਧਿਰ ਦਾ ਸਮੱਰਥਨ ਦੇਣ ਸਬੰਧੀ ਕੋਈ ਹਦਾਇਤ ਨਹੀਂ ਦਿੱਤੀ ਗਈ। ਜਦੋਂ ਉਨ੍ਹਾਂ ਨੂੰ ਅਕਾਲੀ ਦਲ ਦੇ ਦੋ ਮੈਂਬਰਾਂ ਵੱਲੋਂ ਸੱਤਾਧਾਰੀ ਧਿਰ ਦੀ ਹਮਾਇਤ ਕਰਨ ਬਾਰੇ ਸਵਾਲ ਕੀਤਾ ਤਾਂ ਉਨ੍ਹਾਂ ਕਿਹਾ ਕਿ ਜਿਸ ਵੀ ਕਿਸੇ ਮੈਂਬਰ ਵੱਲੋਂ ਪਾਰਟੀ ਵਿਰੋਧੀ ਗਤੀਵਿਧੀ ਨੂੰ ਅੰਜਾਮ ਦਿੱਤਾ ਗਿਆ, ਉਸ ਖਿਲਾਫ਼ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## ਜ਼ਿਲ੍ਹਾ ਮਹਿਲਾ ਕਾਂਗਰਸ ਨੇ ਭਗਵੰਤ ਮਾਨ ਦਾ ਪੁਤਲਾ ਫੂਕਿਆ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨੂੰ ਔਰਤਾਂ ਦਾ ਸਤਿਕਾਰ ਕਰਨ ਦੀ ਖ਼ੁਦ ਕੋਚਿੰਗ ਲੈਣ ਦੀ ਜ਼ਰੂਰਤ ਹੈ, ਕਿਉਂਕਿ ਉਹ ਮੁੱਖ ਮੰਤਰੀ ਹੋਣ ਦੇ ਨਾਤੇ ਮਹਿਲਾ ਦਿਵਸ ਮੌਕੇ ਲੜਕੀਆਂ ਦੇ ਕਾਲਜ ਵਿੱਚ ਆਪਣੀ ਜਵਾਨੀ ਦੇ ਕਿੱਸੇ ਸੁਣਾਉਂਦੇ ਹੋਏ ਪੰਜਾਬ ਦੀਆਂ ਭੈਣਾਂ ਦਾ ਮਜ਼ਾਕ ਉਡਾਉਂਦੇ ਹੋਏ ਨਜ਼ਰ ਆਏ, ਜਿਹੜੀਆਂ ਜਵਾਨੀ ਦੇ ਦਿਨਾਂ ਵਿੱਚ ਉਨ੍ਹਾਂ ਨਾਲ ਪੜ੍ਹਦੀਆਂ ਰਹੀਆਂ ਹਨ।ਇਹ ਸ਼ਬਦ ਪੰਜਾਬ ਮਹਿਲਾ ਕਾਂਗਰਸ ਦੀ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ ਨੇ ਪਟਿਆਲਾ ਦੀ ਪੀਲੀ ਸੜਕ ਉੱਤੇ ਮੁੱਖ ਮੰਤਰੀ ਭਗਵੰਤ ਮਾਨ ਦਾ ਪੁਤਲਾ ਫੂਕਣ ਉਪਰੰਤ ਪ੍ਰੈੱਸ ਕੋਲ ਪ੍ਰਗਟ ਕੀਤੇ।ਇਸ ਮੌਕੇ ਬੀਬੀ ਰੰਧਾਵਾ ਨੇ ਮੁੱਖ ਮੰਤਰੀ ਦੀ ਸੁਣਾਈ ਕਹਾਣੀ ਉੱਤੇ ਸਖ਼ਤ ਇਤਰਾਜ਼ ਕਰਦਿਆਂ ਕਿਹਾ ਕਿ ਪੰਜਾਬ ਰਾਜ ਮਹਿਲਾ ਕਮਿਸ਼ਨ ਨੂੰ ਇਸ ਉੱਤੇ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ ਤੇ ਮੁੱਖ ਮੰਤਰੀ ਨੂੰ ਪੰਜਾਬ ਦੀਆਂ ਧੀਆਂ-ਭੈਣਾਂ ਤੋਂ ਮਾਫੀ ਮੰਗਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਮਾਣਯੋਗ ਪੰਜਾਬ ਮਹਿਲਾ ਕਮਿਸ਼ਨ ਨੇ ਸੁਖਪਾਲ ਸਿੰਘ ਖਹਿਰਾ ਵੱਲੋਂ ਸਿਰਫ਼ ਇੱਕ ਪੋਸਟ ਸ਼ੇਅਰ ਕਰਨ ਉੱਤੇ ਉਨ੍ਹਾਂ 'ਤੇ ਸਖ਼ਤ ਕਾਰਵਾਈ ਕੀਤੀ ਗਈ ਹੈ ਤਾਂ ਉਨ੍ਹਾਂ ਨੂੰ ਭਗਵੰਤ ਮਾਨ ਤੋਂ ਸਪੱਸ਼ਟੀਕਰਨ ਮੰਗ ਕੇ ਅਗਲੇਰੀ ਕਾਰਵਾਈ ਕਰਨੀ ਚਾਹੀਦੀ ਹੈ।ਇਸ ਧਰਨੇ ਵਿੱਚ ਪੰਜਾਬ ਮਹਿਲਾ ਕਾਂਗਰਸ ਦੇ ਜਨਰਲ ਸਕੱਤਰ ਪ੍ਰਿੰਸੀਪਲ ਅਮਰਜੀਤ ਕੌਰ, ਜਨਰਲ ਸਕੱਤਰ ਮਨਦੀਪ ਚੌਹਾਨ, ਨਰਿੰਦਰ ਕੌਰ ਕੰਗ, ਸਕੱਤਰ ਲਤਾ ਵਰਮਾ, ਯਾਮਨੀ ਵਰਮਾ, ਰੁਪਿੰਦਰ ਕੌਰ ਜਲਾਲਪੁਰ, ਰੇਨੂੰ ਯਾਦਵ, ਡਿੰਪਲ ਗਿੱਲ, ਪੁਸ਼ਪਾ ਰਾਣੀ ਸੁਖਵਿੰਦਰ ਕੌਰ ਦਿਓਲ, ਡਿੰਪਲ ਗਿੱਲ, ਪਰਮਜੀਤ ਕੌਰ ਸੂਲਰ, ਹਰਬੰਸ ਕੌਰ, ਰਜਨੀ ਬਿਦਲਾਨ ਆਦਿ ਹਾਜ਼ਰ ਸਨ।

## ਸੋਨੇ ਦੀ ਅੰਗੂਠੀ ਵਾਪਸ ਕਰਕੇ ਦਿਖਾਈ ਇਮਾਨਦਾਰੀ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਗਿੱਦੜਬਾਹਾ ਦੇ ਇੱਕ ਕੱਪੜਾ ਦੁਕਾਨਦਾਰ ਦੇ ਕਰਮਚਾਰੀ ਨੇ ਕਿਸੇ ਗਾਹਕ ਦੀ ਦੁਕਾਨ ਵਿੱਚ ਡਿੱਗੀ ਸੋਨੇ ਦੀ ਅੰਗੂਠੀ ਵਾਪਸ ਕਰਕੇ ਇਮਾਨਦਾਰੀ ਦੀ ਮਿਸਾਲ ਪੇਸ਼ ਕੀਤੀ ਹੈ।ਜਾਣਕਾਰੀ ਅਨੁਸਾਰ ਬੀਤੀ 12 ਮਾਰਚ ਨੂੰ ਪਿੰਡ ਹੁਸਨਰ ਦੇ ਰਹਿਣ ਵਾਲੇ ਸਤਵਿੰਦਰ ਸਿੰਘ ਪੁੱਤਰ ਨਗਿੰਦਰ ਸਿੰਘ ਗਿੱਦੜਬਾਹਾ ਵਿਖੇ ਲਛਮਣ ਦਾਸ ਅਹੂਜਾ ਦੀ ਕੱਪੜੇ ਦੀ ਦੁਕਾਨ 'ਤੇ ਕੱਪੜਾ ਖ਼ਰੀਦਣ ਆਏ ਸਨ।ਇਸੇ ਦੌਰਾਨ ਦੁਕਾਨ 'ਤੇ ਕੰਮ ਕਰਦੇ ਪ੍ਰਿੰਸ ਛਾਬੜਾ ਨੂੰ ਦੁਕਾਨ ਦੀ ਸਫਾਈ ਕਰਦੇ ਸਮੇਂ ਸੋਨੇ ਦੀ ਅੰਗੂਠੀ ਮਿਲੀ, ਜਿਸ ਨੂੰ ਉਸ ਨੇ ਇਮਾਨਦਾਰੀ ਦਿਖਾਉਂਦੇ ਹੋਏ ਤੁਰੰਤ ਦੁਕਾਨ ਮਾਲਿਕ ਲਛਮਣ ਦਾਸ ਆਹੂਜਾ ਨੂੰ ਸੌਂਪ ਦਿੱਤਾ।ਬੀਤੇ ਦਿਨ ਜਦੋਂ ਉਕਤ ਸਤਵਿੰਦਰ ਸਿੰਘ ਆਪਣੀ ਡਿੱਗੀ ਅੰਗੂਠੀ ਦੀ ਤਲਾਸ਼ ਵਿੱਚ ਉਕਤ ਦੁਕਾਨ 'ਤੇ ਆਇਆ ਤਾਂ ਦੁਕਾਨਦਾਰ ਤੇ ਉਸ ਦੇ ਕਰਮਚਾਰੀ ਪ੍ਰਿੰਸ ਛਾਬੜਾ ਨੇ ਇਨਾਮਦਾਰੀ ਦੀ ਮਿਸਾਲ ਪੇਸ਼ ਕਰਦੇ ਹੋਏ ਹਜ਼ਾਰਾਂ ਰੁਪਏ ਕੀਮਤ ਦੀ ਸੋਨੇ ਦੀ ਅੰਗੂਠੀ ਉਸ ਦੇ ਅਸਲ ਮਾਲਿਕ ਨੂੰ ਵਾਪਸ ਕਰ ਦਿੱਤੀ।ਸਤਵਿੰਦਰ ਸਿੰਘ ਤੇ ਉਸ ਦੇ ਪਰਿਵਾਰ ਨੇ ਪ੍ਰਿੰਸ ਛਾਬੜਾ ਤੇ ਦੁਕਾਨ ਮਾਲਕ ਲਛਮਣ ਆਹੂਜਾ ਦਾ ਧੰਨਵਾਦ ਕੀਤਾ।

## ਮਾਡਰਨ ਕਾਲਜ ਦੇ ਵਿਦਿਆਰਥੀਆਂ ਐਡਵੈਂਚਰ, ਹਾਈਕਿੰਗ ਤੇ ਟ੍ਰੈਕਿੰਗ ਕੈਂਪ 'ਚ ਲਿਆ ਭਾਗ



**ਚੀਮਾ ਮੰਡੀ (ਰਵਿੰਦਰ ਚੀਮਾ)**-ਯੁਵਕ ਸੇਵਾਵਾਂ ਵਿਭਾਗ ਵੱਲੋਂ ਨੌਜਵਾਨਾਂ ਵਿੱਚ ਸਾਹਸਿਕ ਭਾਵਨਾ, ਆਤਮ-ਵਿਸ਼ਵਾਸ ਤੇ ਸਰੀਰਕ ਤੰਦਰੁਸਤੀ ਨੂੰ ਉਤਸ਼ਾਹਤ ਕਰਨ ਦੇ ਮਕਸਦ ਨਾਲ ਐਡਵੈਂਚਰ, ਹਾਈਕਿੰਗ ਤੇ ਟ੍ਰੈਕਿੰਗ ਕੈਂਪ ਦਾ ਵਿਸ਼ੇਸ਼ ਆਯੋਜਨ ਕੀਤਾ ਗਿਆ।ਇਸ ਕੈਂਪ ਵਿੱਚ ਮਾਡਰਨ ਗਰੁੱਪ ਆਫ ਕਾਲਜਿਜ਼ ਬੀਰ ਕਲਾਂ ਦੇ ਵਿਦਿਆਰਥੀਆਂ ਨੇ ਬੜੇ ਜੋਸ਼ ਤੇ ਉਤਸ਼ਾਹ ਨਾਲ ਭਾਗ ਲਿਆ ਅਤੇ ਨਵੀਆਂ ਗਤੀਵਿਧੀਆਂ ਦਾ ਤਜਰਬਾ ਹਾਸਲ ਕੀਤਾ।ਕੈਂਪ ਦੌਰਾਨ ਵਿਦਿਆਰਥੀਆਂ ਨੂੰ ਪ੍ਰਕਿਰਤੀ ਨਾਲ ਜੁੜਨ ਦਾ ਸੁਨਹਿਰਾ ਮੌਕਾ ਮਿਲਿਆ, ਜਿੱਥੇ ਉਨ੍ਹਾਂ ਨੇ ਪਹਾੜੀ ਇਲਾਕਿਆਂ ਵਿੱਚ ਹਾਈਕਿੰਗ ਤੇ ਟ੍ਰੈਕਿੰਗ ਦੀ ਪ੍ਰੈਕਟੀਕਲ ਸਿਖਲਾਈ ਪ੍ਰਾਪਤ ਕੀਤੀ।ਇਸ ਤੋਂ ਇਲਾਵਾ ਰੱਸੀ ਚੜ੍ਹਾਈ, ਬੈਲੇਂਸਿੰਗ ਐਕਟੀਵਿਟੀ, ਟੀਮ ਬਿਲਡਿੰਗ ਗੇਮਾਂ ਤੇ ਸਰਵਾਈਵਲ ਸਕਿਲਜ਼ ਵਰਗੀਆਂ ਗਤੀਵਿਧੀਆਂ ਵੀ ਕਰਵਾਈਆਂ ਗਈਆਂ।ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਤੇ ਸਟਾਫ ਮੈਂਬਰਾਂ ਨੇ ਕਿਹਾ ਕਿ ਅਜਿਹੇ ਕੈਂਪ ਵਿਦਿਆਰਥੀਆਂ ਦੀ ਸ਼ਖ਼ਸੀਅਤ ਦੇ ਵਿਕਾਸ ਲਈ ਬਹੁਤ ਹੀ ਲਾਭਦਾਇਕ ਸਾਬਿਤ ਹੁੰਦੇ ਹਨ।ਕੈਂਪ ਦੇ ਅੰਤ ਵਿੱਚ ਸਾਰੇ ਭਾਗੀਦਾਰਾਂ ਨੂੰ ਸਰਟੀਫਿਕੇਟ ਵੰਡੇ ਗਏ ਤੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ ਗਈ।ਯੁਵਕ ਸੇਵਾਵਾਂ ਵਿਭਾਗ ਵੱਲੋਂ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਪ੍ਰੋਗਰਾਮ ਕਰਵਾਉਣ ਦਾ ਭਰੋਸਾ ਦਿਵਾਇਆ ਗਿਆ।

## ਵਰਲਡ ਯੂਨੀਵਰਸਿਟੀ ਵਿਖੇ ਕੌਮੀ ਕਾਨਫਰੰਸ ਕਨਫਲੂਐਂਸ ਸਮਾਪਤ




**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿੱਚ ਦੋ ਰੋਜ਼ਾ ਅੰਤਰ-ਵਿਭਾਗੀ ਪੰਜਾਬ ਦੇ ਸਮਕਾਲੀ ਸਰੋਕਾਰ ਵਿਸ਼ੇ 'ਤੇ ਆਧਾਰਤ ਰਾਸ਼ਟਰੀ ਕਾਨਫਰੰਸ ਕਨਫਲੂਐਂਸ-2026 ਦਾ ਦੂਜਾ ਦਿਨ ਸਮਾਜ ਵਿਗਿਆਨ ਅਤੇ ਭਾਸ਼ਾ ਤੇ ਸਾਹਿਤ ਦੇ ਤਕਨੀਕੀ ਅਜਲਾਸ ਨਾਲ ਸਮਾਪਤ ਹੋਇਆ, ਜਿਸ ਤੋਂ ਬਾਅਦ ਵਿਦਾਇਗੀ ਅਜਲਾਸ ਕੀਤਾ ਗਿਆ।

ਸਮਾਜ ਵਿਗਿਆਨ ਭਾਗ ਦੇ ਅਜਲਾਸ ਵਿੱਚ ਡਾ. ਗੁਰਪ੍ਰੀਤ ਬਰਾੜ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਕੇਂਦਰ-ਰਾਜ ਸੰਬੰਧਾਂ ਤੇ ਸ਼ਾਸਨ ਦੀਆਂ ਚੁਣੌਤੀਆਂ 'ਤੇ ਵਿਸਥਾਰ ਨਾਲ ਵਿਚਾਰ ਪ੍ਰਗਟ ਕੀਤੇ।ਇਸ ਅਜਲਾਸ ਦੀ ਪ੍ਰਧਾਨਗੀ ਪ੍ਰੋ. ਦਲਜੀਤ ਸਿੰਘ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਕੀਤੀ ਤੇ ਉਨ੍ਹਾਂ ਨੇ ਆਧੁਨਿਕ ਮਸਲਿਆਂ ਨੂੰ ਇਤਿਹਾਸਕ ਦ੍ਰਿਸ਼ਟੀਕੋਣ ਨਾਲ ਸਮਝਣ 'ਤੇ ਜ਼ੋਰ ਦਿੱਤਾ।ਭਾਗ ਦੇ ਕੋਆਰਡੀਨੇਟਰ ਡਾ. ਨਵ ਸ਼ਗਨ ਦੀਪ ਕੌਰ, ਡਾ. ਰਮਨਦੀਪ ਕੌਰ ਤੇ ਡਾ. ਜਸਪ੍ਰੀਤ ਕੌਰ ਨੇ ਦੱਸਿਆ ਕਿ ਲਗਭਗ 30 ਖੋਜਕਾਰਾਂ ਨੇ ਪੰਜਾਬ ਦੇ ਸਮਾਜਿਕ, ਰਾਜਨੀਤਕ ਤੇ ਇਤਿਹਾਸਕ ਮਸਲਿਆਂ 'ਤੇ ਆਪਣੇ ਵਿਚਾਰ ਸਾਂਝੇ ਕੀਤੇ।ਡਾ. ਏਕਰੂਪ ਕੌਰ ਤੇ ਡਾ. ਸੁਖਵਿੰਦਰ ਸਿੰਘ ਨੂੰ ਸਰਵੋਤਮ ਪਰਚੇ ਲਈ ਸਨਮਾਨਤ ਕੀਤਾ ਗਿਆ।ਭਾਸ਼ਾ ਤੇ ਸਾਹਿਤ ਅਜਲਾਸ ਵਿੱਚ ਪ੍ਰਸਿੱਧ ਨਾਟਕਕਾਰ ਪ੍ਰੋ. ਸਤੀਸ਼ ਕੁਮਾਰ ਵਰਮਾ ਨੇ ਮੁੱਖ ਭਾਸ਼ਣ ਦਿੱਤਾ ਤੇ ਉਨ੍ਹਾਂ ਨੇ ਪੰਜਾਬੀ ਬੋਲੀ ਤੇ ਸਾਹਿਤ ਨੂੰ ਚੁਣੌਤੀਆਂ ਉੱਪਰ ਆਪਣੇ ਵਿਚਾਰ ਪੇਸ਼ ਕੀਤੇ।ਇਸ ਅਜਲਾਸ ਦੀ ਪ੍ਰਧਾਨਗੀ ਪ੍ਰੋ. ਸਵਰਾਜ ਰਾਜ ਨੇ ਕੀਤੀ।ਮੰਚ ਸੰਚਾਲਨ ਡਾ. ਹਰਪ੍ਰੀਤ ਕੌਰ ਤੇ ਡਾ. ਬਲਜੀਤ ਕੌਰ ਵੱਲੋਂ ਕੀਤਾ ਗਿਆ।ਇਸ ਵਿੱਚ ਕੁੱਲ 18 ਪੇਪਰ ਪੇਸ਼ ਕੀਤੇ ਗਏ, ਜਿਨ੍ਹਾਂ ਵਿੱਚੋਂ ਡਾ. ਬਿੰਦਰ ਸਿੰਘ ਤੇ ਡਾ. ਨਵਰੂਪ ਕੌਰ ਨੂੰ ਸਰਵੋਤਮ ਪਰਚੇ ਲਈ ਸਨਮਾਨ ਮਿਲਿਆ।ਕਾਨਫਰੰਸ ਦੇ ਵਿਦਾਇਗੀ ਅਜਲਾਸ ਵਿੱਚ ਇੰਦਰ ਕੁਮਾਰ ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਜਲੰਧਰ ਦੇ ਵਾਈਸ-ਚਾਂਸਲਰ ਪ੍ਰੋ. ਸੁਸ਼ੀਲ ਮਿੱਤਲ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਇਸ ਅਜਲਾਸ ਦੀ ਪ੍ਰਧਾਨਗੀ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ. ਪਰਿਤ ਪਾਲ ਸਿੰਘ ਨੇ ਕੀਤੀ।

ਸਮਾਪਤੀ ਅਜਲਾਸ ਵਿੱਚ ਡਾ. ਹਰਨੀਤ ਬਿਲਿੰਗ ਡੀਨ ਫੈਕਲਟੀ ਆਫ ਐਜੂਕੇਸ਼ਨ ਐਂਡ ਇਨਫੋਰਮੇਸ਼ਨ ਸਾਇੰਸਜ਼ ਨੇ ਕਾਨਫਰੰਸ ਦੀ ਰਿਪੋਰਟ ਪੇਸ਼ ਕੀਤੀ ਤੇ ਦੋ ਦਿਨਾਂ ਦੀ ਚਰਚਾ ਦੌਰਾਨ ਸਾਹਮਣੇ ਆਏ ਪੰਜਾਬ ਦੇ ਮੁੱਖ ਮਸਲਿਆਂ ਦੀ ਜਾਣਕਾਰੀ ਦਿੱਤੀ। ਇਸ ਮੌਕੇ ਪ੍ਰੋ. ਜਮਸ਼ੇਦ ਅਲੀ ਖਾਨ ਨੇ ਵਿਦਾਇਗੀ ਭਾਸ਼ਣ ਦਿੱਤਾ।ਕਾਨਫਰੰਸ ਦੇ ਅਖੀਰ ਵਿੱਚ ਡਾ. ਸਿਕੰਦਰ ਸਿੰਘ ਡੀਨ ਭਾਸ਼ਾਵਾਂ ਵੱਲੋਂ ਧੰਨਵਾਦ ਦਾ ਮਤਾ ਪੇਸ਼ ਕੀਤਾ ਗਿਆ।

## ਪੀ ਜੀ ਆਈ ਅੰਗ ਟਰਾਂਸਪਲਾਂਟ ਦੀਆਂ ਸੁਵਿਧਾਵਾਂ ਨਾਲ ਹੋਵੇਗਾ ਲੈਸ : ਪ੍ਰੋ. ਵਿਵੇਕ ਲਾਲ

**ਸਮਰਾਲਾ (ਸੁਰਜੀਤ ਸਿੰਘ)**

ਪੀਜੀਆਈ ਚੰਡੀਗੜ੍ਹ ਹੁਣ ਕੇਵਲ ਇਲਾਜ ਦਾ ਕੇਂਦਰ ਹੀ ਨਹੀਂ ਰਹੇਗਾ, ਸਗੋਂ ਅੰਗ ਟਰਾਂਸਪਲਾਂਟ ਦੇ ਖੇਤਰ ਵਿੱਚ ਦੇਸ਼ ਦਾ ਇੱਕ ਵੱਡਾ ਕੇਂਦਰ ਬਣਨ ਵੱਲ ਵਧ ਰਿਹਾ ਹੈ। ਸੰਸਥਾ ਦੇ ਡਾਇਰੈਕਟਰ ਪ੍ਰੋਫੈਸਰ ਵਿਵੇਕ ਲਾਲ ਨੇ ਸ਼ਨੀਵਾਰ ਨੂੰ ਇੱਕ ਵੱਡਾ ਐਲਾਨ ਕਰਦਿਆਂ ਕਿਹਾ ਕਿ ਪੀਜੀਆਈ ਵਿੱਚ ਜਲਦੀ ਹੀ ਇੱਕ ਸਮਰਪਿਤ ਟ੍ਰਾਂਸਪਲਾਂਟ ਸੈਂਟਰ ਬਣਾਇਆ ਜਾਵੇਗਾ।ਇਹ ਕੇਂਦਰ ਆਧੁਨਿਕ ਸੁਵਿਧਾਵਾਂ ਨਾਲ ਲੈਸ ਹੋਵੇਗਾ ਤੇ ਇੱਕੋ ਛੱਤ ਹੇਠ ਮਰੀਜ਼ਾਂ ਨੂੰ ਅੰਗ ਟਰਾਂਸਪਲਾਂਟ ਨਾਲ ਸੰਬੰਧਿਤ ਸਾਰੀਆਂ ਸਹੂਲਤਾਂ ਪ੍ਰਦਾਨ ਕਰੇਗਾ।

ਪ੍ਰੋ. ਲਾਲ ਪੀਜੀਆਈ ਵਿੱਚ ਆਯੋਜਿਤ 'ਇੰਡੀਅਨ ਸੋਸਾਇਟੀ ਆਫ ਟ੍ਰਾਂਸਪਲਾਂਟੇਸ਼ਨ' ਦੇ ਸਾਲਾਨਾ ਸੰਮੇਲਨ 2026 ਦੇ ਉਦਘਾਟਨੀ ਸੈਸ਼ਨ ਨੂੰ ਸੰਬੋਧਨ ਕਰ ਰਹੇ ਸਨ।ਉਨ੍ਹਾਂ ਦੱਸਿਆ ਕਿ ਮੌਜੂਦਾ ਸਮੇਂ ਵਿੱਚ ਵੱਖ-ਵੱਖ ਵਿਭਾਗਾਂ ਵੱਲੋਂ ਕੀਤੇ ਜਾ ਰਹੇ ਟ੍ਰਾਂਸਪਲਾਂਟ ਕੰਮ ਨੂੰ ਹੁਣ ਇੱਕ ਢਾਂਚੇ ਹੇਠ ਇਕੱਠਾ ਕੀਤਾ ਜਾਵੇਗਾ, ਜਿਸ ਨਾਲ ਮਰੀਜ਼ਾਂ ਦੀ ਉਡੀਕ ਸੂਚੀ ਘਟੇਗੀ ਤੇ ਨਤੀਜੇ ਹੋਰ ਬਿਹਤਰ ਹੋਣਗੇ।ਪ੍ਰੋ. ਵਿਵੇਕ ਲਾਲ ਨੇ ਆਪਣੇ ਸੰਬੋਧਨ ਵਿੱਚ ਚਿਕਿਤਸਾ ਵਿਗਿਆਨ ਤੇ ਮਨੁੱਖੀ ਸੰਵੇਦਨਾਵਾਂ ਨੂੰ ਜੋੜਦਿਆਂ ਕਿਹਾ ਕਿ ਡਾਇਲਿਸਿਸ ਇੱਕ ਬਹੁਤ ਹੀ ਮੁਸ਼ਕਲ ਅਨੁਭਵ ਹੁੰਦਾ ਹੈ।ਇਸ ਨੂੰ ਲਿਖਣਾ ਆਸਾਨ ਹੈ, ਪਰ ਮਰੀਜ਼ ਲਈ ਇਸ ਨੂੰ ਸਹਿਣਾ ਕਾਫੀ ਔਖਾ ਹੁੰਦਾ ਹੈ।




ਉਨ੍ਹਾਂ ਕਿਹਾ ਕਿ ਟ੍ਰਾਂਸਪਲਾਂਟ ਸਿਰਫ਼ ਇੱਕ ਸਰਜਰੀ ਨਹੀਂ, ਸਗੋਂ ਇਹ ਮਰੀਜ਼ ਨੂੰ ਉਸ ਦੀ ਇੱਜ਼ਤ ਤੇ ਜੀਵਨ ਦੀ ਨਵੀਂ ਉਮੀਦ ਵਾਪਸ ਦਿੰਦਾ ਹੈ।ਉਨ੍ਹਾਂ ਨੌਜਵਾਨ ਸਰਜਨਾਂ ਨੂੰ ਸਲਾਹ ਦਿੱਤੀ ਕਿ ਉਹ ਪਹਿਲਾਂ ਚੰਗੇ ਇਨਸਾਨ ਤੇ ਫਿਰ ਕੁਸ਼ਲ ਸਰਜਨ ਬਣਨ, ਕਿਉਂਕਿ ਟ੍ਰਾਂਸਪਲਾਂਟ ਖੇਤਰ ਵਿੱਚ ਅਨੁਸ਼ਾਸਨ ਤੇ ਪੂਰਨ ਸਮਰਪਣ ਦੀ ਲੋੜ ਹੁੰਦੀ ਹੈ।ਭਾਰਤ ਦੀ ਪ੍ਰਾਚੀਨ ਚਿਕਿਤਸਾ ਪ੍ਰਣਾਲੀ ਦਾ ਜ਼ਿਕਰ ਕਰਦਿਆਂ ਪ੍ਰੋ. ਲਾਲ ਨੇ ਕਿਹਾ ਕਿ ਦੁਨੀਆ ਦਾ ਪਹਿਲਾ ਦਰਜ ਕੀਤਾ ਗਿਆ ਟ੍ਰਾਂਸਪਲਾਂਟ ਮਹਰਿਸ਼ੀ ਸੁਸ਼ਰੁਤ ਵੱਲੋਂ ਕੀਤਾ ਗਿਆ ਸੀ।ਇਸ ਵਿਰਾਸਤ ਨੂੰ ਅੱਗੇ ਵਧਾਉਂਦਿਆਂ ਪੀਜੀਆਈ ਹੁਣ ਸਿਮੂਲੇਸ਼ਨ ਸੁਵਿਧਾਵਾਂ ਤੇ ਅਧੁਨਿਕ ਖੋਜ ਰਾਹੀਂ ਨਵੀਂ ਪੀੜ੍ਹੀ ਦੇ ਸਰਜਨਾਂ ਨੂੰ ਤਿਆਰ ਕਰੇਗਾ।ਪ੍ਰੋਗਰਾਮ ਦੇ ਅੰਤ ਵਿੱਚ ਰੀਨਲ ਟ੍ਰਾਂਸਪਲਾਂਟ ਵਿਭਾਗ ਦੇ ਮੁਖੀ ਪ੍ਰੋ. ਆਸ਼ੀਸ਼ ਸ਼ਰਮਾ ਨੇ ਸਭ ਦਾ ਧੰਨਵਾਦ ਕੀਤਾ।ਇਸ ਸੰਮੇਲਨ ਨੇ ਸਪੱਸ਼ਟ ਕਰ ਦਿੱਤਾ ਕਿ ਪੀਜੀਆਈ ਦਾ ਆਉਣ ਵਾਲਾ ਟ੍ਰਾਂਸਪਲਾਂਟ ਸੈਂਟਰ ਉੱਤਰੀ ਭਾਰਤ ਦੇ ਹਜ਼ਾਰਾਂ ਮਰੀਜ਼ਾਂ ਲਈ ਜੀਵਨਦਾਤਾ ਸਾਬਿਤ ਹੋਵੇਗਾ।

## ਕਿਸਾਨ ਆਗੂ ਤੇ ਸਮਾਜ ਸੇਵੀ ਜਸਦੇਵ ਨੂਗੀ ਦਾ ਦੇਹਾਂਤ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕਿਸਾਨ ਆਗੂ ਤੇ ਸਮਾਜ ਸੇਵੀ ਜਸਦੇਵ ਸਿੰਘ ਬਹਿਨੀਵਾਲ (ਨੂਗੀ) ਦੀ ਦੇਹਾਂਤ ਹੋ ਗਿਆ।ਉਹ 58 ਸਾਲਾਂ ਦੇ ਸਨ।ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਨਾਲ ਸਬੰਧਤ ਨੂਗੀ ਨੇ ਦਿੱਲੀ ਕਿਸਾਨ ਅੰਦਲੋਨ 'ਚ ਹਿੱਸਾ ਲੈਣ ਸਮੇਤ ਕਿਸਾਨ ਜਥੇਬੰਦੀਆਂ ਦੀਆਂ ਹੋਰ ਸਰਗਰਮੀਆਂ 'ਚ ਵੀ ਹਿੱਸਾ ਲਿਆ।ਉਹ ਡੇਢ ਦਹਾਕੇ ਤੋਂ ਇਥੇ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਰੋਜ਼ਾਨਾ 8 ਤੋਂ 10 ਘੰਟੇ ਲੰਗਰ ਤੇ ਜੋੜਾ ਘਰ ਸਮੇਤ ਸਾਈਕਲ ਸਟੈਂਡ ਵਿੱਚ ਨਿਸ਼ਕਾਮ ਸੇਵਾ ਕਰਦੇ ਆ ਰਹੇ ਸਨ।ਸ਼ੂਗਰ ਵਧਣ ਤੇ ਬੀ.ਪੀ ਘਟਣ ਕਾਰਨ ਉਹ ਕਰੀਬ ਦੋ ਹਫ਼ਤੇ ਇਥੇ ਅਮਰ ਹਸਪਤਾਲ 'ਚ ਦਾਖਲ ਰਹੇ, ਪਰ ਇਥੇ ਇਲਾਜ ਦੌਰਾਨ ਦਮ ਤੋੜ ਗਏ।ਉਨ੍ਹਾਂ ਦੇ ਐਨਆਰਆਈ ਸਪੁੱਤਰ ਲਵਪ੍ਰੀਤ ਸਿੰਘ ਬਹਿਨੀਵਾਲ ਨੇ ਦੱਸਿਆ ਕਿ ਅੰਤਿਮ ਸਸਕਾਰ ਉਨ੍ਹਾਂ ਦੇ ਸਨੌਰ ਤੇ ਘਨੌਰ ਨੇੜਲੇ ਪਿੰਡ ਵਿਖੇ ਕਰ ਦਿੱਤਾ ਗਿਆ। ਕਿਸਾਨ ਯੂਨੀਅਨ ਉਗਰਾਹਾਂ ਦੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ, ਸਾਬਕਾ ਐਮ.ਪੀ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਤੇ ਘਨੌਰ ਦੇ ਸਾਬਕਾ ਕਾਂਗਰਸੀ ਵਿਧਾਇਕ ਮਦਨ ਲਾਲ ਜਲਾਲਪੁਰ ਨੇ ਇਸ ਮੌਤ 'ਤੇ ਦੁੱਖ ਜ਼ਾਹਰ ਕਰਦਿਆਂ ਪੀੜਤ ਪਰਵਾਰ ਨਾਲ ਹਮਦਰਦੀ ਦਾ ਇਜ਼ਹਾਰ ਕੀਤਾ ਹੈ।



## ਕੈਬਨਿਟ ਮੰਤਰੀ ਸੰਜੀਵ ਅਰੋੜਾ ਵੱਲੋਂ 1.74 ਕਰੋੜ ਦੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ

**ਲੁਧਿਆਣਾ (ਰਾਜ ਸਿੰਗਲਾ)**

ਨੌਜਵਾਨਾਂ ਵਿੱਚ ਬੁਨਿਆਦੀ ਢਾਂਚੇ ਤੇ ਖੇਡਾਂ ਨੂੰ ਉਤਸ਼ਾਹਤ ਕਰਨ ਲਈ ਇੱਕ ਵੱਡੇ ਉਤਸ਼ਾਹ ਵਜੋਂ ਪੰਜਾਬ ਦੇ ਸਥਾਨਕ ਸਰਕਾਰਾਂ, ਉਦਯੋਗ ਤੇ ਵਣਜ, ਨਿਵੇਸ਼ ਪ੍ਰੋਤਸਾਹਨ, ਬਿਜਲੀ ਮੰਤਰੀ ਸ੍ਰੀ ਸੰਜੀਵ ਅਰੋੜਾ ਨੇ ਸ਼ਹਿਰ ਵਿੱਚ ਲਗਭਗ 1.74 ਕਰੋੜ ਰੁਪਏ ਦੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ। ਉਦਘਾਟਨ ਕੀਤੇ ਗਏ ਪ੍ਰੋਜੈਕਟਾਂ ਵਿੱਚ ਲਗਭਗ 91 ਲੱਖ ਰੁਪਏ ਦੀ ਲਾਗਤ ਨਾਲ ਸਥਾਪਤ ਚਿਲਡਰਨ ਡੇ (ਸਿਵਲ ਹਸਪਤਾਲ ਦੇ ਪਿਛਲੇ ਪਾਸੇ) ਦੇ ਨੇੜੇ ਇੱਕ ਬਹੁ-ਮੰਤਵੀ ਖੇਡ ਪਾਰਕ, ਕਰੀਬ 38 ਲੱਖ ਰੁਪਏ ਦੀ ਲਾਗਤ ਨਾਲ ਜੈਮਲ ਸਿੰਘ ਰੋਡ 'ਤੇ ਵਿਸ਼ਵਕਰਮਾ ਪਾਰਕ ਦਾ ਪੁਨਰ ਵਿਕਾਸ ਤੇ ਕਰੀਬ 45 ਲੱਖ ਰੁਪਏ ਦੀ ਲਾਗਤ ਨਾਲ ਐਸ.ਏ.ਐਸ ਨਗਰ ਵਿੱਚ ਢੋਲੇਵਾਲ ਮਿਲਟਰੀ ਕੰਪਲੈਕਸ ਦੇ ਪਿਛਲੇ ਪਾਸੇ ਸੀਵਰ ਲਾਈਨਾਂ ਵਿਛਾਉਣ ਦਾ ਕੰਮ ਸ਼ਾਮਲ ਹੈ। ਕੈਬਨਿਟ ਮੰਤਰੀ ਅਰੋੜਾ ਨੇ ਕਿਹਾ ਕਿ ਬਹੁ-ਮੰਤਵੀ ਖੇਡ ਪਾਰਕ ਉਸ ਜਗ੍ਹਾ ਨੂੰ ਬਦਲ ਕੇ ਸਥਾਪਤ ਕੀਤਾ ਗਿਆ ਹੈ, ਜੋ ਦਹਾਕਿਆਂ ਤੋਂ ਖੰਡਰ ਪਈ ਸੀ ਤੇ ਕੂੜਾ ਸੁੱਟਣ ਵਾਲੀ ਜਗ੍ਹਾ ਵਜੋਂ ਵਰਤੀ ਜਾਂਦੀ ਸੀ।ਸਪੋਰਟਸ ਪਾਰਕ ਵਿੱਚ ਚਾਰ ਮੈਦਾਨ ਸਥਾਪਤ ਕੀਤੇ ਗਏ ਹਨ, ਜਿਨ੍ਹਾਂ ਵਿੱਚ ਇੱਕ ਕ੍ਰਿਕਟ ਗਰਾਊਂਡ (ਬਾਕਸ ਕ੍ਰਿਕਟ), ਪਿਕਲਬਾਲ, ਵਾਲੀਬਾਲ ਤੇ ਬਾਸਕਟਬਾਲ ਸ਼ਾਮਲ ਹਨ।ਇਹ ਸਪੋਰਟਸ ਪਾਰਕ ਲਗਭਗ 91 ਲੱਖ ਰੁਪਏ ਦੀ ਲਾਗਤ ਨਾਲ ਸਥਾਪਤ ਕੀਤਾ ਗਿਆ ਹੈ।ਉਪਰੰਤ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਜੈਮਲ ਸਿੰਘ ਰੋਡ (ਗਿੱਲ ਰੋਡ) 'ਤੇ ਮੁੜ ਵਿਕਸਤ ਵਿਸ਼ਵਕਰਮਾ ਪਾਰਕ ਦਾ ਉਦਘਾਟਨ ਕੀਤਾ।ਇਸ ਪਾਰਕ ਨੂੰ ਕਰੀਬ 38 ਲੱਖ ਰੁਪਏ ਦੀ ਲਾਗਤ ਨਾਲ ਦੁਬਾਰਾ ਵਿਕਸਤ ਕੀਤਾ ਗਿਆ ਹੈ।ਇਸ ਤੋਂ ਇਲਾਵਾ ਕੈਬਨਿਟ ਮੰਤਰੀ ਅਰੋੜਾ ਨੇ ਢੋਲੇਵਾਲ ਮਿਲਟਰੀ ਕੰਪਲੈਕਸ ਦੇ ਪਿਛਲੇ ਪਾਸੇ ਸਥਿਤ ਸਾਹਿਬਜ਼ਾਦਾ ਅਜੀਤ ਸਿੰਘ (ਐਸ.ਏ.ਐਸ.) ਨਗਰ ਵਿੱਚ ਸੀਵਰੇਜ ਲਾਈਨਾਂ ਵਿਛਾਉਣ ਦੇ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ।ਇਹ ਪ੍ਰੋਜੈਕਟ ਲਗਭਗ 45 ਲੱਖ ਰੁਪਏ ਦੀ ਲਾਗਤ ਨਾਲ ਸ਼ੁਰੂ ਕੀਤਾ ਜਾ ਰਿਹਾ ਹੈ।ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਸੂਬੇ ਭਰ ਵਿੱਚ ਟਿਕਾਊ ਵਿਕਾਸ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ।ਲੁਧਿਆਣਾ ਸ਼ਹਿਰ ਵਿੱਚ ਕਰੋੜਾਂ ਰੁਪਏ ਦੇ ਵਿਕਾਸ ਪ੍ਰੋਜੈਕਟ ਵੀ ਸ਼ੁਰੂ ਕੀਤੇ ਜਾ ਰਹੇ ਹਨ ਤਾਂ ਜੋ ਵੱਡੇ ਪੱਧਰ 'ਤੇ ਗੁਣਵੱਤਾ ਵਾਲੇ ਬੁਨਿਆਦੀ ਢਾਂਚੇ ਨੂੰ ਵਿਕਸਤ ਕੀਤਾ ਜਾ ਸਕੇ।



## ਇੰਗਲੈਂਡ ਦਾ ਵਿਜ਼ਟਰ ਵੀਜ਼ਾ ਲਵਾਇਆ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਸਰਾਂ ਇਮੀਗ੍ਰੇਸ਼ਨ ਨੇ ਬਲਜਿੰਦਰ ਕੌਰ ਧਾਲੀਵਾਲ ਪਿੰਡ ਹਠੂਰ ਨੂੰ, ਯੂ ਕੇ ਵਿਜ਼ਟਰ ਵੀਜ਼ਾ ਲਵਾ ਕੇ ਦਿੱਤਾ, ਜਿਸ ਦੇ ਚੱਲਦੇ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਪੇਸ਼ਾਨੀ ਨਹੀਂ ਆਈ।ਸੰਸਥਾ ਦੇ ਐਮ.ਡੀ ਹਰਸਿਮਰਨਜੀਤ ਸਿੰਘ ਸਰਾਂ ਨੇ ਕਿਹਾ ਕਿ ਜੋ ਵੀ ਬੱਚੇ, ਮਾਤਾ-ਪਿਤਾ, ਲੋਕ ਬਾਹਰ ਜਾ ਕੇ ਆਪਣੇ ਸੁਪਨੇ ਸਾਕਾਰ ਕਰਨਾ ਚਾਹੁੰਦੇ ਹਨ।ਉਹ ਅੱਜ ਹੀ ਸੰਸਥਾ ਨਾਲ ਸੰਪਰਕ ਕਰ ਸਕਦੇ ਹਨ।ਸਰਾਂ ਇਮੀਗ੍ਰੇਸ਼ਨ ਨੇ ਬਲਜਿੰਦਰ ਕੌਰ ਧਾਲੀਵਾਲ ਪਿੰਡ ਹਠੂਰ ਨੂੰ, ਯੂ.ਕੇ ਵਿਜ਼ਟਰ ਵੀਜ਼ਾ ਲਵਾ ਕੇ ਦਿੱਤਾ, ਜਿਸ ਦੇ ਚੱਲਦੇ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਨਹੀਂ ਆਈ।ਸੰਸਥਾ ਦੇ ਐਮ.ਡੀ ਹਰਸਿਮਰਨਜੀਤ ਸਿੰਘ ਸਰਾਂ ਨੇ ਕਿਹਾ ਕਿ ਜੋ ਵੀ ਬੱਚੇ, ਮਾਤਾ-ਪਿਤਾ, ਲੋਕ ਬਾਹਰ ਜਾ ਕੇ ਆਪਣੇ ਸੁਪਨੇ ਸਾਕਾਰ ਕਰਨਾ ਚਾਹੁੰਦੇ ਹਨ।

## ਨਿਰਮਲ ਦਿਓਲ ਦੀ ਪੁਸਤਕ 'ਰੰਗਾਂ ਦੀਆਂ ਬਾਤਾਂ' ਲੋਕ ਅਰਪਣ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**

ਪੰਜਾਬੀ ਸਾਹਿਤ ਦਾ ਹਰਾਵਲ ਦਸਤਾ ਮੰਨੀ ਜਾਣ ਵਾਲੀ ਆਸਟਰੇਲੀਆ ਦੀ ਸਿਰਮੌਰ ਅਦਬੀ ਸੰਸਥਾ ਇਪਸਾ ਵੱਲੋਂ ਆਪਣੇ ਦਸਵੇਂ ਸਾਲ ਦੀ ਵਰ੍ਹੇਗੰਢ ਮੌਕੇ ਸਾਹਿਤਕ ਸਮਾਗਮ ਮਰਹੂਮ ਡਾ. ਸੁਰਜੀਤ ਪਾਤਰ ਦੀ ਸਿਮਰਤੀ ਨੂੰ ਸਮਰਪਤ ਕੀਤਾ ਗਿਆ।ਇਸ ਸਮਾਗਮ ਵਿੱਚ ਡਾ. ਸੁਰਜੀਤ ਪਾਤਰ ਦੇ ਛੋਟੇ ਭਰਾ ਉਪਕਾਰ ਸਿੰਘ ਪਾਤਰ ਨੇ ਕੈਨੇਡਾ ਤੋਂ ਆ ਕੇ ਸ਼ਿਰਕਤ ਕੀਤੀ। ਉਨ੍ਹਾਂ ਨਾਲ ਡਾ. ਸੁਰਜੀਤ ਪਾਤਰ ਦਾ ਸਪੁੱਤਰ ਅੰਕੁਰ ਪਾਤਰ ਵੀ ਹਾਜ਼ਰ ਸੀ।ਸਮਾਗਮ ਦੀ ਸ਼ੁਰੂਆਤ ਇਪਸਾ ਗਰੁੱਪ ਦੇ ਜੁਆਇੰਟ ਕੁਆਰਡੀਨੇਟਰ ਸਰਬਜੀਤ ਸੋਹੀ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕਰਦੇ ਹੋਏ ਕੀਤੀ।ਇਸ ਮੌਕੇ ਪੁਸ਼ਪਿੰਦਰ ਤੂਰ ਨੇ ਔਰਤਾਂ ਦੇ ਹੱਕਾਂ ਤੇ ਸਮਾਜ ਵਿੱਚ ਉਨ੍ਹਾਂ ਦੀ ਮਹੱਤਵਪੂਰਨ ਭੂਮਿਕਾ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।ਇਸ ਮੌਕੇ ਨਾਮਵਰ ਸਾਹਿਤਕ ਤੇ ਸਮਾਜਿਕ ਹਸਤੀਆਂ ਨੇ ਆਪਣੀ ਹਾਜ਼ਰੀ ਨਾਲ ਸਮਾਗਮ ਦੀ ਰੌਣਕ ਵਧਾਈ। ਇਸ ਮੌਕੇ ਸਿਰਮੌਰ ਸ਼ਾਇਰ ਲੇਖਕ ਨਿਰਮਲ ਦਿਓਲ ਦੀ ਨਵੀਂ ਪ੍ਰਕਾਸ਼ਤ ਪੁਸਤਕ 'ਰੰਗਾਂ ਦੀਆਂ ਬਾਤਾਂ' ਲੋਕ ਅਰਪਣ ਕੀਤੀ ਗਈ। ਸਮਾਗਮ ਦੌਰਾਨ ਸਰਬਜੀਤ ਸੋਹੀ ਵੱਲੋਂ ਲੇਖਕ ਨਿਰਮਲ ਦਿਓਲ ਦੀ ਨਵੀਂ ਪ੍ਰਕਾਸ਼ਤ ਪੁਸਤਕ 'ਰੰਗਾਂ ਦੀਆਂ ਬਾਤਾਂ' ਬਾਰੇ ਚਾਨਣਾ ਪਾਇਆ ਗਿਆ ਤੇ ਉਸ ਦੀ ਸਾਹਿਤਕ ਮਹੱਤਤਾ ਬਾਰੇ ਵੀ ਗੱਲਬਾਤ ਕੀਤੀ ਗਈ।ਇਸ ਮੌਕੇ ਰੀਤੀਕਾ ਅਹੀਰ ਨੇ ਔਰਤ ਦੀ ਦਸ਼ਾ ਬਾਰੇ ਗੱਲਬਾਤ ਕਰਦਿਆਂ ਕਿਹਾ ਕਿ ਆਧੁਨਿਕ ਸਮਾਜ ਵਿੱਚ ਔਰਤਾਂ ਦਾ ਸੰਘਰਸ਼ ਸਿਰਫ ਸਮਾਜਿਕ ਹੀ ਨਹੀਂ, ਸਗੋਂ ਕਾਨੂੰਨੀ ਪੱਧਰ 'ਤੇ ਵੀ ਜਾਰੀ ਹੈ।ਸ਼ਾਇਰ ਰੁਪਿੰਦਰ ਸੋਚ ਨੇ ਆਪਣੀ ਕਵਿਤਾ ਰਾਹੀਂ ਹਾਜ਼ਰੀ ਲਗਵਾਈ, ਤੇਜੂ ਤੇਜੀ ਭੰਗੂ ਨੇ ਗੀਤ ਤੇ ਲੇਖਕਾ ਗੁਰਮੀਤ ਕੌਰ ਸੰਧਾ ਨੇ ਕਵਿਤਾ ਪੇਸ਼ ਕਰਕੇ ਸਰੋਤਿਆਂ ਦੀ ਖੂਬ ਦਾਦ ਹਾਸਲ ਕੀਤੀ।ਸੁਖਨੈਬ ਦੌੜ ਨੇ ਡਾਕਟਰ ਸੁਰਜੀਤ ਪਾਤਰ ਦੀ ਇੱਕ ਮਸ਼ਹੂਰ ਗਜ਼ਲ ਗਾ ਕੇ ਉਨ੍ਹਾਂ ਨੂੰ ਸੰਗੀਤ ਮਈ ਸ਼ਰਧਾਂਜਲੀ ਭੇਟ ਕੀਤੀ।ਸਮਾਗਮ ਦੇ ਅੰਤ ਵਿੱਚ ਸਨਮਾਨ ਦੀਆਂ ਰਸਮਾਂ ਇਪਸਾ ਵੱਲੋਂ ਨਿਭਾਈਆਂ ਗਈਆਂ ਤੇ ਉਪਕਾਰ ਸਿੰਘ ਨੂੰ ਗਜ਼ਲ ਤੇ ਗੁਰਮਤਿ ਗਾਇਨ ਲਈ ਜੀਵਨ ਭਰ ਦੇ ਯੋਗਦਾਨ ਤੇ ਪ੍ਰਾਪਤੀਆਂ ਲਈ ਐਵਾਰਡ ਆਫ ਔਂਡਰ ਪ੍ਰਧਾਨ ਕੀਤਾ ਗਿਆ।ਇਸ ਮੌਕੇ ਅਮਰ ਸਿੰਘ ਆਰਟਿਸਟ, ਬਿਕਰਮਜੀਤ ਸਿੰਘ ਚੰਦੀ, ਪਾਲ ਰੋਕੇ, ਜੋਗਿੰਦਰ ਸਿੰਘ ਖਟੜਾ, ਨਿਰਮਲ ਦਿਓਲ, ਅੰਕੁਰ ਪਾਤਰ, ਗੁਰਵਿੰਦਰ ਸਿੰਘ ਤੋਂ ਇਲਾਵਾ ਹੋਰ ਸਾਹਿਤਕ ਪ੍ਰੇਮੀ ਤੇ ਨਾਮਵਰ ਹਸਤੀਆਂ ਹਾਜ਼ਰ ਸਨ।



## ਸੱਭਿਆਚਾਰ ਤੇ ਵਿਰਸੇ ਦੀ ਸੰਭਾਲ ਲਈ ਸਰਕਾਰ ਯਤਨਸ਼ੀਲ : ਗੋਇਲ

**ਦਿੜ੍ਹਬਾ (ਜਸਵੀਰ ਲਾਡੀ)**-ਪੰਜਾਬ ਕਲਾ ਪ੍ਰੀਸ਼ਦ ਚੰਡੀਗੜ੍ਹ ਵੱਲੋਂ ਪੰਜਾਬ ਸਰਕਾਰ ਦੇ ਸਹਿਯੋਗ ਨਾਲ ਸੀਬਾ ਕੈਂਪਸ ਲਹਿਰਾਗਾਗਾ ਵਿਖੇ ਚੇਅਰਮੈਨ ਸਵਰਨਜੀਤ ਸਿੰਘ ਸਵੀ ਦੀ ਅਗਵਾਈ ਹੇਠ ਪੰਜਾਬ ਦੀਆਂ ਦਿਹਾਤੀ ਲੋਕ ਕਲਾਵਾਂ, ਦਸਤਕਾਰੀ, ਲੋਕ ਗਾਇਕੀ, ਲੋਕ ਨਾਚਾਂ ਤੇ ਲਲਿਤ ਕਲਾਵਾਂ ਨੂੰ ਸਮਰਪਤ ਪੰਜਾਬ ਦੇ ਪਹਿਲੇ ਸਿਰਜਣਾਤਮਕ ਮੇਲੇ 'ਸਹੁੰ ਪੰਜਾਬ ਦੀ' ਦੇ ਦੂਜੇ ਦਿਨ ਪੰਜਾਬ ਦੇ ਜਲ ਸਰੋਤ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਮੁੱਖ-ਮਹਿਮਾਨ ਵਜੋਂ ਤੇ ਮਹਾਰਾਜਾ ਭੁਪਿੰਦਰ ਸਿੰਘ ਸਪੋਰਟਸ ਯੂਨੀਵਰਸਿਟੀ ਪਟਿਆਲਾ ਦੇ ਵਾਇਸ ਚਾਂਸਲਰ ਡਾ. ਪੁਸ਼ਵਿੰਦਰ ਸਿੰਘ ਗਿੱਲ, ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਯੁਵਕ ਭਲਾਈ ਦੇ ਡਾਇਰੈਕਟਰ ਡਾ. ਭੀਮ ਇੰਦਰ ਸਿੰਘ ਤੇ ਪ੍ਰਧਾਨ ਅਸ਼ਵਨੀ ਚੇਤਲੀ ਵਿਸ਼ੇਸ਼-ਮਹਿਮਾਨ ਵਜੋਂ ਪਹੁੰਚੇ। ਕੈਬਨਿਟ ਮੰਤਰੀ ਬਰਿੰਦਰ ਗੋਇਲ ਨੇ ਪੰਜਾਬ ਕਲਾ ਪ੍ਰੀਸ਼ਦ ਵੱਲੋਂ ਨਵੀਂ ਪੀੜ੍ਹੀ ਨੂੰ ਸੱਭਿਆਚਾਰ ਤੇ ਵਿਰਸੇ ਤੋਂ ਜਾਣੂ ਕਰਵਾਉਣ ਲਈ ਲਾਏ ਸਿਰਜਣਾਤਮਕ-ਮੇਲੇ ਦੀ ਸਿਫਤ ਕੀਤੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੌਜਵਾਨੀ ਨੂੰ ਨਸ਼ਿਆਂ ਤੋਂ ਬਚਾ ਕੇ ਨਰੋਈਆਂ ਕਦਰਾਂ-ਕੀਮਤਾਂ ਦੇ ਪ੍ਰਸਾਰ ਲਈ ਲਗਾਤਾਰ ਯਤਨਸ਼ੀਲ ਹੈ।ਅਕਸ ਰੰਗਮੰਚ ਵੱਲੋਂ ਰਾਜਵਿੰਦਰ ਸਮਰਾਲਾ ਦੀ ਨਿਰਦੇਸ਼ਨਾ 'ਚ 'ਬੁੱਲਾ ਕੀ ਜਾਣਾਂ ਮੈਂ ਕੌਣ' ਤੇ ਨਾਟਯਮ ਪੰਜਾਬ ਵੱਲੋਂ ਕੀਰਤੀ ਕਿਰਪਾਲ ਦੀ ਨਿਰਦੇਸ਼ਨਾ 'ਚ 'ਅੱਜ ਦੇ ਏਕਲਵਯ' ਨਾਟਕ ਦਾ ਮੰਚਨ ਕੀਤਾ।ਰਾਗੀ ਹਰਮਿੰਦਰ ਸਿੰਘ ਜਲਾਲ ਤੇ ਸਾਥੀਆਂ ਨੇ ਤੂੰਬੇ-ਅਲਗੋਜੇ ਦੀ ਗਾਇਕੀ ਨਾਲ ਰੰਗ ਬੰਨਿਆ।ਢਾਡੀ ਅਲਬਾਜ਼ ਖਾਂ ਗੋਸਲਾਂ ਵਾਲੇ ਤੇ ਸਾਥੀਆਂ, ਮਾਲਵਾ ਹੇਕ ਵੱਲੋਂ ਜਗਦੀਸ਼ ਪਾਪੜਾ ਤੇ ਸਾਥੀਆਂ ਨੇ ਵੀ ਲੋਕ ਤੱਥ ਪੇਸ਼ ਕੀਤੇ।ਛੱਠਿਆਂ ਵਾਲੇ ਬਾਬਿਆਂ ਨੇ ਮਲਵਈ-ਗਿੱਧੇ ਦੀ ਬਾਕਮਾਲ ਪੇਸ਼ਕਾਰੀ ਦਿੱਤੀ।ਚੇਅਰਮੈਨ ਸਵਰਨਜੀਤ ਸਵੀ ਨੇ ਦੱਸਿਆ ਕਿ ਇਸ ਸਿਰਜਣਾਤਮਕ ਮੇਲੇ ਦਾ ਮਕਸਦ ਸੂਬੇ ਦੀ ਦਿਹਾਤੀ ਦਸਤਕਾਰੀ ਤੇ ਲੋਕ ਕਲਾਵਾਂ ਨੂੰ ਉਤਸ਼ਾਹਤ ਕਰਕੇ ਮੰਡੀਕਾਰੀ ਦੇ ਸਮਰੱਥ ਬਣਾਉਣਾ ਹੈ।

▪ ਅਕਸ ਰੰਗਮੰਚ ਤੇ ਨਾਟਯਮ ਪੰਜਾਬ ਵੱਲੋਂ ਨਾਟਕਾਂ ਦਾ ਮੰਚਨ




## ਪੰਜਾਬੀ ਯੂਨੀਵਰਸਿਟੀ ਦੇ ਫੰਡ ਘੁਟਾਲੇ 'ਚ 8 ਹੋਰ ਅਧਿਕਾਰੀ ਤੇ ਕਰਮਚਾਰੀ ਚਾਰਜਸ਼ੀਟ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬੀ ਯੂਨੀਵਰਸਿਟੀ ਪਟਿਆਲਾ 'ਚ ਹੋਏ ਕਰੋੜਾਂ ਰੁਪਏ ਦੇ ਬਹੁਚਰਚਿਤ ਫੰਡ ਘਪਲੇ 'ਚ ਯੂਨੀਵਰਸਿਟੀ ਪ੍ਰਸ਼ਾਸਨ ਨੇ ਸਖ਼ਤ ਰੁਖ਼ ਇਖ਼ਤਿਆਰ ਕਰਦਿਆਂ 8 ਹੋਰ ਅਧਿਕਾਰੀਆਂ ਤੇ ਕ੍ਰਮਚਾਰੀਆਂ ਨੂੰ ਚਾਰਜਸ਼ੀਟ ਕਰ ਦਿੱਤਾ ਹੈ।ਇਸ ਚਾਰਜਸ਼ੀਟ 'ਚ ਸੱਤ ਗ਼ੈਰ ਅਧਿਆਪਨ ਤੇ ਇੱਕ ਅਧਿਆਪਨ ਦੇ ਅਧਿਕਾਰੀ ਤੇ ਕ੍ਰਮਚਾਰੀਆਂ ਦਾ ਨਾਂਅ ਸ਼ਾਮਲ ਹੈ।ਸਾਲ 2021 'ਚ ਉਜਾਗਰ ਕੀਤੇ ਗਏ ਇਸ ਮਾਮਲੇ 'ਚ ਇਹ ਕਾਰਵਾਈ ਜਾਂਚ ਕਮੇਟੀ ਦੀ ਇੱਕ ਸੀਲਬੰਦ ਰਿਪੋਰਟ ਦੇ ਅਧਾਰ 'ਤੇ ਕੀਤੀ ਗਈ ਹੈ।ਸਾਲਾਂ ਤੋਂ ਚੱਲ ਰਹੀ ਇਸ ਜਾਂਚ ਨੇ ਹੁਣ ਨਵਾਂ ਮੋੜ ਲੈ ਲਿਆ ਹੈ।8 ਨਵੇਂ ਕ੍ਰਮਚਾਰੀਆਂ ਨੂੰ ਚਾਰਜਸ਼ੀਟ ਕੀਤੇ ਜਾਣ ਨਾਲ ਯੂਨੀਵਰਸਿਟੀ ਦੇ ਪ੍ਰਬੰਧਕੀ ਹਲਕਿਆਂ 'ਚ ਭਾਜੜ ਪੈ ਗਈ ਹੈ।ਪ੍ਰਸ਼ਾਸਨ ਵੱਲੋਂ ਕੀਤੀ ਗਈ ਕਾਰਵਾਈ ਇਹ ਸੰਕੇਤ ਦਿੰਦੀ ਹੈ ਕਿ ਆਉਣ ਵਾਲੇ ਦਿਨਾਂ 'ਚ ਇਸ ਘਪਲੇ ਵਿੱਚ ਸ਼ਾਮਲ ਕੁਝ ਹੋਰ ਵੱਡੇ ਚਿਹਰੇ ਵੀ ਬੇਨਕਾਬ ਹੋ ਸਕਦੇ ਹਨ। ਪੁਲਿਸ ਅਤੇ ਯੂਨੀਵਰਸਿਟੀ ਪ੍ਰਸ਼ਾਸਨ ਵੱਲੋਂ ਹੁਣ ਇਸ ਗੱਲ 'ਤੇ ਧਿਆਨ ਕੇਂਦਰਿਤ ਕੀਤਾ ਜਾ ਰਿਹਾ ਹੈ ਕਿ ਗਬਨ ਕੀਤੀ ਗਈ ਰਾਸ਼ੀ ਦੀ ਵਸੂਲੀ ਕਿਵੇਂ ਕੀਤੀ ਜਾਵੇ। ਇਹ ਘਪਲਾ ਸਾਲ 2021 'ਚ ਸਾਹਮਣੇ ਆਇਆ ਸੀ, ਜਦੋਂ ਪਤਾ ਲੱਗਾ ਕਿ ਯੂਨੀਵਰਸਿਟੀ ਦੇ ਕੁਝ ਮੁਲਾਜ਼ਮਾਂ ਨੇ ਮਿਲੀਭੁਗਤ ਕਰਕੇ ਸਰਕਾਰੀ ਫੰਡਾਂ 'ਚ ਸੰਨ੍ਹ ਲਾਈ ਹੈ। ਜਾਂਚ ਦੌਰਾਨ ਖ਼ੁਲਾਸਾ ਹੋਇਆ ਸੀ ਕਿ ਯੂਨੀਵਰਸਿਟੀ ਦੇ ਇੱਕ ਸੀਨੀਅਰ ਸਹਾਇਕ ਨੇ ਜਾਅਲੀ ਬਿੱਲ, ਫ਼ਰਜ਼ੀ ਮੋਹਰਾਂ ਤੇ ਜਾਅਲੀ ਦਸਤਖ਼ਤਾਂ ਦੇ ਸਹਾਰੇ ਲੱਖਾਂ ਰੁਪਏ ਦੀ ਰਾਸ਼ੀ ਆਪਣੇ ਅਤੇ ਆਪਣੇ ਸਾਥੀਆਂ ਦੇ ਬੈਂਕ ਖ਼ਾਤਿਆਂ 'ਚ ਜਮ੍ਹਾਂ ਕਰਾਈ ਸੀ।ਸ਼ੁਰੂਆਤੀ ਜਾਂਚ ਤੋਂ ਬਾਅਦ ਥਾਣਾ ਅਰਬਨ ਅਸਟੇਟ ਪੁਲਸ ਨੇ ਸੀਨੀਅਰ ਸਹਾਇਕ ਸਮੇਤ ਛੇ ਜਣਿਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਉਨ੍ਹਾਂ ਨੂੰ ਗ੍ਰਿਫ਼ਤਾਰ ਕੀਤਾ ਸੀ।



ਯੂਨੀਵਰਸਿਟੀ ਵੱਲੋਂ ਆਪਣੇ ਪੱਧਰ 'ਤੇ ਜਾਰੀ ਅੰਦਰੂਨੀ ਜਾਂਚ ਦੌਰਾਨ ਕਈ ਹੈਰਾਨੀਜਨਕ ਤੱਥ ਸਾਹਮਣੇ ਆਏ ਹਨ। ਯੂਨੀਵਰਸਿਟੀ ਨੇ ਅਜਿਹੇ 12 ਮੁਲਾਜ਼ਮਾਂ ਦੀ ਸੂਚੀ ਤਿਆਰ ਕੀਤੀ ਸੀ ਜਿਨ੍ਹਾਂ ਦੇ ਬੈਂਕ ਖ਼ਾਤਿਆਂ 'ਚ ਸ਼ੱਕੀ ਤੌਰ 'ਤੇ 5 ਤੋਂ 12 ਲੱਖ ਰੁਪਏ ਦੀ ਰਾਸ਼ੀ ਜਮ੍ਹਾਂ ਹੋਈ ਸੀ। ਜਾਂਚ 'ਚ ਪਾਇਆ ਗਿਆ ਕਿ ਮੁੱਖ ਮੁਲਜ਼ਮ ਸੀਨੀਅਰ ਸਹਾਇਕ ਨੇ ਹੋਰ ਮੁਲਾਜ਼ਮਾਂ ਨੂੰ ਵੀ ਇਸ ਘਪਲੇ ਦਾ ਹਿੱਸੇਦਾਰ ਬਣਾਇਆ ਹੋਇਆ ਸੀ।ਸਰਕਾਰੀ ਫੰਡਾਂ ਨੂੰ ਹੜੱਪਣ ਲਈ ਯੂਨੀਵਰਸਿਟੀ ਦੀਆਂ ਫ਼ਰਜ਼ੀ ਮੋਹਰਾਂ ਤੇ ਉੱਚ ਅਧਿਕਾਰੀਆਂ ਦੇ ਜਾਅਲੀ ਦਸਤਖਤਾਂ ਦੀ ਵਰਤੋਂ ਕੀਤੀ ਗਈ ਸੀ।

ਮੌਜੂਦਾ ਸਥਿਤੀ ਬਾਰੇ ਜਾਣਕਾਰੀ ਦਿੰਦਿਆਂ ਵਾਈਸ ਚਾਂਸਲਰ ਡਾ. ਜਗਦੀਪ ਸਿੰਘ ਨੇ ਦੱਸਿਆ ਕਿ ਇਹ ਇਕ ਪੁਰਾਣਾ ਅਤੇ ਗੰਭੀਰ ਮਾਮਲਾ ਹੈ।ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਪੱਧਰ 'ਤੇ ਬਣਾਈ ਗਈ ਜਾਂਚ ਕਮੇਟੀ ਵੱਲੋਂ ਇੱਕ ਲਿਫਾਫਾ ਬੰਦ ਰਿਪੋਰਟ ਪੇਸ਼ ਕੀਤੀ ਗਈ ਸੀ, ਜਿਸ 'ਚ ਕੁਝ ਹੋਰ ਅਧਿਕਾਰੀਆਂ ਅਤੇ ਕ੍ਰਮਚਾਰੀਆਂ ਦੇ ਨਾਂਅ ਸਾਹਮਣੇ ਆਏ ਹਨ।

## ਤਖ਼ਤ ਸ੍ਰੀ ਦਮਦਮਾ ਸਾਹਿਬ ਤੱਕ ਰੇਲ ਮਾਰਗ ਵਿਕਸਤ ਕਰਨ ਦਾ ਮਾਨਸਾ ਡਿਵੈਲਪਮੈਂਟ ਐਸੋਸੀਏਸ਼ਨ ਵੱਲੋਂ ਸਵਾਗਤ

**ਮਾਨਸਾ (ਆਤਮਾ ਸਿੰਘ ਪਮਾਰ)**-ਮਾਨਸਾ ਡਿਵੈਲਪਮੈਂਟ ਐਸੋਸੀਏਸ਼ਨ ਨੇ ਮਾਨਸਾ ਤੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਤੱਕ ਨਵੀਂ ਰੇਲ ਲਿੰਕ ਦੀ ਲੰਬੀ ਸਮੇਂ ਤੋਂ ਚੱਲ ਰਹੀ ਮੰਗ ਪੂਰੀ ਹੋਣ ਦਾ ਸਵਾਗਤ ਕਰਦਿਆਂ ਆਪਣੀ ਵੱਡੀ ਕਾਮਯਾਬੀ ਹੋਣਾ ਵੀ ਦੱਸਿਆ ਹੈ।ਉਨ੍ਹਾਂ ਕਿਹਾ ਕਿ ਮਾਣਯੋਗ ਡਿਪਟੀ ਰੇਲ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਆਪਣੇ ਵਿਸ਼ੇਸ਼ ਪ੍ਰੈੱਸ ਕਾਨਫਰੰਸ ਦੌਰਾਨ ਇਸ ਯੋਜਨਾ ਦਾ ਐਲਾਨ ਕੀਤਾ ਹੈ।ਇਸ ਯੋਜਨਾ ਤਹਿਤ ਮਾਨਸਾ-ਬਣਾਂਵਾਲਾ ਰੇਲ ਮਾਰਗ ਨਾਲ ਸਹੀ ਮਿਲਾਣ ਕਰਕੇ ਇਸ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਤੱਕ ਵਧਾਉਣ ਤੇ ਦਿੱਲੀ-ਜਾਖਲ-ਮਾਨਸਾ-ਦਮਦਮਾ ਸਾਹਿਬ ਮਾਰਗ ਦੇ ਤੌਰ 'ਤੇ ਵਿਕਸਿਤ ਕਰਨ 'ਤੇ ਸਹਿਮਤੀ ਬਣੀ ਹੈ।ਇਹ ਮਾਰਗ ਛੋਟਾ ਤੇ ਸੁਵਿਧਾਜਨਕ ਹੋਵੇਗਾ ਅਤੇ ਇੰਜਣ ਨੂੰ ਵਾਪਸ ਮੋੜਨ ਦੀ ਵੀ ਜ਼ਰੂਰਤ ਨਹੀਂ ਪਵੇਗੀ।ਜਤਿੰਦਰ ਆਗਰਾ ਨੇ ਕਿਹਾ ਕਿ ਉਹ ਮਾਨਸਾ ਡਿਵੈਲਪਮੈਂਟ ਐਸੋਸੀਏਸ਼ਨ ਦਾ ਪ੍ਰਧਾਨ ਹੋਣ ਦੇ ਨਾਤੇ, ਨਵੰਬਰ 2025 'ਚ ਇਹ ਮੰਗ ਉਠਾਈ ਸੀ ਤੇ ਆਪਣੇ ਪੱਤਰ 'ਚ ਖ਼ਾਸ ਤੌਰ 'ਤੇ ਇਹ ਤਕਨੀਕੀ ਬਿੰਦੂ ਦਰਸਾਇਆ ਸੀ ਕਿ ਮਾਨਸਾ-ਬਣਾਂਵਾਲਾ ਰੇਲ ਮਾਰਗ ਨਾਲ ਸਹੀ ਮਿਲਾਪ ਕਰਕੇ ਇਹ ਜੋੜ ਆਸਾਨੀ ਨਾਲ ਬਣ ਸਕਦਾ ਹੈ, ਜਿਸ ਨਾਲ ਰੇਲਵੇ ਨੂੰ ਵੀ ਵੱਡਾ ਲਾਭ ਹੋਵੇਗਾ ਅਤੇ ਯੋਜਨਾ ਵਧੇਰੇ ਲਾਭਕਾਰੀ ਸਾਬਤ ਹੋਵੇਗੀ।ਉਨ੍ਹਾਂ ਕਿਹਾ ਕਿ ਪਹਿਲਾਂ ਵੀ ਕਈ ਵਾਰ ਇਹ ਮਸਲਾ ਉਠਾਇਆ ਗਿਆ ਸੀ, ਪਰ ਇਸ ਤਰ੍ਹਾਂ ਦਾ ਸਪੱਸ਼ਟ ਤਕਨੀਕੀ ਹੱਲ ਸਾਹਮਣੇ ਨਹੀਂ ਆ ਸਕਿਆ ਸੀ।ਇਹ ਨਵਾਂ ਰੇਲ ਜੋੜ ਸਿੱਖ ਧਰਮ ਦੇ ਪੰਜਵੇਂ ਤਖ਼ਤ ਤਖ਼ਤ ਸ੍ਰੀ ਦਮਦਮਾ ਸਾਹਿਬ ਨਾਲ ਸਿੱਧਾ ਜੁੜ ਸਕੇਗਾ, ਜਿਸ ਨਾਲ ਸੰਗਤ ਨੂੰ ਵੱਡੀ ਸੁਵਿਧਾ ਮਿਲੇਗੀ ਅਤੇ ਇਲਾਕੇ ਦੇ ਵਿਕਾਸ 'ਚ ਵੀ ਤੇਜ਼ੀ ਆਵੇਗੀ।ਇਸ ਮੌਕੇ ਮਾਨਸਾ ਡਿਵੈਲਪਮੈਂਟ ਐਸੋਸੀਏਸ਼ਨ ਵੱਲੋਂ ਕੇਂਦਰੀ ਉਪ ਰੇਲ ਮੰਤਰੀ ਰਵਨੀਤ ਸਿੰਘ ਬਿੱਟੂ ਦਾ ਧੰਨਵਾਦ ਕੀਤਾ ਗਿਆ, ਜਿਨ੍ਹਾਂ ਇਸ ਮਾਮਲੇ ਨੂੰ ਗੰਭੀਰਤਾ ਨਾਲ ਲਿਆ ਤੇ ਇਹ ਯੋਜਨਾ ਸਿਰੇ ਚੜ੍ਹ ਸਕੀ।ਇਸ ਯੋਜਨਾ ਲਈ ਲਗਭਗ 1100 ਕਰੋੜ ਰੁਪਏ ਦੀ ਰਾਸ਼ੀ ਦਾ ਐਲਾਨ ਵੀ ਕੀਤਾ ਗਿਆ ਹੈ।

## ਯੂ ਪੀ ਐੱਸ ਸੀ ਪਾਸ ਮਨਪ੍ਰੀਤ ਕੌਰ ਦਾ ਸਕੂਲ ਪਹੁੰਚਣ 'ਤੇ ਨਿੱਘਾ ਸਵਾਗਤ



**ਭੀਖੀ (ਗੁਰਿੰਦਰ ਸਿੰਘ ਔਲਖ)**

ਡਾ. ਜਗਜੀਤ ਸਿੰਘ ਧੂਰੀ ਦੀ ਅਗਵਾਈ ਹੇਠ ਚੱਲ ਰਹੀ ਸੰਸਥਾ ਮਾਡਰਨ ਸੈਕੂਲਰ ਪਬਲਿਕ ਸਕੂਲ ਭੀਖੀ ਵਿਖੇ ਅੱਜ ਉਸ ਸਮੇਂ ਮਾਣ ਤੇ ਖ਼ੁਸ਼ੀ ਦਾ ਮਾਹੌਲ ਦੇਖਣ ਨੂੰ ਮਿਲਿਆ, ਜਦੋਂ ਸਕੂਲ ਦੀ ਪੁਰਾਣੀ ਹੋਣਹਾਰ ਵਿਦਿਆਰਥਣ ਮਨਪ੍ਰੀਤ ਕੌਰ (ਯੂ ਪੀ ਐੱਸ ਸੀ 2025 ਰੈਂਕਰ-136) ਇੱਕ ਵਿਸ਼ੇਸ਼ ਸਨਮਾਨ ਸਮਾਰੋਹ ਵਿੱਚ ਸ਼ਾਮਲ ਹੋਣ ਲਈ ਆਪਣੇ ਮਾਤ-ਸੰਸਥਾ ਪਹੁੰਚੀ।ਪਿੰਡ ਧਲੇਵਾਂ ਦੇ ਇੱਕ ਮੱਧਵਰਗੀ ਪਰਿਵਾਰ ਦੀ ਧੀ ਮਨਪ੍ਰੀਤ ਕੌਰ ਨੇ ਆਪਣੀ ਸਖ਼ਤ ਮਿਹਨਤ ਤੇ ਦ੍ਰਿੜ੍ਹ ਇਰਾਦੇ ਨਾਲ ਦੂਜੇ ਯਤਨ ਵਿੱਚ ਯੂ ਪੀ ਐੱਸ ਸੀ ਦੀ ਪ੍ਰੀਖਿਆ ਪਾਸ ਕਰਕੇ ਆਈ ਪੀ ਐੱਸ ਅਫਸਰ ਦਾ ਰੁਤਬਾ ਹਾਸਲ ਕਰਕੇ ਇਲਾਕੇ ਤੇ ਸਕੂਲ ਦਾ ਨਾਂ ਸੁਨਹਿਰੀ ਅੱਖਰਾਂ ਵਿੱਚ ਲਿਖ ਦਿੱਤਾ ਹੈ।ਇਸ ਸਫਲਤਾ ਦਾ ਜਸ਼ਨ ਮਨਾਉਂਦੇ ਹੋਏ ਮੈਨੇਜਮੈਂਟ ਤੇ ਸਟਾਫ ਵੱਲੋਂ ਕੇਕ ਕੱਟਣ ਦੀ ਰਸਮ ਵੀ ਨਿਭਾਈ ਗਈ। ਇਸ ਮੌਕੇ 'ਮੈਗਾ ਓਲੰਪੀਆ ਕੰਬੈਟ ਚੈਂਪੀਅਨਸ਼ਿਪ 2025' ਦੇ ਜੇਤੂ ਵਿਦਿਆਰਥੀਆਂ ਨੂੰ ਵੀ ਮਨਪ੍ਰੀਤ ਕੌਰ ਦੇ ਹੱਥੋਂ ਸਨਮਾਨਤ ਕਰਵਾਇਆ ਗਿਆ।

ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਮਨਪ੍ਰੀਤ ਕੌਰ ਨੇ ਆਪਣੇ ਸਕੂਲੀ ਦਿਨਾਂ ਦੀਆਂ ਯਾਦਾਂ ਸਾਂਝੀਆਂ ਕੀਤੀਆਂ ਤੇ ਦੱਸਿਆ ਕਿ ਕਿਵੇਂ ਮਿਹਨਤ ਤੇ ਸਮੇਂ ਦੀ ਸਹੀ ਵਰਤੋਂ ਨਾਲ ਕਿਸੇ ਵੀ ਮੁਕਾਮ ਨੂੰ ਹਾਸਲ ਕੀਤਾ ਜਾ ਸਕਦਾ ਹੈ।ਉਨ੍ਹਾਂ ਨੇ ਵਿਦਿਆਰਥੀਆਂ ਦੇ ਸਵਾਲਾਂ ਦੇ ਜਵਾਬ ਵੀ ਦਿੱਤੇ ਤੇ ਉਨ੍ਹਾਂ ਨੂੰ ਅੱਗੇ ਵਧਣ ਲਈ ਉਤਸ਼ਾਹਤ ਕੀਤਾ।ਸਮਾਰੋਹ ਵਿੱਚ ਮਾਡਰਨ ਕਾਲਜ ਆਫ ਐਜੂਕੇਸ਼ਨ ਭੀਖੀ ਦੇ ਪ੍ਰਿੰਸੀਪਲ ਡਾ. ਹਰਪ੍ਰੀਤ ਕੌਰ, ਮਨਪ੍ਰੀਤ ਕੌਰ ਦੀ ਸਿਖਲਾਈ ਵਿੱਚ ਯੋਗਦਾਨ ਪਾਉਣ ਵਾਲੇ ਉਨ੍ਹਾਂ ਦੇ ਮਾਤਾ-ਪਿਤਾ, ਪੁਰਾਣੇ ਅਧਿਆਪਕ ਜਗਸੀਰ ਸਿੰਘ ਤੇ ਹਰਭਜਨ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਤੇ ਮਨਪ੍ਰੀਤ ਦੀ ਕਾਮਯਾਬੀ ਦੀ ਸ਼ਲਾਘਾ ਕੀਤੀ।ਅਖੀਰ ਵਿੱਚ ਸਕੂਲ ਦੇ ਪ੍ਰਿੰਸੀਪਲ ਅਮਨਦੀਪ ਦੌਂਦਰੀਆ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ।

## ਲੰਬੀ ਹਲਕੇ ਦੇ ਸਰਕਾਰੀ ਸਕੂਲਾਂ 'ਚ ਇੰਟਰਐਕਟਿਵ ਫਲੈਟ ਪੈਨਲਾਂ ਦੀ ਸ਼ੁਰੂਆਤ

▪ ਮਾਨ ਸਰਕਾਰ ਦੀ ਸਿੱਖਿਆ ਕ੍ਰਾਂਤੀ ਤਹਿਤ ਵਿਦਿਆਰਥੀਆਂ ਨੂੰ ਮਿਲ ਰਹੀਆਂ ਆਧੁਨਿਕ ਸਹੂਲਤਾਂ : ਖੁੱਡੀਆਂ

**ਲੰਬੀ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਸਿੱਖਿਆ ਕ੍ਰਾਂਤੀ ਤਹਿਤ ਨਵੇਂ ਉਪਰਾਲੇ ਲਗਾਤਾਰ ਜਾਰੀ ਹਨ। ਇਸੇ ਤਹਿਤ ਲੰਬੀ ਹਲਕੇ ਦੇ ਵੱਖ-ਵੱਖ ਸਰਕਾਰੀ ਸਕੂਲਾਂ ਵਿੱਚ ਪੰਜਾਬ ਸਰਕਾਰ ਵੱਲੋਂ ਭੇਜੇ ਗਏ ਇੰਟਰਐਕਟਿਵ ਫਲੈਟ ਪੈਨਲਾਂ ਦੀ ਸ਼ੁਰੂਆਤ ਕੀਤੀ ਗਈ।ਪਿੰਡ ਖੁੱਡੀਆਂ ਗੁਲਾਬ ਸਿੰਘ ਦੇ ਸਰਕਾਰੀ ਹਾਈ ਸਕੂਲ ਵਿੱਚ ਕੈਬਿਨਿਟ ਮੰਤਰੀ ਸ੍ਰ. ਗੁਰਮੀਤ ਸਿੰਘ ਖੁੱਡੀਆਂ ਵੱਲੋਂ ਇਸ ਦੀ ਵਿਧੀਵਤ ਸ਼ੁਰੂਆਤ ਕੀਤੀ ਗਈ।ਇਸ ਮੌਕੇ ਮੰਤਰੀ ਖੁੱਡੀਆਂ ਨੇ ਕਿਹਾ ਕਿ ਸਿੱਖਿਆ ਕ੍ਰਾਂਤੀ ਦੇ ਅਧੀਨ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਆਧੁਨਿਕ ਤੇ ਤਕਨੀਕੀ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ, ਤਾਂ ਜੋ ਉਹ ਸਮੇਂ ਦੇ ਹਾਣੀ ਬਣ ਸਕਣ।

ਉਨ੍ਹਾਂ ਕਿਹਾ ਕਿ ਇੰਟਰਐਕਟਿਵ ਫਲੈਟ ਪੈਨਲਾਂ ਰਾਹੀਂ ਪੜ੍ਹਾਈ ਹੋਰ ਵੀ ਰੌਚਕ ਤੇ ਪ੍ਰਭਾਵਸ਼ਾਲੀ ਬਣੇਗੀ ਅਤੇ ਵਿਦਿਆਰਥੀਆਂ ਦੀ ਸਮਝ ਤੇ ਸਿੱਖਣ ਦੀ ਸਮਰੱਥਾ ਵਿੱਚ ਵਾਧਾ ਹੋਵੇਗਾ।ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਕੀਤੇ ਜਾ ਰਹੇ ਇਹ ਉਪਰਾਲੇ ਸ਼ਲਾਘਾਯੋਗ ਹਨ ਤੇ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਨਵੇਂ ਪ੍ਰੋਜੈਕਟ ਲਾਗੂ ਕੀਤੇ ਜਾਣਗੇ।ਇਸ ਮੌਕੇ ਹਲਕਾ ਸਿੱਖਿਆ ਕੋਆਰਡੀਨੇਟਰ ਗੁਰਮਨ ਮਾਨ ਲਾਲਬਾਈ ਤੇ ਸੀਨੀਅਰ ਆਗੂ ਗੁਰਬਾਜ ਸਿੰਘ ਬਣਵਾਲਾ ਨੇ ਦੱਸਿਆ ਕਿ ਕੈਬਨਿਟ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਦੇ ਯਤਨਾਂ ਸਦਕਾ ਲੰਬੀ ਹਲਕੇ ਦੇ ਸਕੂਲਾਂ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਚੱਲ ਰਹੇ ਹਨ।ਉਨ੍ਹਾਂ ਦੱਸਿਆ ਕਿ ਸੀਨੀਅਰ ਸੈਕੰਡਰੀ ਸਕੂਲ ਥਰਾਜਵਾਲਾ, ਲਾਲਬਾਈ, ਸਰਕਾਰੀ ਸਕੂਲ ਸਿੰਘਵਾਲਾ, ਕਿੱਲਿਆਂਵਾਲੀ ਤੇ ਘੁਮਿਆਰਾ ਸਮੇਤ ਹੋਰ ਵੀ ਕਈ ਸਕੂਲਾਂ ਵਿੱਚ ਇੰਟਰਐਕਟਿਵ ਫਲੈਟ ਪੈਨਲ ਸਪੁਰਦ ਕੀਤੇ ਗਏ ਹਨ।



# ਦ ਆਕਸਫੋਰਡ ਸਕੂਲ 'ਚ ਸ੍ਰੀ ਅਖੰਡ ਸਾਹਿਬ ਦੇ ਭੋਗ ਪਾਏ



ਬਠਿੰਡਾ (ਰਾਜੀਵ ਗੋਇਲ) ਬੀਤੇ ਦਿਨੀਂ 'ਬਾਣੀ ਗੁਰੂ, ਗੁਰੂ ਹੈ ਬਾਣੀ' ਦੇ ਮਹਾਂਵਾਕ ਅਨੁਸਾਰ ਅਥਾਹ ਸ਼ਰਧਾ ਰੱਖਦੇ ਹੋਏ 'ਦ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ' ਭਗਤਾ ਭਾਈ ਵੱਲੋਂ ਸਕੂਲ ਦੇ ਵਿਹੜੇ 'ਚ ਸ਼ਰਧਾ ਨਾਲ ਜੁਗੋ-ਜੁਗ ਅਟੱਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ।ਇਹ ਧਾਰਮਿਕ ਕਾਰਜ ਅਸਲ 'ਚ ਵਿੱਦਿਅਕ ਸੈਸ਼ਨ 2025-26 ਦੀ ਸ਼ਾਨਦਾਰ ਸਮਾਪਤੀ ਲਈ ਤੇ ਸੈਸ਼ਨ 2026-27 ਦੀ ਸੁੱਖਮਈ ਸ਼ੁਰੂਆਤ ਤੇ ਚੜ੍ਹਦੀ ਕਲਾ ਲਈ ਪ੍ਰਮਾਤਮਾ ਦਾ ਅਸ਼ੀਰਵਾਦ ਲੈਣ ਲਈ ਕੀਤਾ ਗਿਆ ਇੱਕ ਛੋਟਾ ਜਿਹਾ ਉਪਰਾਲਾ ਸੀ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ 19 ਮਾਰਚ ਨੂੰ ਪ੍ਰਕਾਸ਼ ਹੋਏ ਤੇ ਇਨ੍ਹਾਂ ਦੇ ਭੋਗ 21 ਮਾਰਚ ਨੂੰ ਪਾਏ ਗਏ।ਸਕੂਲ ਦੀ ਮੈਨੇਜਮੈਂਟ ਕਮੇਟੀ ਦੇ ਮੈਂਬਰ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਭਗਤਾ ਭਾਈ ਕਾ), ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਗੁਰਮੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ 'ਸ਼ੈਰੀ ਢਿੱਲੋਂ' (ਵਾਈਸ ਚੇਅਰਮੈਨ), ਗੁਰਮੀਤ ਸਿੰਘ ਗਿੱਲ ਸਰਪੰਚ (ਵਿੱਤ-ਸਕੱਤਰ) ਪ੍ਰਿੰਸੀਪਲ ਸ੍ਰੀ ਰੂਪ ਲਾਲ ਬਾਂਸਲ, ਕੋਆਰਡੀਨੇਟਰਜ਼, ਸਮੂਹ ਸਕੂਲ ਸਟਾਫ਼ ਮੈਂਬਰ, ਇਸ ਅਦਾਰੇ ਨਾਲ ਕਿਸੇ ਨਾ ਕਿਸੇ ਰੂਪ ਵਿੱਚ ਜੁੜੇ ਮੈਂਬਰ ਸਾਹਿਬਾਨ ਅਤੇ ਵਿਦਿਆਰਥੀਆਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ 'ਚ ਆਪਣੀ ਹਾਜ਼ਰੀ ਲਵਾਈ। ਜ਼ਿਕਰਯੋਗ ਹੈ ਕਿ 'ਦ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ, ਭਗਤਾ ਭਾਈਕਾ' ਹਰ ਸਾਲ ਆਪਣੇ ਨਵੇਂ ਵਿੱਦਿਅਕ ਸੈਸ਼ਨ ਦੀ ਸ਼ੁਰੂਆਤ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾ ਕੇ ਕਰਦਾ ਹੈ ਤਾਂ ਜੁ ਆਉਣ ਵਾਲਾ ਸੈਸ਼ਨ ਬਿਨਾਂ ਕਿਸੇ ਰੁਕਾਵਟ ਜਾਂ ਅੜਚਨ ਦੇ ਛਾਲਾਂ ਮਾਰਦਾ ਅੱਗੇ ਵਧਦਾ ਹੋਇਆ ਸਿਖ਼ਰ ਚੜ੍ਹੇ।ਇਸ ਕਾਰਜ ਵਿੱਚ ਇਸ ਸੰਸਥਾ ਦੀ ਤਰੱਕੀ, ਸਫਲਤਾ, ਇਸ ਨਾਲ ਜੁੜੇ ਹਰ ਮੈਂਬਰ ਦੀ ਸਿਹਤਯਾਬੀ ਦੀ ਅਰਦਾਸ ਕੀਤੀ ਹੋਈ।ਇਸ ਸ਼ੁਭ ਅਵਸਰ ਤੇ ਵਿਦਿਆਰਥੀਆਂ ਨੇ ਸੰਗਤ ਵੱਲੋਂ ਬੋਲੇ ਰਾਮ-ਰਾਮ ਅਤੇ ਜਾ ਤੂੰ ਮੇਰੇ ਵਲਿ ਹੈ, ਸ਼ਬਦ ਬੜੀ ਹੀ ਰਸਮਈ ਆਵਾਜ਼ ਵਿੱਚ ਗਾਇਨ ਕੀਤੇ।ਇਸ ਤੋਂ ਬਿਨ੍ਹਾਂ ਵਿਦਿਆਰਥੀਆਂ ਨੇ ਕਵੀਸ਼ਰੀ ਪੇਸ਼ ਕਰਕੇ ਗੁਰੂ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ।ਭੋਗ ਦੀ ਸਮਾਪਤੀ ਤੋਂ ਬਾਅਦ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ਤੇ ਆਈ ਹੋਈ ਸਮੂਹ ਸੰਗਤ ਨੇ ਪੰਗਤ ਪ੍ਰਥਾ ਨੂੰ ਜਾਰੀ ਰੱਖਦੇ ਹੋਏ ਪੰਗਤਾਂ ਵਿੱਚ ਬੈਠ ਕੇ ਸ਼ਰਧਾ ਨਾਲ ਲੰਗਰ ਛਕਿਆ।ਕਾਰਜ ਵਿੱਚ ਸੰਸਥਾ ਦੇ ਡਰਾਈਵਰ ਵੀਰਾਂ ਅਤੇ ਸਹਾਇਕ ਕਰਮਚਾਰੀਆਂ ਨੇ ਸੇਵਾ ਨਿਭਾਈ।

# ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਸ਼ਹੀਦੀ ਦਿਵਸ 'ਤੇ ਸਮਾਰੋਹ ਅੱਜ



ਬੰਗਾ (ਅਵਤਾਰ ਕਲੇਰ)-ਪੰਜਾਬ ਸਰਕਾਰ ਵੱਲੋਂ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਸ਼ਹੀਦੀ ਦਿਵਸ 'ਤੇ ਦਾਣਾ ਮੰਡੀ ਬੰਗਾ ਵਿਖੇ ਰਾਜ ਪੱਧਰੀ ਸਮਾਰੋਹ ਵਜੋਂ ਮਨਾਇਆ ਜਾਵੇਗਾ। ਇਸ ਰਾਜ ਪੱਧਰੀ ਸਮਾਰੋਹ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਦਿੰਦਿਆ ਦੱਸਿਆ ਕਿ 23 ਮਾਰਚ ਨੂੰ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੀ ਸ਼ਹੀਦੀ ਬਰਸੀ ਮਨਾਈ ਜਾਵੇਗੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਰਾਜ ਪੱਧਰੀ ਸਮਾਗਮ ਵਿੱਚ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਸ਼ਿਰਕਤ ਕੀਤੀ ਜਾਵੇਗੀ ਅਤੇ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਸ਼ਹੀਦੀ ਦਿਵਸ ਦੇ ਮੌਕੇ 'ਤੇ ਸੁਰੱਖਿਆ ਦੇ ਪੁਖਤਾ ਇੰਤਜ਼ਾਮ ਕੀਤੇ ਗਏ ਹਨ ਤਾਂ ਜੋ ਲੋਕਾਂ ਨੂੰ ਕਿਸੇ ਵੀ ਕਿਸਮ ਦੀ ਮੁਸ਼ਕਲ ਪੇਸ਼ ਨਾ ਆਵੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਰਾਜ ਪੱਧਰੀ ਸਮਾਰੋਹ ਵਿੱਚ ਗਾਇਕ ਕੰਵਰ ਗਰੇਵਾਲ ਵੱਲੋਂ ਦੇਸ਼ ਭਗਤੀ ਭਰਪੂਰ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ।

# ਦਵਿੰਦਰ ਸਿੰਘ ਰਣੀਆ ਸਾਥੀਆਂ ਸਮੇਤ ਅਕਾਲੀ ਦਲ ਵਾਰਸ ਪੰਜਾਬ ਦੇ 'ਚ ਸ਼ਾਮਲ

## ਬਾਪੂ ਤਰਸੇਮ ਸਿੰਘ ਤੇ ਮਾਤਾ ਬਲਵਿੰਦਰ ਕੌਰ ਨੇ ਸਿਰੋਪਾਓ ਭੇਟ ਕਰਕੇ ਪਾਰਟੀ 'ਚ ਕੀਤਾ ਸ਼ਾਮਲ



ਮੋਗਾ, (ਇਕਬਾਲ ਸਿੰਘ ਖਹਿਰਾ)- ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਨੂੰ ਜ਼ਿਲ੍ਹਾ ਮੋਗਾ ਅੰਦਰ ਉਸ ਵੇਲੇ ਭਾਰੀ ਮਜ਼ਬੂਤੀ ਮਿਲੀ, ਜਦੋਂ ਟਕਸਾਲੀ ਆਗੂ ਸਵਰਗਵਾਸੀ ਜਥੇਦਾਰ ਮਲਕੀਅਤ ਸਿੰਘ ਰਣੀਆ ਦੇ ਸਪੁੱਤਰ ਦਵਿੰਦਰ ਸਿੰਘ ਰਣੀਆ ਸਾਬਕਾ ਪ੍ਰਧਾਨ ਟਰੱਕ ਯੂਨੀਅਨ ਮੋਗਾ ਅਕਾਲੀ ਦਲ (ਪੁਨਰ ਸੁਰਜੀਤ) ਪਾਰਟੀ ਨੂੰ ਛੱਡ ਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਵਿੱਚ ਸ਼ਾਮਲ ਹੋਏ। ਅਕਾਲੀ ਦਲ ਵਾਰਿਸ ਪੰਜਾਬ ਦੇ ਸਰਪ੍ਰਸਤ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਐੱਮ ਪੀ ਖਡੂਰ ਸਾਹਿਬ ਦੇ ਪਿਤਾ ਬਾਪੂ ਤਰਸੇਮ ਸਿੰਘ ਪ੍ਰਧਾਨ ਅਕਾਲੀ ਦਲ ਵਾਰਿਸ ਪੰਜਾਬ ਦੇ ਤੇ ਮਾਤਾ ਬਲਵਿੰਦਰ ਕੌਰ ਨੇ ਦਵਿੰਦਰ ਸਿੰਘ ਰਣੀਆ ਨੂੰ ਉਨ੍ਹਾਂ ਦੀ ਮੋਗਾ ਵਿਖੇ ਸਥਿਤ ਰਿਹਾਇਸ਼ 'ਤੇ ਪੁੱਜ ਕੇ ਪਰਿਵਾਰ ਤੇ ਸਾਥੀਆਂ ਸਮੇਤ ਸਿਰੋਪਾਓ ਭੇਟ ਕਰਕੇ ਪਾਰਟੀ ਵਿੱਚ ਸ਼ਾਮਲ ਕੀਤਾ।ਅਕਾਲੀ ਦਲ ਵਾਰਿਸ ਪੰਜਾਬ ਪਾਰਟੀ ਦੇ ਪ੍ਰਧਾਨ ਬਾਪੂ ਤਰਸੇਮ ਸਿੰਘ ਨੇ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦਵਿੰਦਰ ਸਿੰਘ ਰਣੀਆ ਪੱਕੇ ਪੰਥਕ ਤੇ ਪੰਜਾਬੀਅਤ ਦੀ ਚੜ੍ਹਦੀ ਕਲਾ ਲਈ ਵਿੱਢੇ ਗਏ ਹਰ ਸੰਘਰਸ਼ ਵਿੱਚ ਮੂਹਰਲੀ ਕਤਾਰ ਵਿੱਚ ਸ਼ਾਮਲ ਹੋ ਕੇ ਵਡਮੁੱਲਾ ਯੋਗਦਾਨ ਪਾਉਣ ਵਾਲੇ ਪਰਿਵਾਰ ਦੇ ਮੈਂਬਰ ਹਨ। ਇਨ੍ਹਾਂ ਦੇ ਅਕਾਲੀ ਦਲ ਵਾਰਿਸ ਪੰਜਾਬ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਪਾਰਟੀ ਨੂੰ ਭਾਰੀ ਮਜ਼ਬੂਤੀ ਮਿਲੀ ਹੈ। ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਦਵਿੰਦਰ ਸਿੰਘ ਰਣੀਆ ਨੂੰ ਆਉਣ ਵਾਲੇ ਸਮੇਂ ਵਿੱਚ ਪਾਰਟੀ ਵਿੱਚ ਬਣਦਾ ਮਾਣ ਸਨਮਾਨ ਦਿੱਤਾ ਜਾਵੇਗਾ। ਦਵਿੰਦਰ ਸਿੰਘ ਰਣੀਆ ਨੇ ਜਿੱਥੇ ਪਾਰਟੀ ਹਾਈ ਕਮਾਂਡ ਦਾ ਉਨ੍ਹਾਂ ਨੂੰ ਪਾਰਟੀ ਵਿੱਚ ਸ਼ਾਮਲ ਕਰਨ ਤੇ ਧੰਨਵਾਦ ਕੀਤਾ ਉੱਥੇ ਭਰੋਸਾ ਦਵਾਇਆ ਕਿ ਉਹ ਪਾਰਟੀ ਨੂੰ ਹੋਰ ਬੁਲੰਦੀਆਂ 'ਤੇ ਪਹੁੰਚਾਉਣ ਲਈ ਸਿਰਤੋੜ ਯਤਨ ਕਰਨਗੇ। ਇਸ ਮੌਕੇ ਪਾਰਟੀ ਦੇ ਕੋਆਰਡੀਨੇਟਰ ਪਰਮਜੀਤ ਸਿੰਘ ਜੌਹਲ, ਜਸਕਰਨ ਸਿੰਘ ਕਾਹਨ ਸਿੰਘ ਵਾਲਾ, ਮੈਂਬਰ ਪੀਏਸੀ ਪ੍ਰਗਟ ਸਿੰਘ ਮੀਆਂਵਿੰਡ, ਦਫਤਰ ਸਕੱਤਰ ਜਥੇਦਾਰ ਗੁਰਮਿੰਦਰ ਸਿੰਘ ਚਾਵਲਾ, ਸੀਨੀਅਰ ਆਗੂ ਨਿਰਵੈਰ ਸਿੰਘ, ਜ਼ਿਲ੍ਹਾ ਪ੍ਰਧਾਨ ਮੋਗਾ ਰਛਪਾਲ ਸਿੰਘ ਸੋਸਨ, ਹਲਕਾ ਇੰਚਾਰਜ ਮੋਗਾ ਬਲਦੇਵ ਸਿੰਘ ਜੱਲ੍ਹੂਪੁਰ, ਸੁਖਦੇਵ ਸਿੰਘ ਸੰਧੂ, ਬਾਬਾ ਲੱਛਾ ਸਿੰਘ, ਚਮਕੌਰ ਸਿੰਘ ਬਰਾੜ, ਜਸਕਰਨ ਸਿੰਘ ਰਿਆੜ, ਦਇਆ ਸਿੰਘ ਮਹਿਰਾਜ, ਲਖਬੀਰ ਸਿੰਘ ਫਤਿਹਗੜ੍ਹ ਸਾਹਿਬ ਸਮੇਤ ਵੱਡੀ ਗਿਣਤੀ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਅਹੁਦੇਦਾਰ ਤੇ ਵਰਕਰ ਹਾਜ਼ਰ ਸਨ।

# ਈਦ ਸ਼ਰਧਾ ਭਾਵਨਾ ਨਾਲ ਮਨਾਈ

ਸੰਗਾਲਾ (ਰਣਜੀਤ ਸਿੰਘ ਪੇਧਨੀ) ਪੂਰੇ ਭਾਰਤ 'ਚ ਰਮਜਾਨ ਦੇ ਰੋਜ਼ਿਆਂ ਤੋਂ ਬਾਅਦ ਈਦ ਉਲ ਫ਼ਿਤਰ ਦਾ ਤਿਉਹਾਰ ਪੂਰੀ ਦੁਨੀਆ ਵਿੱਚ ਭਾਈਚਾਰਕ ਸਾਂਝ ਨੂੰ ਮਜਬੂਤ ਕਰਨ ਲਈ ਬੜੀ ਸ਼ਰਧਾ ਭਾਵਨਾ ਦੇ ਨਾਲ ਮਨਾਇਆ ਗਿਆ।ਇਸੇ ਹੀ ਤਹਿਤ ਧੂਰੀ ਹਲਕੇ ਅੰਦਰ ਵੱਖ-ਵੱਖ ਪਿੰਡਾਂ 'ਚ ਮੁਸਲਿਮ ਭਾਈਚਾਰੇ ਨੂੰ ਈਦ ਦੀ ਵਧਾਈ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੀਨੀਅਰ ਆਗੂ ਉੱਘੇ ਸਮਾਜ ਸੇਵੀ, ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਕਿਹਾ ਕਿ ਈਦ ਦਾ ਤਿਉਹਾਰ ਪੂਰੀ ਦੁਨੀਆਂ ਵਿੱਚ ਭਾਈਚਾਰਕ ਸਾਂਝ ਨੂੰ ਮਜਬੂਤ ਕਰਦਾ ਹੈ। ਅਸੀਂ ਪੰਜਾਬ ਵਿੱਚ ਹਿੰਦੂ, ਸਿੱਖ, ਮੁਸਲਿਮ ਏਕਤਾ ਦੇ ਨਾਲ ਰਹਿ ਕੇ ਇੱਕ ਮਿਸਾਲ ਕਾਇਮ ਕੀਤੀ ਹੋਈ ਹੈ।ਅਸੀਂ ਪਿੰਡਾਂ ਵਿੱਚ ਹਿੰਦੂ, ਸਿੱਖ, ਮੁਸਲਿਮ ਭਾਈਚਾਰੇ ਨਾਲ ਭਰਾਵਾਂ ਤੋਂ ਵਧ ਕੇ ਵਰਤਦੇ ਹਾਂ, ਹਰ ਦੁੱਖ-ਸੁੱਖ ਵਿੱਚ ਅਸੀਂ ਮੋਢੇ ਨਾਲ ਮੋਢਾ ਜੋੜ ਕੇ ਖੜਦੇ ਹਾਂ।



# ਅਮਰ ਗਰਗ ਕਲਮਦਾਨ ਦਾ ਜਿੱਤ 'ਤੇ ਸਨਮਾਨ



ਸੰਗਰੂਰ (ਪ੍ਰਵੀਨ ਸਿੰਘ) ਪੰਜਾਬੀ ਸਾਹਿਤ ਅਕਾਡਮੀ ਦੀਆਂ ਚੋਣਾਂ ਵਿੱਚ ਲੋਕਤੰਤਰ ਦੀ ਬਹਾਲੀ ਦਾ ਨਾਅਰਾ ਲਾ ਕੇ ਅਮਰ ਗਰਗ ਕਲਮਦਾਨ ਨੇ ਰਿਕਾਰਡ ਕਾਇਮ ਕਰਦੇ ਹੋਏ ਜੇਤੂ ਕਰਾਰ ਦਿੱਤਾ ਹੈ।ਇਸ ਪ੍ਰਕ੍ਰਿਆ ਉਪਰੰਤ ਬੁੱਧੀਜੀਵੀਆਂ, ਸਾਹਿਤਕਾਰਾਂ ਤੇ ਚਿੰਤਕਾਂ ਦੇ ਰੂਬਰੂ ਹੋਏ।ਉਨ੍ਹਾਂ ਭਵਿੱਖ ਦੇ ਟੀਚਿਆਂ ਬਾਰੇ ਦੱਸਿਆ।ਉਨ੍ਹਾਂ ਕਿਹਾ ਆਉਣ ਵਾਲੇ ਸਮੇ ਵਿੱਚ ਵਿਸ਼ਵ ਪੱਧਰ ਉੱਪਰ ਗੁਰਮੁੱਖੀ ਨੂੰ ਅਧਿਕਾਰਤ ਲਿੱਪੀ ਸਥਾਪਤ ਕਰਨ ਲਈ ਧਰਮ ਯੁੱਧ ਆਰੰਭਣਗੇ।ਬੁੱਧੀਜੀਵੀਆਂ ਵਿੱਚ ਨਿਹਾਲ ਸਿੰਘ ਮਾਨ, ਡਾ. ਭਗਵੰਤ ਸਿੰਘ, ਗੁਰਨਾਮ ਸਿੰਘ, ਜਗਦੀਪ ਸਿੰਘ ਗੰਧਾਰਾ, ਗਰੇਵਰ, ਸੁਖਵੀਰ ਸਿੰਘ, ਅਵਤਾਰ ਸਿੰਘ, ਚਰਨਜੀਤ ਸਿੰਘ, ਸੰਦੀਪ ਸਿੰਘ, ਡਾ ਦਵਿੰਦਰ ਕੌਰ ਨੇ ਵੀ ਕਲਮਦਾਨ ਨਾਲ ਵਿਚਾਰ ਚਰਚਾ ਕਰਕੇ ਸੰਵਾਦ ਰਚਾਇਆ।ਬੁੱਧੀਜੀਵੀਆਂ ਨੇ 1947 ਵਿਚ ਕਬਾਇਲੀਆਂ ਤੋਂ ਕਸ਼ਮੀਰ ਨੂੰ ਬਚਾਉਣ ਵਾਲੇ ਬ੍ਰਿਗੇਡੀਅਰ ਪ੍ਰੀਤਮ ਸਿੰਘ ਸੇਖੋਂ ਦੀ ਤਸਵੀਰ ਤੇ ਫੁਲਕਾਰੀ ਭੇਟ ਕਰਕੇ ਸਨਮਾਨ ਕੀਤਾ।

# ਨਰਸਰੀ ਤੋਂ ਨੌਵੀਂ ਤੱਕ ਦੇ ਨਤੀਜੇ ਐਲਾਨੇ



ਚੀਮਾ ਮੰਡੀ (ਰਵਿੰਦਰ ਚੀਮਾ) ਕਲਗੀਧਰ ਟਰੱਸਟ ਬੜੂ ਸਾਹਿਬ ਅਧੀਨ ਚੱਲ ਰਹੀ ਵਿੱਦਿਅਕ ਸੰਸਥਾ ਅਕਾਲ ਅਕੈਡਮੀ ਵਿਖੇ ਨਰਸਰੀ ਤੋਂ ਨੌਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਦੀਆਂ ਸਾਲਾਨਾ ਪ੍ਰੀਖਿਆਵਾਂ ਦੇ ਨਤੀਜੇ ਐਲਾਨੇ ਗਏ, ਜਿਸ 'ਚ ਵੱਖ-ਵੱਖ ਵਿਦਿਆਰਥੀਆਂ ਨੇ ਮੱਲਾਂ ਮਾਰਦਿਆਂ ਪਹਿਲਾ ਦੂਜਾ ਤੇ ਤੀਜਾ ਸਥਾਨ ਹਾਸਲ ਕੀਤਾ।ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਪ੍ਰਿੰਸੀਪਲ ਗੁਰਜੀਤ ਕੌਰ ਵੱਲੋਂ ਟਰਾਫ਼ੀਆਂ ਤੇ ਤਮਗ਼ੇ ਦੇ ਕੇ ਸਨਮਾਨਿਤ ਕੀਤਾ ਗਿਆ।ਪ੍ਰੀਖਿਆਵਾਂ ਦੇ ਨਤੀਜੇ ਤੋਂ ਇਲਾਵਾ ਹੋਰ ਗਤੀਵਿਧੀਆਂ 'ਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਤਗਮੇ ਅਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਪ੍ਰਿੰਸੀਪਲ ਗੁਰਜੀਤ ਕੌਰ ਨੇ ਵਿਦਿਆਰਥੀਆਂ ਨੂੰ ਸਨਮਾਨਤ ਕਰਦਿਆਂ ਅੱਗੇ ਤੋਂ ਵੀ ਲਗਾਤਾਰ ਇਸੇ ਤਰੀਕੇ ਮਿਹਨਤ ਕਰਨ ਤੇ ਸਫ਼ਲਤਾ ਹਾਸਲ ਕਰਨ ਲਈ ਪ੍ਰੇਰਿਤ ਕੀਤਾ।

# ਵਿਧਾਨ ਸਭਾ ਚੋਣਾਂ 'ਚ ਕਾਂਗਰਸ ਜਿੱਤ ਯਕੀਨੀ : ਰਾਜਿੰਦਰ ਸਿੰਘ ਰਾਜਾ



ਚੀਮਾ ਮੰਡੀ (ਰਵਿੰਦਰ ਚੀਮਾ) ਪਿੰਡ ਸ਼ਾਹਪੁਰ ਕਲਾਂ ਵਿਖੇ ਨੌਜਵਾਨ ਆਗੂ ਮਨਜੋਤ ਸਿੰਘ ਧਾਲੀਵਾਲ ਦੀ ਅਗਵਾਈ 'ਚ ਵਿਸ਼ਾਲ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਰਾਜਿੰਦਰ ਸਿੰਘ ਰਾਜਾ ਬੀਰ ਕਲਾਂ ਨੇ ਕਿਹਾ ਕਿ ਆ ਰਹੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਦੀ ਜਿੱਤ ਯਕੀਨੀ ਹੈ।ਰਾਜਾ ਬੀਰ ਕਲਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਚਾਰ ਸਾਲਾਂ ਪੰਜਾਬ ਸਿਰ ਕਰਜ਼ੇ ਦੀ ਪੰਡ ਦੁੱਗਣੀ ਤੋਂ ਵੀ ਜ਼ਿਆਦਾ ਵਧ ਗਈ ਹੈ ਤੇ ਆਮ ਲੋਕਾਂ ਦੀ ਇਸ ਪਾਰਟੀ ਵਿੱਚ ਕੋਈ ਸੁਣਵਾਈ ਨਹੀਂ। ਰਾਜਾ ਬੀਰ ਕਲਾਂ ਨੇ ਮੀਟਿੰਗ 'ਚ ਨਗਰ ਨਿਵਾਸੀਆਂ ਦੀ ਭਰਵੀਂ ਸ਼ਮੂਲੀਅਤ ਲਈ ਮਨਜੋਤ ਸਿੰਘ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਾਨੂੰ ਆ ਰਹੀਆਂ ਵਿਧਾਨ ਸਭਾ ਚੋਣਾਂ ਲਈ ਇਕਜੁਟਤਾ ਨਾਲ ਡਟ ਕੇ ਤਿਆਰੀਆਂ ਤੋਂ ਹੀ ਸ਼ੁਰੂ ਕਰਨੀਆਂ ਜ਼ਰੂਰੀ ਹਨ ਤਾਂ ਜੁ ਨੌਟੰਕੀ ਤੇ ਕਾਮੇਡੀ ਸਰਕਾਰ ਨੂੰ ਚੱਲਦਾ ਕਰਕੇ ਆਪਣੀ ਪਾਰਟੀ ਦੀ ਸਰਕਾਰ ਬਣਾ ਕੇ ਲੋਕਾਂ ਦੀ ਭਲਾਈ ਕਰ ਸਕੀਏ।ਰਾਜਾ ਬੀਰ ਕਲਾਂ ਨੇ ਲੋਕਾਂ ਨੂੰ ਆਪਣੇ ਬੱਚਿਆਂ ਨੂੰ ਉੱਚ ਸਿੱਖਿਆ ਲਈ ਵਚਨਬੱਧ ਕੀਤਾ, ਉੱਥੇ ਸਥਾਨਕ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਉਨ੍ਹਾਂ ਦਾ ਤੁਰੰਤ ਹੱਲ ਕਰਨ ਦਾ ਭਰੋਸਾ ਦਿੱਤਾ।

# ਚੇਤਨਾ ਪਰਖ ਪ੍ਰੀਖਿਆ ਦੇ 70 ਵਿਦਿਆਰਥੀ ਤੇ 30 ਸਹਿਯੋਗੀ ਅਧਿਆਪਕ/ਸ਼ਖ਼ਸੀਅਤਾਂ ਸਨਮਾਨਤ




ਸੰਗਰੂਰ (ਪ੍ਰਵੀਨ ਸਿੰਘ) ਤਰਕਸ਼ੀਲ ਸੁਸਾਇਟੀ ਵੱਲੋਂ ਗ਼ਦਰੀ ਗੁਲਾਬ ਕੌਰ ਨੂੰ ਸਮਰਪਤ ਕਰਾਈ ਗਈ ਸੱਤਵੀਂ ਸੂਬਾਈ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ 'ਚ ਮੈਰਿਟ ਸੂਚੀ ਵਿੱਚ ਅਹਿਮ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਦਾ ਆਦਰਸ਼ (ਮਾਡਲ) ਸੀਨੀਅਰ ਸੈਕੰਡਰੀ ਸਕੂਲ ਵਿਖੇ ਰੱਖਿਆ ਸਨਮਾਨ ਸਮਾਰੋਹ ਜ਼ੋਨ ਮੁਖੀ ਮਾਸਟਰ ਪਰਮਵੇਦ ਤੇ ਇਕਾਈ ਮੁਖੀ ਸੁਰਿੰਦਰਪਾਲ ਦੀ ਅਗਵਾਈ ਤੇ ਸਮੁੱਚੀ ਇਕਾਈ ਦੇ ਪੂਰਨ ਸਹਿਯੋਗ ਸਦਕਾ ਸਫ਼ਲਤਾ ਪੂਰਵਕ ਨੇਪਰੇ ਚੜ੍ਹਿਆ। ਇਕਾਈ ਮੁਖੀ ਸੁਰਿੰਦਰਪਾਲ ਤੇ ਤਰਕਸ਼ੀਲ ਆਗੂ ਸੀਤਾ ਰਾਮ ਬਾਲਦ ਕਲਾਂ ਵੱਲੋਂ ਹਾਜ਼ਰੀਨ ਦਾ ਸਵਾਗਤ ਕਰਨ ਉਪਰੰਤ ਇਸ ਸਮਾਗਮ ਦੇ ਮੁੱਖ ਬੁਲਾਰੇ ਸੂਬਾ ਮੁਖੀ ਰਜਿੰਦਰ ਭਦੌੜ ਨੇ ਕਿਹਾ ਕਿ ਵੀਹਵੀਂ ਸਦੀ ਦੇ ਸ਼ੁਰੂ ਵਿੱਚ ਸਾਡਾ ਦੇਸ਼ ਆਰਥਿਕ ਮੰਦਹਾਲੀ ਤੇ ਗੁਲਾਮੀ ਦੇ ਦੌਰ ਵਿੱਚੋਂ ਗੁਜ਼ਰ ਰਿਹਾ ਸੀ। ਹੁਣ ਵਾਂਗ ਵੱਡੀ ਗਿਣਤੀ ਵਿੱਚ ਕੰਮ ਦੀ ਭਾਲ 'ਚ ਲੋਕ ਵਿਦੇਸ਼ਾਂ ਵਿੱਚ ਜਾ ਰਹੇ ਸਨ, ਆਪਣੇ ਦੇਸ਼ ਨੂੰ ਆਜ਼ਾਦ ਕਰਾਉਣ ਲਈ ਗ਼ਦਰੀ ਲਹਿਰ ਦੀ ਅਗਵਾਈ ਵਿੱਚ ਭਾਰਤ ਆਉਣ ਵਾਲੇ ਗ਼ਦਰੀਆਂ ਵਿੱਚੋਂ ਗ਼ਦਰੀ ਗੁਲਾਬ ਕੌਰ ਦੀ ਘਾਲਣਾ ਸਾਡੇ ਲਈ ਪ੍ਰੇਰਣਾ ਸਰੋਤ ਹੈ।ਭਦੌੜ ਨੇ ਅੱਗੇ ਕਿਹਾ ਕਿ ਬੱਚਿਆਂ ਦਾ ਸੋਚਣ ਦਾ ਨਜ਼ਰੀਆ ਵਿਗਿਆਨਕ ਬਣਾਉਣ ਲਈ ਵਿਸ਼ੇ ਦੇ ਤੌਰ 'ਤੇ ਸਕੂਲੀ ਸਿਲੇਬਸ ਦਾ ਹਿੱਸਾ ਬਣਾਉਣਾ ਚਾਹੀਦਾ ਹੈ।ਉਨ੍ਹਾਂ ਅਧਿਆਪਕਾਂ ਤੇ ਮਾਪਿਆਂ ਨੂੰ ਕਿਹਾ ਕਿ ਬੱਚਿਆਂ ਨੂੰ ਉਚੇਰੀ ਪੜ੍ਹਾਈ ਕਰਾਉਣ ਦੇ ਨਾਲ-ਨਾਲ ਚੰਗੀਆਂ ਕਦਰਾਂ ਕੀਮਤਾਂ ਉਸਾਰਨ 'ਤੇ ਵਧੇਰੇ ਜ਼ੋਰ ਲਾਉਣਾ ਚਾਹੀਦਾ ਹੈ।ਤਰਕਸ਼ੀਲ ਸੁਸਾਇਟੀ ਪੰਜਾਬ ਪਿਛਲੇ ਚਾਰ ਦਹਾਕਿਆਂ ਤੋਂ ਵਿਦਿਆਰਥੀਆਂ 'ਚ ਵਿਗਿਆਨਕ ਚੇਤਨਾ ਤੇ ਇਖਲਾਕੀ ਕਦਰਾਂ-ਕੀਮਤਾਂ ਪੈਦਾ ਕਰਨ ਲਈ ਲਗਾਤਾਰ ਯਤਨਸ਼ੀਲ ਹੈ।

ਜ਼ੋਨ ਜਥੇਬੰਦਕ ਮੁਖੀ ਮਾਸਟਰ ਪਰਮਵੇਦ ਨੇ ਕਿਹਾ ਕਿ ਇਹ ਸਮਾਗਮ 23 ਮਾਰਚ ਦੇ ਸ਼ਹੀਦਾਂ ਭਗਤ ਸਿੰਘ, ਰਾਜਗੁਰੂ, ਸੁਖਦੇਵ ਨੂੰ ਸਮਰਪਤ ਹੈ, ਜਿਨ੍ਹਾਂ ਸਮਾਜਿਕ ਬਰਾਬਰੀ ਵਾਲਾ ਸਮਾਜ ਸਿਰਜਣ ਲਈ ਸ਼ਹਾਦਤ ਦਿੱਤੀ।ਉਨ੍ਹਾਂ ਪਿਛਲੇ ਸਮੇਂ ਤੋਂ ਕਰਾਈ ਜਾ ਰਹੀ ਚੇਤਨਾ ਪਰਖ ਪ੍ਰੀਖਿਆ ਕਰਾਉਣ ਦੇ ਮਕਸਦ ਤੇ ਵਿਦਿਆਰਥੀਆਂ ਵਿੱਚ ਵਿਗਿਆਨਕ ਚੇਤਨਾ ਪ੍ਰਫੁੱਲਤ ਕਰਨ ਲਈ ਕੀਤੇ ਜਾ ਰਹੇ ਸੁਹਿਰਦ ਯਤਨਾਂ ਬਾਰੇ ਵਿਸਥਾਰ 'ਚ ਜਾਣਕਾਰੀ ਦਿੱਤੀ।ਉਨ੍ਹਾਂ ਇਕਾਈ ਸੰਗਰੂਰ ਦੀ ਚੇਤਨਾ ਪ੍ਰੀਖਿਆ ਵਿੱਚ ਸਹਿਯੋਗ ਕਰਨ ਵਾਲੇ ਸਾਰੇ ਸਹਿਯੋਗੀਆਂ ਦਾ ਦਿਲੋਂ ਧੰਨਵਾਦ ਕਰਦਿਆਂ ਨਛੱਤਰ ਸਿੰਘ ਬਦੇਸ਼ਾ ਦਾ ਵਿਸ਼ੇਸ਼ ਧੰਨਵਾਦ ਕੀਤਾ, ਜੋ ਮਾਤਾ ਕਰਤਾਰ ਕੌਰ ਦੀ ਯਾਦ ਵਿੱਚ ਇਕਾਈ ਸੰਗਰੂਰ ਦੇ ਇਸ ਸਨਮਾਨ ਸਮਾਗਮ ਲਈ ਦਾ ਕਨੇਡਾ ਤੋਂ ਹਰ ਸਾਲ ਵਿਸ਼ੇਸ਼ ਆਰਥਿਕ ਸਹਿਯੋਗ ਕਰਦੇ ਹਨ।ਇਕਾਈ ਪੱਧਰ 'ਤੇ ਛੇਵੀਂ ਤੋਂ ਬਾਰ੍ਹਵੀਂ ਜਮਾਤ ਵਿੱਚ ਮੋਹਰੀ ਸਥਾਨ ਹਾਸਲ ਕਰਨ ਵਾਲੇ ਮਿਡਲ ਗਰੁੱਪ ਦੇ 70 ਵਿਦਿਆਰਥੀਆਂ ਤੇ ਜ਼ੋਨ ਵਿੱਚ ਅਹਿਮ ਸਥਾਨ ਪ੍ਰਾਪਤ ਕਰਨ ਵਾਲੇ 5 ਵਿਦਿਆਰਥੀਆਂ ਨੂੰ ਤਰਕਸ਼ੀਲ ਮੈਂਬਰਾਂ ਨੇ ਸਮੂਹਿਕ ਰੂਪ ਵਿੱਚ ਵਿਗਿਆਨਕ ਵਿਚਾਰਾਂ ਵਾਲੀਆਂ ਕਿਤਾਬਾਂ, ਤਰਕਸ਼ੀਲ ਕੈਲੰਡਰ, ਪੜ੍ਹਨ ਸਮੱਗਰੀ ਤੇ ਸਨਮਾਨ ਪੱਤਰ ਦੇ ਕੇ ਤੇ ਲਗਭਗ 30 ਸਕੂਲ ਮੁਖੀਆਂ, ਅਧਿਆਪਕਾਂ ਤੇ ਸਹਿਯੋਗੀਆਂ ਨੂੰ ਇਸ ਪ੍ਰੀਖਿਆ ਵਿੱਚ ਸਹਿਯੋਗ ਕਰਨ ਲਈ ਚੰਗੀਆਂ ਪੁਸਤਕਾਂ ਤੇ ਸਨਮਾਨ ਪੱਤਰ ਦੇ ਕੇ ਸਨਮਾਨਿਤ ਕੀਤਾ।ਇਸ ਮੌਕੇ ਹਰਜੀਤ ਸਿੰਘ, ਧਰਮੀ ਤੁੰਗਾਂ, ਸਹਿਜਪ੍ਰੀਤ ਕੌਰ ਬਾਲੀਆਂ ਪ੍ਰਨੀਤੀ ਤਿਵਾੜੀ ਨੇ ਇਨਕਲਾਬੀ ਗੀਤ/ਕਵਿਤਾਵਾਂ ਪੇਸ਼ ਕੀਤੇ।ਮਹਿਲਾਂ ਸਕੂਲ ਦੀ ਵਿਦਿਆਰਥਣ ਅਨੂੰ ਰਾਣੀ, ਬਚਪਨ ਇੰਗਲਿਸ਼ ਸਕੂਲ ਦੇ ਬੱਚਿਆਂ ਪਰਮਜੀਤ ਸਿੰਘ, ਪ੍ਰਨੀਤੀ ਤੇ ਭਗਵਾਨ ਸਿੰਘ ਢੰਡੋਲੀ ਕਲਾਂ ਨੇ ਤਰਕਸ਼ੀਲਤਾ ਬਾਰੇ ਆਪਣੇ ਵਿਚਾਰ ਪੇਸ਼ ਕੀਤੇ।ਤਰਕਸ਼ੀਲ ਆਗੂ ਜਗਦੇਵ ਕੰਮੋਮਾਜਰਾ ਨੇ ਜਾਦੂ ਸ਼ੋਅ ਦੌਰਾਨ ਹੱਥ ਦੀ ਸਫਾਈ ਦੀਆਂ ਟਰਿੱਕਾਂ ਨਾਲ ਜਿੱਥੇ ਹਾਜ਼ਰੀਨ ਦਾ ਮਨੋਰੰਜਨ ਕੀਤਾ ਉਥੇ ਵਿਗਿਆਨਕ ਸੋਚ ਦਾ ਚਾਨਣ ਵੀ ਵਖੇਰਿਆ।

# ਸਰਕਾਰੀ ਹਾਈ ਸਕੂਲ ਰਾਜਗੜ੍ਹ 'ਚ ਵਿਸ਼ਵ ਜਲ ਦਿਵਸ ਮਨਾਇਆ



ਬਠਿੰਡਾ (ਰਾਜੀਵ ਗੋਇਲ)-ਪਿੰਡ ਬੁਰਜ ਰਾਜਗੜ੍ਹ ਦੇ ਸਰਕਾਰੀ ਹਾਈ ਸਕੂਲ ਵਿਖੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਪਾਣੀ ਦੀ ਮਹੱਤਤਾ ਸਮਝਾਉਣ ਹਿੱਤ 'ਵਿਸ਼ਵ ਜਲ ਦਿਵਸ' ਮਨਾਇਆ ਗਿਆ।ਪ੍ਰੋਗਰਾਮ ਵਾਟਰ ਸਪਲਾਈ ਵਿਭਾਗ ਤੇ ਪੰਚਾਇਤ ਵੱਲੋਂ ਸਾਂਝੇ ਰੂਪ ਵਿੱਚ ਉਲੀਕਿਆ ਗਿਆ ਸੀ।ਪ੍ਰੋਗਰਾਮ ਤਹਿਤ ਵਿਦਿਆਰਥੀਆਂ ਦੇ ਪਾਣੀ ਦੀ ਮਹੱਤਤਾ ਤੇ ਪਾਣੀ ਨੂੰ ਬਚਾਉਣ ਸਬੰਧੀ ਵਿਸ਼ੇ ਉੱਪਰ ਪੇਂਟਿੰਗ ਮੁਕਾਬਲੇ ਕਰਾਏ ਗਏ।ਵਿਦਿਆਰਥੀਆਂ ਵੱਲੋਂ ਇਸੇ ਵਿਸ਼ੇ ਸਬੰਧੀ ਕਵਿਤਾਵਾਂ ਪੇਸ਼ ਕੀਤੀਆਂ ਗਈਆਂ।ਵਿਦਿਆਰਥੀਆਂ ਨੂੰ ਰਿਫਰੈਸ਼ਮੈਂਟ ਵੀ ਦਿੱਤੀ ਗਈ।ਪਾਣੀ ਦਾ ਮਹੱਤਵ ਤੇ ਇਸ ਨੂੰ ਬਚਾਉਣ ਸਬੰਧੀ ਵਿਦਿਆਰਥੀਆਂ ਤੇ ਮਾਪਿਆਂ ਨੂੰ ਹੈੱਡ ਮਾਸਟਰ ਮਨਦੀਪ ਸਿੰਘ, ਸਰਪੰਚ ਦੀਪਕ ਸ਼ਰਮਾ, ਸਾਇੰਸ ਮਾਸਟਰ ਜਸਵਿੰਦਰ ਸਿੰਘ ਤੇ ਵਿਸ਼ੇਸ਼ ਤੌਰ ਤੇ ਜਲ ਸਪਲਾਈ ਵਿਭਾਗ ਵੱਲੋਂ ਪਹੁੰਚੇ ਗੁਰਪ੍ਰੀਤ ਕੌਰ ਵੱਲੋਂ ਸੰਬੋਧਤ ਕੀਤਾ ਗਿਆ।

ਗੁਰਪ੍ਰੀਤ ਕੌਰ ਵੱਲੋਂ ਵਿਦਿਆਰਥੀਆਂ ਨੂੰ ਪਾਣੀ ਵਿੱਚ ਮਿਲਣ ਵਾਲੇ ਵੱਖ-ਵੱਖ ਤੱਤ ਤੇ ਪ੍ਰਦੂਸ਼ਣ ਕਰਨ ਵਾਲੇ ਪਦਾਰਥਾਂ ਸਬੰਧੀ ਟੈੱਸਟ ਕਰਕੇ ਦਿਖਾਏ ਗਏ।ਪ੍ਰੋਗਰਾਮ ਦੇ ਅੰਤ ਵਿੱਚ ਜੇਤੂ ਵਿਦਿਆਰਥੀਆਂ ਤੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਇਨਾਮ ਵੀ ਦਿੱਤੇ ਗਏ।

# ਦੁੱਧ ਦੀ ਆੜ 'ਚ ਕਾਲਾ ਧੰਦਾ ਜ਼ੋਰਾਂ 'ਤੇ



ਮਾਨਸਾ (ਗੀਤਵਾਲ) ਪਿਛਲੇ ਲੰਮੇ ਸਮੇਂ ਤੋਂ ਸੂਬੇ 'ਚ ਖਾਣ-ਪੀਣ ਵਾਲੇ ਨਕਲੀ ਪਦਾਰਥਾਂ ਦਾ ਧੰਦਾ ਜ਼ੋਰਾਂ 'ਤੇ ਚੱਲ ਰਿਹਾ ਹੈ, ਪਰ ਜੇਕਰ ਮਾਨਸਾ ਜ਼ਿਲ੍ਹੇ ਦੀ ਗੱਲ ਕੀਤੀ ਜਾਵੇ ਤਾਂ ਜ਼ਿਲ੍ਹੇ ਦੀਆਂ ਵੱਖ-ਵੱਖ ਮੰਡੀਆਂ ਤੇ ਕਸਬਿਆਂ ਵਿੱਚ ਇਹ ਧੰਦਾ ਰੁਕਣ ਦਾ ਨਾਂਅ ਨਹੀਂ ਲੈ ਰਿਹਾ ਹੈ, ਜਿਸ ਨੂੰ ਲੈ ਕੇ ਆਵਾਜ਼ ਬੁਲੰਦ ਲੋਕ ਕਹਿ ਰਹੇ ਹਨ ਕਿ ਮਾਨਸਾ 'ਚ ਸਿਹਤ ਵਿਭਾਗ ਦੀ ਅਣਦੇਖੀ ਕਾਰਨ ਜ਼ਿਲ੍ਹੇ ਭਰ 'ਚ ਚਿੱਟੇ ਦੁੱਧ ਨਾਲ ਕਾਲੇ ਧੰਦੇ ਦਾ ਵਪਾਰ ਹੋ ਰਿਹਾ ਹੈ, ਪਰ ਵਿਭਾਗ ਨੂੰ ਇਸਦੇ ਬਾਰੇ ਪਤਾ ਹੋਣ ਦੇ ਬਾਵਜੂਦ ਅਣਜਾਣ ਬਣਿਆ ਹੋਇਆ ਹੈ ਅਤੇ ਬਹੁਤੇ ਵਪਾਰੀ ਇਸਦਾ ਰੋਜ਼ਾਨਾ ਹੀ ਲਾਭ ਲੈ ਰਹੇ ਹਨ, ਜਦਕਿ ਇਸ ਕਾਲੇ ਕਾਰੋਬਾਰ ਨਾਲ ਆਮ ਆਦਮੀ ਬਿਮਾਰੀਆਂ ਦਾ ਸ਼ਿਕਾਰ ਹੋ ਰਿਹਾ ਹੈ।ਨਕਲੀ ਦੁੱਧ ਗਲੂਕੋਜ਼, ਰਿਫਾਇੰਡ, ਸੈਂਟ ਆਦਿ ਪਦਾਰਥਾਂ ਦੇ ਮਿਸ਼ਰਣ ਨਾਲ ਤਿਆਰ ਕੀਤਾ ਜਾਂਦਾ ਹੈ।ਇਨ੍ਹਾਂ ਹੀ ਨਹੀਂ ਜ਼ਿਲੇ 'ਚ ਕਈ ਇਲਾਕੇ ਅਜਿਹੇ ਵੀ ਹਨ ਜਿੱਥੇ ਪਨੀਰ, ਨਕਲੀ ਮਿਠਾਈਆਂ ਤੇ ਘਿਓ ਵੀ ਵੱਡੇ ਪੱਧਰ 'ਤੇ ਨਕਲੀ ਵਿਕਦਾ ਹੈ।ਘਰਾਂ 'ਚੋਂ ਸਹੀ ਤੇ ਇਮਾਨਦਾਰੀ ਨਾਲ ਦੁੱਧ ਵੇਚਣ ਵਾਲੇ ਕਿਸਾਨ ਅਜੈਬ ਸਿੰਘ ਅਤੇ ਬਿੱਟੂ ਸ਼ਰਮਾ ਨੇ ਕਿਹਾ ਕਿ ਜੇਕਰ ਵਿਭਾਗ ਵੱਲੋਂ ਗੰਭੀਰਤਾ ਨਾਲ ਦੁੱਧ ਦੇ ਸੈਂਪਲ ਲਏ ਜਾਣ ਤਾਂ ਸਾਰੀ ਸਥਿਤੀ ਸਾਫ ਹੋ ਜਾਵੇਗੀ।ਉਨ੍ਹਾਂ ਇਹ ਵੀ ਕਿਹਾ ਕਿ ਇਸ ਧੰਦੇ 'ਚ ਕਈ ਤਰ੍ਹਾਂ ਦੇ ਗ਼ਲਤ ਸਾਮਾਨ ਦੀ ਵਰਤੋਂ ਕੀਤੀ ਜਾਂਦੀ ਹੈ, ਜੋ ਸਹੀ ਨਹੀਂ ਹੈ।ਲੋਕਾਂ ਨੂੰ ਜ਼ਿਆਦਾ ਪੈਸਾ ਖਰਚ ਕਰਨ ਤੋਂ ਬਾਅਦ ਉਨ੍ਹਾਂ ਨੂੰ ਮਿਲਾਵਟ ਵਾਲਾ ਦੁੱਧ ਮਿਲ ਰਿਹਾ ਹੈ।ਨਕਲੀ ਦੁੱਧ ਦੀ ਵਰਤੋਂ ਨਾਲ ਲੋਕ ਕੈਂਸਰ, ਸ਼ੂਗਰ, ਕਾਲਾ ਪੀਲੀਆ ਤੇ ਦਿਲ ਦੇ ਦੌਰੇ ਵਰਗੀਆਂ ਭਿਆਨਕ ਬਿਮਾਰੀਆਂ ਦਾ ਸ਼ਿਕਾਰ ਹੋ ਰਹੇ ਹਨ।

# ਪੰਜਾਬ ਸਟੇਟ ਟਰੇਡਰਸ ਕਮਿਸ਼ਨ ਦੇ ਬੈਨਰ ਹੇਠ ਵਪਾਰੀਆਂ ਦੀਆਂ ਸਮੱਸਿਆਵਾਂ ਸੰਬੰਧੀ ਮੀਟਿੰਗ




ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ) ਪੰਜਾਬ ਸਟੇਟ ਟਰੇਡਰਸ ਕਮਿਸ਼ਨ ਦੇ ਬੈਨਰ ਹੇਠ ਵਪਾਰੀਆਂ ਤੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਅਸੈਂਬਲੀ ਟਰੇਡ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਬੁੱਟਰ ਦੀ ਅਗਵਾਈ ਵਿੱਚ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਵਪਾਰੀਆਂ ਵੱਲੋਂ ਪੇਸ਼ ਆ ਰਹੀਆਂ ਮੁਸ਼ਕਲਾਂ ਤੇ ਮਸਲਿਆਂ ਨੂੰ ਸੁਣਿਆ ਗਿਆ ਤੇ ਉਨ੍ਹਾਂ ਦੇ ਤੁਰੰਤ ਹੱਲ ਲਈ ਮੌਕੇ 'ਤੇ ਮੌਜੂਦ ਸੰਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ ਕੀਤੇ ਗਏ।

ਮੀਟਿੰਗ ਦੌਰਾਨ ਪੀਡੀਏ ਐਸੋਸੀਏਸ਼ਨ ਦੇ ਪ੍ਰਧਾਨ ਰਜੇਸ਼ ਬਾਂਸਲ ਨੇ ਬਾਜ਼ਾਰ 'ਚ ਵਿਕ ਰਹੇ ਨਕਲੀ ਦੇਸੀ ਘਿਓ ਬਾਰੇ ਜਾਣੂੰ ਕਰਾਇਆ ਅਤੇ ਇਸ 'ਤੇ ਠੱਲ੍ਹ ਪਾਉਣ ਦੀ ਅਪੀਲ ਕੀਤੀ ਤਾਂ ਜੁ ਲੋਕਾਂ ਦੀ ਸਿਹਤ ਨੂੰ ਪਹੁੰਚਣ ਵਾਲੇ ਨੁਕਸਾਨ ਤੋਂ ਬਚਾਇਆ ਜਾ ਸਕੇ।ਮੀਟਿੰਗ ਦੌਰਾਨ ਸ਼ਹਿਰ ਵਾਸੀਆਂ ਨੇ ਮੰਗ ਕੀਤੀ ਕਿ ਗੈਸ ਸਿਲੰਡਰਾਂ ਦੀ ਸਪਲਾਈ ਦੌਰਾਨ ਕਾਫ਼ੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਇਸਦੇ ਤੁਰੰਤ ਹੱਲ ਕੱਢੇ ਜਾਣ। ਧੀਰ ਮਾਰਕੀਟ ਦੇ ਦੁਕਾਨਦਾਰਾਂ ਨੇ ਮਾਰਕੀਟ ਵਿੱਚ ਸਟਰੀਟ ਲਾਈਟਾਂ ਲਗਾਉਣ ਦੀ ਮੰਗ ਕੀਤੀ। ਇਸ ਤੋਂ ਇਲਾਵਾ ਥਾਣੇ ਦੀ ਹਾਲਤ ਸੁਧਾਰਨ, ਸ਼ਹਿਰ ਵਿੱਚ ਬੰਦ ਪਏ ਕੈਮਰੇ, ਸੀਵਰੇਜ ਸਿਸਟਮ, ਅਵਾਰਾ ਪਸ਼ੂਆਂ ਦੇ ਸ਼ਹਿਰ ਵਿੱਚ ਵਧਣ ਦੀ ਸਮੱਸਿਆ ਬਾਰੇ ਵੀ ਇਸ ਮੀਟਿੰਗ ਵਿੱਚ ਜ਼ਿਕਰ ਕੀਤਾ ਗਿਆ।

ਚੇਅਰਮੈਨ ਅਸ਼ੋਕ ਬੁੱਟਰ ਨੇ ਸਾਰੇ ਵਪਾਰੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਇਨ੍ਹਾਂ ਸਾਰੀਆਂ ਸਮੱਸਿਆਵਾਂ ਦਾ ਇੱਕ ਹਫਤੇ ਦੇ ਅੰਦਰ ਅੰਦਰ ਹੱਲ ਕਰਾ ਦਿੱਤਾ ਜਾਵੇਗਾ ਤਾਂ ਜੁ ਦੁਕਾਨਦਾਰਾਂ ਦਾ ਸਰਕਾਰ ਦੇ ਉੱਪਰ ਬਣਿਆ ਭਰੋਸਾ ਟੁੱਟਣ ਨਾ ਦਿੱਤਾ ਜਾਵੇ।

# ਭਾਰਤ-ਕੈਨੇਡਾ ਵਪਾਰਕ ਸਬੰਧਾਂ 'ਚ ਪੰਜਾਬੀ ਮੂਲ ਦੇ ਪ੍ਰਵਾਸੀਆਂ ਦੀ ਭੂਮਿਕਾ ਅਹਿਮ : ਅਧਿਐਨ

**ਪਟਿਆਲਾ, (ਰਾਜਿੰਦਰ ਸਿੰਘ ਥਿੰਦ)** ਪੰਜਾਬੀ ਯੂਨੀਵਰਸਿਟੀ ਦੇ ਇਕ ਤਾਜ਼ਾ ਪੀ.ਐੱਚ.ਡੀ. ਅਧਿਐਨ ਵਿੱਚ ਭਾਰਤ ਅਤੇ ਕੈਨੇਡਾ ਦਰਮਿਆਨ ਵਪਾਰਕ ਸਬੰਧਾਂ ਦੀ ਸਮੀਖਿਆ ਕਰਨ ਅਤੇ ਪੰਜਾਬ ਤੋਂ ਨਿਰਯਾਤ ਨੂੰ ਹੁਲਾਰਾ ਦੇਣ ਦੀ ਲੋੜ 'ਤੇ ਜ਼ੋਰ ਦਿੱਤਾ ਗਿਆ ਹੈ।ਯੂਨੀਵਰਸਿਟੀ ਦੇ ਅਰਥ ਸ਼ਾਸਤਰ ਵਿਭਾਗ ਦੇ ਡਾ. ਦਵਿੰਦਰ ਕੁਮਾਰ ਮਦਾਨ ਦੀ ਅਗਵਾਈ ਹੇਠ ਇਹ ਖੋਜ ਕਾਰਜ ਖੋਜਾਰਥੀ ਡਾ. ਮਨਮੀਤ ਕੌਰ ਵੱਲੋਂ ਕੀਤਾ ਗਿਆ ਹੈ।ਡਾ. ਮਨਮੀਤ ਕੌਰ ਨੇ ਦੱਸਿਆ ਕਿ ਅਧਿਐਨ ਮੁਤਾਬਕ, ਕੈਨੇਡਾ ਨੂੰ ਭਾਰਤ ਵੱਲੋਂ ਕੀਤਾ ਜਾਂਦਾ ਨਿਰਯਾਤ ਸਾਲ 1995 ਵਿੱਚ 30 ਮਿਲੀਅਨ ਅਮਰੀਕੀ ਡਾਲਰ ਸੀ, ਜੋ 2024 ਵਿੱਚ ਵਧ ਕੇ 4,140 ਮਿਲੀਅਨ ਡਾਲਰ ਹੋ ਗਿਆ ਹੈ।ਇਸੇ ਤਰ੍ਹਾਂ ਕੈਨੇਡਾ ਤੋਂ ਹੁੰਦਾ ਅਯਾਤ 38 ਮਿਲੀਅਨ ਡਾਲਰ ਤੋਂ ਵਧ ਕੇ 4,464 ਮਿਲੀਅਨ ਡਾਲਰ ਤੱਕ ਪਹੁੰਚ ਗਿਆ ਹੈ।ਭਾਰਤ ਵੱਲੋਂ ਮੁੱਖ ਤੌਰ 'ਤੇ ਦਵਾਈਆਂ, ਜੰਮੇ ਹੋਏ ਝੀਂਗੇ, ਗਹਿਣੇ, ਜੈਵਿਕ ਮਿਸ਼ਰਣ, ਚਾਵਲ, ਹੀਰੇ, ਟੀ-ਸ਼ਰਟ, ਪਲਾਸਟਿਕ, ਟਰੈਕਟਰ ਤੇ ਮਸ਼ੀਨਾਂ ਦੇ ਪੁਰਜੇ ਅਤੇ ਕਾਸਟ ਆਇਰਨ ਆਦਿ ਕੈਨੇਡਾ ਭੇਜੇ ਜਾਂਦੇ ਹਨ।ਦੂਜੇ ਪਾਸੇ, ਕੈਨੇਡਾ ਤੋਂ ਸੁੱਕੇ ਮਟਰ, ਕੋਲਾ, ਦਾਲਾਂ, ਪੋਟਾਸ਼ੀਅਮ ਕਲੋਰਾਈਡ, ਅਖ਼ਬਾਰੀ ਕਾਗ਼ਜ਼ ਤੇ ਹੀਰੇ ਮੰਗਾਏ ਜਾਂਦੇ ਹਨ।ਭਾਰਤ ਦੀ ਨਿਰਯਾਤ ਪੂਰਕਤਾ (ਕੰਪਲੀਮੈਂਟੈਰਿਟੀ) 1995 ਵਿਚਲੇ ਅੰਕੜੇ 45.6% ਤੋਂ ਵਧ ਕੇ 2024 ਵਿੱਚ 83.2% ਹੋ ਗਈ ਹੈ, ਜੋ ਭਵਿੱਖ ਵਿੱਚ ਵੱਡੀਆਂ ਸੰਭਾਵਨਾਵਾਂ ਨੂੰ ਦਰਸਾਉਂਦੀ ਹੈ।



ਉਨ੍ਹਾਂ ਦੱਸਿਆ ਕਿ ਕੈਨੇਡਾ ਵਿੱਚ ਰਹਿ ਰਹੇ 20 ਲੱਖ ਤੋਂ ਵੱਧ ਪੰਜਾਬੀ ਮੂਲ ਦੇ ਲੋਕ ਪੰਜਾਬੀ ਵਸਤੂਆਂ ਲਈ ਇੱਕ ਵੱਡਾ ਅਤੇ ਸਥਿਰ ਬਾਜ਼ਾਰ ਹਨ।ਪੰਜਾਬ ਹੁਣ ਸਿਰਫ਼ ਕੱਚਾ ਮਾਲ ਹੀ ਨਹੀਂ, ਸਗੋਂ ਪ੍ਰੋਸੈਸਡ ਫੂਡ ਤੇ ਹੋਰ ਵਸਤੂਆਂ ਵੀ ਵੱਡੀ ਪੱਧਰ 'ਤੇ ਭੇਜ ਰਿਹਾ ਹੈ।ਬਾਸਮਤੀ ਚਾਵਲ ਪੰਜਾਬ ਤੋਂ ਹੁੰਦੇ ਨਿਰਯਾਤ ਦਾ ਮੁੱਖ ਹਿੱਸਾ ਹੈ, ਜਿਸ ਦੀ ਮੰਗ ਪੰਜਾਬੀ ਭਾਈਚਾਰੇ ਵਿੱਚ ਸਭ ਤੋਂ ਵੱਧ ਹੈ।ਹੋਰ ਖੇਤੀਬਾੜੀ ਉਤਪਾਦਾਂ ਵਿੱਚ ਅਨਾਜ ਤੋਂ ਬਣੀਆਂ ਵਸਤੂਆਂ ਅਤੇ ਡੇਅਰੀ ਉਤਪਾਦਾਂ ਦੀ ਮੰਗ ਤੇਜ਼ੀ ਨਾਲ਼ ਵਧੀ ਹੈ। ਅਨਾਜ ਤੋਂ ਬਣੇ ਪਦਾਰਥਾਂ (ਸਨੈਕਸ ਆਦਿ) ਦਾ ਨਿਰਯਾਤ 2017-18 ਵਿੱਚ 37 ਮਿਲੀਅਨ ਡਾਲਰ ਸੀ ਜੋ ਹੁਣ ਵਧ ਕੇ 2022-23 ਵਿੱਚ 67 ਮਿਲੀਅਨ ਡਾਲਰ ਹੋ ਗਿਆ ਹੈ।ਇਸੇ ਤਰ੍ਹਾਂ ਡੇਅਰੀ ਉਤਪਾਦ ਜਿਵੇਂ ਪਨੀਰ, ਘਿਓ ਤੇ ਮਿਠਾਈਆਂ ਵਰਗੇ ਰਵਾਇਤੀ ਉਤਪਾਦਾਂ ਦਾ ਨਿਰਯਾਤ ਵੀ 29 ਮਿਲੀਅਨ ਡਾਲਰ ਤੋਂ ਉਛਾਲ ਮਾਰ ਕੇ 59 ਮਿਲੀਅਨ ਡਾਲਰ ਤੱਕ ਪਹੁੰਚ ਗਿਆ ਹੈ।


**COURT NOTICE**

(U/o 5 Rule 20 CPC)
In The Court of
**Maitri Kakkar**
Judicial Magistrate-1st Class, Kharar
CNR No. PBSAA1-000880-2024
Next Date : 18-04-2026
Sangram Singh
Vs.
Arshad Khan

Publication Issued To :
Arshad Khan S/o Ayub Khan, R/o House No. 1, Near Gurudwara Sahib, Street No. 1, Shiv City, Village Behlolpur, Tehsil and District SAS Nagar, Mohali.

In above titled case , the defendant(s)/respondent(s) could not be served. It is ordered that defendant(s)/ respondent(s) should appear in person or through counsel on 18.04.2026 at 10.00 a.m.

For details logon to https ://highcourtchd.gov.in./?trs=district_notice&district=S.A.S. Nagar

Judicial Magistrate-1st Class
Kharar.
Dated, this day of 20.03.2026


# ਲੋਕ ਸੇਵਾ ਸੁਸਾਇਟੀ ਨੇ ਸਮੂਹਿਕ ਕੰਨਿਆ ਮਹਾਂਯੱਗ ਕਰਾਇਆ



**ਜਗਰਾਉਂ (ਅਮਿਤ ਖੰਨਾ)** ਲੋਕ ਸੇਵਾ ਸੁਸਾਇਟੀ ਵੱਲੋਂ ਦਾਨੀ ਸੱਜਣਾਂ ਦੇ ਸਹਿਯੋਗ ਨਾਲ 27ਵਾਂ ਸਮੂਹਿਕ ਕੰਨਿਆ ਦਾ ਮਹਾਂਯਗ ਕਰਾਇਆ ਗਿਆ। ਸੁਸਾਇਟੀ ਦੇ ਚੇਅਰਮੈਨ ਗੁਲਸ਼ਨ ਅਰੋੜਾ, ਪ੍ਰਧਾਨ ਮਦਨ ਲਾਲ ਅਰੋੜਾ, ਸੈਕਟਰੀ ਡਾਕਟਰ ਕੁਲਭੂਸ਼ਣ ਗੁਪਤਾ ਤੇ ਕੈਸ਼ੀਅਰ ਸੁਨੀਲ ਬਜਾਜ ਦੀ ਅਗਵਾਈ ਵਿੱਚ ਸਨਮਤੀ ਵਿਮਲ ਜੈਨ ਸਕੂਲ ਦੇ ਮਾਤਰੀ ਸੇਵਾ ਸੰਘ ਦੇ ਹਾਲ ਵਿਖੇ ਕਰਵਾਏ ਕੰਨਿਆ ਦਾਨ ਮਹਾਂਯਗ ਤਿੰਨ ਜ਼ਰੂਰਤਮੰਦ ਪਰਵਾਰਾਂ ਦੀਆਂ ਲੜਕੀਆਂ ਦੇ ਸਮੂਹਿਕ ਵਿਆਹ ਕਰਾਏ ਗਏ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਹਜ਼ੂਰੀ ਵਿੱਚ ਆਨੰਦ ਕਾਰਜ ਦੀ ਰਸਮ ਭਾਈ ਹਰਮੀਤ ਸਿੰਘ ਨੇ ਪੂਰੇ ਧਾਰਮਿਕ ਰੀਤੀ ਰਿਵਾਜਾਂ ਅਨੁਸਾਰ ਅਦਾ ਕਰਾਈ। ਸਮਾਗਮ ਵਿੱਚ ਹਲਕਾ ਵਿਧਾਇਕਾ ਸਰਵਜੀਤ ਕੌਰ ਮਾਣੂਕੇ, ਸਾਬਕਾ ਵਿਧਾਇਕ ਐਸ ਆਰ ਕਲੇਰ, ਸਾਬਕਾ ਚੇਅਰਮੈਨ ਮੇਜਰ ਸਿੰਘ ਭੈਣੀ, ਸਾਬਕਾ ਡਾਇਰੈਕਟਰ ਡੀ ਏ ਵੀ ਕਾਲਜਿਜ਼ ਡਾਕਟਰ ਸਤੀਸ਼ ਸ਼ਰਮਾ ਆੜ੍ਹਤੀਆ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਰਾਜ ਕੁਮਾਰ ਭੱਲਾ, ਸਾਇੰਸ ਕਾਲਜ ਦੇ ਸੇਵਾਮੁਕਤ ਡਾਇਰੈਕਟਰ ਡਾਕਟਰ ਰਾਜੀਵ ਸਹਿਗਲ, ਵਾਈਸ ਪ੍ਰਿੰਸੀਪਲ ਪ੍ਰੋਫੈਸਰ ਨਿਧੀ ਮਹਾਜਨ, ਸ੍ਰੀ ਕ੍ਰਿਸ਼ਨਾ ਗਊਸ਼ਾਲਾ ਤੋਂ ਨਵੀਨ ਗੋਇਲ ਸੋਨੂ ਮਹਲਹੋਤਰਾ ਧੀਰਜ ਵਰਮਾ ਨੇ ਨਵਵਿਆਹੇ ਜੋੜਿਆਂ ਨੂੰ ਅਸ਼ੀਰਵਾਦ ਦਿੰਦਿਆਂ ਸੁਸਾਇਟੀ ਵੱਲੋਂ ਪਿਛਲੇ 27 ਸਾਲਾਂ ਤੋਂ ਹਰ ਸਾਲ ਕੀਤੇ ਜਾਂਦੇ ਸਮੂਹਿਕ ਕੰਨਿਆਦਾਨ ਦੀ ਸ਼ਲਾਘਾ ਕੀਤੀ। ਚੇਅਰਮੈਨ ਗੁਲਸ਼ਨ ਅਰੋੜਾ ਤੇ ਪ੍ਰਧਾਨ ਮਦਨ ਨਾਲ ਅਰੋੜਾ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਹਰੇਕ ਲੜਕੀ ਨੂੰ ਘਰੇਲੂ ਵਰਤੋਂ ਵਾਲਾ ਸਮਾਨ ਦਿੱਤਾ ਗਿਆ ਹੈ ਤਾਂ ਜੁ ਜ਼ਰੂਰਤਮੰਦ ਪਰਵਾਰ ਆਪਣੇ ਘਰ ਦਾ ਗੁਜ਼ਾਰਾ ਆਸਾਨੀ ਨਾਲ ਕਰ ਸਕਣ। ਉਨ੍ਹਾਂ ਦੱਸਿਆ ਕਿ ਵਿਆਹ ਵਾਸਤੇ ਲੜਕੇ ਤੇ ਲੜਕੀ ਦੀ ਚੋਣ ਉਨ੍ਹਾਂ ਦੇ ਪਰਵਾਰਕ ਮੈਂਬਰ ਖੁਦ ਕਰਦੇ ਹਨ, ਜਦਕਿ ਵਿਆਹ ਵਾਲੇ ਦਿਨ ਦਾ ਸਾਰਾ ਖਰਚ ਤੇ ਇਨ੍ਹਾਂ ਜੋੜਿਆਂ ਨੂੰ ਘਰੇਲੂ ਵਰਤੋਂ ਵਾਲਾ ਸਮਾਨ ਸੁਸਾਇਟੀ ਵੱਲੋਂ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਕੀਤਾ ਜਾਂਦਾ ਹੈ।

# ਸਾਹਿਤ ਸਭਾ ਮਾਛੀਵਾੜਾ 'ਚ ਸਾਹਿਤਕ ਵਿਧਾਵਾਂ 'ਤੇ ਹੋਈ ਚਰਚਾ



**ਸਮਰਾਲਾ, (ਸੁਰਜੀਤ ਸਿੰਘ)** ਗ਼ਜ਼ਲਗੋ ਬਲਜਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਸਾਹਿਤ ਸਭਾ ਦੀ ਹੋਈ ਮਾਸਿਕ ਮੀਟਿੰਗ ਵਿੱਚ ਹਾਜ਼ਰ ਲੇਖਕਾਂ ਵਲੋਂ ਸਾਹਿਤ ਦੀ ਵੱਖ-ਵੱਖ ਵਿਧਾਵਾਂ 'ਤੇ ਵਿਚਾਰ ਚਰਚਾ ਕੀਤੀ ਗਈ, ਜਿਨ੍ਹਾਂ ਵਿਚ ਕਵਿਤਾ, ਗ਼ਜ਼ਲ, ਕਹਾਣੀ ਤੇ ਨਾਵਲ ਵਿਧਾ 'ਤੇ ਚਰਚਾ ਕੀਤੀ।ਲੇਖਕਾਂ ਨੇ ਵਿਚਾਰ ਪ੍ਰਗਟ ਕੀਤੇ ਕਿ ਲੇਖਕ ਨੂੰ ਲਿਖਣ ਦੇ ਨਾਲ-ਨਾਲ ਮਿਆਰੀ ਸਾਹਿਤ ਪੜ੍ਹਨ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਬੇਸ਼ੱਕ ਕਈ ਲੇਖਕ ਬਹੁਤ ਅੱਛੀ ਰਚਨਾਵਾਂ ਲਿਖਦੇ ਹਨ, ਪਰ ਉੱਚ ਮਿਆਰੀ ਸਾਹਿਤ ਪੜ੍ਹਨ ਨਾਲ ਸੋਚ ਤੇ ਸਿਰਜਣਾ ਦਾ ਦਾਇਰਾ ਹੋਰ ਵੀ ਵਸੀਹ ਹੋ ਜਾਂਦਾ ਹੈ।ਰਚਨਾਵਾਂ ਦੇ ਦੌਰ 'ਚ ਸਭ ਤੋਂ ਪਹਿਲਾਂ ਅਵਤਾਰ ਸਿੰਘ ਓਟਾਲਾਂ ਨੇ ਸ਼ਿਅਰ ਪੇਸ਼ ਕੀਤੇ।ਡਾ. ਅਮਰਜੀਤ ਸਹਿਗਲ ਨੇ ਆਪਣੀ ਰਚਨਾ 'ਸੱਜਣ ਜੀ ਤੁਧ ਬਿਨ ਅਸੀਂ ਤੁਆਂਖੇ' ਸੁਣਾਈ।ਖਰੜ ਤੋਂ ਪਹੁੰਚੀ ਗ਼ਜ਼ਲਗੋ ਨਿਰਵੈਰ ਕੌਰ ਨੇ ਆਪਣੀ ਗ਼ਜ਼ਲ 'ਮੈਂ ਕੰਡਿਆਂ ਵਰਗੇ ਬੋਲਾਂ ਤੇ ਮੁੱਢ ਗ਼ਮ ਦੀਆਂ ਯਾਦਾਂ ਧਰਦੀ ਹਾਂ' ਸੁਣਾਈ, ਜਿਸ 'ਤੇ ਗੰਭੀਰ ਵਿਚਾਰ ਚਰਚਾ ਹੋਈ।ਇਸੇ ਤਰ੍ਹਾਂ ਕਸ਼ਮੀਰ ਸਿੰਘ ਨੇ ਆਪਣੀ 'ਮੇਹਰ ਹੋਈ ਪਰਮੇਸ਼ਰ ਦੀ' ਸੁਣਾਈ।ਗ਼ਜ਼ਲਗੋ ਹਰਨਾਮ ਡੱਲਾ ਨੇ 'ਇਹ ਝਰਨੇ ਲੋਕਤੰਤਰ ਦੇ 'ਚੋਂ ਛਾਣੇ ਨਹੀਂ ਜਾਂਦੇ, ਇਹ ਰਹਿਬਰ ਨੇ ਜਾਂ ਕਾਤਲ ਪਛਾਣੇ ਨਹੀਂ ਜਾਂਦੇ' ਗ਼ਜ਼ਲ ਸੁਣਾ ਕੇ ਵਾਹ-ਵਾਹ ਖੱਟੀ।ਇਸੇ ਤਰ੍ਹਾਂ ਸੁਰਜੀਤ ਸਿੰਘ ਨੇ ਹਿੰਦੀ ਕਵਿਤਾ 'ਤੁਮ ਆਕਾਸ਼ ਹੋ ਗਈ' ਸੁਣਾਈ, ਜਿਸ 'ਤੇ ਗੰਭੀਰ ਵਿਚਾਰਾਂ ਹੋਈਆਂ।ਮਲਕੀਅਤ ਸਿੰਘ ਨੇ ਆਪਣੀ ਗ਼ਜ਼ਲ 'ਪਹਿਲਾ ਕਦਮ ਪੁੱਟਣ ਦੇ ਸਦਕਾ ਸਫ਼ਰ ਮੇਰਾ ਸਰ ਹੁੰਦਾ ਏ' ਸੁਣਾਈ। ਬਲਜਿੰਦਰ ਨੇ ਆਪਣੀ ਗ਼ਜ਼ਲ 'ਤਰਾਸ਼ਾਂ ਮੈਂ ਮੇਰਾ ਅੰਦਰ, ਕੋਈ ਔਜ਼ਾਰ ਤਾਂ ਦੱਸੋ' ਸੁਣਾ ਕੇ ਹਾਜ਼ਰ ਲੇਖਕਾਂ ਵਿਚ ਨਵੀਂ ਬਹਿਸ ਨੂੰ ਜਨਮ ਦਿੱਤਾ।

# ਪਿੰਡ ਛਲੇੜੀ 'ਚ ਪੰਜ-ਪੰਜ ਮਰਲੇ ਦੇ ਦਿੱਤੇ ਪਲਾਟ



**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਵਿਧਾਇਕ ਲਖਬੀਰ ਸਿੰਘ ਰਾਏ ਵੱਲੋਂ ਬਲਾਕ ਸਰਹਿੰਦ ਦੇ ਪਿੰਡ ਛਲੇੜੀ ਵਿਖੇ ਪੰਜ ਪੰਜ ਮਰਲੇ ਦੇ ਪਲਾਟ ਦਿੱਤੇ ਗਏ ਤੇ ਨਾਲ ਹੀ ਇੱਕ ਨਵੀਂ ਬਣੀ ਪਾਰਕ ਦਾ ਉਦਘਾਟਨ ਕੀਤਾ ਗਿਆ। ਵਿਧਾਇਕ ਰਾਏ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਸਰਬਪੱਖੀ ਵਿਕਾਸ ਦੇ ਲਈ ਵਚਨਬੱਧ ਹੈ।ਪਿੰਡਾਂ ਨੂੰ ਬੁਨਿਆਦੀ ਸਹੂਲਤਾਂ ਦੇ ਨਾਲ ਲੈੱਸ ਕੀਤਾ ਜਾ ਰਿਹਾ ਹੈ।ਪੰਜਾਬ ਸਰਕਾਰ ਵੱਲੋਂ ਪਿਛਲੇ ਚਾਰ ਸਾਲਾਂ ਦੌਰਾਨ ਹਲਕੇ 'ਚ ਵਿਕਾਸ ਨੂੰ ਤਰਜੀਹ ਦਿੱਤੀ ਗਈ ਹੈ ਤੇ ਸੜਕਾਂ, ਪੀਣ ਵਾਲੇ ਪਾਣੀ, ਸਿਹਤ ਤੇ ਸਿੱਖਿਆ ਵਰਗੇ ਖੇਤਰਾਂ ਵਿੱਚ ਕਈ ਮਹੱਤਵਪੂਰਨ ਕੰਮ ਕਰਾਏ ਗਏ ਹਨ।ਲੋਕਾਂ ਦੀਆਂ ਮੁੱਢਲੀਆਂ ਜ਼ਰੂਰਤਾਂ ਨੂੰ ਧਿਆਨ ਦੇ ਵਿੱਚ ਰੱਖਦਿਆਂ ਕਈ ਪ੍ਰੋਜੈਕਟ ਪੂਰੇ ਕੀਤੇ ਗਏ ਹਨ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪਿੰਡ ਛਲੇੜੀ ਵਿਖੇ 132 ਪਰਿਵਾਰਾਂ ਨੂੰ ਪੰਜ-ਪੰਜ ਮਰਲੇ ਦੇ ਪਲਾਟ ਦਿੱਤੇ ਗਏ ਹਨ।ਇਸ ਤੋਂ ਇਲਾਵਾ ਪਿੰਡ ਦੇ ਵਿੱਚ ਬਜ਼ੁਰਗਾਂ ਦੇ ਸੈਰ ਕਰਨ ਲਈ ਤੇ ਬੱਚਿਆਂ ਦੇ ਖੇਡਣ ਦੇ ਲਈ ਇੱਕ ਨਵੀਂ ਪਾਰਕ ਉਸਾਰੀ ਗਈ ਹੈ, ਜਿਸ ਦਾ ਉਦਘਾਟਨ ਕੀਤਾ ਗਿਆ ਹੈ।


# ਕਲਾਸੀਫਾਈਡ ਇਸ਼ਤਿਹਾਰ

**Change of Name**

I, Mandeep Singh S/O Santokh Singh. R/O Vpo- Chour Sidhwan Tehsil/ Distt- Gurdaspur, Punjab, India. Declare That My Given Name As Mandeep And My Surname As Singh.

I, hitherto Known as Tripta Jagota W/O Gagan Kumar residing at Ward No. 8/77, Mohalla Geeta Bhawan, VPO Alawalpur, Distt. Jalandhar – 144301, Punjab, India have changed my name and shall hereafter be known as Tripta.

I Kushalya Devi W/O Amarjit R/O Vpo. Musapur, Teh. Banga, Distt. SBS Nagar, Punjab I Have Changed My Name From Kushalya Devi To Kushlaya Devi. All concerned please note.

I, Parvinder Singh S/o Jasvir Singh, R/o Village Mokal, PO. Rajpur, Distt. Jalandhar, Punjab-144201, I want to change my name from Parvinder Singh to Parwinder Singh. All concerned please note.

I, Deepak s/o Kailash Masih r/o Vill. Radhan, Po. Dorangla, Distt.Gurdaspur have changed my name from Deepak to Deepak Kumar (Surname as Kumar) All Please Note.

**ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ**

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

**Change of Name**

I, Paramjit Kaur W/O Gurmeet Singh R/O Village Adaletpur Po Fattupur Tehsil Dera Baba Nanak District Gurdaspur, Punjab, India Pin Code 143512 , I Have Changed My Name From Paramjeet Kaur To Paramjit Kaur Please Note . That Above Names Are One And Same Person I.e, Of Mine.

I, hitherto known as Harjinder Singh s/o Gurdev Singh r/o vill.gurhe, po.Sarih, Teh.Nakodar, Distt.Jalandhar (PB) have changed my name and shall hereafter be known as Harjinder Singh Gill.

I, Jasvir Kaur w/o Gurdeep Singh r/o Vill. Kang Sahbu, Teh.Nakodar, Distt.Jalandhar have changed my name from Jasvir Kaur to Jasbir Kaur. All Please Note.

**ਨਾਂਅ ਦੀ ਬਦਲੀ**

ਮੈਂ, ਨਵਨੀਤ ਕੌਰ ਸੰਧੂ ਪਤਨੀ ਅਰਵਿੰਦਰ ਸਿੰਘ ਵਾਸੀ ਗੰਗੋਹਰ (ਬਰਨਾਲਾ) ਨੇ ਆਪਣਾ ਨਾਮ ਬਦਲ ਕੇ ਨਵਨੀਤ ਕੌਰ ਰੱਖ ਲਿਆ ਹੈ।

**ਆਮ ਸੂਚਨਾ**

ਮੈਂ, ਦਲਵਿੰਦਰ ਕੌਰ ਪਤਨੀ ਸਤਨਾਮ ਸਿੰਘ, ਵਾਸੀ 8-ਏ/274, ਗੁਰੂ ਤੇਗ ਬਹਾਦਰ ਨਗਰ ਧੂਰੀ (ਸੰਗਰੂਰ) ਨੂੰ ਦਲਵਿੰਦਰ ਕੌਰ ਅਤੇ ਦਿਲਵਿੰਦਰ ਕੌਰ ਦੋਵਾਂ ਨਾਵਾਂ ਨਾਲ ਜਾਣਿਆ ਜਾਂਦਾ ਹੈ। ਇਹ ਦੋਵੇਂ ਨਾਮ ਮੇਰੇ ਹਨ।

ਮੈਂ, ਬਲਜਿੰਦਰ ਸਿੰਘ ਪੁੱਤਰ ਸਵਰਨਜੀਤ ਸਿੰਘ ਵਾਸੀ ਪਿੰਡ ਦਾਉਦਪੁਰਾ, ਡਾਕਖਾਨਾ ਡਿੱਬੀਪੁਰਾ, ਤਹਿਸੀਲ ਪੱਟੀ, ਜ਼ਿਲ੍ਹਾ ਤਰਨਤਾਰਨ, ਪੰਜਾਬ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਹਰਪ੍ਰੀਤ ਸਿੰਘ ਸੰਧੂ ਨੂੰ ਮੇਰੇ ਕਹਿਣੇ ਵਿੱਚ ਨਾ ਹੋਣ ਕਰਕੇ ਮਿਤੀ 25-04-2023 ਨੂੰ ਬੇਦਖਲ ਕੀਤਾ ਸੀ। ਹੁਣ ਮੇਰਾ ਲੜਕਾ ਹਰਪ੍ਰੀਤ ਸਿੰਘ ਸੰਧੂ ਮੇਰੇ ਕਹਿਣੇ ਵਿੱਚ ਹੈ। ਮੈਂ ਇਸ ਦੀ ਬੇਦਖਲੀ ਵਾਪਿਸ ਲੈਂਦਾ ਹਾਂ। ਹੁਣ ਇਹ ਮੇਰੀ ਚੱਲ-ਅਚੱਲ ਜਾਇਦਾਦ ਦਾ ਵਾਰਿਸ ਹੋਵੇਗਾ। ਸੰਬੰਧਿਤ ਨੋਟ ਕਰਨ।

**COURT NOTICE**

(U/o 5 Rule 20 CPC)
In The Court of
Ms. Dipti Goyal
Principal Judge Family Court, Budhlada
CNR No. PBMNF2-000032-2026
Next Date : 10-04-2026
Karamjit Kaur
Vs
General Public

Publication Issued To : General Public
General Public

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 10.04.2026 at 10.00 a.m.

For details logon to https ://highcourtchd.gov.in./?mod=district_notice&district=moga court

Principal Judge Family Court, Budhlada
Dated, this day of 12.03.2026

# ਨਾਨ ਟੀਚਿੰਗ ਇੰਪਲਾਈਜ਼ ਯੂਨੀਅਨ ਦੀ ਮੀਟਿੰਗ

**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਨਾਨ ਟੀਚਿੰਗ ਇੰਪਲਾਈਜ਼ ਯੂਨੀਅਨ ਦੇ ਹਾਊਸ ਦੀ ਮੀਟਿੰਗ ਖਾਲਸਾ ਕਾਲਜ ਅੰਮ੍ਰਿਤਸਰ ਵਿੱਚ ਹੋਈ।ਇਸ ਮੀਟਿੰਗ ਦੌਰਾਨ ਵੱਖ-ਵੱਖ ਮਤੇ ਸਰਬ ਸੰਮਤੀ ਨਾਲ ਪਾਸ ਕੀਤੇ ਗਏ ਇਹਨਾਂ ਮਤਿਆਂ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਨਾਲ ਸੰਬੰਧਿਤ ਕਾਲਜਾਂ ਵਿੱਚ ਨਾਨ ਟੀਚਿੰਗ ਸਟਾਫ ਦੀ ਲੀਵ ਇਨਕੈਸ਼ਮੈਂਟ ਦਾ ਮਤਾ ਮੁੱਖ ਤੌਰ ਤੇ ਪਾਸ ਕੀਤਾ ਗਿਆ ਜੋ ਕਿ ਪਿਛਲੇ ਲੰਮੇ ਸਮੇਂ ਤੋਂ ਨਾਨ ਟੀਚਿੰਗ ਟੀਚਿੰਗ ਮੁਲਾਜ਼ਮਾਂ ਨੂੰ ਨਹੀਂ ਮਿਲ ਰਿਹਾ। ਇਸ ਮੌਕੇ ਬੋਲਦਿਆਂ ਵੱਖ-ਵੱਖ ਬੁਲਾਰਿਆਂ ਵੱਲੋਂ ਨਾਨ ਟੀਚਿੰਗ ਇੰਪਲਾਈਜ ਯੂਨੀਅਨ ਦੀਆਂ ਵੱਖ ਵੱਖ ਹਕੀ ਮੰਗਾਂ ਨੂੰ ਮੰਨਣ ਤੇ ਉਚੇਰੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦਾ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਗਿਆ। ਮੰਚ ਦਾ ਸੰਚਾਲਨ ਸਰਦਾਰ ਅਵਤਾਰ ਸਿੰਘ ਖਾਲਸਾ ਕਾਲਜ ਅੰਮ੍ਰਿਤਸਰ ਨੇ ਕੀਤਾ। ਇਸ ਤੋਂ ਇਲਾਵਾ ਪੁਰਾਣੇ ਹਾਊਸ ਨੂੰ ਅਗਲੇ ਦੋ ਸਾਲਾਂ ਲਈ ਚੁਣਿਆ ਗਿਆ ਅਤੇ ਕੁਝ ਨਵੇਂ ਚਿਹਰਿਆਂ ਨੂੰ ਸੈਂਟਰਲ ਬੋਡੀ ਵਿੱਚ ਮੌਕਾ ਦਿੱਤਾ ਗਿਆ। ਇਹਨਾਂ ਵਿੱਚ ਹਰਜਿੰਦਰ ਸਿੰਘ ਆਰ ਐਸ ਡੀ ਕਾਲਜ ਫਿਰੋਜ਼ਪੁਰ ਨੂੰ ਜੋਇੰਟ ਸਕੱਤਰ ਸਰਦਾਰ ਤੇਜਿੰਦਰ ਸਿੰਘ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਅਨੰਦਪੁਰ ਸਾਹਿਬ ਨੂੰ ਪ੍ਰੈਸ ਸਕੱਤਰ ਦੀ ਨਵੀਂ ਜਿੰਮੇਵਾਰੀ ਸੌਂਪੀ ਗਈ।




ਸਟੇਜ ਤੋਂ ਬੋਲਦੇ ਹੋਏ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਡੀ ਏ ਵੀ ਕਾਲਜ ਜਗਰਾਓ ਨੇ ਕਿਹਾ ਕਿ ਜਲਦ ਹੀ ਪੂਰੇ ਪੰਜਾਬ ਦੇ ਜ਼ਿਲ੍ਹਾ ਪੱਧਰ ਦੀਆਂ ਨਿਯੁਕਤੀਆਂ ਕੀਤੀਆਂ ਜਾਣਗੀਆਂ ਜਿਨਾਂ ਦੀ ਪਿਛਲੇ ਲੰਮੇ ਸਮੇਂ ਤੋਂ ਬਹੁਤ ਜ਼ਰੂਰਤ ਮਹਿਸੂਸ ਕੀਤੀ ਜਾ ਰਹੀ ਸੀ। ਇਸ ਮੌਕੇ ਪ੍ਰਧਾਨ ਸਵਿੰਦਰ ਸਿੰਘ ਗੋਲਾ ਪੰਜਾਬ ਖਾਲਸਾ ਕਾਲਜ ਨੇ ਆਏ ਹੋਏ ਵੱਖ ਵੱਖ ਕਾਲਜਾਂ ਤੋਂ ਡੈਲੀਗੇਟਸ ਦਾ ਧੰਨਵਾਦ ਕੀਤਾ ਗਿਆ।ਸਟੇਜ ਤੋਂ ਸੰਬੋਧਨ ਕਰਨ ਵਾਲੇ ਬੁਲਾਰਿਆਂ ਵਿੱਚ ਨਾਨ ਟੀਚਿੰਗ ਇੰਪਲਾਈਜ ਯੂਨੀਅਨ ਪੰਜਾਬ ਦੇ ਪ੍ਰਧਾਨ ਸਰਦਾਰ ਸਵਿੰਦਰ ਸਿੰਘ ਗੋਲਾ, ਵਾਈਸ ਪ੍ਰਧਾਨ ਦੀਪਕ ਸ਼ਰਮਾ ਡੀਏਵੀ ਕਾਲਜ ਅੰਮ੍ਰਿਤਸਰ ਪੰਜਾਬੀ ਯੂਨੀਵਰਸਿਟੀ ਵਿੰਗ ਦੇ ਪ੍ਰਧਾਨ ਸਰਦਾਰ ਅਮਰੀਕ ਸਿੰਘ, ਪ੍ਰੇਮ ਸਿੰਘ ਜਥੇਬੰਦਕ ਸਕੱਤਰ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਅਨੰਦਪੁਰ, ਮਨੋਜ ਪਾਂਡੇ ਫਾਇਨਾਂਸ ਸੈਕਟਰੀ ਰਵੀ ਮੈਣੀ ਐੱਚ ਐੱਮ ਸੀ ਕਾਲਜ ਜਲੰਧਰ ਨੇ ਵਿਸ਼ੇਸ਼ ਤੌਰ ਤੇ ਸੰਬੋਧਨ ਕੀਤਾ। ਪੰਜਾਬ ਦੇ ਵੱਖ ਵੱਖ ਹਿੱਸਿਆਂ ਵਿੱਚੋਂ ਕਾਲਜਾਂ ਨੇ ਹਿੱਸਾ ਲਿਆ।ਇਸ ਮੌਕੇ ਸੋਹਣ ਸਿੰਘ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਅਨੰਦਪੁਰ ਸਾਹਿਬ, ਦਵਿੰਦਰ ਸਿੰਘ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਅਨੰਦਪੁਰ ਸਾਹਿਬ,ਵਾਈਸ ਪ੍ਰਧਾਨ ਖਾਲਸਾ ਕਾਲਜ ਅੰਮ੍ਰਿਤਸਰ ਕੰਵਲਜੀਤ ਸਿੰਘ, ਪ੍ਰਿਤਪਾਲ ਸਿੰਘ,ਪਵਨ ਕੁਮਾਰ ਮੁਨਸ਼ੀ, ਪ੍ਰੀਤਮ ਸਿੰਘ, ਜਸਵੰਤ ਸਿੰਘ ਖਾਲਸਾ ਕਾਲਜ ਅੰਮ੍ਰਿਤਸਰ ਹਾਜ਼ਰ ਸਨ।

# ਲਾਇਲਪੁਰ ਖ਼ਾਲਸਾ ਕਾਲਜ ਨੇ ਭਗਤ ਸਿੰਘ ਦਾ ਸ਼ਹੀਦੀ ਦਿਵਸ ਮਨਾਇਆ

**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖਾਲਸਾ ਕਾਲਜ, ਜਲੰਧਰ ਦੇ ਇਤਿਹਾਸ ਵਿਭਾਗ ਨੇ ਮਹਾਨ ਆਜ਼ਾਦੀ ਘੁਲਾਟੀਏ ਸ. ਭਗਤ ਸਿੰਘ ਦੇ ਸ਼ਹੀਦੀ ਦਿਵਸ ਮੌਕੇ ਉਨ੍ਹਾਂ ਦੀ ਸਰਬਉੱਚ ਕੁਰਬਾਨੀ ਨੂੰ ਯਾਦ ਕਰਨ ਲਈ ਸਾਹਿਤਕ ਅਤੇ ਭਾਸ਼ਣ ਮੁਕਾਬਲਿਆਂ ਦੀ ਇੱਕ ਲੜੀ ਦਾ ਆਯੋਜਨ ਕੀਤਾ। ਪ੍ਰੋਗਰਾਮ ਵਿੱਚ ਲੇਖ ਅਤੇ ਕਵਿਤਾ ਲਿਖਣ ਦੇ ਨਾਲ-ਨਾਲ ਭਾਸ਼ਣ ਮੁਕਾਬਲੇ ਵੀ ਸ਼ਾਮਲ ਸਨ, ਜਿਸ ਵਿੱਚ ਵੱਖ-ਵੱਖ ਅਕਾਦਮਿਕ ਵਿਸ਼ਿਆਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਪ੍ਰੋਗਰਾਮ ਦੀ ਪ੍ਰਧਾਨਗੀ ਕਰਦੇ ਹੋਏ ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਨੇ ਸ਼ਹੀਦ ਨੂੰ ਸ਼ਰਧਾਂਜਲੀ ਭੇਟ ਕੀਤੀ। ਵਿਦਿਆਰਥੀਆਂ ਨੂੰ ਆਪਣੇ ਸੰਦੇਸ਼ ਵਿੱਚ, ਉਨ੍ਹਾਂ ਕਿਹਾ, 'ਭਗਤ ਸਿੰਘ ਨਾ ਸਿਰਫ਼ ਇੱਕ ਇਨਕਲਾਬੀ ਸਨ ਸਗੋਂ ਇੱਕ ਡੂੰਘੇ ਚਿੰਤਕ ਵੀ ਸਨ ਜਿਨ੍ਹਾਂ ਦੇ ਸਮਾਜਿਕ ਨਿਆਂ ਅਤੇ ਸਮਾਨਤਾ ਦੇ ਆਦਰਸ਼ ਅੱਜ ਪਹਿਲਾਂ ਨਾਲੋਂ ਕਿਤੇ ਜ਼ਿਆਦਾ ਪ੍ਰਸੰਗਿਕ ਹਨ। ਸਾਡੇ ਨੌਜਵਾਨਾਂ ਨੂੰ ਉਨ੍ਹਾਂ ਦੇ ਦਰਸ਼ਨ ਨਾਲ ਜੁੜਦੇ ਦੇਖ ਕੇ ਬਹੁਤ ਖੁਸ਼ੀ ਹੁੰਦੀ ਹੈ। ਮੈਂ ਹਰ ਵਿਦਿਆਰਥੀ ਨੂੰ ਉਨ੍ਹਾਂ ਦੀ ਨਿਰਸਵਾਰਥ ਸੇਵਾ ਅਤੇ ਹਿੰਮਤ ਦੀ ਭਾਵਨਾ ਤੋਂ ਪ੍ਰੇਰਣਾ ਲੈਣ ਦੀ ਉਮੀਦ ਕਰਦਾ ਹਾਂ, ਤਾਂ ਜੋ ਦੇਸ਼ ਦੀ ਤਰੱਕੀ ਵਿੱਚ ਸਾਰਥਕ ਯੋਗਦਾਨ ਪਾਇਆ ਜਾ ਸਕੇ। ਵਿਭਾਗ ਦੀ ਕਾਰਜਕਾਰੀ ਮੁਖੀ ਡਾ. ਅਮਨਦੀਪ ਕੌਰ ਨੇ ਭਗਤ ਸਿੰਘ ਦੀ ਸ਼ਹਾਦਤ ਦੇ



ਇਤਿਹਾਸਕ ਮਹੱਤਵ 'ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਇਨ੍ਹਾਂ ਮੁਕਾਬਲਿਆਂ ਰਾਹੀਂ ਸਾਡਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਉਨ੍ਹਾਂ ਦੀ ਬੌਧਿਕ ਵਿਰਾਸਤ ਅਤੇ ਮਾਤ ਭੂਮੀ ਪ੍ਰਤੀ ਉਨ੍ਹਾਂ ਦੀ ਅਟੁੱਟ ਵਚਨਬੱਧਤਾ ਇਤਿਹਾਸਕਾਰਾਂ ਅਤੇ ਨੇਤਾਵਾਂ ਦੀ ਅਗਲੀ ਪੀੜ੍ਹੀ ਨੂੰ ਪ੍ਰੇਰਿਤ ਕਰਦੀ ਰਹੇ। ਵਿਗਿਆਨ, ਵਣਜ ਅਤੇ ਆਰਟਸ ਫੈਕਲਟੀ ਦੇ ਵਿਦਿਆਰਥੀਆਂ ਨੇ ਆਪਣੀ ਰਚਨਾਤਮਕ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਭਾਗੀਦਾਰਾਂ ਨੇ ਭਗਤ ਸਿੰਘ ਦੀ ਵਿਚਾਰਧਾਰਾ ਨੂੰ ਸਮਰਪਿਤ ਜੋਸ਼ੀਲੇ ਭਾਸ਼ਣ ਅਤੇ ਭਾਵਪੂਰਨ ਕਵਿਤਾਵਾਂ ਪੇਸ਼ ਕੀਤੀਆਂ। ਹਰਸ਼ਦੀਪ ਕੌਰ (ਇਤਿਹਾਸ) ਅਤੇ ਅਰਸ਼ਦੀਪ ਕੌਰ (ਬੀ.ਕਾਮ.) ਨੇ ਸਾਂਝੇ ਤੌਰ 'ਤੇ ਲੇਖ ਲਿਖਣ ਮੁਕਾਬਲੇ ਵਿੱਚ ਪਹਿਲਾ ਸਥਾਨ, ਸ਼ਿਵਾਨੀ ਪਾਂਡੇ ਅਤੇ ਹਰਸ਼ਪ੍ਰੀਤ ਕੌਰ, ਦੋਵੇਂ ਇਤਿਹਾਸ ਦੀਆਂ ਵਿਦਿਆਰਥਣਾਂ, ਨੇ ਕ੍ਰਮਵਾਰ ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ। ਕਵਿਤਾ ਲਿਖਣ ਵਿੱਚ, ਭਾਵੇਸ਼ ਅਤੇ ਮੋਕਸ਼ ਨੇ ਕ੍ਰਮਵਾਰ ਪਹਿਲਾ ਅਤੇ ਦੂਜਾ ਸਥਾਨ ਪ੍ਰਾਪਤ ਕੀਤਾ। ਭਾਸ਼ਣ ਮੁਕਾਬਲੇ ਵਿੱਚ ਸ਼ਰਨਪ੍ਰੀਤ ਕੌਰ, ਸ਼ਿਵਾਨੀ ਪਾਂਡੇ ਅਤੇ ਦੇਵਾਂਸ਼ ਅਤੇ ਅਰਸ਼ਪ੍ਰੀਤ ਕੌਰ ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਪ੍ਰੋਗਰਾਮ ਵਿੱਚ ਡਾ. ਕਰਨਬੀਰ ਸਿੰਘ, ਪ੍ਰੋ. ਅਮਨਦੀਪ ਕੌਰ ਅਤੇ ਪ੍ਰੋ. ਜ਼ੀਨਤ ਦੀ ਮੌਜੂਦ ਸਨ, ਜਿਨ੍ਹਾਂ ਜੱਜਾਂ ਵਜੋਂ ਵੀ ਸੇਵਾਵਾਂ ਨਿਭਾਈਆਂ। ਇਹ ਪ੍ਰੋਗਰਾਮ ਫੈਕਲਟੀ ਅਤੇ ਵਿਦਿਆਰਥੀਆਂ ਦੁਆਰਾ ਲੋਕਤੰਤਰ ਅਤੇ ਰਾਸ਼ਟਰੀ ਅਖੰਡਤਾ ਦੀਆਂ ਕਦਰਾਂ-ਕੀਮਤਾਂ ਨੂੰ ਕਾਇਮ ਰੱਖਣ ਲਈ ਸਮੂਹਿਕ ਸਹੁੰ ਚੁੱਕਣ ਨਾਲ ਸਮਾਪਤ ਹੋਇਆ।

## ਪੋਸਟ ਮੈਟ੍ਰਿਕ ਸਕਾਲਰਸ਼ਿਪ ਅਧੀਨ 219 ਕਰੋੜ ਜਾਰੀ : ਡਾ. ਬਲਜੀਤ ਕੌਰ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਹਾਸ਼ੀਆਗ੍ਰਸਤ ਵਰਗਾਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਲਿਆਉਣ ਅਤੇ ਉਨ੍ਹਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਸੇ ਦਿਸ਼ਾ ਵਿੱਚ ਅੱਗੇ ਵਧਦਿਆਂ ਹੋਇਆ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਅਧੀਨ ਮੌਜੂਦਾ ਵਿੱਤੀ ਸਾਲ ਦੌਰਾਨ 1,91,429 ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਲਈ ?219 ਕਰੋੜ ਦੀ ਰਾਸ਼ੀ ਜਾਰੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਇਹ ਮਾਨ ਸਰਕਾਰ ਦੀ ਅਨੁਸੂਚਿਤ ਜਾਤੀਆਂ ਅਤੇ ਹੋਰ ਪਿੱਛੜੇ ਵਰਗਾਂ ਦੀ ਭਲਾਈ ਅਤੇ ਸਸ਼ਕਤੀਕਰਨ ਪ੍ਰਤੀ ਮਜ਼ਬੂਤ ਵਚਨਬੱਧਤਾ ਨੂੰ ਦਰਸਾਉਂਦਾ ਹੈ।ਹੋਰ ਜਾਣਕਾਰੀ ਸਾਂਝੀ ਕਰਦਿਆਂ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮੌਜੂਦਾ ਵਿੱਤੀ ਸਾਲ ਦੌਰਾਨ 2.70 ਲੱਖ ਵਿਦਿਆਰਥੀਆਂ ਨੂੰ ਸਕੀਮ ਅਧੀਨ ਕਵਰ ਕਰਨ ਦਾ ਟੀਚਾ ਰੱਖਿਆ ਗਿਆ ਸੀ, ਜਦ ਕਿ ਹੁਣ ਤੱਕ 2,72,093 ਵਿਦਿਆਰਥੀਆਂ ਵੱਲੋਂ ਅਰਜ਼ੀਆਂ ਪ੍ਰਾਪਤ ਹੋ ਚੁੱਕੀਆਂ ਹਨ। ਉਨ੍ਹਾਂ ਕਿਹਾ ਕਿ ਟੀਚੇ ਤੋਂ ਵੱਧ ਅਰਜ਼ੀਆਂ ਮਿਲਣ ਨਾਲ ਸਕੀਮ ਪ੍ਰਤੀ ਲੋਕਾਂ ਵਿੱਚ ਵਧ ਰਹੀ ਜਾਗਰੂਕਤਾ ਅਤੇ ਭਰੋਸਾ ਸਪੱਸ਼ਟ ਹੁੰਦਾ ਹੈ।

# ਪ੍ਰਭਾਕਰ ਜਠੇਰਿਆਂ ਦਾ ਸਾਲਾਨਾ ਮੇਲਾ ਸ਼ਾਨੋ ਸ਼ੌਕਤ ਨਾਲ ਸਮਾਪਤ

**ਲੋਹੀਆਂ ਖਾਸ, (ਯੋਗੇਸ਼ਵਰ, ਰੀਨਾ ਸ਼ਰਮਾ)**- ਹਰ ਸਾਲ ਦੀ ਤਰਾਂ ਇਸ ਸਾਲ ਵੀ ਪ੍ਰਭਾਕਰ ਜਠੇਰਿਆਂ ਦਾ ਸਾਲਾਨਾ ਮੇਲਾ ਨਕੋਦਰ ਰੋਡ, ਨਜ਼ਦੀਕ ਸ੍ਰੀ ਰਾਮ ਮੰਦਿਰ, ਨੂਰਮਹਿਲ (ਜਲੰਧਰ) ਵਿਖੇ ਬੜੀ ਸ਼ਰਧਾ ਤੇ ਧਮਧਾਮ ਨਾਲ ਲਗਾਇਆ ਗਿਆ। ਜਿਸ ਵਿੱਚ ਹਜਾਰਾਂ ਦੀ ਤਾਦਾਦ ਵਿੱਚ ਪੰਜਾਬ ਹੀ ਨਹੀ ਬਲਕਿ ਹਰਿਆਣਾ,ਹਿਮਾਚਲ ਪ੍ਰਦੇਸ਼, ਉੱਤਰ ਪ੍ਰਦੇਸ਼, ਰਾਜਸਥਾਨ ਅਤੇ ਦਿੱਲੀ ਵਰਗੇ ਸਬਿਆਂ ਤੋ ਹੁੰਮ ਹੁਮਾ ਕੇ ਪਹੁੰਚੇ ਪ੍ਰਭਾਕਰ ਪਰਵਾਰਾਂ ਨੇ ਆਪਣੇ ਪਿਤਰਾਂ ਅੱਗੇ ਨੱਤਮਸਤਕ ਹੁੰਦੇ ਹੋਏ ਅਤੇ ਭੁੱਲਾਂ ਬਖਸ਼ਾਉਂਦਿਆਂ ਮੇਲੇ ਦਾ ਭਰਪੂਰ ਆਨੰਦ ਮਾਣਿਆ ਤੇ ਭਜਨ ਕੀਰਤਨ ਕੀਤਾ। ਇਸ ਮੌਕੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਿਤੀ 17 ਮਾਰਚ ਨੂੰ ਸਵੇਰੇ ਕਰੀਬ 10 ਵਜੇ ਤੱਕ ਪਹੁੰਚੇ ਸਾਰੇ ਪ੍ਰਭਾਕਰ ਪਰਵਾਰਾਂ ਵੱਲੋਂ ਰਲਕੇ ਢੋਲ ਢਮੱਕੇ ਨਾਲ ਸਭ ਤੋਂ ਪਹਿਲਾਂ ਝੰਡੇ ਦੀ ਰਸਮ ਅਦਾ ਕੀਤੀ ਗਈ। ਫਿਰ ਮੱਥਾ ਟੇਕਣ ਉਪਰੰਤ 11 ਵਜੇ ਦੇ ਕਰੀਬ ਹਵਨ ਯੱਗ ਆਰੰਭ ਕੀਤਾ ਗਿਆ ਤੇ ਪੰਡਿਤ ਪਰਾਸ਼ਰ ਵੱਲੋਂ ਵੇਦ ਮੰਤਰਾਂ ਦੇ ਉਚਾਰਨ ਨਾਲ ਸਾਰੇ ਪ੍ਰਭਾਕਰ ਪਰਵਾਰਾਂ ਦੀ ਸੁੱਖ ਮੰਗਦਿਆਂ ਪੂਰਨ ਆਹੂਤੀ ਪਵਾਈ ਗਈ, ਆਰਤੀ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਯੋਗੇਸ਼ਵਰ ਕੁਮਾਰ ਪ੍ਰਭਾਕਰ, ਅੰਜਨੀ ਕੁਮਾਰ ਪ੍ਰਭਾਕਰ, ਲਲਿਤ ਕੁਮਾਰ ਪ੍ਰਭਾਕਰ, ਸੰਜੀਵ, ਸੰਦੀਪ ਪ੍ਰਭਾਕਰ, ਲੱਖਪਤ ਰਾਏ (ਸੁਲਤਾਨਪੁਰ ਲੋਧੀ) ਬ੍ਰਾਹਮਣ ਸਭਾ ਪੰਜਾਬ, ਭਗਵੰਤ ਪ੍ਰਭਾਕਰ ਕੌਸਲਰ ਜਲੰਧਰ, ਅੰਜ ਪ੍ਰਧਾਨ ਮਹਿਲਾ ਮੰਡਲ, ਰਣਜੀਤ ਬਹਾਦੁਰ ਰਮੇਸ਼ ਬੈਕ ਮੈਨੇਜਰ, ਜਤਿੰਦਰ ਕੁਮਾਰ ( ਗੋਲਡਨ ਢਾਬਾ ਜਲੰਧਰ), ਨਵੀਨ ਪ੍ਰਭਾਕਰ ਦਕੋਹਾ, ਸੁਭਾਸ਼, ਸੰਜੀਵ ਭਵਾਨੀ ਟਿੰਬਰ ਜਲੰਧਰ, ਨੇਹਾ, ਸੁਨੇਹਾ ਨਰਮਹਿਲ, ਕਾਮਨੀ ਪ੍ਰਭਾਕਰ ਸ਼ਾਹਕੋਟ, ਰੰਜਨਾਂ ਪ੍ਰਭਾਕਰ ਸ਼ਾਹਕੋਟ, ਸੰਜੀਵ, ਸੁਰਿੰਦਰ, ਅਸ਼ਵਨੀ, ਅਨੂਪ (ਸਾਰੇ ਦਿੱਲੀ), ਹਰੀਸ ਪੰਚਕਲਾ, ਦੀਪਲ ਮਾਛੀਵਾੜਾ, ਰਾਹੁਲ ਹੁਸ਼ਿਆਰਪੁਰ, ਵਰੁਨ ਬਿਲਗਾ, ਨਰਿੰਦਰ, ਭਗਵੰਤ ਪ੍ਰਭਾਕਰ, ਯੋਗੇਸ਼ ਪ੍ਰਭਾਕਰ, ਰਕੇਸ਼ ਲੁਧਿਆਣਾਂ, ਸੁਨੀਲ, ਅਮਨਦੀਪ ਪਟਿਆਲਾ, ਗੋਲਡੀ, ਲਵਕੇਸ, ਲਲਿਤ, ਯੋਗੇਸ਼, ਦੀਪ , ਅਜੇ ਨਰਮਹਿਲ, ਸੈਮੀ ਪ੍ਰਭਾਕਰ, ਨੀਰਜ ਸ਼ਾਹਕੋਟ, ਸੁਖਦੇਵ ਕੁਮਾਰ ਪ੍ਰਭਾਕਰ ਸ਼ਾਹਕੋਟ, ਪਰਸ ਰਾਮ ਪਹਿਲਵਾਨ, ਵਿਨੋਦ ਕੁਮਾਰ ਸ਼ਾਹਕੋਟ, ਓਮਵੀਰ ਸ਼ਾਹਕੋਟ, ਰਮਨ, ਹਰੀਸ਼, ਵਿਜੇ ਉਰਫ ਸੋਨੂੰ, ਅਤੇ ਰਾਹੁਲ ਆਦਿ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।



## ਇਤਿਹਾਸਕ ਈਦਗਾਹ ਪਹੁੰਚੇ ਸਾਂਸਦ ਚਰਨਜੀਤ ਚੰਨੀ, ਮੁਸਲਿਮ ਭਾਈਚਾਰੇ ਨੂੰ ਦਿੱਤੀ ਵਧਾਈ

**ਜਲੰਧਰ (ਸੁਰਿੰਦਰ ਕੁਮਾਰ)**- ਪੰਜਾਬ ਦੇ ਸਾਬਕਾ ਮੁੱਖ ਮੰਤਰੀ ਤੇ ਕਾਂਗਰਸ ਸਾਂਸਦ ਚਰਨਜੀਤ ਸਿੰਘ ਚੰਨੀ ਸ਼ਨੀਵਾਰ ਨੂੰ ਜਲੰਧਰ ਦੇ ਗੁਲਾਬ ਦੇਵੀ ਰੋਡ 'ਤੇ ਸਥਿਤ ਇਤਿਹਾਸਕ ਈਦਗਾਹ 'ਚ ਪਹੁੰਚੇ, ਜਿੱਥੇ ਉਨ੍ਹਾਂ ਨੇ ਮੁਸਲਿਮ ਭਾਈਚਾਰੇ ਨੂੰ ਈਦ ਦੀ ਮੁਬਾਰਕਬਾਦ ਦਿੱਤੀ। ਇਸ ਮੌਕੇ ਮੁਸਲਿਮ ਭਾਈਚਾਰੇ ਨੇ ਨਮਾਜ਼ ਅਦਾ ਕੀਤੀ ਅਤੇ ਸਭ ਦੀ ਸ਼ਾਂਤੀ ਤੇ ਖੁਸ਼ਹਾਲੀ ਲਈ ਦੁਆ ਕੀਤੀ। ਚੰਨੀ ਨੇ ਮੁਸਲਿਮ ਭਾਈਚਾਰੇ ਨੂੰ ਇਕਜੁੱਟਤਾ ਬਣਾਈ ਰੱਖਣ ਦੀ ਅਪੀਲ ਕੀਤੀ।ਇਸ ਮੌਕੇ ਸਾਂਸਦ ਚਰਨਜੀਤ ਸਿੰਘ ਚੰਨੀ ਦੇ ਨਾਲ ਸਾਬਕਾ ਸਾਂਸਦ ਸੁਸ਼ੀਲ ਕੁਮਾਰ ਰਿੰਕੂ, ਜ਼ਿਲ੍ਹਾ ਪ੍ਰਧਾਨ ਰਾਜਿੰਦਰ ਬੇਰੀ ਅਤੇ ਹਲਕਾ ਇੰਚਾਰਜ ਇਕਬਾਲ ਸਿੰਘ ਢੀਂਡਸਾ ਵੀ ਮੁਸਲਿਮ ਭਾਈਚਾਰੇ ਨੂੰ ਮਿਲਣ ਪਹੁੰਚੇ ਅਤੇ ਈਦ ਦੀ ਵਧਾਈ ਦਿੱਤੀ। ਸਾਂਸਦ ਚੰਨੀ ਨੇ ਕਿਹਾ ਕਿ ਇਹ ਦਿਨ ਪੈਗੰਬਰ ਹਜ਼ਰਤ ਇਬਰਾਹਿਮ ਵੱਲੋਂ ਅੱਲ੍ਹਾ ਦੇ ਹੁਕਮ ਦੀ ਪਾਲਣਾ ਕਰਦਿਆਂ ਆਪਣੇ ਪੁੱਤਰ ਦੀ ਕੁਰਬਾਨੀ ਦੇਣ ਦੀ ਯਾਦ ਵਿੱਚ ਮਨਾਇਆ ਜਾਂਦਾ ਹੈ, ਜੋ ਅੱਲ੍ਹਾ ਪ੍ਰਤੀ ਉਨ੍ਹਾਂ ਦੀ ਅਟੁੱਟ ਭਗਤੀ ਨੂੰ ਦਰਸਾਉਂਦਾ ਹੈ।ਪ੍ਰਸ਼ਾਸਨ ਵੱਲੋਂ ਦੱਸਿਆ ਗਿਆ ਕਿ ਸੁਰੱਖਿਆ ਦਾ ਵਿਸ਼ੇਸ਼ ਧਿਆਨ ਰੱਖਿਆ ਗਿਆ ਹੈ। ਪੁਲਿਸ ਪ੍ਰਸ਼ਾਸਨ ਪੂਰੀ ਤਰ੍ਹਾਂ ਅਲਰਟ ਹੈ ਤਾਂ ਜੋ ਕੋਈ ਦਿੱਕਤ ਨਾ ਆਵੇ ਅਤੇ ਲੋਕ ਆਰਾਮ ਨਾਲ ਆਪਣੀ ਨਮਾਜ਼ ਅਦਾ ਕਰ ਸਕਣ।



## ਮਾਤਾ ਸ੍ਰੀ ਨੈਣਾ ਦੇਵੀ ਦੇ ਸ਼ਰਧਾਲੂਆਂ ਲਈ ਵਿਸ਼ਾਲ ਲੰਗਰ



**ਬਲਾਚੌਰ (ਜਸਵਿੰਦਰ ਬੈਂਸ)** ਸ਼ਹੀਦ ਭਗਤ ਸਿੰਘ ਨਗਰ ਦੀ ਸਬ ਡਵੀਜ਼ਨ ਬਲਾਚੌਰ ਵਿਖੇ ਕੰਗਣਾ ਪੁਲ 'ਤੇ ਸ੍ਰੀ ਦੁਰਗਾ ਸ਼ਕਤੀ ਮੰਦਰ ਕਮੇਟੀ ਵੱਲੋਂ ਮਾਛੀਵਾੜਾ ਤੋਂ ਮਾਤਾ ਸ੍ਰੀ ਨੈਣਾ ਦੇਵੀ ਜੀ ਦੇ ਦਰਸ਼ਨਾਂ ਲਈ ਜਾ ਰਹੀ 65ਵੀਂ ਸਾਲਾਨਾ ਪੈਦਲ ਯਾਤਰਾ ਦਾ ਬਲਾਚੌਰ ਦੇ ਕੰਗਣਾ ਪੁਲ ਵਿਖੇ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਸ਼ਰਧਾਲੂਆਂ ਦੀ ਸੇਵਾ ਲਈ ਕਮੇਟੀ ਵੱਲੋਂ ਵੱਖ-ਵੱਖ ਪ੍ਰਕਾਰ ਦੇ ਲੰਗਰ ਲਗਾਏ ਗਏ। ਯਾਤਰਾ ਦੌਰਾਨ ਸ਼ਰਧਾਲੂਆਂ ਲਈ ਚਾਹ, ਪਕੌੜੇ, ਕੋਲਡ ਡਰਿੰਕਸ, ਦਾਲ-ਫੁਲਕਾ ਅਤੇ ਫਲਾਂ ਦੇ ਅਟੁੱਟ ਲੰਗਰ ਵਰਤਾਏ ਗਏ। ਸੇਵਾਦਾਰਾਂ ਨੇ ਦੱਸਿਆ ਕਿ ਹਜ਼ਾਰਾਂ ਦੀ ਗਿਣਤੀ ਵਿੱਚ ਸ਼ਰਧਾਲੂ ਹਿਮਾਚਲ ਪ੍ਰਦੇਸ਼ ਸਥਿਤ ਮਾਤਾ ਨੈਣਾ ਦੇਵੀ ਦੇ ਮੰਦਰ ਵਿੱਚ ਨਤਮਸਤਕ ਹੋਣ ਅਤੇ ਆਸ਼ੀਰਵਾਦ ਲੈਣ ਲਈ ਪੈਦਲ ਯਾਤਰਾ ਕਰਦੇ ਹਨ।ਇਸ ਸੇਵਾ ਕਾਰਜ ਵਿੱਚ ਬਾਬਾ ਸੀਤਾ ਰਾਮ ਦੀ ਅਗਵਾਈ ਹੇਠ ਕਈ ਪ੍ਰਮੁੱਖ ਸ਼ਖਸੀਅਤਾਂ ਨੇ ਹਾਜ਼ਰੀ ਭਰੀ, ਜਿਨ੍ਹਾਂ ਵਿੱਚ ਸ਼ਾਮਲ ਭੁਪਿੰਦਰ ਰਾਣਾ ਪ੍ਰਧਾਨ, ਰਾਜਪੂਤ ਸਭਾ ਬੰਸੀ ਲਾਲ, ਮਲਕੀਤ ਸਿੰਘ ਭੂਰਾ ਕੁਮਾਰ ਦੀਪਾ, ਵਲੰਟੀਅਰਾਂ ਨੇ ਬੜੀ ਸ਼ਰਧਾ ਨਾਲ ਆਉਣ-ਜਾਣ ਵਾਲੇ ਯਾਤਰੀਆਂ ਦੀ ਸੇਵਾ ਕੀਤੀ।

### ਜਤਿੰਦਰ ਸਿੰਘ ਲਾਲੀ ਬਾਜਵਾ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਨਿਯੁਕਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪਾਰਟੀ ਹੁਸ਼ਿਆਰਪੁਰ ਜ਼ਿਲ੍ਹੇ ਦੇ ਪ੍ਰਧਾਨ (ਸ਼ਹਿਰੀ) ਜਤਿੰਦਰ ਸਿੰਘ ਲਾਲੀ ਬਾਜਵਾ ਨੂੰ ਪਾਰਟੀ ਦਾ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤਾ ਹੈ।ਪਾਰਟੀ ਪ੍ਰਧਾਨ ਸੁਖਬੀਰ ਬਾਦਲ ਅਤੇ ਪਾਰਟੀ ਦੀ ਸੀਨੀਅਰ ਹਾਈਕਮਾਂਡ ਦਾ ਇਸ ਨਿਯੁਕਤੀ ਲਈ ਧੰਨਵਾਦ ਪ੍ਰਗਟ ਕਰਦੇ ਹੋਏ, ਜਤਿੰਦਰ ਸਿੰਘ ਲਾਲੀ ਬਾਜਵਾ ਨੇ ਕਿਹਾ ਕਿ ਅਕਾਲੀ ਦਲ ਪੰਜਾਬ ਦੀ ਆਪਣੀ ਖੇਤਰੀ ਪਾਰਟੀ ਹੈ ਅਤੇ ਪੰਜਾਬ ਦੇ ਮੁੱਦਿਆਂ ਨੂੰ ਅਕਾਲੀ ਦਲ ਹੀ ਹੱਲ ਕਰਵਾ ਸਕਦਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬ ਅਤੇ ਪੰਜਾਬੀਅਤ ਲਈ ਆਵਾਜ ਬੁਲੰਦ ਕਰਦਾ ਰਿਹਾ ਹੈ ਤੇ ਕਰਦਾ ਰਹੇਗਾ।ਉਨ੍ਹਾਂ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਪੰਜਾਬ ਦੇ ਹਿੱਤਾਂ ਦੀ ਰਾਖੀ ਅਤੇ ਇਸ ਦੀ ਖੁਸ਼ਹਾਲੀ ਨੂੰ ਯਕੀਨੀ ਬਣਾਉਣ ਲਈ ਭਵਿੱਖ ਵਿੱਚ ਬਣਨ ਵਾਲੀ ਅਕਾਲੀ ਦਲ ਦੀ ਸਰਕਾਰ ਵੱਲੋਂ ਕੰਮ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕ 2027 ਵਿੱਚ ਸੂਬੇ ਦੀ ਵਾਗਡੋਰ ਅਕਾਲੀ ਦਲ ਨੂੰ ਸੌਂਪਣ ਦਾ ਫੈਸਲਾ ਕਰ ਚੁੱਕੇ ਹਨ।



### ਬਲਾਚੌਰ ਵਿੱਚ ਮੁਸਲਿਮ ਭਾਈਚਾਰੇ ਨੇ ਈਦ ਉਲ ਫਿਤਰ ਸ਼ਰਧਾ ਤੇ ਉਤਸ਼ਾਹ ਨਾਲ ਮਨਾਈ

**ਪੋਜੇਵਾਲ, ਬਲਾਚੌਰ (ਰਾਮ ਲਾਲ, ਜਸਵਿੰਦਰ ਬੈਂਸ)** - ਈਦ ਉਲ ਫਿਤਰ ਦਾ ਪਵਿੱਤਰ ਦਿਹਾੜਾ ਮੁਸਲਿਮ ਭਾਈਚਾਰੇ ਵੱਲੋਂ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ । ਸਬ ਡਿਵੀਜ਼ਨ ਬਲਾਚੌਰ ਦੀਆਂ ਵੱਖ ਵੱਖ ਮਸਜਿਦਾਂ ਵਿੱਚ ਮੁਸਲਿਮ ਭਾਈਚਾਰੇ ਦੇ ਲੋਕਾਂ ਦੀਆਂ ਖੂਬ ਰੌਣਕਾਂ ਲੱਗੀਆਂ ਹੋਈਆਂ ਸਨ ਅਤੇ ਉਹ ਇੱਕ ਦੂਜੇ ਦੇ ਗਲ ਮਿਲ ਕੇ ਇਸ ਪਵਿੱਤਰ ਦਿਹਾੜੇ ਦੀਆਂ ਖੁਸ਼ੀਆਂ ਨੂੰ ਸਾਂਝਿਆਂ ਕਰਦਿਆਂ ਵੇਖੇ ਗਏ । ਮਸਜਿੱਦਾਂ ਵਿੱਚ ਮੌਲਵੀਆਂ ਵੱਲੋਂ ਨਵਾਜ਼ ਅਦਾ ਕੀਤੀ ਗਈ ਅਤੇ ਈਦ ਉਲ ਫਿਤਰ ਦੀਆ ਸਾਰੇ ਵਰਗਾਂ ਨੂੰ ਵਧਾਈਆ ਦਿੱਤੀਆਂ ਗਈਆਂ ਅਤੇ ਅੱਲਾ ਤਾਲਾ ਪਾਸ ਸਰਬੱਤ ਦੇ ਭਲੇ ਦੀ ਕਾਮਨਾ ਕੀਤੀ ਗਈ । ਮੌਲਵੀ ਨੇ ਦੱਸਿਆ ਕਿ ਰਮਜਾਨ ਦੇ ਮਹੀਨੇ ਵਿੱਚ ਮੁਸਲਿਮ ਧਰਮ ਵਿੱਚ ਅਕੀਦਾ ਰੱਖਣ ਵਾਲੇ ਲੋਕ ਰੋਜੇ ਰੱਖਦੇ ਹਨ। ਰੋਜਾ ਸਵੇਰੇ ਸੂਰਜ ਚੜ੍ਹਨ ਤੋਂ ਪਹਿਲਾਂ ਸ਼ੁਰੂ ਹੁੰਦਾ ਹੈ, ਸੂਰਜ ਛਿਪਣ ਤੋਂ ਬਾਅਦ ਖੋਲਿਆ ਜਾਂਦਾ ਹੈ।ਰੋਜਾ ਰੱਖਣ ਨਾਲ ਸਰੀਰਕ ਤੰਦਰੁਸਤੀ ਮਿਲਦੀ ਹੈ।ਰੋਜੇ ਦੌਰਾਨ ਮਨੁੱਖ ਬੁਰੀਆਂ ਅਲਾਮਤਾਂ ਤੋਂ ਬਚਕੇ ਅੱਲਾ ਖੁਦਾ ਦੀ ਇਬਾਦਤ ਕਰਦੇ ਹਨ। ਇਸ ਮੌਕੇ ਉਹਨਾਂ ਮੁਸਲਿਮ ਭਾਈਚਾਰੇ ਨੂੰ ਅਪੀਲ ਕੀਤੀ ਉਹ ਆਪਣੇ ਬੱਚਿਆਂ ਦੀ ਪੜ੍ਹਾਈ ਵੱਲ ਵਿਸ਼ੇਸ਼ ਧਿਆਨ ਦੇਣ ਤਾਂ ਜੋ ਭਾਈਚਾਰੇ ਦੇ ਬੱਚੇ ਚੰਗੀ ਤਾਲੀਮ ਹਾਸਲ ਕਰਕੇ ਚੰਗੇ ਮੁਕਾਮਾਂ ਉੱਪਰ ਪੁੱਜ ਸਕਣ ।



# ਏ ਜੀ ਆਈ ਇਨਫਰਾ ਨੂੰ ਪਰਿਆਵਰਨ ਲਈ ਸਨਮਾਨ ਮਿਲਿਆ

**ਜਲੰਧਰ (ਰਾਜੇਸ਼ ਥਾਪਾ)** ਏ ਜੀ ਆਈ ਇਨਫਰਾ ਲਿਮਟਿਡ ਲਈ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਕੰਪਨੀ ਨੂੰ 18 ਮਾਰਚ ਨੂੰ ਨਵੀਂ ਦਿੱਲੀ ਦੇ ਇੱਕ ਪੰਜ ਸਿਤਾਰਾ ਹੋਟਲ ਵਿੱਚ ਹੋਏ ਪਰਿਆਵਰਨ ਨਾਲ ਸੰਬੰਧਿਤ ਗ੍ਰੀਨ ਟੈਕ ਸਬਮਿਟ 2026 ਵਿੱਚ ਸਨਮਾਨਤ ਕੀਤਾ ਗਿਆ । ਇਹ ਸਮਾਗਮ ਇੰਡੀਅਨ ਗ੍ਰੀਨ ਬਿਲਡਿੰਗ ਕੌਂਸਿਲ, ਨਾਰਥ ਰੀਜਨ ਚੈਪਟਰ ਵੱਲੋਂ ਕਰਵਾਇਆ ਗਿਆ ਸੀ।ਏ ਜੀ ਆਈ ਇਨਫਰਾ ਲਿਮਿਟਿਡ ਵੱਲੋਂ ਡਾ. ਬੀ. ਐਸ. ਸੰਧਾ, ਜੋ ਕਿ ਇੱਕ ਪਰਿਆਵਰਨ ਸ਼ਾਸਤਰੀ ਅਤੇ ਕੰਪਨੀ ਦੇ ਵਿੱਤ ਵਿਭਾਗ ਦੇ ਮੁੱਖ ਹਨ, ਨੇ ਇਸ ਸਮਾਗਮ ਵਿੱਚ ਹਿੱਸਾ ਲਿਆ ਅਤੇ ਕੰਪਨੀ ਦੇ ਲਈ ਇਹ ਸਨਮਾਨ ਪ੍ਰਾਪਤ ਕੀਤਾ। ਇਹ ਕੰਪਨੀ ਦੀ ਲਗਾਤਾਰ ਮਿਹਨਤ ਅਤੇ ਲੋਕਾਂ ਲਈ ਸਹੀ ਦਿਸ਼ਾ ਵਿੱਚ ਕੀਤੇ ਜਾ ਰਹੇ ਕੰਮਾਂ ਦਾ ਨਤੀਜਾ ਹੈ।ਏ ਜੀ ਆਈ ਇਨਫਰਾ ਲਿਮਟਿਡ ਦੇ ਮੈਨੇਜਿੰਗ ਡਾਇਰੈਕਟਰ ਸੁਖਦੇਵ ਸਿੰਘ ਹਮੇਸ਼ਾ ਗੁਣਵੱਤਾ, ਨਵੀਂ ਸੋਚ ਅਤੇ ਪਰਿਆਵਰਨ ਦੀ ਰੱਖਿਆ 'ਤੇ ਧਿਆਨ ਦਿੰਦੇ ਹਨ।ਏ ਜੀ ਆਈ ਇਨਫਰਾ ਲਿਮਟਿਡ ਆਪਣੇ ਪ੍ਰੋਜੈਕਟਾਂ ਵਿੱਚ ਉਹ ਤਰੀਕੇ ਵਰਤਦੀ ਹੈ ਜੋ ਪਰਿਆਵਰਨ ਨੂੰ ਨੁਕਸਾਨ ਨਾ ਪਹੁੰਚਾਉਣ ਅਤੇ ਊਰਜਾ ਦੀ ਬੱਚਤ ਕਰਨ। ਕੰਪਨੀ ਨਵੀਂ ਤਕਨਾਲੋਜੀ ਦੀ ਮਦਦ ਨਾਲ ਹਰੇ-ਭਰੇ ਅਤੇ ਸਸਟੇਨੇਬਲ ਇੰਫ੍ਰਾਸਟਰਕਚਰ ਤਿਆਰ ਕਰ ਰਹੀ ਹੈ, ਜਿਸ ਨਾਲ ਲੋਕਾਂ ਨੂੰ ਚੰਗੀ ਜ਼ਿੰਦਗੀ ਮਿਲਦੀ ਹੈ ਅਤੇ ਕੁਦਰਤ ਦੀ ਸੰਭਾਲ ਵੀ ਹੁੰਦੀ ਹੈ।ਇਹ ਉਪਲਬਧੀ ਏ ਜੀ ਆਈ ਇਨਫਰਾ ਲਿਮਟਿਡ ਦੀ ਪੂਰੀ ਟੀਮ ਦੀ ਮਿਹਨਤ, ਇਮਾਨਦਾਰੀ ਅਤੇ ਸਮਰਪਣ ਦਾ ਨਤੀਜਾ ਹੈ। ਕੰਪਨੀ ਦਾ ਲਕਸ਼ ਹੈ ਕਿ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਉੱਚੇ ਮਿਆਰ ਬਣਾਏ ਜਾਣ ਅਤੇ ਸਮਾਜ ਅਤੇ ਪਰਿਆਵਰਨ ਲਈ ਚੰਗਾ ਯੋਗਦਾਨ ਦਿੱਤਾ ਜਾਵੇ।



# ਬੇਅਦਬੀ ਰੋਕਣ ਲਈ ਸਖ਼ਤ ਕਾਨੂੰਨ ਦੀ ਮੰਗ ਨੂੰ ਲੈ ਕੇ ਧਰਮ ਯੁੱਧ ਮੋਰਚਾ ਸਰਗਰਮ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਪੰਜਾਬ ਵਿੱਚ ਲਗਾਤਾਰ ਸਾਹਮਣੇ ਆ ਰਹੀਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀ ਦੀਆਂ ਘਟਨਾਵਾਂ ਨੂੰ ਲੈ ਕੇ ਸਿੱਖ ਸੰਗਤ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਨ੍ਹਾਂ ਘਟਨਾਵਾਂ ਨੂੰ ਰੋਕਣ ਲਈ ਸਖ਼ਤ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਪਿਛਲੇ ਲਗਭਗ 17 ਮਹੀਨਿਆਂ ਤੋਂ ਸਮਾਣਾ ਵਿਖੇ ਇੱਕ ਉੱਚੇ ਟਾਵਰ 'ਤੇ ਸੰਘਰਸ਼ ਕਰ ਰਹੇ ਭਾਈ ਗੁਰਜੀਤ ਸਿੰਘ ਖਾਲਸਾ ਦੇ ਸਮਰਥਨ ਵਿੱਚ ਧਰਮ ਯੁੱਧ ਮੋਰਚਾ ਲਗਾਤਾਰ ਸੰਘਰਸ਼ ਕਰ ਰਿਹਾ ਹੈ। ਇਸੇ ਕੜੀ ਤਹਿਤ ਮੋਰਚੇ ਦੇ ਮੈਂਬਰਾਂ ਅਤੇ ਵੱਡੀ ਗਿਣਤੀ ਵਿੱਚ ਸੰਗਤ ਨੇ ਮੋਰਿੰਡਾ ਵਿਖੇ ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ ਦੇ ਦਫ਼ਤਰ ਪਹੁੰਚ ਕੇ ਸਰਕਾਰ ਤੋਂ ਜਵਾਬ ਮੰਗਿਆ।ਇਸ ਦੌਰਾਨ ਮੋਰਚੇ ਦੇ ਸੀਨੀਅਰ ਆਗੂਆਂ ਅਮਿਤੋਜ ਸਿੰਘ ਮਾਨ, ਖੁਸ਼ਇੰਦਰ ਸਿੰਘ ਜੰਡ ਸਾਹਿਬ, ਜੁਝਾਰ ਸਿੰਘ ਗਧਰਾਮ, ਅਤੇ ਸੰਗਤ ਨੇ ਵਿਧਾਇਕ ਨੂੰ ਸਿੱਧੇ ਸਵਾਲ ਕੀਤੇ ਕਿ ਆਖਿਰ ਬੇਅਦਬੀ ਵਰਗੇ ਗੰਭੀਰ ਮਸਲੇ 'ਤੇ ਅਜੇ ਤੱਕ ਸਖ਼ਤ ਕਾਨੂੰਨ ਕਿਉਂ ਨਹੀਂ ਬਣਾਇਆ ਗਿਆ। ਉਨ੍ਹਾਂ ਕਿਹਾ ਕਿ 2015 ਤੋਂ ਲੈ ਕੇ ਹੁਣ ਤੱਕ 465 ਬੇਅਦਬੀ ਦੇ ਮਾਮਲੇ ਦਰਜ ਹੋ ਚੁੱਕੇ ਹਨ, ਅਤੇ ਬੇਸ਼ਰਮੀ ਦੀ ਹੱਦ ਦੇਖੋ ਸਾਜਿਸ਼ ਦੀ ਇੰਤਹਾ ਦੇਖੋ ਕਿ ਜਿੱਥੇ ਮੋਰਚਾ ਲੱਗ ਗਿਆ ਮੋਰਚੇ ਤੋਂ 200 ਮੀਟਰ ਦੂਰੀ ਉਤੇ ਵੀ ਬੇਅਦਬੀ ਹੁੰਦੀ ਹੈ। ਕੀ ਇਹ ਸਾਜਿਸ਼ ਨਹੀ ਹੈ? ਮੋਰਚੇ ਦੇ ਆਗੂਆਂ ਨੇ ਦੋਸ਼ ਲਗਾਇਆ ਕਿ ਸਰਕਾਰਾਂ ਨੇ ਇਸ ਸੰਵੇਦਨਸ਼ੀਲ ਮਸਲੇ 'ਤੇ ਸਿਰਫ਼ ਵਾਅਦੇ ਕੀਤੇ ਹਨ, ਪਰ ਕੋਈ ਢੁੱਕਵੀਂ ਕਾਰਵਾਈ ਨਹੀਂ ਕੀਤੀ। ਉਨ੍ਹਾਂ ਕਿਹਾ ਕਿ ਚੋਣਾਂ ਦੌਰਾਨ 48 ਘੰਟਿਆਂ ਵਿੱਚ ਕਾਨੂੰਨ ਬਣਾਉਣ ਦੇ ਦਾਅਵੇ ਕੀਤੇ ਗਏ ਸਨ, ਪਰ ਚਾਰ ਸਾਲ ਤੋਂ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਕੋਈ ਢੁੱਕਵਾਂ ਕਾਨੂੰਨ ਲਾਗੂ ਨਹੀਂ ਕੀਤਾ ਗਿਆ।ਇਸ ਦੌਰਾਨ ਵਿਧਾਇਕ ਡਾ. ਚਰਨਜੀਤ ਸਿੰਘ ਨੇ ਸੰਗਤ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਗੁਰੂ ਸਾਹਿਬ ਤੋਂ ਵੱਡਾ ਕੋਈ ਨਹੀਂ ਹੈ ਅਤੇ ਉਹ ਹਮੇਸ਼ਾਂ ਸੰਗਤ ਦੇ ਨਾਲ ਖੜੇ ਹਨ। ਉਨ੍ਹਾਂ ਭਰੋਸਾ ਦਿਵਾਇਆ ਕਿ ਸਰਕਾਰ ਇਸ ਮਸਲੇ ਨੂੰ ਗੰਭੀਰਤਾ ਨਾਲ ਲੈ ਰਹੀ ਹੈ ਅਤੇ ਸਾਰੇ ਧਰਮਾਂ ਦੇ ਪ੍ਰਤਿਨਿਧੀਆਂ ਨਾਲ ਵਿਚਾਰ-ਵਟਾਂਦਰਾ ਕਰਨ ਤੋਂ ਬਾਅਦ ਹੀ ਕਾਨੂੰਨ ਬਣਾਇਆ ਜਾਵੇਗਾ, ਤਾਂ ਜੋ ਕਿਸੇ ਵੀ ਭਾਈਚਾਰੇ ਨੂੰ ਅਲੱਗ-ਥਲੱਗ ਮਹਿਸੂਸ ਨਾ ਹੋਵੇ।ਮੋਰਚੇ ਦੇ ਸੀਨੀਅਰ ਆਗੂਆਂ ਅਮਿਤੋਜ ਸਿੰਘ ਮਾਨ, ਖੁਸ਼ਇੰਦਰ ਸਿੰਘ ਜੰਡ ਸਾਹਿਬ, ਜੁਝਾਰ ਸਿੰਘ ਗਧਰਾਮ, ਪ੍ਰਧਾਨ ਜਸਪ੍ਰੀਤ ਸਿੰਘ, ਲਖਵੀਰ ਸਿੰਘ ਹਾਫਿਜ਼ਾਬਾਦ ਅਤੇ ਰੇਸ਼ਮ ਸਿੰਘ ਬਡਾਲੀ ਸਮੇਤ ਹੋਰ ਬੁਲਾਰਿਆਂ ਨੇ ਸੰਗਤ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸਰਕਾਰ ਜਾਣਬੁੱਝ ਕੇ ਕਾਨੂੰਨ ਬਣਾਉਣ ਵਿੱਚ ਦੇਰੀ ਕਰ ਰਹੀ ਹੈ। ਸੰਗਤ ਨੂੰ ਅਮਿਤੋਜ ਸਿੰਘ ਮਾਨ, ਖੁਸ਼ਇੰਦਰ ਸਿੰਘ ਜੰਡ ਸਾਹਿਬ, ਜੁਝਾਰ ਸਿੰਘ ਗਧਰਾਮ, ਜਸਪ੍ਰੀਤ ਸਿੰਘ ਗਧਰਾਮ, ਲਖਬੀਰ ਸਿੰਘ ਹਾਫਿਜ਼ਾਬਾਦ, ਡੀਸੀ ਖਰੌੜ,ਪ੍ਰਗਟ ਸਿੰਘ ਰੋਲੂਮਾਜਰਾ,ਵਰਿੰਦਰ ਸਿੰਘ ਮਹਿਤੋਤ, ਗੁਰਮੀਤ ਸਿੰਘ ਸੰਧੂ ਫਤਿਹਪੁਰ, ਸੀਨੀਅਰ ਕਿਸਾਨ ਆਗੂ ਬਖਤੌਰ ਸਿੰਘ ਅਤੇ ਕਰਮਜੀਤ ਸਿੰਘ ਨੇ ਵੀ ਸੰਬੋਧਨ ਕੀਤਾ।



### ਭਗਤ ਸਿੰਘ, ਰਾਜਗੁਰੂ, ਸੁਖਦੇਵ ਦੇ ਬੁੱਤ ਲਗਾਉਣ ਦੀ ਮੰਗ ਨੂੰ ਲੈ ਕੇ ਨੌਜਵਾਨ ਕਰਨਗੇ ਸੰਘਰਸ਼

**ਫਿਲੌਰ (ਹਰਜਿੰਦਰ ਕੌਰ ਚਾਹਲ)**- ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ ਦੇ ਬੁੱਤ ਸਥਾਪਿਤ ਕਰਨ ਦੀ ਮੰਗ ਨੂੰ ਕੇ ਕੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਵੱਲੋਂ 30 ਮਾਰਚ ਨੂੰ ਧਰਨਾ ਪ੍ਰਦਰਸ਼ਨ ਕੀਤਾ ਜਾਵੇਗਾ। ਇਹ ਪ੍ਰਗਟਾਵਾ ਸਭਾ ਦੇ ਤਹਿਸੀਲ ਪ੍ਰਧਾਨ ਮੱਖਣ ਸੰਗਰਾਮੀ ਅਤੇ ਸਕੱਤਰ ਸੁਨੀਲ ਭੈਣੀ ਨੇ ਸ਼ਨੀਵਾਰ ਇਥੇ ਕੀਤਾ। ਆਗੂਆਂ ਨੇ ਕਿਹਾ ਕਿ ਸਭਾ ਪਿਛਲੇ ਲੰਬੇ ਸਮੇਂ ਤੋਂ ਇਸ ਮੰਗ ਨੂੰ ਕੇ ਕੇ ਸੰਘਰਸ਼ ਕਰਦੀ ਆ ਰਹੀ ਹੈ, ਜਦ ਕਿ ਸੰਬੰਧਿਤ ਪ੍ਰਸ਼ਾਸਨ ਵਲੋਂ ਇਸ ਮੰਗ ਨੂੰ ਮੰਨੇ ਜਾਣ ਤੋਂ ਬਾਅਦ ਵੀ ਸ਼ਹੀਦਾਂ ਦੇ ਬੁੱਤ ਲਗਾਉਣ ਵੱਲ ਕੋਈ ਧਿਆਨ ਨਹੀਂ ਦਿੱਤਾ ਗਿਆ, ਜਿਸ ਕਾਰਨ ਇਲਾਕੇ ਦੇ ਨੌਜਵਾਨਾਂ ਵਿਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਆਗੂਆਂ ਨੇ ਦੱਸਿਆਂ ਕਿ ਨਗਰ ਕੌਂਸਲ ਵਲੋਂ ਉਨ੍ਹਾਂ ਨੂੰ ਮਤਾ ਪਾਏ ਜਾਣ ਬਾਰੇ ਵੀ ਦੱਸਿਆ ਸੀ ਅਤੇ ਚੌਂਕ ਲਈ ਥਾਂ ਵੀ ਦਿਖਾਇਆ ਸੀ। ਇਸ ਦੇ ਬਾਵਜੂਦ ਬੁੱਤ ਨਹੀਂ ਲਗਾਏ ਗਏ। ਆਗੂਆਂ ਨੇ ਕਿਹਾ ਕਿ ਇਸ ਮੰਗ ਨੂੰ ਲੈ ਕੇ 30 ਮਾਰਚ ਨੂੰ ਸੰਘਰਸ਼ ਤੇਜ਼ ਕਰਦਿਆਂ ਧਰਨਾ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਮੌਕੇ ਸੂਬੇ ਦੇ ਪ੍ਰਧਾਨ ਮਨਜਿੰਦਰ ਢੇਸੀ, ਸੂਬਾ ਜਨਰਲ ਸਕੱਤਰ ਧਰਮਿੰਦਰ ਮੁਕੇਰੀਆਂ, ਜ਼ਿਲ੍ਹਾ ਪ੍ਰਧਾਨ ਵਿਕਰਮ ਮੰਡਾਲਾ, ਜ਼ਿਲ੍ਹਾ ਸਕੱਤਰ ਐਡਵੋਕੇਟ ਅਜੈ ਫਿਲੌਰ ਸੰਬੋਧਨ ਕਰਨਗੇ।



# ਸਰਕਾਰ ਮੈਡੀਕਲ ਬਿੱਲ ਅਤੇ ਡੀ ਏ ਦੀਆਂ ਕਿਸ਼ਤਾਂ ਦਾ ਵਿਆਜ ਸਮੇਤ ਭੁਗਤਾਨ ਕਰੇ : ਭੁੰਗਰਨੀ

**ਜਲੰਧਰ/ਮੇਹਟੀਆਣਾ (ਰਾਜੇਸ਼ ਥਾਪਾ/ਜਗਤਾਰ ਸਿੰਘ ਭੁੰਗਰਨੀ)**- ਪੰਜਾਬ ਪੈਨਸ਼ਨ ਯੂਨੀਅਨ ਜਿਲਾ ਜਲੰਧਰ ਬ੍ਰਾਂਚ ਦੀ ਮਹੀਨਾਵਾਰ ਮੀਟਿੰਗ ਕਾਮਰੇਡ ਜਸਵੰਤ ਸਿੰਘ ਸਮਰਾ ਯਾਦਗਾਰੀ ਹਾਲ ਵਿਖੇ ਐਨ ਆਰ ਆਈ ਦਿਲਬੀਰ ਸਿੰਘ ਅਤੇ ਕਾਮਰੇਡ ਪ੍ਰਦੀਪ ਕੁਮਾਰ ਦੀ ਪ੍ਰਧਾਨਗੀ ਹੇਠ ਕੀਤੀ ਗਈ ॥ ਇਸ ਮੌਕੇ ਸਭ ਤੋਂ ਪਹਿਲਾਂ ਅਮਰੀਕਾ-ਇਜਰਾਈਲ -ਇਰਾਨ ਜੰਗ ਦੌਰਾਨ ਮਾਰੇ ਜਾ ਰਹੇ ਹਜ਼ਾਰਾਂ ਬੇਦੋਸ਼ੇ ਨਾਗਰਿਕਾਂ ਮੌਤ 'ਤੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਸ਼ਰਧਾਂਜਲੀ ਭੇਂਟ ਕੀਤੀ ਗਈ ।ਪ੍ਰਧਾਨ ਜਗਤਾਰ ਸਿੰਘ ਭੁੰਗਰਨੀ ਅਤੇ ਸੀਨੀ : ਮੀਤ ਪ੍ਰਧਾਨ ਦਵਿੰਦਰਪਾਲ ਸਿੰਘ ,ਜਨਰਲ ਸਕੱਤਰ ਵਿਜੇ ਕੁਮਾਰ ਸ਼ਰਮਾ ਅਤੇ ਹਰਿੰਦਰ ਸਿੰਘ ਚੀਮਾ ਵੱਲੋਂ ਕੇਂਦਰ ਅਤੇ ਸੂਬੇ ਦੀ ਸਰਕਾਰ ਵੱਲੋਂ ਮੁਲਾਜਮਾਂ,ਪੈਨਸ਼ਨਰਾਂ , ਮਜ਼ਦੂਰਾਂ ਅਤੇ ਕਿਸਾਨਾਂ ਵਿਰੋਧੀ ਜੋ ਮਾਰੂ ਨੀਤੀਆਂ ਅਤੇ ਦੇਸ਼ ਨੂੰ ਕਾਰਪੋਰੇਟ ਕੰਪਨੀਆਂ ਹਵਾਲੇ ਕਰਨ ਵਾਲੀਆਂ ਨੀਤੀਆਂ ਅਤੇ ਸਰਕਾਰ ਵੱਲੋਂ ਮੀਟਿੰਗਾਂ ਦਾ ਸਮਾਂ ਦੇ ਕੇ ਮੁਕਰ ਜਾਣਾ ਦੀ ਸਖ਼ਤ ਨਿਖੇਧੀ ਕੀਤੀ ਗਈ । ਇਸ ਮੀਟਿੰਗ ਵਿੱਚ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ 1-1-2016 ਤੋਂ ਰੀਵਾਈਜ ਕੀਤੇ ਗਰੇਡ ਅਤੇ ਡੀ. ਏ ਦੀਆਂ ਕਿਸ਼ਤਾਂ ਦੇ ਬਕਾਏ ਦੇਣ ਦੇ ਕੀਤੇ ਐਲਾਨ ਨੂੰ ਪੰਜਾਬ ਸਰਕਾਰ ਦੀ ਡੰਗ ਟਪਾਊ ਪਾਲਿਸੀ ਅਤੇ ਕੋਝਾ ਮਜ਼ਾਕ ਕਿਹਾ। ਉਨ੍ਹਾਂ ਕਿਹਾ ਕਿ ਪੰਜਾਬ ਦੀ ਸਰਕਾਰ ਮੁਲਾਜਮਾਂ ਅਤੇ ਪੈਨਸ਼ਨਰਾਂ ਦਾ ਵਿਸ਼ਵਾਸ ਗਵਾ ਚੁੱਕੀ ਹੈ। ਜਿਸ ਨੇ ਤਿੰਨ ਸਾਲਾਂ ਵਿੱਚ ਇੱਕ ਵਾਰ ਵੀ ਪੈਨਸ਼ਨਰਾਂ ਮੁਲਾਜਮਾਂ ਮਜ਼ਦੂਰਾਂ ਨਾਲ ਹਮਦਰਦੀ ਭਰਿਆ ਵਤੀਰਾ ਨਹੀਂ ਅਪਣਾਇਆ। ਪੰਜਾਬ ਸਰਕਾਰ ਨੇ ਸਾਲ 2025 ਵਿੱਚ ਇਤਿਹਾਸ ਸਿਰਜ ਦਿੱਤਾ ਹੈ ਤੇ ਪੂਰਾ ਸਾਲ ਆਪਣੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਇੱਕ ਵੀ ਡੀ ਏ ਦੀ ਕਿਸ਼ਤ ਜਾਰੀ ਨਹੀਂ ਕੀਤੀ ।ਜਿਸ ਕਾਰਨ ਸਰਕਾਰ ਪ੍ਰਤੀ ਬਹੁਤ ਨਿਰਾਸ਼ਾ ਪਾਈ ਜਾ ਰਹੀ ਹੈ ।ਇਸ ਮੌਕੇ ਸਰਕਾਰ ਤੋਂ ਮੰਗ ਕੀਤੀ ਕਿ ਸਰਕਾਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਡੀ ਏ ਦੀਆਂ ਕਿਸ਼ਤਾਂ ਅਤੇ ਮੈਡੀਕਲ ਬਿੱਲਾਂ ਦਾ ਤੁਰੰਤ ਸਮੇਤ ਵਿਆਜ ਭੁਗਤਾਨ ਕਰੇ ।ਇਸ ਮੌਕੇ ਪੰਜਾਬ ਪੈਨਸ਼ਨ ਯੂਨੀਅਨ ਜਲੰਧਰ ਬ੍ਰਾਂਚ ਵਲੋਂ 70—80 ਸਾਲ ਦੀ ਉਮਰ ਪੂਰੀ ਕਰ ਚੁੱਕੇ ਪੈਨਸ਼ਨਰ ਦੋ ਸਾਥੀ ਕਾਮਰੇਡ ਦਿਲਬੀਰ ਸਿੰਘ ਅਤੇ ਦੂਸਰੇ ਸਾਥੀ ਵੀ ਦਿਲਵੀਰ ਸਿੰਘ ਨੂੰ ਜਥੇਬੰਦੀ ਵੱਲੋਂ ਇੱਕ ਲੋਈ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ । ਇਸ ਮੌਕੇ ਹੋਰ ਸਾਥੀਆਂ ਤੋਂ ਇਲਾਵਾ , ਗੁਰਜੀਤ ਸਿੰਘ ਸੂਬਾਈ ਮੀਤ ਪ੍ਰਧਾਨ, ਪਰਮਜੀਤ ਸਿੰਘ ਨਡਾਲੋ , ਸੰਤੋਖ ਸਿੰਘ ਕੈਸ਼ੀਅਰ,ਕੇਸ਼ਵ ਚੰਦ , ਹਰਿੰਦਰ ਸਿੰਘ ਢਿਲਵਾਂ,ਰੇਸ਼ਮ ਸਿੰਘ ਕੰਗ ਸਾਬੂ, ਬਲਵਿੰਦਰ ਸਿੰਘ ਮੁਲਤਾਨੀ,ਜਗੀਰ ਸਿੰਘ ਬਾਜਵਾ,ਪ੍ਰਦੀਪ ਕੁਮਾਰ,ਸੰਤੋਖ ਸਿੰਘ ,ਗੁਰਦਿਆਲ ਸਿੰਘ ਜਲਵੇਹੜਾ ,ਜਗਦੇਵ ਸਿੰਘ ਕੁਕੋਵਾਲ, ਗਿਆਨ ਸਿੰਘ ,ਸ਼ਾਮ ਲਾਲ ਨਵਾਂ ਸ਼ਹਿਰ , ਸੁਰਿੰਦਰ ਸਿੰਘ, ਸਾਧੂ ਸਿੰਘ,ਜਸਵੀਰ ਸਿੰਘ,, ਸੁਰਜੀਤ ਕਮਾਰ , ਪ੍ਰਤਾਪ ਬਹਾਦਰ ਯੋਗਰਾਜ , ਸੁਰਿੰਦਰ ਸਿੰਘ ਇੰਸਪੈਕਟਰ ਬਲਵੀਰ ਸਿੰਘ ਹੋਰ ਵੱਡੀ ਗਿਣਤੀ ਵਿੱਚ ਸਾਥੀ ਹਾਜ਼ਰ ਸਨ ।



# ਸਤਪਾਲ ਮੁਲਤਾਨੀ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਨਵ ਨਿਯੁਕਤ ਜ਼ਿਲ੍ਹਾ ਪ੍ਰਧਾਨਾਂ ਦਾ ਸਨਮਾਨ



**ਟਾਂਡਾ ਉੜਮੁੜ (ਜਸਵਿੰਦਰ ਸੰਧੂ ਓਂਕਾਰ ਸਿੰਘ)**- ਪਿੰਡ ਅਵਾਨ ਘੋੜੇ ਸ਼ਾਹ ਵਿਖੇ ਹੋਏ ਇੱਕ ਸਮਾਗਮ ਵਿੱਚ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਨਵ ਨਿਯੁਕਤ ਜ਼ਿਲਾ ਪ੍ਰਧਾਨ ਬੀ ਸੀ ਵਿੰਗ ਸੁਰਜੀਤ ਸਿੰਘ ਕੈਰੇ ਅਤੇ ਨਵ ਨਿਯੁਕਤ ਜ਼ਿਲਾ ਪ੍ਰਧਾਨ ਐਸ.ਸੀ ਵਿੰਗ ਸਰਬਜੀਤ ਸਿੰਘ ਮੋਮੀ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਸਤਪਾਲ ਸਿੰਘ ਮੁਲਤਾਨੀ ਦੀ ਅਗਵਾਈ ਵਿੱਚ ਹੋਏ ਇਸ ਸਮਾਗਮ ਦੌਰਾਨ ਸਾਬਕਾ ਮੰਤਰੀ ਚੌਧਰੀ ਬਲਵੀਰ ਸਿੰਘ ਮਿਆਣੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਉਕਤ ਆਗੂਆਂ ਦਾ ਸਨਮਾਨ ਕੀਤਾ।ਇਸ ਮੌਕੇ ਸੰਬੋਧਨ ਕਰਦੇ ਹੋਏ ਸਾਬਕਾ ਮੰਤਰੀ ਚੌਧਰੀ ਬਲਵੀਰ ਸਿੰਘ ਮਿਆਣੀ ਤੇ ਜਿਲਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਇੱਕ ਅਜਿਹੀ ਪਾਰਟੀ ਹੈ ਜਿਸ ਨੇ ਆਪਣੇ ਮਿਹਨਤੀ ਵਰਕਰਾਂ ਨੂੰ ਹਮੇਸ਼ਾ ਹੀ ਮਾਣ ਸਤਿਕਾਰ ਦਿੱਤਾ ਹੈ ਅਤੇ ਇਸੇ ਤਹਿਤ ਹੀ ਇਹ ਨਿਯੁਕਤੀਆਂ ਕੀਤੀਆਂ ਗਈਆਂ ਹਨ। ਇਸ ਮੌਕੇ ਸਰਪੰਚ ਬਲਵਿੰਦਰ ਕੌਰ ਮੁਲਤਾਨੀ, ਜਿਲਾ ਪ੍ਰਧਾਨ ਕਿਸਾਨ ਵਿੰਗ ਇਕਬਾਲ ਸਿੰਘ ਜੋਹਲ, ਸੁਖਵਿੰਦਰ ਸਿੰਘ ਜੋਨੀ, ਜਸਵੰਤ ਸਿੰਘ, ਮਲੂਕ ਸਿੰਘ, ਸੁਖਦੇਵ ਸਿੰਘ, ਗੁਰਦੇਵ ਸਿੰਘ, ਨਿਰੰਜਨ ਸਿੰਘ (ਸਾਰੇ ਹੀ ਮੈਂਬਰ ਪੰਚਾਇਤ) ਸੂਬੇਦਾਰ ਦਰਸ਼ਨ ਸਿੰਘ, ਕੁਲਵੰਤ ਸਿੰਘ, ਰਵੇਲ ਸਿੰਘ, ਸਰੂਪ ਸਿੰਘ, ਸੂਬੇਦਾਰ ਸਰੂਪ ਸਿੰਘ,ਸੈਕਟਰੀ ਲਾਲ ਸਿੰਘ, ਸੂਬੇਦਾਰ ਜਗੀਰ ਸਿੰਘ, ਜਗਤਾਰ ਸਿੰਘ ਜੌਹਲ, ਅਜੀਤ ਸਿੰਘ ਮੂਨਕਾਂ, ਮਹਿੰਦਰ ਸਿੰਘ, ਰੇਸ਼ਮ ਸਿੰਘ, ਕਸ਼ਮੀਰ ਸਿੰਘ ਵੀ ਹਾਜ਼ਰ ਸਨ।

### ਓਸ਼ੋ ਆਸ਼ਰਮ ਬਾਰਾਪੁਰ 'ਚ ਧਿਆਨ ਸਾਧਨਾ ਸ਼ਿਵਰ ਲਗਾਇਆ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)** ਗੜਸ਼ੰਕਰ- ਨੰਗਲ ਮੁੱਖ ਮਾਰਗ 'ਤੇ ਪੈਂਦੇ ਪਿੰਡ ਬਾਰਾਪੁਰ ਵਿਖੇ ਸਥਿਤ ਓਸ਼ੋ ਆਸ਼ਰਮ ਵਿਖੇ ਰਜਨੀਸ਼ ਓਸ਼ੋ ਦੇ ਇਨਲਾਈਟਮੈਂਟ ਦਿਨ ਨੂੰ ਸਮਰਪਿਤ ਇਕ ਵਿਸ਼ੇਸ਼ ਧਿਆਨ ਸਾਧਨਾ ਸ਼ਿਵਰ ਅੱਜ 9 ਤੋਂ 3 ਵਜੇ ਤੱਕ ਲਗਾਇਆ ਗਿਆ। ਆਸ਼ਰਮ ਦੇ ਮੁੱਖ ਸੰਚਾਲਕ ਸੁਵਾਮੀ ਆਨੰਦ ਸਥਿਆਰਥੀ ਅਤੇ ਮਾਂ ਆਤਮੋ ਕ੍ਰਾਂਤੀ ਨੇ ਦੱਸਿਆ ਕਿ ਇਸ ਮੌਕੇ ਰਜਨੀਸ਼ ਓਸ਼ੋ ਦੀਆਂ ਧਿਆਨ ਵਿਧੀਆਂ ਦਾ ਅਭਿਆਸ ਕੀਤਾ ਗਿਆ। ਧਿਆਨ ਸਾਧਨਾ ਸ਼ਿਵਰ ਵਿੱਚ ਸ਼ਾਮਿਲ ਸਾਰੇ ਹੀ ਉਪਾਸ਼ਕਾਂ ਨੇ ਇਸ ਸ਼ਿਵਰ ਦਾ ਭਰਪੂਰ ਆਨੰਦ ਮਾਣਿਆ। ਅਖੀਰ ਵਿੱਚ ਸਾਰਿਆਂ ਨੇ ਰਲ-ਮਿਲ ਕੇ ਲੰਗਰ ਪਾਣੀ ਛਕਿਆ ਅਤੇ ਓਸ਼ੋ ਦੀ ਵਿਚਾਰਧਾਰਾ ਤੇ ਵਿਚਾਰ ਚਰਚਾ ਕੀਤੀ। ਇਸ ਮੌਕੇ ਸੁਆਮੀ ਨਰੂਪਾ, ਸ਼ਾਮ ਲਾਲ, ਮੋਹਨ ਲਾਲ, ਜੀਵਨ, ਜਤਿੰਦਰ, ਸਤਪਾਲ, ਨਿਰਮਲ ਸਿੰਘ ਮੁੱਗੋਵਾਲ, ਨੀਤੂ, ਪਰਮਜੀਤ ਕੌਰ, ਅਰਾਧਨਾ ਅਤੇ ਓਸ਼ੋ ਪ੍ਰੇਮੀ ਹਾਜ਼ਰ ਸਨ।



## ਈਦ ਉਲ ਫਿਤਰ ਦਾ ਤਿਉਹਾਰ ਮਨਾਇਆ

**ਅੱਡਾ ਸਰਾਂ (ਜਸਵੀਰ ਕਾਜਲ)**- ਮਸਜਿਦ ਅੱਬੂ ਬਕਰ ਸਿੱਦੀਕ ਕੰਧਾਲਾ ਜੱਟਾਂ (ਅੱਡਾ ਸਰਾਂ) ਵਿਖੇ ਮੁਸਲਮਾਨ ਭਾਈਚਾਰੇ ਵਲੋ ਈਦ ਉਲ ਫਿਤਰ ਖੁਦਾ ਦੀ ਨਮਾਜ਼ ਅਤੇ ਦੁਆ ਕਰਕੇ ਸ਼ਰਧਾ ਪੂਰਵਕ ਮਨਾਈ ਗਈ। ਈਦ ਉਲ ਫਿਤਰ ਜਿਥੇ ਖੁਸ਼ੀ ਦਾ ਤਿਉਹਾਰ ਹੈ ਉਥੇ ਇਨਸਾਨੀਅਤ ਦੇ ਪਿਆਰ ਤੇ ਭਾਈਚਾਰਕ ਦੀ ਸਾਝ ਦਾ ਪ੍ਰਤੀਕ ਹੈ। ਇਹ ਇਕ ਪਿਆਰ ਦਾ ਪੈਗਾਮ ਹੈ, ਜੋ ਦਿਲਾਂ ਵਿਚ ਹਮੇਸ਼ਾ ਵਸਦਾ ਰਹੇਗਾ, ਖੁਦਾ ਕਰੇ ਏਹੋ ਜਿਹਾ ਆਪਸੀ ਪਿਆਰ ਇਜਤ ਤੇ ਭਾਈਚਾਰਕ ਸਾਝ ਦਾ ਬਣਿਆ ਰਿਹੇ। ਇਸ ਮੌਕੇ ਮੋਲਾਨਾ ਮੁਹੰਮਦ ਜੁਨੈਦ ਇਮਾਮ, ਮਸਜਿਦ ਹਾਜੀ ਰਾਣਾ ਪ੍ਰਧਾਨ ਮਸਜਿਦ, ਯਾਮੀਨ, ਲਾਲ ਮੁਹੰਮਦ, ਤੋਂ ਇਲਾਵਾ ਮਨਜੀਤ ਸਿੰਘ ਧਾਲੀਵਾਲ, ਦਮਨਦੀਪ ਬਿੱਲਾ ਨਰਵਾਲ ਸਰਪੰਚ ਦਰੀਆ, ਜਗਵੀਰ ਸਿੰਘ ਕੱਪੜਾ ਘਰ, ਸ਼ਮਸ਼ਾਦ ਭੱਟੀ ਤੋ ਇਲਾਵਾ ਜਸਵੀਰ ਕਾਜਲ, ਅੱਡਾ ਸਰਾ ਚੋਕੀ ਤੋਂ ਏ ਐੱਸ ਆਈ ਗੁਰਮੀਤ ਸਿੰਘ, ਹੈਡਕਾਂਸਟੇਬਲ ਬਲਵਿੰਦਰ ਸਿੰਘ ਆਦਿ ਹਾਜ਼ਰ ਸਨ।



# ਸੱਦੀ ਵੰਸ਼ ਦੇ ਜਠੇਰਿਆਂ ਦਾ ਮੇਲਾ ਕਰਵਾਇਆ



**ਲੋਹੀਆਂ ਖਾਸ, (ਯੋਗੇਸ਼ਵਰ)**- ਸੱਦੀ ਵੰਸ਼ ਦੇ ਜਠੇਰਿਆਂ ਦਾ ਮੇਲਾ ਰਾਈਵਾਲ ਰੋਡ, ਲੋਹੀਆਂ ਖਾਸ (ਪੰਡਿਤਾਂ ਵਾਲੇ ਖੂਹ) 'ਤੇ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ। ਇਸ ਮੌਕੇ ਝੰਡੇ ਦੀ ਰਸਮ ਕੀਤੀ ਗਈ ਤੇ ਸ੍ਰੀ ਸੁੰਦਰ ਕਾਂਡ ਦਾ ਪਾਠ ਕਰਵਾਇਆ ਗਿਆ। ਇਸ ਮੌਕੇ ਮਹੰਤ ਸ੍ਰੀ ਜੈ ਰਾਮ ਗਿਰੀ ਜੀ ਮਹਾਰਾਜ ਪ੍ਰਾਚੀਨ ਸ਼ਿਵ ਮੰਦਿਰ ਲੋਹੀਆਂ ਖਾਸ, ਡਾਕਟਰ ਪੁਸ਼ਪ ਚੇਤਾਨਿਆ ਜੀ (ਨਵਾਂ ਸ਼ਿਵ ਮੰਦਰ) ਵੱਲੋਂ ਕੀਰਤਨ ਕੀਤਾ ਗਿਆ।ਇਸ ਮੌਕੇ ਸੰਗਤਾਂ ਨੂੰ ਅਟੁੱਟ ਲੰਗਰ ਵਰਤਾਇਆ ਗਿਆ। ਇਸ ਮੌਕੇ ਸੱਦੀ ਜਠੇਰਿਆਂ ਦੇ ਸੇਵਾਦਾਰ ਕੁਲਭੂਸ਼ਨ ਸੱਦੀ ਵੱਲੋਂ ਆਈਆਂ ਹੋਈਆਂ ਸੰਗਤਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ। ਇਸ ਮੌਕੇ ਪੰਡਿਤ ਵਿਸ਼ਨੂੰ, ਪੰਡਿਤ ਧਰਮਰਾਜ, ਪੰਡਿਤ ਪਾਰਸ, ਕੁਲਭੂਸ਼ਣ ਸੱਦੀ, ਰੁਪੇਸ਼ ਸੱਦੀ, ਸ਼ਾਲੂ ਸੱਦੀ, ਰਕੇਸ਼ ਕੁਮਾਰ ਸੱਦੀ, ਵਿਜੇ ਸੱਦੀ, ਦਰਸ਼ਨ ਸੱਦੀ, ਗੋਪਾਲ ਸੱਦੀ, ਕਲਵੰਤ ਰਾਏ ਸ਼ਰਮਾ, ਸੁਭਾਸ਼ ਸੱਦੀ, ਅਮਨ ਸੱਦੀ, ਸੋਨੂ ਸੱਦੀ, ਕਾਲਾ ਸੱਦੀ, ਗੌਰਵ ਸੱਦੀ, ਜਤਿੰਦਰ ਸੱਦੀ, ਤਿਲਕਰਾਜ ਸੱਦੀ, ਮੰਗਾ ਸੱਦੀ, ਡਿਪਟੀ ਸੱਦੀ, ਰਜੀਸ, ਰਜੇਸ਼ ਸੱਦੀ, ਰਾਜੀਵ ਸੱਦੀ, ਚੰਦਰ ਸੱਦੀ, ਸਾਹਿਲ ਸੱਦੀ, ਜਗਜੀਤ ਸਿੰਘ ਨੋਨੀ, ਪਵਨ ਗਾਂਧੀ, ਅਮਨ ਪਨੇਸਰ, ਲੱਕੀ ਕੌਂਡਲ, ਟਿੰਕੂ ਸੱਦੀ, ਟੋਨੀ ਸੱਦੀ, ਸੁਰਿੰਦਰ ਕੁਮਾਰ ਸੱਦੀ, ਅਨਪੁਮ ਸੱਦੀ, ਮਿਆਂਕ ਸੱਦੀ, ਕੁਨਾਲ ਸੱਦੀ, ਬ੍ਰਿਜ ਮੋਹਨ ਸਦੀ ਸਮੇਤ ਹੋਰ ਸ਼ਹਿਰ ਵਾਸੀ ਹਾਜ਼ਰ ਸਨ।

# ਭੂਰੀਵਾਲੇ ਮਾਲੇਵਾਲ ਵਿੱਚ ਵਿਕਾਸ ਕਾਰਜਾਂ ਦੀ ਲਹਿਰ

**ਬਲਾਚੌਰ/ ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**- ਹਲਕਾ ਬਲਾਚੌਰ ਦੇ ਪਿੰਡ ਭੂਰੀਵਾਲੇ ਮਾਲੇਵਾਲ ਵਿੱਚ ਵਿਕਾਸ ਦੀ ਨਵੀਂ ਇਬਾਰਤ ਲਿਖੀ ਜਾ ਰਹੀ ਹੈ। ਪਿੰਡ ਦੀ ਪੰਚਾਇਤ ਵੱਲੋਂ ਸਰਬਸੰਮਤੀ ਨਾਲ ਚੋਣ ਕੀਤੇ ਜਾਣ 'ਤੇ ਪੰਜਾਬ ਸਰਕਾਰ ਵੱਲੋਂ ਭੇਜੀ ਗਈ 5 ਲੱਖ ਰੁਪਏ ਦੀ ਇਨਾਮੀ ਰਾਸ਼ੀ ਅਤੇ ਹੋਰ ਵਿਕਾਸ ਕਾਰਜਾਂ ਲਈ ਮਿਲੇ ਸਹਿਯੋਗ ਸਦਕਾ ਪਿੰਡ ਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਹੈ। ਸਰਪੰਚ ਰਾਮ ਸਰੂਪ ਭੂੰਬਲਾ ਅਤੇ ਸਮੂਹ ਪੰਚਾਇਤ ਮੈਂਬਰਾਂ ਵੱਲੋਂ ਹਲਕਾ ਵਿਧਾਇਕਾ ਸੰਤੋਸ਼ ਕਟਾਰੀਆ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।ਸਰਪੰਚ ਰਾਮ ਸਰੂਪ ਭੂੰਬਲਾ ਨੇ ਦੱਸਿਆ ਕਿ ਵਿਧਾਇਕਾ ਦੇ ਯਤਨਾਂ ਸਦਕਾ ਪਿੰਡ ਦੀਆਂ ਪੁਰਾਣੀਆਂ ਅਤੇ ਅਹਿਮ ਮੰਗਾਂ ਨੂੰ ਪੂਰਾ ਕੀਤਾ ਗਿਆ ਹੈ, ਜਿਨ੍ਹਾਂ ਵਿੱਚ ਸ਼ਾਮਲ ਹਨ ਧਾਰਮਿਕ ਅਸਥਾਨਾਂ ਲਈ ਜਾਂਦੇ ਰਸਤੇ ਸਿੱਧ ਬਾਬਾ ਜੰਬੂ ਜੀਤ ਜੀ ਮੰਦਿਰ ਅਤੇ ਸ੍ਰੀ ਬ੍ਰਹਮ ਸਰੋਵਰ ਧਾਮ ਨੂੰ ਜਾਣ ਵਾਲੀਆਂ ਸੜਕਾਂ ਦਾ ਨਿਰਮਾਣ।ਪਿੰਡ ਦੇ ਮੇਨ ਗੇਟ ਤੋਂ 100 ਮੀਟਰ ਤੱਕ ਦੀ ਪੱਕੀ ਕੰਕਰੀਟ ਸੜਕ ਤਿਆਰ ਕੀਤੀ ਹੈ। ਇਸ ਮੌਕੇ ਸਰਪੰਚ ਰਾਮ ਸਰੂਪ ਭੂੰਬਲਾ ਦੇ ਨਾਲ ਪੰਚ ਧਰਮ ਚੰਦ ਮੁੰਡਨ, ਪੰਚ ਜਸਪਾਲ ਕਟਾਰੀਆ, ਬਲਰਾਮ ਕਟਾਰੀਆ , ਹਰਦੀਪ ਸਿੰਘ, ਗੀਤਾ ਦੇਵੀ , ਪੁਸ਼ਪਾ ਦੇਵੀ ,ਮਨਜੀਤ ਕੌਰ ਪੰਚਾਇਤ ਮੈਂਬਰ ਅਤੇ ਅੱਛਰ ਦਾਸ ਭੂੰਬਲਾ, ਹਰਨਾਮ ਦਾਸ ਮੁੰਡਨ, ਰਾਮ ਜੀ , ਦੇਵਰਾਜ ਭੂੰਬਲਾ ,ਗੁਰਦਾਸ ਭੂੰਬਲਾ,ਬਲਵੀਰ ਚੰਦ ਤੇਲੂ ਰਾਮ, ਦਲਜੀਤ ਸਿੰਘ,ਸਤਨਾਮ ਸਿੰਘ ਸਰਪੰਚ ਕਟਵਾਰਾ,ਪਵਨ ਕੁਮਾਰ, ਰਾਮ ਸਰੂਪ ਫੌਜੀ, ਰਾਮ ਜੀ ਭੂੰਬਲਾ, ਸੁਰਜੀਤ ਲੰਬੜਦਾਰ, ਵਿੱਕੀ ਕਟਾਰੀਆ, ਸੇਠੀ , ਚਮਨ ਲਾਲ, ਰਾਮ ਪ੍ਰਕਾਸ਼, ਸੁਰਿੰਦਰ ਭੂੰਬਲਾ, ਰਾਮ ਪਾਲ, ਜਿਧਰ ਭੂੰਬਲਾ,ਹੁਸਨ ਲਾਲ, ਰਾਮ ਪਾਲ ,ਮੇਸ਼ੀ , ਰਾਮ ਜੀ ,ਸੁਰਿੰਦਰ, ਰਾਮ ਦਾਸ,ਪਵਨ ਕੁਮਾਰ, ਹੁਸਨ ਲਾਲ ਅਤੇ ਪਿੰਡ ਦੇ ਹੋਰ ਪਤਵੰਤੇ ਸੱਜਣ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



# ਨਗਰ ਕੌਂਸਲ ਦੇ ਹਾਲਾਤ ਬੇਹੱਦ ਖਰਾਬ, ਲੋਕਾਂ 'ਚ ਗੁੱਸਾ

**ਸੁਲਤਾਨਪੁਰ ਲੋਧੀ (ਕਪੂਰਥਲਾ) (ਬਲਵਿੰਦਰ ਸਿੰਘ ਧਾਲੀਵਾਲ)**- ਇਤਿਹਾਸਕ ਸ਼ਹਿਰ ਸੁਲਤਾਨਪੁਰ ਲੋਧੀ ਅੱਜਕੱਲ੍ਹ ਆਪਣੇ ਵਿਕਾਸ ਕਾਰਜਾਂ ਦੀ ਬਜਾਏ ਬੇਹਾਲ ਬੁਨਿਆਦੀ ਢਾਂਚੇ ਅਤੇ ਗੰਦਗੀ ਕਾਰਨ ਚਰਚਾ ਵਿੱਚ ਹੈ। ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਸੜਕਾਂ ਦੀ ਹਾਲਤ ਇੰਨੀ ਖਰਾਬ ਹੋ ਚੁੱਕੀ ਹੈ ਕਿ ਥਾਂ-ਥਾਂ ਡੂੰਘੇ ਟੋਏ ਬਣੇ ਹੋਏ ਹਨ, ਜਿਸ ਨਾਲ ਆਵਾਜਾਈ ਬਹੁਤ ਹੀ ਮੁਸ਼ਕਿਲ ਹੋ ਗਈ ਹੈ।ਸਥਾਨਕ ਵਸਨੀਕਾਂ ਅਨੁਸਾਰ ਬਾਰਸ਼ ਤੋਂ ਬਾਅਦ ਇਹ ਟੋਏ ਪਾਣੀ ਨਾਲ ਭਰ ਜਾਂਦੇ ਹਨ, ਜਿਸ ਨਾਲ ਇਹਨਾਂ ਦਾ ਅੰਦਾਜ਼ਾ ਲਗਾਉਣਾ ਔਖਾ ਹੋ ਜਾਂਦਾ ਹੈ। ਇਸ ਕਰਕੇ ਕਈ ਸਕੂਟਰ ਅਤੇ ਮੋਟਰਸਾਈਕਲ ਸਵਾਰ ਹਾਦਸਿਆਂ ਦਾ ਸ਼ਿਕਾਰ ਹੋ ਰਹੇ ਹਨ।ਇਸ ਤੋਂ ਇਲਾਵਾ, ਸ਼ਹਿਰ ਦੇ ਕਈ ਹਿੱਸਿਆਂ ਵਿੱਚ ਗੰਦਗੀ ਦੇ ਢੇਰ ਲੱਗੇ ਹੋਏ ਹਨ। ਸਫਾਈ ਪ੍ਰਣਾਲੀ ਲਗਭਗ ਨਾਕਾਮ ਹੋ ਚੁੱਕੀ ਹੈ, ਜਿਸ ਨਾਲ ਬਦਬੂ ਅਤੇ ਬਿਮਾਰੀਆਂ ਫੈਲਣ ਦਾ ਖ਼ਤਰਾ ਵਧ ਰਿਹਾ ਹੈ। ਲੋਕਾਂ ਦਾ ਕਹਿਣਾ ਹੈ ਕਿ ਨਗਰ ਕੌਂਸਲ ਵੱਲੋਂ ਨਾ ਤਾਂ ਸਮੇਂ 'ਤੇ ਕੂੜਾ ਉਠਾਇਆ ਜਾ ਰਿਹਾ ਹੈ ਅਤੇ ਨਾ ਹੀ ਸੜਕਾਂ ਦੀ ਮੁਰੰਮਤ ਲਈ ਕੋਈ ਢੁੱਕਵਾਂ ਕਦਮ ਚੁੱਕਿਆ ਗਿਆ ਹੈ।ਸ਼ਹਿਰ ਵਾਸੀਆਂ ਵਿੱਚ ਇਸ ਮਾਮਲੇ ਨੂੰ ਲੈ ਕੇ ਭਾਰੀ ਰੋਸ ਹੈ। ਲੋਕ ਕਹਿ ਰਹੇ ਹਨ ਕਿ ਜੇਕਰ ਹਾਲਾਤ ਜਲਦੀ ਨਹੀਂ ਸੁਧਰੇ, ਤਾਂ ਆਉਣ ਵਾਲੀਆਂ ਨਗਰ ਕੌਂਸਲ ਚੋਣਾਂ ਵਿੱਚ ਮੌਜੂਦਾ ਕੌਂਸਲਰਾਂ ਨੂੰ ਇਸ ਦੀ ਕੀਮਤ ਚੁਕਾਉਣੀ ਪਵੇਗੀ। ਲੋਕਾਂ ਨੇ ਪ੍ਰਦਰਸ਼ਨ ਕਰਨ ਦੀ ਚੇਤਾਵਨੀ ਵੀ ਦਿੱਤੀ ਹੈ।ਸਮਾਜਿਕ ਕਾਰਕੁਨਾਂ ਦਾ ਮੰਨਣਾ ਹੈ ਕਿ ਪ੍ਰਸ਼ਾਸਨ ਨੂੰ ਤੁਰੰਤ ਕਾਰਵਾਈ ਕਰਨੀ ਚਾਹੀਦੀ ਹੈ—ਸੜਕਾਂ ਦੀ ਮੁਰੰਮਤ, ਨਿਕਾਸੀ ਪ੍ਰਣਾਲੀ ਦੀ ਸੁਧਾਰ ਅਤੇ ਸਫਾਈ ਪ੍ਰਬੰਧ ਨੂੰ ਮਜ਼ਬੂਤ ਕਰਨਾ ਸਮੇਂ ਦੀ ਲੋੜ ਹੈ।



### ਸੁਖਬੀਰ ਬਾਦਲ ਦੀ ਅਗਵਾਈ 'ਚ ਅਕਾਲੀ ਦਲ ਪੂਰੀ ਤਰ੍ਹਾਂ ਮਜ਼ਬੂਤ : ਲਖਵਿੰਦਰ ਸਿੰਘ ਲੱਖੀ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਪੂਰੀ ਤਰ੍ਹਾਂ ਮਜ਼ਬੂਤ ਹੈ ਤੇ ਪੰਜਾਬ ਵਿੱਚ ਆਉਣ ਵਾਲੇ ਸਮੇਂ ਵਿੱਚ ਸੁਖਬੀਰ ਸਿੰਘ ਬਾਦਲ ਦੀ ਅਗਵਾਈ 'ਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨੀ ਹੈ? ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਧਾਨ ਲਖਵਿੰਦਰ ਸਿੰਘ ਲੱਖੀ ਅਤੇ ਸ਼੍ਰੋਮਣੀ ਅਕਾਲੀ ਦਲ ਐਸੀ ਵਿੰਗ ਜਿਲਾ ਦਿਹਾਤੀ ਦੇ ਪ੍ਰਧਾਨ ਸਰਬਜੀਤ ਸਿੰਘ ਮੋਮੀ ਨੇ ਅੱਜ ਪਿੰਡ ਕਲਿਆਣਪੁਰ ਵਿਖੇ ਪ੍ਰੈਸ ਨਾਲ ਗੱਲਬਾਤ ਕਰਨ ਸਮੇਂ ਕੀਤਾ। ਇਸ ਮੌਕੇ ਤੇ ਉਹਨਾਂ ਨਾਲ ਡਾ. ਗੁਰਨਾਮ ਸਿੰਘ, ਗੁਰਸ਼ਰਨ ਸਿੰਘ ਲੰਬੜਦਾਰ, ਖੁਸ਼ਵੰਤ ਸਿੰਘ, ਡਾਕਟਰ ਸੁਖਦੇਵ ਸਿੰਘ, ਸੁਖਵਿੰਦਰ ਸਿੰਘ ਗਿਲਜੀਆਂ ਲੰਬੜਦਾਰ ,ਜਗਤਾਰ ਸਿੰਘ ਸਰਪੰਚ ਪ੍ਰਿਥੀਪਾਲ ਸਿੰਘ ,ਹਰਦਿਆਲ ਸਿੰਘ, ਬਲਦੇਵ ਸਿੰਘ, ਇੰਜੀਨੀਅਰ ਦਲਜੀਤ ਸਿੰਘ, ਦਲਜੀਤ ਸਿੰਘ, ਕੁਲਦੀਪ ਸਿੰਘ, ਸੁਰਜੀਤ ਸਿੰਘ, ਰਜਿੰਦਰ ਸਿੰਘ, ਨਿਰਮਲ ਸਿੰਘ, ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਅਕਾਲੀ ਵਰਕਰ ਹਾਜ਼ਰ ਸੀ।

## ਧੋਖਾਧੜੀ ਨਾਲ ਚੀਨ ਦੇ ਕੁਝ ਨਾਗਰਿਕਾਂ ਦੇ ਫਰਜ਼ੀ ਖਾਤਿਆਂ ਵਿੱਚ ਪੈਸਾ ਭੇਜਣ ਵਾਲੇ ਗਰੋਹ ਦੇ 3 ਮੈਂਬਰ ਗ੍ਰਿਫ਼ਤਾਰ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਪੰਜਾਬ ਪੁਲਿਸ ਦੇ ਸਟੇਟ ਸਾਈਬਰ ਕ੍ਰਾਈਮ ਡਿਵੀਜ਼ਨ ਨੇ ਸਾਈਬਰ ਧੋਖਾਧੜੀ ਕਰਨ ਵਾਲਿਆਂ ਨੂੰ ਫਰਜ਼ੀ ਫੰਡਾਂ ਦੀ ਰੂਟਿੰਗ, ਲੇਅਰਿੰਗ ਅਤੇ ਸੈਟਲਮੈਂਟ ਕਰਨ ਲਈ ਚਾਲੂ ਬੈਂਕ ਖਾਤੇ (ਮਿਊਲ ਖਾਤੇ) ਖੋਲ੍ਹਣ ਅਤੇ ਉਪਲਬਧ ਕਰਵਾਉਣ ਵਿੱਚ ਸ਼ਾਮਲ ਗਿਰੋਹ ਦੇ ਤਿੰਨ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਗਿਰੋਹ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਪੁਲਿਸ ਡਾਇਰੈਕਟਰ ਜਨਰਲ ਗੌਰਵ ਯਾਦਵ ਨੇ ਇੱਥੇ ਦਿੱਤੀ।ਮਿਊਲ ਖਾਤਾ ਅਜਿਹਾ ਬੈਂਕ ਖਾਤਾ ਹੁੰਦਾ ਹੈ, ਜੋ ਅਪਰਾਧੀਆਂ ਵੱਲੋਂ ਖਾਤਾ ਧਾਰਕ ਦੀ ਜਾਣਕਾਰੀ ਤੋਂ ਬਿਨਾਂ ਜਾਂ ਕਈ ਵਾਰ ਉਸ ਦੀ ਮਿਲੀਭੁਗਤ ਨਾਲ ਗੈਰ-ਕਾਨੂੰਨੀ ਫੰਡ ਪ੍ਰਾਪਤ ਕਰਨ, ਟ੍ਰਾਂਸਫਰ ਕਰਨ ਜਾਂ ਲਾਂਡਰਿੰਗ ਕਰਨ ਲਈ ਵਰਤਿਆ ਜਾਂਦਾ ਹੈ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਗੁਰਜੀਤ ਸਿੰਘ, ਰਮਨ ਰਾਏ ਅਤੇ ਸੁਖਦੇਵ ਸਿੰਘ ਵਜੋਂ ਹੋਈ ਹੈ, ਜੋ ਸਾਰੇ ਫਾਜ਼ਿਲਕਾ ਦੇ ਜਲਾਲਾਬਾਦ ਦੇ ਰਹਿਣ ਵਾਲੇ ਹਨ ਅਤੇ ਮੌਜੂਦਾ ਸਮੇਂ ਵਿੱਚ ਮੋਹਾਲੀ ਦੇ ਫੇਜ਼- 5 ਵਿਖੇ ਕਿਰਾਏ ਦੇ ਕਮਰੇ ਤੋਂ 'ਬ੍ਰਦਰ ਟਰੇਡਰਜ਼' ਦੇ ਨਾਮ ਹੇਠ ਚਾਲੂ ਬੈਂਕ ਖਾਤਿਆਂ ਰਾਹੀਂ ਸਾਈਬਰ ਧੋਖਾਧੜੀਆਂ ਕਰਨ ਵਿੱਚ ਸਰਗਰਮ ਸਨ।ਪੁਲਿਸ ਟੀਮਾਂ ਨੇ ਗਿਰੋਹ ਨਾਲ ਜੁੜੇ ਬੈਂਕ ਖਾਤਿਆਂ ਵਿੱਚ ਲਗਭਗ 20 ਲੱਖ ਰੁਪਏ ਜ਼ਬਤ ਕੀਤੇ ਹਨ। ਇਸ ਤੋਂ ਇਲਾਵਾ 23 ਏ.ਟੀ.ਐਮ. ਕਾਰਡ, ਦੋ ਲੈਪਟਾਪ, ਸੱਤ ਮੋਬਾਈਲ ਫੋਨ, ਪੰਜ ਸਿਮ ਕਾਰਡ, ਜਾਅਲੀ ਬੈਂਕ/ਕੇ.ਵਾਈ.ਸੀ. ਦਸਤਾਵੇਜ਼ ਜਿਨ੍ਹਾਂ ਵਿੱਚ 14 ਚੈੱਕ ਬੁੱਕਾਂ ਅਤੇ ਉਦਯਮ ਸਰਟੀਫਿਕੇਟ, ਛੇ ਟਿਕਟਾਂ ਅਤੇ 5100 ਯੂਐਸ ਡੀ ਟੀ ਮੁੱਲ ਦੀ ਕ੍ਰਿਪਟੋਕਰੰਸੀ ਬਰਾਮਦ ਕੀਤੀ ਗਈ ਹੈ।ਗੌਰਵ ਯਾਦਵ ਨੇ ਕਿਹਾ ਕਿ ਜਾਂਚ ਦੌਰਾਨ ਇਹ ਪਾਇਆ ਗਿਆ ਕਿ ਦੋਸ਼ੀ ਪਿਛਲੇ ਦੋ ਸਾਲਾਂ ਤੋਂ ਅਜਿਹੀਆਂ ਗੈਰ-ਕਾਨੂੰਨੀ ਗਤੀਵਿਧੀਆਂ ਵਿੱਚ ਸ਼ਾਮਲ ਸਨ, ਸਾਈਬਰ ਧੋਖਾਧੜੀ ਕਰਨ ਵਾਲਿਆਂ ਨੂੰ ਮਿਊਲ ਬੈਂਕ ਖਾਤੇ ਪ੍ਰਦਾਨ ਕਰਕੇ ਹੁਣ ਤੱਕ ਲਗਭਗ 50 ਲੱਖ ਰੁਪਏ ਦਾ ਕਮਿਸ਼ਨ ਕਮਾ ਚੁਕੇ ਹਨ। ਉਨ੍ਹਾਂ ਅੱਗੇ ਕਿਹਾ, "ਬੈਂਕ ਖਾਤੇ ਜਾਅਲੀ ਢੰਗ ਅਤੇ ਫਰਜ਼ੀ ਦਸਤਾਵੇਜ਼ਾਂ ਨਾਲ ਖੋਲ੍ਹੇ ਗਏ ਸਨ । ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ ਸਾਈਬਰ ਕ੍ਰਾਈਮ ਵੀ. ਨੀਰਜਾ ਨੇ ਕਿਹਾ ਕਿ ਇਹ ਕਾਰਵਾਈ ਸਾਈਬਰ ਅਪਰਾਧ ਨੂੰ ਰੋਕਣ ਲਈ ਚੱਲ ਰਹੇ ਆਪ੍ਰੇਸ਼ਨਾਂ ਤਹਿਤ ਕੀਤੀ ਗਈ ਹੈ।ਉਨ੍ਹਾਂ ਕਿਹਾ, ਜਾਂਚ ਤੋਂ ਪਤਾ ਲੱਗਾ ਹੈ ਕਿ ਦੋਸ਼ੀ ਵਿਅਕਤੀ ਟੈਲੀਗ੍ਰਾਮ ਰਾਹੀਂ ਸਿੱਧੇ ਤੌਰ 'ਤੇ ਚੀਨੀ ਨਾਗਰਿਕਾਂ ਨਾਲ ਜੁੜੇ ਹੋਏ ਸਨ ਅਤੇ ਉਨ੍ਹਾਂ ਨੂੰ ਬੈਂਕ ਖਾਤੇ ਪ੍ਰਦਾਨ ਕਰਵਾ ਕੇ ਯੂਐਸਡੀਟੀ ਕ੍ਰਿਪਟੋਕਰੰਸੀ ਵਿੱਚ ਮੁਨਾਫਾ ਪ੍ਰਾਪਤ ਕਰਦੇ ਸਨ।



## ਸਕੂਲ ਆਫ਼ ਐਮੀਨੈਂਸ ਫਿਲੌਰ 'ਚ ਅਤਿ-ਆਧੁਨਿਕ ਸਪੇਸ ਲੈਬ ਦਾ ਉਦਘਾਟਨ

**ਫਿਲੌਰ (ਨਿਰਮਲ)**- ਵਿਦਿਆਰਥੀਆਂ ਨੂੰ ਪੁਲਾੜ ਅਤੇ ਵਿਗਿਆਨ ਨਾਲ ਸਬੰਧਤ ਨਵੀਨਤਮ ਤਕਨਾਲੋਜੀ ਅਤੇ ਗਿਆਨ ਮੁਹੱਈਆ ਕਰਵਾਉਣ ਦੇ ਮੰਤਵ ਨਾਲ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਅਤੇ ਵਾਈਸ ਚੇਅਰਮੈਨ ਪੰਜਾਬ ਸਕੂਲ ਸਿੱਖਿਆ ਬੋਰਡ ਮੋਹਾਲੀ ਪ੍ਰਿੰਸੀਪਲ ਪ੍ਰੇਮ ਕੁਮਾਰ ਵੱਲੋਂ ਸਕੂਲ ਆਫ਼ ਐਮੀਨੈਂਸ ਫਿਲੌਰ ਵਿਖੇ ਅਤਿ-ਆਧੁਨਿਕ ਸਪੇਸ ਲੈਬ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹ ਲੈਬ ਵਿਦਿਆਰਥੀਆਂ ਵਿੱਚ ਵਿਗਿਆਨ ਪ੍ਰਤੀ ਰੁਚੀ ਨੂੰ ਉਤਸ਼ਾਹਿਤ ਕਰੇਗੀ ਅਤੇ ਉਨ੍ਹਾਂ ਨੂੰ ਪੁਲਾੜ ਵਿਗਿਆਨ ਅਤੇ ਤਕਨਾਲੋਜੀ ਵਿੱਚ ਅੱਗੇ ਵਧਣ ਦੇ ਮੌਕੇ ਪ੍ਰਦਾਨ ਕਰੇਗੀ। ਉਨ੍ਹਾਂ ਕਿਹਾ ਕਿ ਇਸ ਲੈਬ ਦੇ ਬਣਨ ਨਾਲ ਵਿਦਿਆਰਥੀ ਪੁਲਾੜ, ਗ੍ਰਹਿਆਂ ਅਤੇ ਰੋਬੋਟਿਕ ਤਕਨੀਕ ਨਾਲ ਮੌਸਮ ਦੀ ਭਵਿੱਖਵਾਣੀ, ਸੰਚਾਰ ਅਤੇ ਨੈਵੀਗੇਸ਼ਨ ਆਦਿ ਬਾਰੇ ਜਾਣਕਾਰੀ ਹਾਸਲ ਕਰ ਸਕਣਗੇ।ਇਸ ਮੌਕੇ ਸਹਾਇਕ ਕਮਿਸ਼ਨਰ (ਯੂ.ਟੀ.) ਮੁਕਿਲਨ ਆਰ., ਐਸ.ਡੀ.ਐਮ. ਫਿਲੌਰ ਦੀਪਕ ਭਾਟੀਆ, ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰ.) ਡਾ. ਗੁਰਿੰਦਰਜੀਤ ਕੌਰ ਵੀ ਮੌਜੂਦ ਸਨ।ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ 'ਸਿੱਖਿਆ ਕ੍ਰਾਂਤੀ' ਤਹਿਤ ਵਿਦਿਆਰਥੀਆਂ ਨੂੰ ਵਿਸ਼ਵ ਪੱਧਰੀ ਸਿੱਖਿਆ ਸਹੂਲਤਾਂ ਮੁਹੱਈਆ ਕਰਵਾਉਣ ਦੀ ਵਚਨਬੱਧਤਾ ਦੁਹਰਾਉਂਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪ੍ਰਸ਼ਾਸਨ ਵੱਲੋਂ ਜ਼ਿਲ੍ਹੇ ਦੇ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਸਹੂਲਤਾਂ ਪ੍ਰਦਾਨ ਕਰਨ ਲਈ ਹਰ ਸੰਭਵ ਉਪਰਾਲਾ ਕੀਤਾ ਜਾ ਰਿਹਾ ਹੈ।ਇਸ ਤੋਂ ਪਹਿਲਾਂ ਡਿਪਟੀ ਕਮਿਸ਼ਨਰ ਅਤੇ ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਸਪੇਸ ਲੈਬ ਦਾ ਦੌਰਾ ਵੀ ਕੀਤਾ ਅਤੇ ਵਿਦਿਆਰਥੀਆਂ ਨਾਲ ਗੱਲਬਾਤ ਵੀ ਕੀਤੀ।ਇਸ ਮੌਕੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਰਾਜੀਵ ਕੁਮਾਰ ਜੋਸ਼ੀ, ਪ੍ਰਿੰਸੀਪਲ ਸਕੂਲ ਆਫ਼ ਐਮੀਨੈਂਸ ਫਿਲੌਰ ਤਰਲੋਕ ਸਿੰਘ, ਚੇਅਰਮੈਨ ਐਸ.ਐਸ.ਸੀ. ਕਮੇਟੀ ਡਾ. ਵੈਭਵ ਸ਼ਰਮਾ, ਸਕੱਤਰ ਰੈੱਡ ਕਾਰਸ ਸੁਸਾਇਟੀ ਸੁਰਜੀਤ ਲਾਲ ਅਤੇ ਸਕੂਲ ਦਾ ਸਮੁੱਚਾ ਸਟਾਫ਼ ਮੌਜੂਦ ਸੀ।



## ਹਰਿਆਣਾ ਅਤੇ ਅਫਰੀਕਾ ਦੀ ਸਾਂਝੇਦਾਰੀ ਨਾਲ ਵਿਕਾਸ ਨੂੰ ਮਿਲੇਗੀ ਗਤੀ : ਸੈਣੀ

**ਚੰਡੀਗੜ੍ਹ** - ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਵਿਸ਼ਵ ਸਹਿਯੋਗ ਦੇ ਨਵੇਂ ਦੌਰ ਵਿੱਚ ਹਰਿਆਣਾ ਅਫ਼ਰੀਕੀ ਦੇਸ਼ਾਂ ਨਾਲ ਆਪਣੇ ਸਬੰਧਾਂ ਨੂੰ ਹੋਰ ਮਜ਼ਬੂਤ ਅਤੇ ਵਿਆਪਕ ਬਣਾਉਣ ਦੀ ਦਿਸ਼ਾ ਵਿੱਚ ਤੇਜ਼ੀ ਨਾਲ ਅੱਗੇ ਵਧ ਰਿਹਾ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਨਾ ਸਿਰਫ਼ ਉਦਯੋਗਿਕ ਅਤੇ ਆਰਥਿਕ ਖੇਤਰ ਵਿੱਚ ਮੋਹਰੀ ਸੂਬੇ ਵਜੋਂ ਉਭਰਿਆ ਹੈ, ਸਗੋਂ ਖੇਤੀਬਾੜੀ, ਪਸ਼ੂ ਪਾਲਣ, ਡੇਅਰੀ, ਬਾਗਬਾਨੀ ਅਤੇ ਹੋਰ ਸਬੰਧਤ ਸੈਕਟਰ ਵਿੱਚ ਵੀ ਆਪਣੀ ਵਿਸ਼ੇਸ਼ ਪਛਾਣ ਸਥਾਪਿਤ ਕਰ ਚੁੱਕਾ ਹੈ। ਸ੍ਰੀ ਨਾਇਬ ਸਿੰਘ ਸੈਣੀ ਸ਼ਨੀਵਾਰ ਨੂੰ 'ਭਾਰਤ ਇਲੈਕਟ੍ਰੀਸਿਟੀ ਸਮਿਟ– 2026' ਦੇ ਤਹਿਤ ਨਵੀਂ ਦਿੱਲੀ ਵਿੱਚ ਆਯੋਜਿਤ ਭਾਰਤ-ਅਫਰੀਕਾ ਰਣਨੀਤਕ ਸਾਂਝੇਦਾਰੀ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਪ੍ਰੋਗਰਾਮ ਦੀ ਪ੍ਰਧਾਨਗੀ ਕੇਂਦਰੀ ਊਰਜਾ ਅਤੇ ਹਾਊਸਿੰਗ ਮੰਤਰੀ ਸ੍ਰੀ ਮਨੋਹਰ ਲਾਲ ਨੇ ਕੀਤੀ, ਜਦ ਕਿ ਕੇਂਦਰੀ ਊਰਜਾ ਅਤੇ ਨਵੀਨ ਤੇ ਨਵੀਣੀਕਰਣੀ ਊਰਜਾ ਰਾਜ ਮੰਤਰੀ ਸ੍ਰੀ ਸ੍ਰੀਪਦ ਯੈਸੋ ਨਾਇਕ ਨੇ ਵੀ ਸਮਿਟ ਨੂੰ ਸੰਬੋਧਨ ਕੀਤਾ।ਅਫ਼ਰੀਕੀ ਦੇਸ਼ਾਂ ਦੇ ਮੰਤਰੀਆਂ, ਪ੍ਰਤੀਨਿਧਾਂ ਅਤੇ ਮਾਣਯੋਗ ਵਿਅਕਤੀਆਂ ਨੂੰ ਸੰਬੋਧਿਤ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਅਤੇ ਅਫ਼ਰੀਕਾ ਵਿਚਾਲੇ ਸਬੰਧ ਸਿਰਫ਼ ਵਪਾਰਕ ਲੈਣ-ਦੇਣ ਤੱਕ ਸੀਮਤ ਨਹੀਂ ਹਨ, ਸਗੋਂ ਇਹ ਰਿਸ਼ਤੇ ਬਿਜ਼ਨਸ ਟੂ ਬਿਜ਼ਨਸ ਤੋਂ ਅੱਗੇ ਵਧ ਕੇ ਹਾਰਟ ਟੂ ਹਾਰਟ ਦੇ ਹਨ।ਮੁੱਖ ਮੰਤਰੀ ਨੇ ਭਰੋਸਾ ਪ੍ਰਗਟਾਇਆ ਕਿ ਆਉਣ ਵਾਲੇ ਸਮੇਂ ਵਿੱਚ ਹਰਿਆਣਾ ਅਤੇ ਅਫ਼ਰੀਕੀ ਦੇਸ਼ਾਂ ਵਿਚਾਲੇ ਸਹਿਯੋਗ ਦੇ ਨਵੇਂ ਆਯਾਮ ਸਥਾਪਿਤ ਹੋਣਗੇ, ਜਿਸ ਨਾਲ ਨਾ ਸਿਰਫ਼ ਆਰਥਿਕ ਪ੍ਰਗਤੀ ਨੂੰ ਗਤੀ ਮਿਲੇਗੀ, ਸਗੋਂ ਵਿਸ਼ਵ ਪੱਧਰ 'ਤੇ ਸਾਂਝੇ ਵਿਕਾਸ ਅਤੇ ਖੁਸ਼ਹਾਲੀ ਦੇ ਟੀਚੇ ਨੂੰ ਵੀ ਸਾਕਾਰ ਕੀਤਾ ਜਾ ਸਕੇਗਾ।ਉਨ੍ਹਾਂ ਕਿਹਾ ਕਿ ਇਹ ਆਯੋਜਨ ਸਿਰਫ਼ ਇੱਕ ਅੰਤਰਰਾਸ਼ਟਰੀ ਬੈਠਕ ਨਹੀਂ ਹੈ, ਸਗੋਂ ਸਹਿਯੋਗ ਅਤੇ ਸਮੂਹਿਕ ਵਿਕਾਸ ਰਾਹੀਂ ਬਿਹਤਰ ਭਵਿੱਖ ਦੇ ਨਿਰਮਾਣ ਦਾ ਇੱਕ ਸਾਂਝਾ ਮੰਚ ਹੈ।

## ਮੋਰਿੰਡਾ ਸ਼ੂਗਰ ਮਿੱਲ ਕਿਸੇ ਹੋਰ ਜਗ੍ਹਾ ਨਹੀਂ ਜਾਣ ਦਿੱਤੀ ਜਾਵੇਗੀ : ਭੰਗੂ, ਕਕਰਾਲੀ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਸ਼ੇਰ ਏ ਪੰਜਾਬ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਗੁਰਿੰਦਰ ਸਿੰਘ ਭੰਗੂ ਦੀ ਅਗਵਾਈ ਵਿੱਚ ਸ਼ੂਗਰ ਮਿੱਲ ਮੋਰਿੰਡਾ ਦੇ ਜਨਰਲ ਮੈਨੇਜਰ ਨੂੰ ਮਿਲ ਕੇ ਗੰਨਾ ਕਾਸ਼ਤਕਾਰਾਂ ਦੀ ਮੰਗ ਨੂੰ ਮੁੱਖ ਰੱਖਦਿਆਂ ਕਿ ਇਸ ਵਾਰ ਹੜ੍ਹਾਂ ਦੇ ਕਾਰਨ ਜਾਂ ਕੁਦਰਤੀ ਕਰੋਪੀ ਕਾਰਨ ਪੂਰੇ ਪੰਜਾਬ ਵਿੱਚ ਹੀ ਗੰਨੇ ਦਾ ਝਾੜ ਪ੍ਰਤੀ ਏਕੜ 70 ਤੋਂ 100 ਕੁਇੰਟਲ ਘੱਟ ਨਿਕਲਿਆ ਹੈ। ਜਿਸ ਕਾਰਨ ਗੰਨਾ ਕਾਸਤਕਾਰਾਂ ਨੂੰ ਕਾਫੀ ਘਾਟਾ ਪਿਆ ਹੈ। ਇਸ ਲਈ ਗੰਨਾ ਕਾਸ਼ਤਕਾਰਾਂ ਦੀ ਬੌਂਡ ਪੈਨਲਟੀ ਨਾ ਕੱਟੀ ਜਾਵੇ। ਇਸ ਦੀ ਕਾਪੀ ਸ਼ੂਗਰ ਮਿੱਲ ਮੈਨੇਜਰ ਨੂੰ ਸੌਂਪੀ ਗਈ ਅਤੇ ਇੱਕ ਕਾਪੀ ਕੇਨ ਕਮਿਸ਼ਨਰ ਨੂੰ ਮੇਲ ਕੀਤੀ ਗਈ ਅਤੇ ਇੱਕ ਕਾਪੀ ਬੋਰਡ ਆਫ ਡਾਇਰੈਕਟਰ ਨੂੰ ਭੇਜੀ ਗਈ ਹੈ। ਗੁਰਿੰਦਰ ਸਿੰਘ ਭੰਗੂ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 2 ਮਾਰਚ ਨੂੰ ਸ਼ੂਗਰ ਫੈਂਡ ਪੰਜਾਬ ਮੋਹਾਲੀ ਦੇ ਦਫਤਰ ਵਿਖੇ ਵਧੀਕ ਵਿੱਤ ਕਮਿਸ਼ਨਰ ਸਹਿਕਾਰਤਾ ਵਿਭਾਗ, ਪ੍ਰਬੰਧਕ ਨਿਰਦੇਸ਼ਕ, ਸ਼ੂਗਰ ਫੈਡ ਪੰਜਾਬ ਸਮੇਤ ਅਤੇ ਮੋਰਿੰਡਾ ਸ਼ੂਗਰ ਮਿਲ ਦੇ ਜਨਰਲ ਮੈਨੇਜਰ ਅਤੇ ਹੋਰ ਸ਼ੂਗਰ ਮਿੱਲਾਂ ਦੇ ਜਨਰਲ ਮੈਨੇਜਰ ਮੀਟਿੰਗ ਵਿੱਚ ਸ਼ਾਮਿਲ ਹੋਏ। ਜਿਸ ਵਿੱਚ ਇਹ ਗੱਲਬਾਤ ਨਿਕਲ ਕੇ ਆਈ ਕਿ ਮੋਰਿੰਡਾ ਸ਼ੂਗਰ ਮਿੱਲ, ਬੁੱਢੇਵਾਲ ਸ਼ੂਗਰ ਮਿੱਲ ਅਤੇ ਨਵਾਂ ਸ਼ਹਿਰ ਸ਼ੂਗਰ ਮਿੱਲ ਨੂੰ ਬੰਦ ਕਰਕੇ ਇੱਕ ਵੱਡਾ ਪਲਾਂਟ ਲਗਾ ਦਿੱਤਾ ਜਾਵੇ ਜਿਸ ਦੀ ਜਗ੍ਹਾ ਦਾ ਪ੍ਰਬੰਧ ਕਰਾਉਣ ਲਈ ਕਈ ਅਫਸਰਾਂ ਦੀਆਂ ਡਿਊਟੀਆਂ ਲੱਗੀਆਂ । ਇਸ ਦਾ ਸ਼ੇਰੇ ਪੰਜਾਬ ਜਥੇਬੰਦੀ ਵੱਲੋਂ ਸਖਤ ਵਿਰੋਧ ਕੀਤਾ ਗਿਆ।ਉਨ੍ਹਾਂ ਕਿਹਾ ਕਿ ਮੋਰਿੰਡਾ ਸ਼ੂਗਰ ਮਿਲ ਹੋਰ ਕਿਤੇ ਨਹੀਂ ਜਾਣ ਦਿੱਤੀ ਜਾਵੇਗੀ। ਇਸ ਲਈ ਵੱਡਾ ਸੰਘਰਸ਼ ਕੀਤਾ ਜਾਵੇਗਾ। ਇਸ ਮੌਕੇ ਜ਼ਿਲ੍ਹਾ ਰੂਪਨਗਰ ਦੇ ਪ੍ਰਧਾਨ ਮਲਕੀਤ ਸਿੰਘ ਸੇਖੋਂ ਕਕਰਾਲੀ, ਸੂਬਾ ਆਗੂ ਪ੍ਰੋਫੈਸਰ ਬਲਿੰਦਰ ਸਿੰਘ ਹਾਜ਼ਰ ਸਨ।



## ਕਾਂਸ਼ੀ ਰਾਮ ਦੇ ਨਾਂਅ 'ਤੇ ਰਾਜਨੀਤੀ ਕਰ ਰਹੇ ਹਨ ਵਿਰੋਧੀ : ਬਸਪਾ ਆਗੂ

**ਆਦਮਪੁਰ (ਪਰਮਜੀਤ ਸਿੰਘ)**:- ਬਹੁਜਨ ਸਮਾਜ ਪਾਰਟੀ (ਬਸਪਾ) ਦੇ ਆਗੂਆਂ ਵੱਲੋਂ ਇੱਥੇ ਕੀਤੀ ਪ੍ਰੈਸ ਕਾਨਫਰੰਸ ਵਿਚ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਪਵਨ ਕੁਮਾਰ ਟੀਨੂ ਤੇ ਕਾਂਗਰਸ ਦੇ ਵਿਧਾਇਕ ਸੁਖਵਿੰਦਰ ਕੋਟਲੀ ਵਲੋਂ ਬਸਪਾ ਸੰਸਥਾਪਕ ਸਾਹਿਬ ਕਾਂਸ਼ੀ ਰਾਮ ਦੇ ਨਾਂ 'ਤੇ ਕੀਤੀ ਜਾ ਰਹੀ ਹੋਛੀ ਰਾਜਨੀਤੀ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ । ਪ੍ਰੈਸ ਨਾਲ ਗੱਲਬਾਤ ਕਰਦਿਆਂ ਬਸਪਾ ਸੂਬਾ ਜਨਰਲ ਸਕੱਤਰ ਤੇ ਹਲਕਾ ਆਦਮਪੁਰ ਇੰਚਾਰਜ ਬਲਵਿੰਦਰ ਕੁਮਾਰ ਐਡਵੋਕੇਟ, ਸੂਬਾ ਸਕੱਤਰ ਇੰਜ ਜਸਵੰਤ ਰਾਏ , ਪਾਰਟੀ ਦੇ ਸੀਨੀਅਰ ਆਗੂ ਤੇ ਕੌਂਸਲਰ ਮਦਨ ਲਾਲ ਮੱਦੀ, ਬਲਦੇਵ ਸਲਾਲਾ, ਹਰਜਿੰਦਰ ਬਿੱਲਾ ਨੇ ਕਿਹਾ ਕਿ ਜਿਸ ਤਰ੍ਹਾਂ ਦੀ ਹੋਛੀ ਰਾਜਨੀਤੀ ਪਵਨ ਕੁਮਾਰ ਟੀਨੂੰ ਤੇ ਸੁਖਵਿੰਦਰ ਕੋਟਲੀ ਵਲੋਂ ਸਾਹਿਬ ਕਾਂਸ਼ੀ ਰਾਮ ਜੀ ਦੇ ਨਾਂ 'ਤੇ ਕੀਤੀ ਜਾ ਰਹੀ ਹੈ, ਉਸ ਨੂੰ ਲੈ ਕੇ ਸਾਹਿਬ ਕਾਂਸ਼ੀ ਰਾਮ ਦੇ ਪੈਰੋਕਾਰਾਂ ਵਿੱਚ ਕਾਫੀ ਗੁੱਸਾ ਤੇ ਰੋਸ ਹੈ ਉਹਨਾਂ ਕਿਹਾ ਕਿ ਇਹਨਾਂ ਦੋਵੇਂ ਆਗੂਆਂ ਦਾ ਸਾਹਿਬ ਕਾਂਸ਼ੀ ਰਾਮ ਵੱਲੋਂ ਸਥਾਪਿਤ ਪਾਰਟੀ ਤੇ ਵਿਚਾਰਧਾਰਾ ਨਾਲ ਕੋਈ ਲੈਣਾ ਦੇਣਾ ਨਹੀਂ ਹੈ ਤੇ ਆਪਣੇ ਨਿੱਜੀ ਹਿੱਤਾਂ ਦੀ ਪੂਰਤੀ ਲਈ ਇਹ ਦੋਵੇਂ ਆਗੂ ਉਹਨਾਂ ਨੂੰ ਸਾਲਾਂ ਤੋਂ ਹੀ ਛੱਡ ਚੁੱਕੇ ਹਨ। ਇਹ ਜਾਣਦੇ ਹਨ ਕਿ ਖਾਸ ਕਰ ਹਲਕਾ ਆਦਮਪੁਰ ਵਿੱਚ ਸਾਹਿਬ ਕਾਂਸ਼ੀ ਰਾਮ ਜੀ ਦੇ ਵੱਡੀ ਗਿਣਤੀ ਦੇ ਵਿੱਚ ਪੈਰੋਕਾਰ ਹਨ ਇਸ ਕਰਕੇ ਸਿਰਫ ਵੋਟਾਂ ਦੇ ਲਾਲਚ ਵਿੱਚ ਹੀ ਉਨ੍ਹਾਂ ਦੇ ਨਾਂ 'ਤੇ ਰਾਜਨੀਤੀ ਕਰਨ ਲੱਗੇ ਹੋਏ ਹਨ ਜਿਸ ਨੂੰ ਬਸਪਾ ਕਦੇ ਮਨਜ਼ੂਰ ਨਹੀਂ ਕਰੇਗੀ । ਬਸਪਾ ਆਗੂਆਂ ਨੇ ਕਿਹਾ ਕਿ ਇਹਨਾਂ ਵੱਲੋਂ ਆਪ ਤੇ ਕਾਂਗਰਸ ਵਿੱਚ ਰਹਿੰਦਿਆਂ ਬਸਪਾ ਸੰਸਥਾਪਕ ਸਾਹਿਬ ਕਾਂਸ਼ੀ ਰਾਮ ਦਾ ਨਾਂ ਲੈਣਾ ਇਹ ਵੀ ਸਥਾਪਿਤ ਕਰਦਾ ਹੈ ਕਿ ਇਹਨਾਂ ਦੀਆਂ ਖੁਦ ਦੀਆਂ ਪਾਰਟੀਆਂ ਲੋਕਾਂ ਅੱਗੇ ਮਹਤਵਹੀਨ ਹੋ ਚੁੱਕੀਆਂ ਹਨ। ਉਹਨਾਂ ਇਹ ਵੀ ਕਿਹਾ ਕਿ ਕਾਂਗਰਸ ਲਗਾਤਾਰ ਪਹਿਲਾਂ ਬਾਬਾ ਸਾਹਿਬ ਦਾ ਵਿਰੋਧ ਕਰਦੀ ਰਹੀ ਤੇ ਉਹ ਸਾਹਿਬ ਕਾਂਸ਼ੀ ਰਾਮ ਦਾ ਵੀ ਕਦੇ ਸਨਮਾਨ ਨਹੀਂ ਕਰ ਸਕੀ ਇਥੋਂ ਤੱਕ ਕੀ ਕਾਂਗਰਸ ਆਗੂ ਰਾਹੁਲ ਗਾਂਧੀ ਸਾਹਿਬ ਕਾਂਸ਼ੀ ਰਾਮ ਦੇ ਖਿਲਾਫ ਬੋਲਦੇ ਰਹੇ ਹਨ ਪਰ ਹੁਣ ਜਦੋਂ ਇਹਨਾਂ ਨੂੰ ਲੱਗਦਾ ਕਿ ਇਹਨਾਂ ਤੋਂ ਬਹੁਜਨ ਸਮਾਜ ਦੂਰ ਹੋ ਰਿਹਾ ਹੈ ਇਹ ਸਿਰਫ ਆਪਣੀ ਰਾਜਨੀਤੀ ਲਈ ਨਾਂ ਲੈ ਰਹੇ ਹਨ ਇਸ ਤਰਾਂ ਹੀ ਆਪ ਨੇ ਪਹਿਲਾਂ ਬਾਬਾ ਸਾਹਿਬ ਤੇ ਭਗਤ ਸਿੰਘ ਦੇ ਨਾਂ 'ਤੇ ਰਾਜਨੀਤੀ ਕੀਤੀ ਪਰ ਇਹਨਾਂ ਦੇ ਅਸੂਲਾਂ 'ਤੇ ਪੂਰੀ ਨਹੀਂ ਉਤਰੀ ਤੇ ਹੁਣ ਆਪ ਦੇ ਆਗੂ ਸਿਰਫ ਨਿਜੀ ਹਿੱਤਾਂ ਦੇ ਲਈ ਸਾਹਿਬ ਕਾਂਸ਼ੀ ਰਾਮ ਦਾ ਨਾਂ ਲੈ ਰਹੇ ਹਨ ਜਦ ਕਿ ਅਸਲ ਵਿੱਚ ਇਹ ਲੋਕ ਕਾਂਸ਼ੀ ਰਾਮ ਦੀ ਵਿਚਾਰਧਾਰਾ ਦੇ ਖਿਲਾਫ ਹਨ। ਇਸ ਮੌਕੇ ਬਸਪਾ ਆਗੂ ਸੋਮਪਾਲ ਪ੍ਰਿੰਸੀਪਲ ਤੇ ਸੁਖਵਿੰਦਰ ਚੁਖਿਆਰਾ ਵੀ ਮੌਜੂਦ ਸਨ।



## 23 ਨੂੰ 'ਸਾਮਰਾਜ ਵਿਰੋਧੀ ਸ਼ਹੀਦੀ ਦਿਹਾੜਾ' ਮਨਾਉਣ ਦਾ ਐਲਾਨ

**ਡੇਰਾਬੱਸੀ, (ਵਿਨੈ ਕੁਮਾਰ ਜੈਨ)** ਸਥਾਨਕ ਸੁਖਮਣੀ ਇੰਟਰਨੈਸ਼ਨਲ ਸਕੂਲ ਦੇ ਗੇਟ ਅੱਗੇ ਆਪਣੀਆਂ ਮੰਗਾਂ ਨੂੰ ਲੈ ਕੇ ਕਰਮਚਾਰੀਆਂ ਵੱਲੋਂ ਸ਼ੁਰੂ ਕੀਤਾ ਗਿਆ ਪੱਕਾ ਧਰਨਾ ਪੂਰੇ ਜੋਸ਼ੋ-ਖ਼ਰੋਸ਼ ਨਾਲ ਜਾਰੀ ਰਿਹਾ।ਧਰਨੇ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਸੰਯੁਕਤ ਕਿਸਾਨ ਮੋਰਚਾ ਅਤੇ ਵੱਖ-ਵੱਖ ਟ੍ਰੇਡ ਯੂਨੀਅਨਾਂ ਦੇ ਆਗੂਆਂ ਨੇ ਸਕੂਲ ਮੈਨੇਜਮੈਂਟ ਦੇ ਅੜੀਅਲ ਵਤੀਰੇ ਦੀ ਸਖ਼ਤ ਨਿਖੇਧੀ ਕਰਦਿਆਂ ਐਲਾਨ ਕੀਤਾ ਕਿ 23 ਮਾਰਚ ਨੂੰ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਨੂੰ ਇਸ ਵਾਰ 'ਸਾਮਰਾਜ ਵਿਰੋਧੀ ਦਿਵਸ' ਵਜੋਂ ਇਸੇ ਧਰਨੇ ਵਾਲੀ ਥਾਂ 'ਤੇ ਇੱਕ ਵੱਡੇ ਜਨਤਕ ਇਕੱਠ ਦੇ ਰੂਪ ਵਿੱਚ ਮਨਾਇਆ ਜਾਵੇਗਾ।ਧਰਨੇ ਨੂੰ ਸੰਬੋਧਨ ਕਰਦਿਆਂ ਪੀ ਆਰ ਟੀ ਸੀ ਵਰਕਰ ਯੂਨੀਅਨ ਪੰਜਾਬ ਦੇ ਆਗੂ ਜਗਤਾਰ ਸਿੰਘ ਬਟੋਲੀ, ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਕਰਮ ਸਿੰਘ ਬਰੋਲੀ, ਮਨਪ੍ਰੀਤ ਸਿੰਘ ਅਮਲਾਲਾ, ਰਣਜੀਤ ਸਿੰਘ ਭਗਵਾਸ ਅਤੇ ਪੰਜਾਬ ਏਟਕ ਦੇ ਉਪ ਪ੍ਰਧਾਨ ਵਿਨੋਦ ਚੁੱਘ ਨੇ ਸਾਂਝੇ ਤੌਰ 'ਤੇ ਕਿਹਾ ਕਿ ਸੁਖਮਣੀ ਇੰਟਰਨੈਸ਼ਨਲ ਸਕੂਲ ਦੀ ਮੈਨੇਜਮੈਂਟ ਵੱਲੋਂ 15 ਕਰਮਚਾਰੀਆਂ ਨੂੰ ਗੈਰ-ਕਾਨੂੰਨੀ ਢੰਗ ਨਾਲ ਨੌਕਰੀ ਤੋਂ ਕੱਢਣਾ ਸਰਾਸਰ ਧੱਕੇਸ਼ਾਹੀ ਹੈ। ਉਨ੍ਹਾਂ ਕਿਹਾ ਕਿ ਜਦੋਂ ਤੱਕ ਇਨ੍ਹਾਂ ਕਰਮਚਾਰੀਆਂ ਨੂੰ ਸਨਮਾਨ ਸਹਿਤ ਬਹਾਲ ਨਹੀਂ ਕੀਤਾ ਜਾਂਦਾ, ਸੰਘਰਸ਼ ਲਗਾਤਾਰ ਜਾਰੀ ਰਹੇਗਾ।



## ਨਵੀਂ ਹੁੰਡਈ ਐਕਸਟਰ ਲਾਂਚ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਹੁੰਡਈ ਮੋਟਰ ਇੰਡੀਆ ਲਿਮਟਿਡ (ਐਚ ਐਮ ਆਈ ਐਲ) ਨੇ ਨਵੀਂ ਹੁੰਡਈ ਐਕਸਟਰ ਲਾਂਚ ਕਰਨ ਦਾ ਐਲਾਨ ਕੀਤਾ।ਨਵੀਂ ਹੁੰਡਈ ਐਕਸਟਰ ਬ੍ਰਾਂਡ ਦੀ ਪ੍ਰਸਿੱਧ ਕੰਪੈਕਟ ਐਸਯੂਵੀ ਦਾ ਇੱਕ ਸਟਾਈਲਿਸ਼ ਅਤੇ ਬੋਲਡ ਵਿਕਾਸ ਹੈ। ਗਾਹਕਾਂ ਅਤੇ ਆਲੋਚਕਾਂ ਦੋਵਾਂ ਦੁਆਰਾ ਇਸ ਦੀ ਸੁਧਰੀ ਕਾਰਗੁਜ਼ਾਰੀ, ਭਰੋਸੇਮੰਦ ਪਾਵਰਟ੍ਰੇਨ ਅਤੇ ਬਹੁਪੱਖੀਤਾ ਲਈ ਪ੍ਰਸ਼ੰਸਾ ਕੀਤੀ ਗਈ। ਸੀ ਈ ਓ ਤਰੁਣ ਗਰਗ ਨੇ ਕਿਹਾ, ਆਪਣੀ ਸ਼ੁਰੂਆਤ ਤੋਂ ਹੀ, ਹੁੰਡਈ ਐਕਸਟਰ ਨੂੰ ਭਰਵਾਂ ਹੁੰਗਾਰਾ ਮਿਲਿਆ ਹੈ, ਜਿਸ ਨਾਲ ਪੂਰੇ ਭਾਰਤ ਵਿੱਚ 2 ਲੱਖ ਤੋਂ ਵੱਧ ਗਾਹਕਾਂ ਦਾ ਵਿਸ਼ਵਾਸ ਪ੍ਰਾਪਤ ਹੋਇਆ ਹੈ।

## ਵਿਧਾਇਕਾ ਸੰਤੋਸ਼ ਕਟਾਰੀਆ ਨੇ 4 ਪੰਚਾਇਤਾਂ ਨੂੰ 5-5 ਲੱਖ ਰੁਪਏ ਦੇ ਚੈੱਕ ਦਿੱਤੇ



**ਬਲਾਚੌਰ/ ਪੋਜੇਵਾਲ (ਜਸਵਿੰਦਰ ਬੈਂਸ/ ਰਾਮ ਲਾਲ)**- ਹਲਕਾ ਬਲਾਚੌਰ ਤੋਂ ਵਿਧਾਇਕਾ ਸੰਤੋਸ਼ ਕਟਾਰੀਆ ਵੱਲੋਂ ਇਲਾਕੇ ਦੇ ਪਿੰਡਾਂ ਵਿੱਚ ਵਿਕਾਸ ਦੀ ਗਤੀ ਨੂੰ ਤੇਜ਼ ਕਰਨ ਅਤੇ ਭਾਈਚਾਰਕ ਸਾਂਝ ਨੂੰ ਉਤਸ਼ਾਹਿਤ ਕਰਨ ਦੇ ਮਕਸਦ ਨਾਲ ਪਿੰਡਾ ਵਿੱਚ ਵਿਸ਼ੇਸ਼ ਸਮਾਗਮ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਨੇ ਸਰਬਸੰਮਤੀ ਨਾਲ ਚੁਣੀਆਂ ਗਈਆਂ ਪੰਚਾਇਤਾਂ ਭੂਰੀਵਾਲੇ ਮਾਲੇਵਾਲ, ਚੰਦਿਆਣੀ ਕਲਾਂ, ਮੰਗੂਪੁਰ ਅਤੇ ਕੁੱਕੜ ਸੂਹਾ ਨੂੰ ਪੰਜ-ਪੰਜ ਲੱਖ ਰੁਪਏ ਦੇ ਪ੍ਰੋਤਸਾਹਨ ਚੈੱਕ ਭੇਟ ਕੀਤੇ।ਸਮਾਗਮ ਨੂੰ ਸੰਬੋਧਨ ਕਰਦਿਆਂ ਵਿਧਾਇਕਾ ਕਟਾਰੀਆ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸਰਬਸੰਮਤੀ ਨਾਲ ਚੁਣੀਆਂ ਗਈਆਂ ਪੰਚਾਇਤਾਂ ਪਿੰਡਾਂ ਵਿੱਚ ਧੜੇਬੰਦੀ ਖ਼ਤਮ ਕਰਕੇ ਏਕਤਾ ਦਾ ਸਬੂਤ ਦਿੰਦੀਆਂ ਹਨ।ਉਨ੍ਹਾਂ ਪੰਚਾਇਤ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਇਹ ਫੰਡ ਪੂਰੀ ਇਮਾਨਦਾਰੀ ਅਤੇ ਲੋਕ-ਭਾਗੀਦਾਰੀ ਨਾਲ ਵਿਕਾਸ ਕਾਰਜਾਂ 'ਤੇ ਖਰਚੇ ਜਾਣ।ਇਸ ਮੌਕੇ ਸੀਨੀਅਰ 'ਆਪ' ਆਗੂ ਅਸ਼ੋਕ ਕਟਾਰੀਆ ਨੇ ਵੀ ਸੰਬੋਧਨ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਪਿੰਡਾਂ ਦੀ ਸਿਆਸਤ ਵਿੱਚੋਂ ਕੜਵਾਹਟ ਖ਼ਤਮ ਕਰਕੇ ਵਿਕਾਸ ਦੀ ਨਵੀਂ ਇਬਾਰਤ ਲਿਖ ਰਹੀ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਪਿੰਡਾਂ ਦੇ ਸਰਪੰਚਾਂ ਅਤੇ ਪੰਚਾਂ ਨੇ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਰਾਸ਼ੀ ਪਿੰਡਾਂ ਦੀ ਨੁਹਾਰ ਬਦਲਣ ਵਿੱਚ ਮੀਲ ਦਾ ਪੱਥਰ ਸਾਬਤ ਹੋਵੇਗੀ।

## ਗੁਰਦੁਆਰਾ ਜਨਮ ਅਸਥਾਨ ਸੰਤ ਬਾਬਾ ਨਿਧਾਨ ਸਿੰਘ ਵਿਖੇ ਗੁਰਮਤਿ ਸਮਾਗਮ ਸਮਾਪਤ

**ਮੇਹਟਿਆਣਾ (ਜਗਤਾਰ ਸਿੰਘ ਭੂੰਗਰਨੀ)**- ਗੁਰਦੁਆਰਾ ਜਨਮ ਅਸਥਾਨ ਸੰਤ ਬਾਬਾ ਨਿਧਾਨ ਸਿੰਘ ਪਿੰਡ ਨਡਾਲੋਂ ਵਿਖੇ ਸੰਤ ਬਾਬਾ ਨਰਿੰਦਰ ਸਿੰਘ ਸੰਤ ਬਾਬਾ ਬਲਵਿੰਦਰ ਸਿੰਘ ਸ੍ਰੀ ਹਜ਼ੂਰ ਸਾਹਿਬ ਵਾਲਿਆਂ ਦੀ ਸਰਪ੍ਰਸਤੀ ਅਤੇ ਜਥੇਦਾਰ ਬਾਬਾ ਗੁਰਮੀਤ ਸਿੰਘ ਕਾਰ ਸੇਵਾ ਵਾਲਿਆਂ ਦੀ ਦੇਖ-ਰੇਖ ਹੇਠ ਮੱਸਿਆ ਦੇ ਦਿਹਾੜੇ ਨੂੰ ਸਮਰਪਿਤ ਮਨਾਇਆ 3 ਦਿਨਾ ਧਾਰਮਿਕ ਸਮਾਗਮ ਸਮਾਪਤ ਹੋ ਗਿਆ। ਪਹਿਲਾਂ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਉਪਰੰਤ ਗੁਰਮਤਿ ਸਮਾਗਮ ਦੌਰਾਨ ਭਾਈ ਵੀਰ ਜਤਿੰਦਰ ਸਿੰਘ ਮਲਕਪੁਰ ਵਾਲੇ, ਭਾਈ ਸੁਖਦੇਵ ਸਿੰਘ ਖਾਲਸਾ ਨਡਾਲੋਂ ਤੇ ਹੋਰ ਜਥਿਆਂ ਨੇ ਆਈਆਂ ਸੰਗਤਾਂ ਨੂੰ ਗੁਰਬਾਣੀ ਕਥਾ-ਕੀਰਤਨ ਰਾਹੀਂ ਨਿਹਾਲ ਕੀਤਾ। ਇਸ ਮੌਕੇ ਜਿੱਥੇ ਮੰਚ ਸੰਚਾਲਨ ਦੀ ਸੇਵਾ ਬਾਬਾ ਜਰਨੈਲ ਸਿੰਘ ਨਡਾਲੋਂ ਨੇ ਬਾਖੂਬੀ ਨਿਭਾਈ ਉੱਥੇ ਸ੍ਰੀ ਦਰਬਾਰ ਸਾਹਿਬ ਤੇ ਸ੍ਰੀ ਆਕਾਲ ਤਖ਼ਤ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਪਹੁੰਚੇ ਸਿੰਘ ਸਾਹਿਬਾਨ ਤੇ ਹੋਰ ਪ੍ਰਮੁੱਖ ਸਖ਼ਸ਼ੀਅਤਾਂ ਨੂੰ ਗੁਰੂ ਘਰ ਦੀ ਬਖ਼ਸ਼ੀਸ਼ ਸਿਰੋਪਾਓ ਦੇ ਕੇ ਸਨਮਾਨਿਤ ਜਥੇਦਾਰ ਬਾਬਾ ਗੁਰਮੀਤ ਸਿੰਘ ਕਾਰ ਸੇਵਾ ਵਾਲਿਆਂ ਨੇ ਕੀਤਾ। ਇਸ ਮੌਕੇ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਪਹੁੰਚੇ ਗਿਆਨੀ ਜਗਤਾਰ ਸਿੰਘ ,ਗਿਆਨੀ ਜੋਗਿੰਦਰ ਸਿੰਘ , ਭਾਈ ਦਿਲਬਾਗ ਸਿੰਘ , ਭਾਈ ਅਮਰਜੀਤ ਸਿੰਘ ਤੇ ਭਾਈ ਜਗਦੀਪ ਸਿੰਘ ਵੱਲੋਂ ਵੀ ਜਥੇਦਾਰ ਬਾਬਾ ਗੁਰਮੀਤ ਸਿੰਘ ਨੂੰ ਸਾਂਝੇ ਤੌਰ 'ਤੇ ਗੁਰੂ ਘਰ ਦੀ ਬਖ਼ਸ਼ੀਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹੈੱਡ ਗ੍ਰੰਥੀ ਭਾਈ ਅਕਾਸ਼ਦੀਪ ਸਿੰਘ ਬਾਸਰਕੇ ਗਿੱਲਾਂ, ਅਮਰਜੀਤ ਸਿੰਘ ਖਾਲਸਾ ਜਾਂਗਲੀਆਣਾ, ਲਖਵਿੰਦਰ ਸਿੰਘ ਬਿੰਦਾ, ਧਰਮਿੰਦਰ ਸਿੰਘ ਸੋਨੂੰ, ਦਲਵੀਰ ਸਿੰਘ ਭੱਟੀ, ਦਿਲਾਵਰ ਸਿੰਘ, ਗੁਰਚਰਨ ਸਿੰਘ, ਕੁਲਦੀਪ ਸਿੰਘ ਨਡਾਲੋਂ, ਕਿਸ਼ਨ ਸਿੰਘ ਲਾਂਗਰੀ, ਬਾਬਾ ਬਿੰਦਰ ਸਿੰਘ, ਨਵਜੋਤ ਕੌਰ, ਹਰਭਜਨ ਕੌਰ, ਮੰਨਤ ਸਿੰਘ, ਬਲਵੰਤ ਕੌਰ ਭਾਣਾ, ਬੀਬੀ ਸੁਰਿੰਦਰ ਕੌਰ ਮਾਹਿਲਪੁਰ, ਗੁਰਅਵਤਾਰ ਸਿੰਘ, ਰਜਿੰਦਰ ਕੌਰ, ਬੀਬੀ ਸ਼ਿੰਦੋ, ਸੁਖਜੀਤ ਕੌਰ, ਕਮਲਜੀਤ ਕੌਰ, ਕਰਮਜੀਤ ਕੌਰ, ਸਨੀ ਕੁਮਾਰ, ਪ੍ਰਮੀਲਾ ਕੌਰ, ਨੰਬਰਦਾਰ ਨਾਜ਼ਰ ਸਿੰਘ ਨਸੀਰਬਾਦ ਆਦਿ ਹਾਜ਼ਰ ਸਨ।



## ਸ਼੍ਰੋਮਣੀ ਅਕਾਲੀ ਦਲ ਦੇ ਆਰ ਟੀ ਆਈ ਸੈੱਲ ਦੀਆਂ ਨਵੀਆਂ ਨਿਯੁਕਤੀਆਂ

**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ)**
ਸ਼੍ਰੋਮਣੀ ਅਕਾਲੀ ਦਲ ਵੱਲੋਂ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਦਿਆਂ ਆਰ ਟੀ ਆਈ ਸੈੱਲ ਵਿੱਚ ਅਹਿਮ ਨਿਯੁਕਤੀਆਂ ਕੀਤੀਆਂ ਗਈਆਂ ਹਨ।ਆਰ ਟੀ ਆਈ ਸੈੱਲ ਦੇ ਪੰਜਾਬ ਪ੍ਰਧਾਨ ਐਡਵੋਕੇਟ ਪਰਮਬੀਰ ਸਿੰਘ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਉੱਚ ਲੀਡਰਸ਼ਿਪ ਨਾਲ ਵਿਚਾਰ-ਵਟਾਂਦਰਾ ਕਰਨ ਉਪਰੰਤ ਨਵੀਆਂ ਨਿਯੁਕਤੀਆਂ ਦਾ ਐਲਾਨ ਕੀਤਾ ਹੈ।ਇਸ ਕੜੀ ਦੇ ਤਹਿਤ ਐਡਵੋਕੇਟ ਸ਼ਮਸ਼ੇਰ ਭਾਰਦਵਾਜ ਨੂੰ ਸ਼੍ਰੋਮਣੀ ਅਕਾਲੀ ਦਲ ਆਰ.ਟੀ.ਆਈ. ਸੈੱਲ ਦਾ ਸੂਬਾ ਉਪ-ਪ੍ਰਧਾਨ ਨਿਯੁਕਤ ਕੀਤਾ ਗਿਆ ਹੈ ਅਤੇ ਐਡਵੋਕੇਟ ਸੂਰਜ ਸਿੰਘ ਨੂੰ ਸ਼੍ਰੋਮਣੀ ਅਕਾਲੀ ਦਲ ਆਰ.ਟੀ.ਆਈ. ਸੈੱਲ ਦੇ ਜ਼ਿਲ੍ਹਾ ਹੁਸ਼ਿਆਰਪੁਰ ਦਾ ਪ੍ਰਧਾਨ ਥਾਪਿਆ ਗਿਆ ਹੈ।ਇਨ੍ਹਾਂ ਨਿਯੁਕਤੀਆਂ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਪਾਰਟੀ ਦੇ ਕੌਮੀ ਮੀਤ ਪ੍ਰਧਾਨ ਸੰਜੀਵ ਤਲਵਾੜ ਨੇ ਦੋਵਾਂ ਆਗੂਆਂ ਨੂੰ ਵਧਾਈ ਦਿੱਤੀ। ਉਨ੍ਹਾਂ ਉਮੀਦ ਜਤਾਈ ਕਿ ਨਵ-ਨਿਯੁਕਤ ਅਹੁਦੇਦਾਰ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਅਤੇ ਆਰ ਟੀ ਆਈ ਐਕਟ ਰਾਹੀਂ ਲੋਕ ਹਿੱਤਾਂ ਦੀ ਰਾਖੀ ਲਈ ਦਿਨ-ਰਾਤ ਮਿਹਨਤ ਕਰਨਗੇ।ਇਹ ਨਿਯੁਕਤੀਆਂ ਪਾਰਟੀ ਦੀ ਪਾਰਦਰਸ਼ਤਾ ਅਤੇ ਜਨਤਕ ਜਵਾਬਦੇਹੀ ਦੇ ਮੁੱਦਿਆਂ ਪ੍ਰਤੀ ਦ੍ਰਿੜ੍ਹ ਵਚਨਬੱਧਤਾ ਨੂੰ ਦਰਸਾਉਂਦੀਆਂ ਹਨ।



## ਜ਼ਿਲ੍ਹਾ ਮੈਨੇਜਰ ਖੁਦਕੁਸ਼ੀ ਕੇਸ ਦੀ ਹੋਵੇ ਸੀ ਬੀ ਆਈ ਜਾਂਚ : ਐਨ ਕੇ ਸ਼ਰਮਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਸ਼੍ਰੋਮਣੀ ਅਕਾਲੀ ਦਲ ਦੇ ਖ਼ਜ਼ਾਨਚੀ ਅਤੇ ਸਾਬਕਾ ਵਿਧਾਇਕ ਐਨ.ਕੇ. ਸ਼ਰਮਾ ਨੇ ਕਿਹਾ ਹੈ ਕਿ ਅੰਮ੍ਰਿਤਸਰ ਵਿੱਚ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਜ਼ਿਲ੍ਹਾ ਮੈਨੇਜਰ ਵੱਲੋਂ ਖੁਦਕੁਸ਼ੀ ਮਾਮਲੇ ਦੀ ਸੀ.ਬੀ.ਆਈ. ਤੋਂ ਜਾਂਚ ਕਰਵਾਈ ਜਾਣੀ ਚਾਹੀਦੀ ਹੈ। ਪੰਜਾਬ ਸਰਕਾਰ ਇਸ ਮਾਮਲੇ ਨੂੰ ਦਬਾਉਣਾ ਚਾਹੁੰਦੀ ਸੀ, ਪਰ ਅਕਾਲੀ ਦਲ ਦੇ ਆਗੂਆਂ ਨੇ ਸਭ ਤੋਂ ਪਹਿਲਾਂ ਇਸ ਦਾ ਪਰਦਾਫਾਸ਼ ਕੀਤਾ ਅਤੇ ਪੰਜਾਬ ਦੇ ਲੋਕਾਂ ਨੂੰ ਸੱਚ ਦੱਸਿਆ ਹੈ।ਐਨ.ਕੇ. ਸ਼ਰਮਾ 29 ਮਾਰਚ ਨੂੰ ਡੇਰਾਬੱਸੀ ਪਹੁੰਚਣ ਵਾਲੀ ਪੰਜਾਬ ਬਚਾਓ ਯਾਤਰਾ ਸਬੰਧੀ ਪਿੰਡ ਘੋਲੂਮਾਜਰਾ ਵਿੱਚ ਜਨਤਕ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਇੱਕ ਸੀਨੀਅਰ ਅਧਿਕਾਰੀ ਦੀ ਖੁਦਕੁਸ਼ੀ ਨੇ ਪੰਜਾਬ ਵਿੱਚ ਆਮ ਆਦਮੀ ਪਾਰਟੀ ਸਰਕਾਰ ਦੇ ਅੰਦਰ ਭ੍ਰਿਸ਼ਟਾਚਾਰ ਦੀ ਹੱਦ ਨੂੰ ਸਪੱਸ਼ਟ ਕਰ ਦਿੱਤਾ ਹੈ। ਮੰਤਰੀ ਆਪਣੇ ਚਹੇਤਿਆਂ ਲਈ ਟੈਂਡਰ ਪ੍ਰਾਪਤ ਕਰਨ ਲਈ ਅਧਿਕਾਰੀਆਂ 'ਤੇ ਦਬਾਅ ਪਾ ਰਹੇ ਹਨ। । ਇਸ ਮੌਕੇ ਗੁਰਵਿੰਦਰ ਸਿੰਘ ਹਸਨਪੁਰ, ਬੁੱਲੂ ਰਾਣਾ, ਸੰਜੂ ਪ੍ਰਜਾਪਤ, ਰਘੁਬੀਰ ਜੁਨੇਜਾ, ਰੋਹਿਤ ਰਤਨ, ਰਵਿੰਦਰ ਵਲੇਚਾ, ਵਿੱਕੀ ਡਾਹਰ, ਹਰਦਮ ਜਾਸਧਨਾ, ਗੁਰਜੀਤ ਸਿੰਘ ਕੁਰਲੀ, ਜਗਜੀਤ ਚੌਂਧੇਹੇੜੀ ਅਤੇ ਰਾਮਨਿਵਾਸ ਸਰਪੰਚ ਸਮੇਤ ਹੋਰ ਪਤਵੰਤੇ ਹਾਜ਼ਰ ਸਨ।



## ਮੱਛੀ ਪਾਲਣ ਵਿਭਾਗ ਦੇ ਸਕੱਤਰ ਵੱਲੋਂ ਮੱਛੀ ਤਲਾਬ ਦਾ ਦੌਰਾ

**ਜਲੰਧਰ, (ਸੁਰਿੰਦਰ ਕੁਮਾਰ)**- ਸਕੱਤਰ, ਮੱਛੀ ਪਾਲਣ ਵਿਭਾਗ, ਪਸ਼ੂ ਪਾਲਣ ਅਤੇ ਡੇਅਰੀ ਮੰਤਰਾਲੇ ਭਾਰਤ ਸਰਕਾਰ ਡਾ. ਅਭਿਲਕਸ਼ ਲਿਖੀ ਨੇ ਜਲੰਧਰ ਦਾ ਦੌਰਾ ਕੀਤਾ।ਇਸ ਦੌਰਾਨ ਉਨ੍ਹਾਂ ਪਿੰਡ ਜੈਤੇਵਾਲੀ, (ਜੰਡੂ ਸਿੰਘਾ) ਵਿਖੇ ਅਹਨੀਰ ਕੌਰ ਪੁੱਤਰੀ ਸੁਖਵਿੰਦਰ ਸਿੰਘ ਦੇ ਮੱਛੀ ਤਲਾਬ ਦਾ ਨਿਰੀਖਣ ਕੀਤਾ।ਇਸ ਮੌਕੇ ਕਪੂਰਥਲਾ, ਹੁਸ਼ਿਆਰਪੁਰ ਅਤੇ ਐਸ.ਬੀ.ਐਸ. ਨਗਰ ਜ਼ਿਲ੍ਹਿਆਂ ਦੇ ਪ੍ਰਗਤੀਸ਼ੀਲ ਮੱਛੀ ਪਾਲਕ ਵੀ ਮੌਜੂਦ ਸਨ। ਇਸ ਮੌਕੇ ਡਾ. ਲਿਖੀ ਨੇ ਜਿਥੇ ਪੀ ਐਮ ਐਮ ਐਸ ਵਾਈ ਯੋਜਨਾ ਦਾ ਜਾਇਜ਼ਾ ਲਿਆ, ਉੱਥੇ ਮੱਛੀ ਪਾਲਕਾਂ ਨਾਲ ਗੱਲਬਾਤ ਕੀਤੀ। ਡਾ. ਲਿਖੀ ਨੇ ਰਾਜ ਵਿੱਚ ਮੱਛੀ ਪਾਲਣ ਖੇਤਰ ਦੇ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਮੱਛੀ ਪਾਲਣ ਵਿਭਾਗ, ਪੰਜਾਬ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਹੋਰ ਕਿਸਾਨਾਂ ਨੂੰ ਵੀ ਮੱਛੀ ਪਾਲਣ ਨੂੰ ਸਹਾਇਕ ਕਿੱਤੇ ਵਜੋਂ ਅਪਨਾਉਣ ਲਈ ਅੱਗੇ ਆਉਣਾ ਚਾਹੀਦਾ ਹੈ।



## ਜਲਾਲਪੁਰ ਵੱਲੋਂ ਬਲਾਚੌਰ ਦੇ ਵਿਕਾਸ ਲਈ 8.26 ਲੱਖ ਦੀਆਂ ਗਰਾਂਟਾਂ ਜਾਰੀ

**ਬਲਾਚੌਰ (ਜਸਵਿੰਦਰ ਬੈਂਸ)** ਬਲਾਚੌਰ ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਤੇਜ਼ ਕਰਨ ਅਤੇ ਬੁਨਿਆਦੀ ਸਹੂਲਤਾਂ ਨੂੰ ਆਮ ਲੋਕਾਂ ਤੱਕ ਪਹੁੰਚਾਉਣ ਦੇ ਮਕਸਦ ਨਾਲ ਚੇਅਰਮੈਨ ਪਲੈਨਿੰਗ ਬੋਰਡ ਸਤਨਾਮ ਸਿੰਘ ਜਲਾਲਪੁਰ ਅਤੇ ਮਾਰਕੀਟ ਕਮੇਟੀ ਬਲਾਚੌਰ ਦੇ ਚੇਅਰਮੈਨ ਸੇਠੀ ਉਦਨੋਵਾਲ ਵੱਲੋਂ ਨਗਰ ਕੌਂਸਲ ਦੇ ਵੱਖ-ਵੱਖ ਵਾਰਡਾਂ ਲਈ ਲੱਖਾਂ ਰੁਪਏ ਦੀਆਂ ਗਰਾਂਟਾਂ ਦੇ ਚੈੱਕ ਸੌਂਪੇ ਗਏ।ਵਾਰਡ ਨੰ. 10 ਗਲੀਆਂ ਅਤੇ ਨਾਲੀਆਂ ਦਾ ਨਿਰਮਾਣ 2,00,000, ਵਾਰਡ ਨੰ. 9 ਜੰਞ ਘਰ ਦੀ ਮੁਰੰਮਤ ਅਤੇ ਸਹੂਲਤਾਂ 2,00,000, ਵਾਰਡ ਨੰ. 7 ਸ੍ਰੀ ਗੁਰੂ ਰਵਿਦਾਸ ਧਰਮਸ਼ਾਲਾ ਗਹੁਣ ਰੋਡ ਦਾ ਵਿਕਾਸ 2,00,000/–ਵਾਰਡ ਨੰ. 3 ਖੇਡਾਂ ਦਾ ਸਮਾਨ ਅਤੇ ਜਿੰਮ ਦੀ ਸਥਾਪਨਾ 2,26,000/–ਕੁੱਲ ਰਾਸ਼ੀ: 8,26,000 ਰੁਪਏ।ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਵੀ ਵਾਰਡ ਨੰਬਰ 5 ਦੇ ਸ਼ਮਸ਼ਾਨ ਘਾਟ ਲਈ 2 ਲੱਖ ਰੁਪਏ ਅਤੇ ਕੰਗਣਾ ਪੁਲ 'ਤੇ ਜਨਤਕ ਪਖਾਨਿਆਂ ਦੇ ਨਿਰਮਾਣ ਲਈ 2.26 ਲੱਖ ਰੁਪਏ ਦੀ ਰਾਸ਼ੀ ਜਾਰੀ ਕੀਤੀ ਜਾ ਚੁੱਕੀ ਹੈ। ਇਸ ਮੌਕੇ ਸ਼ਹਿਰ ਨਿਵਾਸੀਆਂ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਸਤਨਾਮ ਜਲਾਲਪੁਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਦਾ ਮੁੱਖ ਟੀਚਾ ਹਰ ਮੁਹੱਲੇ ਅਤੇ ਵਾਰਡ ਤੱਕ ਵਿਕਾਸ ਦੀ ਲਹਿਰ ਪਹੁੰਚਾਉਣਾ ਹੈ।ਉਨ੍ਹਾਂ ਕਿਹਾ ਕਿ ਜਿੱਥੇ ਇਨ੍ਹਾਂ ਗਰਾਂਟਾਂ ਨਾਲ ਸ਼ਹਿਰ ਦਾ ਬੁਨਿਆਦੀ ਢਾਂਚਾ ਮਜ਼ਬੂਤ ਹੋਵੇਗਾ, ਉੱਥੇ ਹੀ ਜਿੰਮ ਅਤੇ ਖੇਡਾਂ ਦਾ ਸਮਾਨ ਮਿਲਣ ਨਾਲ ਨੌਜਵਾਨ ਪੀੜ੍ਹੀ ਨਸ਼ਿਆਂ ਵਰਗੀਆਂ ਬੁਰਾਈਆਂ ਦਾ ਤਿਆਗ ਕਰਕੇ ਸਿਹਤਮੰਦ ਜੀਵਨ ਵੱਲ ਵਧੇਗੀ।ਇਸ ਮੌਕੇ ਵਾਰਡਾਂ ਦੇ ਕੌਂਸਲਰਾਂ ਅਤੇ ਪਤਵੰਤੇ ਸੱਜਣਾਂ ਨੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਹਾਜ਼ਰ ਰਹਿਣ ਵਾਲਿਆਂ ਵਿੱਚ ਮੁੱਖ ਤੌਰ 'ਤੇ ਕੌਂਸਲਰ ਹਨੀ ਡੱਬ, ਬਲਾਕ ਮੀਡੀਆ ਇੰਚਾਰਜ ਵਿਸ਼ੂ ਰਾਣਾ, ਰਾਮਪਾਲ ਸੋਮਨਾਥ ਤੱਕਲਾ, ਜਸਵੀਰ ਔਲੀਆਪੁਰ , ਦਵਿੰਦਰ ਸ਼ੀਮਾਰ, ਚੌਧਰੀ ਇੰਟਰਪ੍ਰਾਈਜਸ ਅਤੇ ਕੌਂਸਲਰ ਪਰਮਿੰਦਰ ਕੁਮਾਰ ਪੰਮਾ ਸਮੇਤ ਵੱਡੀ ਗਿਣਤੀ ਵਿੱਚ 'ਆਪ' ਆਗੂ ਅਤੇ ਸ਼ਹਿਰ ਨਿਵਾਸੀ ਸ਼ਾਮਲ ਸਨ।




## ਭਗਵੰਤ ਮਾਨ ਸਰਕਾਰ ਵਪਾਰੀਆਂ ਦੀਆਂ ਮੁਸ਼ਕਲਾਂ ਹੱਲ ਕਰਨ ਲਈ ਵਚਨਬੱਧ : ਐਸ ਡੀ ਐਮ

**ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)**- ਪੰਜਾਬ ਸਰਕਾਰ ਵੱਲੋਂ ਵਪਾਰਕ ਵਰਗ ਦੀ ਸਹਾਇਤਾ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਸਚਿਨ ਪਾਠਕ ਐਸ.ਡੀ.ਐਮ. ਨੰਗਲ ਨੇ ਕਿਹਾ ਕਿ ਸਰਕਾਰ ਵਪਾਰੀਆਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਲਈ ਵਚਨਬੱਧ ਹੈ। ਨੰਗਲ ਵਿੱਚ ਸਥਾਨਕ ਵਪਾਰੀਆਂ ਨਾਲ ਮੀਟਿੰਗ ਦੌਰਾਨ ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਵਪਾਰ ਕਰਨ ਵਿੱਚ ਆਸਾਨੀ ਯਕੀਨੀ ਬਣਾਉਣਾ ਅਤੇ ਸ਼ਿਕਾਇਤਾਂ ਦਾ ਤੁਰੰਤ ਨਿਪਟਾਰਾ ਕਰਨਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਪ੍ਰਾਥਮਿਕਤਾ ਹੈ। ਇਸ ਮੌਕੇ ਵਪਾਰੀਆਂ ਨੂੰ ਆਪਣੇ ਮੁੱਦੇ ਪ੍ਰਸ਼ਾਸਨਿਕ ਅਧਿਕਾਰੀਆਂ ਸਾਹਮਣੇ ਖੁੱਲ੍ਹੇ ਤੌਰ 'ਤੇ ਰੱਖਣ ਦਾ ਮੌਕਾ ਦਿੱਤਾ। ਮੀਟਿੰਗ ਦੌਰਾਨ ਅਧਿਕਾਰੀਆਂ ਨੇ ਵਪਾਰੀਆਂ ਨੂੰ ਭਰੋਸਾ ਦਿਵਾਇਆ ਕਿ ਜੀ.ਐਸ.ਟੀ., ਮੈਟਰੋਲੋਜੀ, ਬਿਜਲੀ ਸਪਲਾਈ, ਮਜ਼ਦੂਰੀ ਅਤੇ ਰੋਜ਼ਗਾਰ ਨਾਲ ਸੰਬੰਧਿਤ ਮੁੱਦਿਆਂ ਦਾ ਸਮਰੱਥ ਢੰਗ ਨਾਲ ਨਿਪਟਾਰਾ ਕੀਤਾ ਜਾਵੇਗਾ, ਤਾਂ ਜੋ ਉਨ੍ਹਾਂ ਨੂੰ ਵੱਖ-ਵੱਖ ਦਫ਼ਤਰਾਂ ਦੇ ਚੱਕਰ ਨਾ ਲਗਾਉਣੇ ਪੈਣ। ਐਸ.ਡੀ.ਐਮ. ਨੇ ਦੱਸਿਆ ਕਿ ਸ.ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਅਤੇ ਵਿਧਾਇਕ ਸ੍ਰੀ ਅਨੰਦਪੁਰ ਸਾਹਿਬ ਵੱਲੋਂ ਦਿਸ਼ਾ ਨਿਰਦੇਸ਼ ਦਿੱਤੇ ਗਏ ਹਨ ਕਿ ਵਪਾਰੀਆਂ ਦੀਆਂ ਸਮੱਸਿਆਵਾਂ ਦਾ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇ, ਇਸੇ ਕੜੀ ਤਹਿਤ ਵੱਖ-ਵੱਖ ਵਿਭਾਗ ਮਿਲਜੁਲ ਕੇ ਕੰਮ ਕਰ ਰਹੇ ਹਨ । ਡਾ.ਸੰਜੀਵ ਗੌਤਮ ਜਿਲ੍ਹਾ ਪ੍ਰਧਾਨ ਰੂਪਨਗਰ ਆਮ ਆਦਮੀ ਪਾਰਟੀ ਨੇ ਕਿਹਾ ਕਿ ਜਲਦੀ ਹੀ ਜਨਤਕ ਥਾਵਾਂ 'ਤੇ ਮੀਟਿੰਗਾਂ ਕਰਕੇ ਵਪਾਰੀਆਂ ਦੀਆਂ ਸਮੱਸਿਆਵਾ ਦਾ ਢੁਕਵਾਂ ਹੱਲ ਕੀਤਾ ਜਾਵੇਗਾ। ਗੁਰਪ੍ਰੀਤ ਸਿੰਘ ਅਰੋੜਾ ਚੇਅਰਮੈਨ ਟ੍ਰੇਡ ਕਮਿਸ਼ਨ ਸ੍ਰੀ ਅਨੰਦਪੁਰ ਸਾਹਿਬ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਪਹਿਲਾਂ ਦਾ ਉਦੇਸ਼ ਪ੍ਰਸ਼ਾਸਨ ਅਤੇ ਵਪਾਰਕ ਵਰਗ ਵਿਚਕਾਰ ਭਰੋਸੇ ਨੂੰ ਮਜ਼ਬੂਤ ਕਰਨਾ ਅਤੇ ਖੇਤਰ ਵਿੱਚ ਆਰਥਿਕ ਗਤੀਵਿਧੀਆਂ ਨੂੰ ਬਲ ਦੇਣਾ ਹੈ। ਇਸ ਮੌਕੇ ਤਹਿਸੀਲਦਾਰ ਜਸਵੀਰ ਸਿੰਘ, ਥਾਣਾ ਮੁਖੀ ਸਿਮਰਨਜੀਤ ਸਿੰਘ, ਦਾਰਾ ਸਿੰਘ ਚੇਅਰਮੈਨ ਟ੍ਰੇਡ ਕਮਿਸ਼ਨ ਰੂਪਨਗਰ, ਚੇਅਰਮੈਨ ਅਮਨਦੀਪ ਸਿੰਘ, ਚੇਅਰਮੈਨ ਲਖਵਿੰਦਰ ਸਿੰਘ, ਨਵੀਨ ਛਾਬੜਾ ਟ੍ਰੇਡ ਕਮਿਸ਼ਨ ਨੰਗਲ, ਸੰਤੋਖ ਸਹਿਗਲ, ਰਾਜੂ ਅਰੋੜਾ, ਮਨਜੋਤ ਰਾਣਾ, ਨਿਸ਼ਾਤ ਗੁਪਤਾ, ਪਰਮਿੰਦਰ ਜਿੰਮੀ, ਬਲਵਿੰਦਰ ਸਿੰਘ, ਮਨੀਸ਼ ਕੁਮਾਰ, ਅਸ਼ੋਕ ਕੁਮਾਰ, ਮਨਪ੍ਰੀਤ ਸਿੰਘ, ਸੁਮਿਤ ਪੰਡਿਤ, ਰਾਜ ਸਿੰਘ, ਰਾਕੇਸ਼ ਨਈਅਰ ਹਾਜ਼ਰ ਸਨ।




## ਪੰਜਾਬ ਬਚਾਓ ਰੈਲੀ ਦੀਆਂ ਤਿਆਰੀਆਂ ਸੰਬੰਧੀ ਪਾਰਟੀ ਦੇ ਆਗੂਆਂ ਨਾਲ ਵਿਚਾਰ ਚਰਚਾ

**ਹੁਸ਼ਿਆਰਪੁਰ (ਓ ਪੀ ਰਾਣਾ)**- ਸ਼੍ਰੋਮਣੀ ਅਕਾਲੀ ਦਲ (ਬਾਦਲ) ਹਲਕਾ ਚੱਬੇਵਾਲ ਵਲੋਂ ਪੰਜਾਬ ਬਚਾਓ ਰੈਲੀ ਦੀਆਂ ਤਿਆਰੀਆਂ ਸੰਬੰਧੀ ਹਲਕਾ ਚੱਬੇਵਾਲ ਦੇ ਇੰਚਾਰਜ ਹਰਮਿੰਦਰ ਸਿੰਘ ਸੰਧੂ ਨੇ ਹਲਕੇ ਦੇ ਵੱਖ ਵੱਖ ਪਿੰਡਾਂ ਵਿਚ ਪਾਰਟੀ ਦੇ ਆਗੂਆਂ, ਵਰਕਰਾਂ ਅਤੇ ਇਲਾਕਾ ਵਾਸੀਆਂ ਨਾਲ ਵਿਚਾਰ ਚਰਚਾ ਕੀਤੀ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਲਕਾ ਇੰਚਾਰਜ ਹਰਮਿੰਦਰ ਸਿੰਘ ਸੰਧੂ ਨੇ ਕਿਹਾ ਕਿ 3 ਅਪ੍ਰੈਲ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਚੱਬੇਵਾਲ ਆਮਦ ਤੇ ਸੰਧੂ ਫਾਰਮ ਮਹਿਨਾ ਵਿਖੇ ਇਲਾਕੇ ਦੀਆਂ ਸੰਗਤਾਂ ਦਾ ਵਿਸ਼ਾਲ ਇਕੱਠ ਹੋਵੇਗਾ, ਜਿਸ ਲਈ ਤਿਆਰੀਆਂ ਪੂਰੇ ਜ਼ੋਰਾਂ ਨਾਲ ਆਰੰਭ ਕੀਤੀਆਂ ਗਈਆਂ ਹਨ। ਉਨਾਂ ਦੱਸਿਆ ਕਿ ਬਾਦਲ ਦੇ ਚੱਬੇਵਾਲ ਆਉਣ ਤੇ ਇਲਾਕੇ ਅੰਦਰ ਖੁਸ਼ੀ ਅਤੇ ਉਤਸ਼ਾਹ ਦਾ ਮਾਹੌਲ ਹੈ। ਹਰਮਿੰਦਰ ਸੰਧੂ ਨੇ ਕਿਹਾ ਕਿ ਪੰਜਾਬ ਦੇ ਲੋਕ ਪੰਜਾਬ ਦੇ ਨਾਜ਼ੁਕ ਹਲਾਤਾਂ ਅਤੇ ਮਹਿੰਗਾਈ, ਬੇਰੁਜਗਾਰੀ, ਚੋਰੀਆਂ,ਲੁੱਟਾਂ ਖੋਹਾਂ ਅਤੇ ਨਸ਼ਿਆਂ ਦੇ ਚੱਲ ਰਹੇ ਭਿਆਨਕ ਦੌਰ ਤੋਂ ਚਿੰਤਤ ਹਨ, ਇਸੇ ਕਰਕੇ ਪੰਜਾਬ ਵਾਸੀ ਸ਼੍ਰੋਮਣੀ ਅਕਾਲੀ ਦਲ ਦੀ ਪੰਜਾਬ ਬਚਾਓ ਮੁਹਿੰਮ ਨਾਲ ਵੱਡੀ ਪੱਧਰ ਤੇ ਜੁੜ ਰਹੇ ਹਨ। ਉਨਾਂ ਕਿਹਾ ਕਿ ਹਲਕਾ ਚੱਬੇਵਾਲ ਅੰਦਰ ਸ਼੍ਰੋਮਣੀ ਅਕਾਲੀ ਦਲ ਇਕ ਮਜ਼ਬੂਤ ਪਾਰਟੀ ਹੈ ਜਿਸ ਦੇ ਨਤੀਜੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਦੇਖਣ ਨੂੰ ਮਿਲਣਗੇ।



## ਅਮਰੀਕਾ-ਇਜ਼ਰਾਈਲ ਜੁੰਡਲੀ ਨੇ ਪੂਰੀ ਦੁਨੀਆ ਨੂੰ ਮੁਸੀਬਤ ਵਿੱਚ ਪਾਇਆ : ਰਾਣਾ

**ਬਲਾਚੌਰ / ਪੋਜੇਵਾਲ (ਜਸਵਿੰਦਰ ਬੈਂਸ/ ਰਾਮ ਲਾਲ)**- ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਵੱਲੋਂ ਪਿੰਡਾਂ ਵਿੱਚ ਮੀਟਿੰਗਾਂ ਦਾ ਸਿਲਸਿਲਾ ਜਾਰੀ ਹੈ। ਪਿੰਡ ਰੱਤੇਵਾਲ, ਟਪਰੀਆਂ ਅਤੇ ਭੇਡੀਆਂ ਵਿੱਚ ਕਿਸਾਨਾਂ ਮਜ਼ਦੂਰਾਂ ਦੀਆਂ ਮੀਟਿੰਗਾਂ ਨੂੰ ਸੰਬੋਧਨ ਕਰਦੇ ਹੋਏ ਸਾਥੀਕਰਨ ਸਿੰਘ ਰਾਣਾ ਸੂਬਾਈ ਆਗੂ ਨੇ ਕਿਹਾ ਕਿ ਅਮਰੀਕਾ ਇਜਰਾਈਲ ਜੁੰਡਲੀ ਨੇ ਈਰਾਨ 'ਤੇ ਜੰਗੀ ਹਮਲਾ ਕਰਕੇ ਪੂਰੀ ਦੁਨੀਆ ਦੇ ਲੋਕਾਂ ਨੂੰ ਵੱਡੀ ਮੁਸੀਬਤ ਵੱਲ ਧੱਕ ਦਿੱਤਾ ਹੈ। ਸਾਡੇ ਦੇਸ਼ ਵਿੱਚ ਅਤੇ ਸੂਬੇ ਵਿੱਚ ਇਸ ਜੰਗ ਦਾ ਅਸਰ ਨਜ਼ਰ ਆਉਣਾ ਸ਼ੁਰੂ ਹੋ ਗਿਆ। ਗੈਸ, ਪ੍ਰੀਮੀਅਮ ਪੈਟਰੋਲ ਅਤੇ ਡੀਜ਼ਲ ਦੇ ਰੇਟਾਂ ਵਿੱਚ ਵੀ ਵਾਧਾ ਕਰ ਦਿੱਤਾ ਗਿਆ ਹੈ। ਜੰਗ ਕਾਰਨ ਕੱਚਾ ਤੇਲ 62 ਡਾਲਰ ਪ੍ਰਤੀ ਬੈਰਲ ਤੋਂ ਵੱਧ ਕੇ 112 ਡਾਲਰ ਪ੍ਰਤੀ ਬੈਰਲ ਹੋ ਗਿਆ ਹੈ। ਤੇਲ ਕੰਪਨੀਆਂ ਨੂੰ ਪ੍ਰਤੀ ਦਿਨ 2050 ਕਰੋੜ ਰੁਪਏ ਦਾ ਘਾਟਾ ਪੈ ਰਿਹਾ ਹੈ ਜਿਸ ਤੋਂ ਸਪਸ਼ਟ ਹੈ ਕਿ ਆਉਣ ਵਾਲਾ ਸਮਾਂ ਪੰਜਾਬ ਦੇ ਲੋਕਾਂ ਲਈ ਕਸ਼ਟ ਦਾਇਕ ਹੋਵੇਗਾ। ਉਹਨਾਂ ਚਿੰਤਾ ਪ੍ਰਗਟ ਕੀਤੀ ਕਿ ਸਾਮਰਾਜ ਵਾਦ ਕਿਰਤੀ ਲੋਕਾਂ ਲਈ ਹਮੇਸ਼ਾ ਮੁਸੀਬਤਾਂ, ਜੰਗਾਂ ਅਤੇ ਜਬਰ ਲੈ ਕੇ ਆਉਂਦਾ ਹੈ। ਇਸ ਮੌਕੇ ਸਤਪਾਲ ਸਿੰਘ, ਰੋਕੀ ਵਰਮਾ ਅਤੇ ਮਨੋਹਰ ਲਾਲ ਟੌਸਾ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।



## ਦੰਦਾਂ ਦੀ ਸਾਂਭ-ਸੰਭਾਲ ਸੰਬੰਧੀ ਕੀਤਾ ਜਾਗਰੂਕ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**- ਸਿਵਲ ਸਰਜਨ ਹੁਸ਼ਿਆਰਪੁਰ ਡਾ.ਮਨਦੀਪ ਕਮਲ ਅਤੇ ਸੀਨੀਅਰ ਮੈਡੀਕਲ ਅਫਸਰ ਡਾ.ਮਨਪ੍ਰੀਤ ਸਿੰਘ ਬੈਂਸ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਿੰਡ ਸਸੋਲੀ ਦੇ ਸਰਕਾਰੀ ਮਿਡਲ ਅਤੇ ਪ੍ਰਾਇਮਰੀ ਸਕੂਲ ਵਿਖੇ ਡਾ.ਸੰਦੀਪ ਡਮਾਣਾ ਐਮ.ਓ (ਡੈਂਟਲ) ਦੀ ਅਗਵਾਈ ਹੇਠ ਵਿਸ਼ਵ ਓਰਲ ਹੈਲਥ ਦਿਵਸ ਮਨਾਇਆ ਗਿਆ। ਵਿਸ਼ਵ ਓਰਲ ਹੈਲਥ ਦਿਵਸ ਮੌਕੇ ਡਾ. ਡਮਾਣਾ ਵਲੋਂ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਇਸ ਦਿਵਸ ਨੂੰ ਮਨਾਉਣ ਦਾ ਉਦੇਸ਼ ਲੋਕਾਂ ਨੂੰ ਦੰਦਾਂ ਦੀ ਸਾਂਭ-ਸੰਭਾਲ ਕਰਨ ਲਈ ਗਿਆਨ, ਸਾਧਨਾਂ ਅਤੇ ਵਿਸ਼ਵਾਸ ਨਾਲ ਸਸ਼ਕਤ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਦੰਦਾਂ ਦੀ ਸਿਹਤ ਸੰਭਾਲ ਵੀ ਉਨੀ ਹੀ ਜ਼ਰੂਰੀ ਹੰਦੀ ਹੈ ਜਿਨ੍ਹੀ ਕਿ ਸਰੀਰ ਦੇ ਬਾਕੀ ਅੰਗਾਂ ਦੀ, ਕਿਉਂਕਿ ਦੰਦਾਂ ਨਾਲ ਬੋਲੇ ਗਏ ਬੋਲਾਂ ਦਾ ਸਹੀ ਉਚਾਰਨ ਹੁੰਦਾ ਹੈ ਤੇ ਵਿਅਕਤੀ ਵੀ ਸੋਹਣਾ ਦਿੱਖਦਾ ਹੈ। ਉਨ੍ਹਾਂ ਕਿਹਾ ਕਿ ਸਿਹਤਮੰਦ ਦੰਦ ਭੋਜਨ ਨੂੰ ਚੰਗੀ ਤਰਾਂ ਚਬਾਉਣ ਅਤੇ ਪਚਾਉਣ ਲਈ ਬਹੁਤ ਹੀ ਜਰੂਰੀ ਹਨ। ਇਸੇ ਤਰਾਂ ਦੰਦਾਂ ਦੇ ਮਸੂੜਿਆਂ ਨੂੰ ਸਿਹਤਮੰਦ ਅਤੇ ਰੋਗ ਮੁਕਤ ਰੱਖਣਾ ਜ਼ਰੂਰੀ ਹੁੰਦਾ ਹੈ ਤਾਂ ਜੋ ਮਸੂੜੇ ਦੰਦਾਂ ਨੂੰ ਸਾਰੀ ਉਮਰ ਚੰਗੀ ਤਰਾਂ ਜਕੜ ਕੇ ਰੱਖ ਸਕਣ। ਇਸ ਮੌਕੇ ਦੰਦਾਂ ਦੀ ਸਾਂਭ-ਸੰਭਾਲ ਪ੍ਰਤੀ ਬੱਚਿਆਂ ਦੇ ਸਹਿਯੋਗ ਨਾਲ ਜਾਗਰੂਕਤਾ ਰੈਲੀ ਵੀ ਕੱਢੀ ਗਈ, ਜਿਸ ਰਾਹੀਂ ਬੱਚਿਆਂ ਨੂੰ ਦੰਦਾਂ ਦੀ ਸਾਂਭ-ਸੰਭਾਲ ਪ੍ਰਤੀ ਜਾਗਰੂਕ ਕੀਤਾ ਗਿਆ। ਰਾਤ ਨੂੰ ਸੌਣ ਤੋਂ ਪਹਿਲਾਂ ਅਤੇ ਸਵੇਰ ਨੂੰ ਭੋਜਨ ਕਰਨ ਤੋਂ ਬਾਅਦ ਬਕਾਇਦਾ ਬਰੱਸ਼ ਕਰਨਾ ਚਾਹੀਦਾ ਹੈ ਜੋ ਦੰਦਾਂ ਉੱਤੇ ਪੇਪੜੀ ਜੰਮਣ ਤੋਂ ਰੋਕਣ ਵਿੱਚ ਸਹਾਇਕ ਹੁੰਦਾ ਹੈ । ਡਾ.ਸੰਦੀਪ ਡਮਾਣਾ ਨੇ ਬੱਚਿਆਂ ਨੂੰ ਬਰੱਸ਼ ਨਾਲ ਦੰਦਾਂ ਦੀ ਕਿਵੇਂ ਸਫਾਈ ਕਰਨੀ ਹੈ, ਬਰੱਸ਼ ਨੂੰ ਕਿਵੇਂ ਇਸਤੇਮਾਲ ਕਰਨਾ ਆਦਿ ਦੀ ਸਹੀ ਵਿਧੀ ਬਾਰੇ ਦੱਸਿਆ। ਦੰਦਾਂ ਦੀ ਚੰਗੀ ਤਰ੍ਹਾਂ ਸਫਾਈ ਲਈ ਜਰੂਰੀ ਹੈ ਕਿ ਹਰ ਤਿੰਨ ਮਹੀਨੇ ਬਾਅਦ ਬਰੱਸ਼ ਬਦਲਿਆ ਜਾਵੇ ਅਤੇ ਨਿਯਮਿਤ ਰੂਪ ਨਾਲ ਹਰ ਛੇ ਮਹੀਨਿਆਂ ਦੇ ਵਕਫ਼ੇ 'ਤੇ ਆਪਣੇ ਦੰਦਾ ਦੇ ਡਾਕਟਰ ਕੋਲ ਦੰਦਾਂ ਦੀ ਜ਼ਰੂਰ ਜਾਂਚ ਕਰਵਾਈ ਜਾਵੇ।




## ਮਹਿੰਦਰ ਭਗਤ ਦੇ ਘਰ ਵੱਲ ਹਜ਼ਾਰਾਂ ਅਧਿਆਪਕਾਂ/ਮੁਲਾਜ਼ਮਾਂ ਕੱਢਿਆ ਰੋਸ ਮਾਰਚ

**ਜਲੰਧਰ, (ਸੁਰਿੰਦਰ ਕੁਮਾਰ)**- ਸਿੱਖਿਆ ਵਿਭਾਗ ਸੰਘਰਸ਼ ਕਮੇਟੀ ਪੰਜਾਬ ਦੇ ਬੈਨਰ ਹੇਠ ਦੇਸ਼ ਭਗਤ ਯਾਦਗਾਰੀ ਹਾਲ ਜਲੰਧਰ ਵਿਖੇ ਹਜ਼ਾਰਾਂ ਦੀ ਗਿਣਤੀ ਇਕੱਤਰ ਅਧਿਆਪਕਾਂ/ ਮੁਲਾਜ਼ਮਾਂ ਨੇ ਇਕੱਠੇ ਹੋ ਕੇ ਆਪਣੀਆਂ ਮੰਗਾਂ ਦੀ ਪੂਰਤੀ ਕਰਵਾਉਣ ਅਤੇ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਨੂੰ ਨਜ਼ਰ ਅੰਦਾਜ਼ ਕਰਨ ਦੇ ਰੋਸ ਵਜੋਂ ਲਈ ਇੱਕ ਕੰਨਵੈਨਸ਼ਨ ਕਰਨ ਉਪਰੰਤ ਕੈਬਨਿਟ ਮੰਤਰੀ ਮਹਿੰਦਰ ਭਗਤ ਦੇ ਘਰ ਵੱਲ ਵਿਸ਼ਾਲ ਰੋਸ ਮਾਰਚ ਕੱਢਿਆ ਗਿਆ,ਜਿਸ ਦੌਰਾਨ ਹਜ਼ਾਰਾਂ ਅਧਿਆਪਕਾਂ ਨੇ ਸਰਕਾਰ ਵਿਰੁੱਧ ਜਬਰਦਸਤ ਰੋਸ ਪ੍ਰਦਰਸ਼ਨ ਕੀਤਾ। ਸੂਬਾਈ ਆਗੂ ਹਰਜਿੰਦਰ ਪਾਲ ਸਿੰਘ ਪੰਨੂ ਸੂਬਾ ਪ੍ਰਧਾਨ ਐਲੀਮੈਂਟਰੀ ਟੀਚਰਜ਼ ਯੂਨੀਅਨ ਪੰਜਾਬ ਬਲਜਿੰਦਰ ਸਿੰਘ ਧਾਲੀਵਾਲ ਸੂਬਾ ਪ੍ਰਧਾਨ ਮਾਸਟਰ ਕੇਡਰ ਯੂਨੀਅਨ ਪੰਜਾਬ, ਗੁਰਪ੍ਰੀਤ ਸਿੰਘ ਖੱਟੜਾ ਸੂਬਾ ਪ੍ਰਧਾਨ ਸਿੱਖਿਆ ਵਿਭਾਗ ਮਨਿਸਟਰੀਆਲ ਸਟਾਫ਼ ਐਸੋਸੀਏਸ਼ਨ ਪੰਜਾਬ, ਧਰਮਜੀਤ ਸਿੰਘ ਢਿੱਲੋਂ ਸੂਬਾ ਪ੍ਰਧਾਨ ਲੈਕਚਰਾਰ ਕੇਡਰ ਯੂਨੀਅਨ ਪੰਜਾਬ ਦੀ ਸਾਂਝੀ ਅਗਵਾਈ 'ਚ ਅਧਿਆਪਕਾਂ/ ਮੁਲਾਜ਼ਮਾਂ ਦੀਆ ਮੰਗਾਂ ਨੂੰ ਲੈ ਕੇ ਹੱਥਾਂ 'ਚ ਤੱਖਤੀਆਂ ਤੇ ਕਾਲੇ ਝੰਡਿਆਂ ਨਾਲ ਸਰਕਾਰ ਦੇ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਜ਼ਬਰੀ ਥੋਪੇ ਗਏ ਟੈੱਟ ਟੈਸਟ ਦੀ ਸ਼ਰਤ ਨੂੰ ਤੁਰੰਤ ਖਤਮ ਕਰਨ, ਪੁਰਾਣੀ ਪੈਨਸ਼ਨ ਬਹਾਲੀ ਨੋਟੀਫੀਕੇਸ਼ਨ ਲਾਗੂ ਕਰਨ, 16 ਫ਼ੀਸਦ ਡੀ ਏ ਕਿਸ਼ਤਾਂ ਜਾਰੀ ਕਰਨ, ਬੰਦ ਕੀਤੇ ਪੇਂਡੂ, ਬਾਰਡਰ ਤੇ ਹੋਰ ਭੱਤੇ ਲਾਗੂ ਕਰਨ ,ਛੇਵੇਂ ਪੇ-ਕਮਿਸ਼ਨ ਦੀਆਂ ਤਰੁੱਟੀਆਂ ਦੂਰ ਕਰਨ 200 ਰੁਪਏ ਜੰਜੂਆ ਟੈਕਸ ਖਤਮ ਕਰਨ, ਸਤਵਾਂ ਪੇ ਕਮਿਸ਼ਨ ਤੁਰੰਤ ਦੇਣ ,ਏ ਸੀ.ਪੀ. ਲਾਗੂ ਕਰਕੇ ਅਗਲੇ ਗ੍ਰੇਡ ਦੇਣ, ਪੰਜਾਬ ਸਕੇਲ ਲਾਗੂ ਕਰਨ , ਕੱਚੇ ਮੁਲਾਜ਼ਮ ਪੂਰੇ ਲਾਭਾਂ ਸਮੇਤ ਪੱਕੇ ਕਰਨ, ਬੀ ਪੀ ਈ ਓ ਦਫਤਰਾਂ 'ਚ ਕੰਮ ਕਰਦੇ ਕਰਮਚਾਰੀਆਂ ਨੂੰ ਬਿਨ੍ਹਾਂ ਤਨਖਾਹ ਕਟੌਤੀ ਕੀਤਿਆਂ ਰੈਗੂਲਰ ਕਰਨ, 245 ਕਮਰਸ ਲੈਕਚਰਾਰ ਦੀ ਰੀਵਰਸ਼ਨ ਬੰਦ ਕਰਨ, ਕਲਰਕ ਟਾਈਪ ਟੈਸਟ ਛੋਟ ਦੇਣ ,ਗੈਰਵਿੱਦਿਅਕ/ ਆਨਲਾਈਨ ਕੰਮ ਬੀ ਐਲ ਓਜ਼ ਡਿਊਟੀਆਂ ਬੰਦ ਕਰਨ ਵਿਭਾਗੀ ਟੈਸਟ ਖਤਮ ਕਰਕੇ ਹਰੇਕ ਤਰ੍ਹਾਂ ਦੀਆਂ ਪ੍ਰਮੋਸ਼ਨਾਂ ਆਦਿ ਮੰਗਾਂ ਦੇ ਹੱਲ ਲਈ ਸਰਕਾਰ ਦਾ ਵਿਰੋਧ ਕੀਤਾ।



## ਹੋਲੀ ਹਾਰਟ ਸਕੂਲ 'ਚ ਬੱਚਿਆਂ ਨੂੰ ਈਦ ਬਾਰੇ ਦਿੱਤੀ ਜਾਣਕਾਰੀ



**ਅਜੀਤਵਾਲ (ਨਛੱਤਰ ਸੰਧੂ)**-ਹੋਲੀ ਹਾਰਟ ਸਕੂਲ ਅਜੀਤਵਾਲ ਵਿੱਚ ਬੱਚਿਆਂ ਨੂੰ ਰਮਜ਼ਾਨ ਈਦ (ਈਦ-ਉੱਲ-ਫ਼ਿਤਰ) ਦੇ ਪਵਿੱਤਰ ਤਿਉਹਾਰ ਬਾਰੇ ਜਾਣਕਾਰੀ ਦਿੱਤੀ ਗਈ।ਇਸ ਮੌਕੇ ਅਧਿਆਪਕਾਂ ਵੱਲੋਂ ਬੱਚਿਆਂ ਨੂੰ ਸਮਝਾਇਆ ਗਿਆ ਕਿ ਈਦ ਮੁਸਲਿਮ ਭਾਈਚਾਰੇ ਦਾ ਇੱਕ ਬਹੁਤ ਹੀ ਮਹੱਤਵਪੂਰਨ ਤੇ ਖੁਸ਼ੀਆਂ ਭਰਿਆ ਤਿਉਹਾਰ ਹੈ, ਜੋ ਰਮਜ਼ਾਨ ਦੇ ਪਵਿੱਤਰ ਮਹੀਨੇ ਦੇ ਖਤਮ ਹੋਣ ਉਪਰੰਤ ਮਨਾਇਆ ਜਾਂਦਾ ਹੈ।ਇਹ ਤਿਉਹਾਰ ਸਾਨੂੰ ਸਬਰ, ਸਾਂਝ, ਦਇਆ ਤੇ ਭਾਈਚਾਰੇ ਦੀ ਭਾਵਨਾ ਦਾ ਸੰਦੇਸ਼ ਦਿੰਦਾ ਹੈ।ਅਧਿਆਪਕਾਂ ਨੇ ਬੱਚਿਆਂ ਨੂੰ ਦੱਸਿਆ ਕਿ ਰਮਜ਼ਾਨ ਦਾ ਮਹੀਨਾ ਬਹੁਤ ਪਵਿੱਤਰ ਮੰਨਿਆ ਜਾਂਦਾ ਹੈ, ਜਿਸ ਦੌਰਾਨ ਲੋਕ ਸਵੇਰੇ ਤੋਂ ਸ਼ਾਮ ਤੱਕ ਰੋਜ਼ੇ ਰੱਖਦੇ ਹਨ।ਇਸ ਸਮੇਂ ਦੌਰਾਨ ਉਹ ਆਪਣੇ ਮਨ ਤੇ ਸਰੀਰ ਨੂੰ ਅਨੁਸ਼ਾਸਿਤ ਕਰਦੇ ਹਨ, ਬੁਰਾਈਆਂ ਤੋਂ ਦੂਰ ਰਹਿੰਦੇ ਹਨ ਤੇ ਵਧੇਰੇ ਸਮਾਂ ਇਬਾਦਤ ਵਿੱਚ ਬਿਤਾਉਂਦੇ ਹਨ।ਨਾਲ ਹੀ, ਉਹ ਗਰੀਬਾਂ ਤੇ ਲੋੜਵੰਦਾਂ ਦੀ ਮਦਦ ਕਰਦੇ ਹਨ, ਤਾਂ ਜੋ ਸਮਾਜ ਵਿੱਚ ਸਮਾਨਤਾ ਤੇ ਸਹਿਯੋਗ ਦੀ ਭਾਵਨਾ ਬਣੀ ਰਹੇ।ਉਨ੍ਹਾਂ ਦੱਸਿਆ ਕਿ ਜਦੋਂ ਰਮਜ਼ਾਨ ਦਾ ਮਹੀਨਾ ਸਮਾਪਤ ਹੁੰਦਾ ਹੈ, ਤਾਂ ਈਦ ਦਾ ਚੰਦ ਦੇਖਿਆ ਜਾਂਦਾ ਹੈ, ਜਿਸ ਨਾਲ ਈਦ ਦੀ ਖੁਸ਼ੀ ਦੀ ਸ਼ੁਰੂਆਤ ਹੁੰਦੀ ਹੈ। ਈਦ ਦੇ ਦਿਨ ਲੋਕ ਸਵੇਰੇ ਉੱਠ ਕੇ ਇਸ਼ਨਾਨ ਕਰਦੇ ਹਨ, ਨਵੇਂ ਕੱਪੜੇ ਪਹਿਨਦੇ ਹਨ ਤੇ ਮਸਜਿਦ ਜਾਂ ਈਦਗਾਹ ਵਿੱਚ ਜਾ ਕੇ ਖਾਸ ਨਮਾਜ਼ ਅਦਾ ਕਰਦੇ ਹਨ।ਨਮਾਜ਼ ਤੋਂ ਬਾਅਦ ਲੋਕ ਇੱਕ ਦੂਜੇ ਨੂੰ ਗਲੇ ਮਿਲ ਕੇ ਈਦ ਮੁਬਾਰਕ ਕਹਿੰਦੇ ਹਨ ਤੇ ਆਪਣੀਆਂ ਖੁਸ਼ੀਆਂ ਸਾਂਝੀਆਂ ਕਰਦੇ ਹਨ।ਇਸ ਮੌਕੇ ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੇਆ ਪਲਤਾ ਤੇ ਸਕੂਲ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਵੱਲੋਂ ਬੱਚਿਆਂ ਨੂੰ ਪ੍ਰੇਰਿਤ ਕੀਤਾ ਗਿਆ ਕਿ ਉਹ ਹਰ ਤਿਉਹਾਰ ਨੂੰ ਮਿਲਜੁਲ ਕੇ ਮਨਾਉਣ, ਸਾਰੇ ਧਰਮਾਂ ਦੀ ਇੱਜ਼ਤ ਕਰਨ ਤੇ ਸਮਾਜ ਵਿੱਚ ਪਿਆਰ, ਸਾਂਝ ਤੇ ਭਾਈਚਾਰੇ ਦੀ ਭਾਵਨਾ ਨੂੰ ਮਜ਼ਬੂਤ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ।

## ਰੱਤੋਕੇ 'ਚ ਈਦ-ਉਲ-ਫਿਤਰ ਦਾ ਤਿਉਹਾਰ ਮਨਾਇਆ



**ਲੌਂਗੋਵਾਲ (ਪ੍ਰਦੀਪ ਸੱਪਲ)**-ਪਿੰਡ ਰੱਤੋਕੇ ਵਿਖੇ ਮੁਸਲਿਮ ਭਾਈਚਾਰੇ ਵੱਲੋਂ ਈਦ-ਉਲ-ਫਿਤਰ ਦਾ ਤਿਉਹਾਰ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਸਤਨਾਮ ਸਿੰਘ ਰੱਤੋਕੇ ਨੇ ਜ਼ਿਲ੍ਹਾ ਪ੍ਰਧਾਨ ਯੂਥ ਵਿੰਗ ਸ਼੍ਰੋਮਣੀ ਅਕਾਲੀ ਦਲ (ਅ) ਨੇ ਮੁਸਲਮ ਭਾਈਚਾਰੇ ਨੂੰ ਈਦ ਦੇ ਤਿਉਹਾਰ ਦੀ ਮੁਬਾਰਕਬਾਦ ਦਿੱਤੀ ਤੇ ਕਿਹਾ ਕਿ ਹਰ ਮਨੁੱਖ ਨੂੰ ਆਪਣੇ ਗੁਰੂਆਂ-ਫਕੀਰਾਂ ਦੇ ਤਿਉਹਾਰ ਮਨਾਉਣੇ ਚਾਹੀਦੇ ਹਨ।ਇਸ ਮੌਕੇ ਮਸੀਤ ਦੇ ਮੌਲਵੀ ਤੇ ਸਮੂਹ ਭਾਈਚਾਰੇ ਨੇ ਸਤਨਾਮ ਸਿੰਘ ਰੱਤੋਕੇ ਦਾ ਸਿਰੋਪਾ ਪਾ ਕੇ ਸਨਮਾਨ ਕੀਤਾ।

## ਪੰਜਾਬ ਸਿਹਤ ਵਿਭਾਗ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੀ ਮੀਟਿੰਗ



**ਲੁਧਿਆਣਾ (ਸਤੀਸ਼ ਸਚਦੇਵਾ)**-ਪੰਜਾਬ ਸਿਹਤ ਵਿਭਾਗ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ ਪੈਨਸ਼ਨਰ ਭਵਨ ਲੁਧਿਆਣਾ ਵਿਖੇ ਸਤੀਸ਼ ਕੁਮਾਰ ਸਚਦੇਵਾ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਵਿੱਚ ਪੈਨਸ਼ਨਰਜ਼ ਨੂੰ ਕੇ ਵਾਈ ਸੀ 31 ਮਾਰਚ ਤੋਂ ਪਹਿਲਾਂ ਪਹਿਲਾਂ ਕਰਵਾਉਣ ਬਾਰੇ ਦੱਸਿਆ ਗਿਆ।1 ਜਨਵਰੀ 2016 ਤੋਂ ਬਾਅਦ ਸੇਵਾ ਮੁਕਤ ਪੈਨਸ਼ਨਰਜ਼ ਪ੍ਰੋਫਾਰਮਾ ਭਰ ਕੇ 31 ਮਾਰਚ ਤੱਕ ਆਪਣੇ ਮਹਿਕਮੇ ਨੂੰ ਦੇਣਗੇ, ਤਾਂ ਜੋ ਰਹਿੰਦਾ ਏਰੀਅਰ ਲੈ ਸਕਣ।ਜੇਕਰ ਕਿਸੇ ਪੈਨਸ਼ਨਰ ਦੀ ਮੌਤ ਹੋ ਗਈ ਹੈ ਤਾਂ ਉਸ ਦਾ ਵਾਰਿਸ ਪ੍ਰੋਫਾਰਮਾ ਭਰ ਕੇ ਦੇਵੇ।ਮਦਨ ਲਾਲ ਸ਼ਰਮਾ, ਜੋ ਮਾਰਚ ਮਹੀਨੇ ਵਿੱਚ 85 ਸਾਲ ਦੇ ਹੋ ਗਏ, ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ, ਮਹੀਨਾ ਮਾਰਚ ਵਿੱਚ 3 ਪੈਨਸ਼ਨਰਜ਼ ਦਾ ਜਨਮ ਦਿਨ ਸੀ, ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ।ਸਾਰੇ ਪੈਨਸ਼ਨਰਜ਼ ਦੀ ਇਸ ਗੱਲ 'ਤੇ ਸਹਿਮਤੀ ਸੀ ਕਿ ਸਰਕਾਰ ਸਾਡਾ ਡੀ ਏ 42% ਤੋਂ 58 % ਕਰੇ ਤੇ 2.59 ਦੇ ਗੁਣਾਂਕ ਨਾਲ ਪੈਨਸ਼ਨ ਫਿਕਸ ਕੀਤੀ ਜਾਵੇ।ਪੇ ਕਮਿਸ਼ਨ ਦਾ ਏਰੀਅਰ ਯਕਮੁਸ਼ਤ ਅਦਾ ਕੀਤਾ ਜਾਵੇ ਆਦਿ।ਮੀਟਿੰਗ ਵਿੱਚ ਹਾਜ਼ਰ ਕੁਲਭੂਸ਼ਨ, ਬਲਜੀਤ ਸ਼ਰਮਾ, ਸੁਦਾਗਰ ਸਿੰਘ, ਗਿਆਨ ਸਿੰਘ, ਚਰਨਜੀਵ ਪ੍ਰਕਾਸ਼, ਕਵਿੰਦਰ ਕੁਮਾਰ, ਸੰਤੋਸ਼ ਭਾਟੀਆ, ਅਨੋਖ ਸਿੰਘ, ਜਸਪਾਲ ਸਿੰਘ, ਰਜਿੰਦਰ ਸਿੰਘ, ਗੁਰਮੇਲ ਸਿੰਘ, ਛਿੰਦਰਪਾਲ ਸਿੰਘ, ਦਰਸ਼ਨਾ ਸ਼ਰਮਾ, ਮੀਨਾ ਕੁਮਾਰੀ, ਆਰ ਪੀ ਭਾਟੀਆ, ਬਲਬੀਰ ਗਿੱਲ, ਪ੍ਰਵੀਨ, ਰਾਜਮੋਹਨੀ, ਤਰਸੇਮ ਕੌਰ, ਸ਼ਸ਼ੀ ਕਾਂਤ ਆਦਿ ਹਾਜ਼ਰ ਸਨ।

## ਨੈਸ਼ਨਲ ਮਾਸਟਰ ਗੇਮਜ਼ 'ਚ ਈਸ਼ਵਰ ਸ਼ਰਮਾ ਬਣੇ ਚੈਂਪੀਅਨ




**ਫ਼ਿਰੋਜ਼ਪੁਰ (ਗੁਰਬਚਨ ਸਿੰਘ)**-ਗੁਰੂ ਕਾਸ਼ੀ ਯੂਨੀਵਰਸਿਟੀ ਤਲਵੰਡੀ ਸਾਬੋ ਦੇ ਖੇਡ ਮੈਦਾਨ ਵਿੱਚ 45ਵੀਂ ਨੈਸ਼ਨਲ ਐਥਲੈਟਿਕ ਮੀਟ ਕਰਵਾਈ ਗਈ, ਜਿਸ ਵਿੱਚ ਦੇਸ਼ ਭਰ 550 ਖਿਡਾਰੀਆਂ ਨੇ ਭਾਗ ਲਿਆ।ਇਨ੍ਹਾਂ ਮੁਕਾਬਲਿਆਂ 'ਚ ਕੇਰਲਾ, ਤਾਮਿਲਨਾਡੂ, ਕਰਨਾਟਕਾ, ਉੱਤਰ ਪ੍ਰਦੇਸ਼, ਰਾਜਸਥਾਨ, ਹਰਿਆਣਾ, ਨਵੇਂ ਦਿੱਲੀ, ਚੰਡੀਗੜ੍ਹ, ਗੁਜਰਾਤ ਤੇ ਪੰਜਾਬ ਦੇ 30 ਸਾਲ ਤੋਂ 100 ਸਾਲ ਉਮਰ ਵਰਗ ਦੇ ਖਿਡਾਰੀਆਂ ਨੇ ਟਰੈਕ ਤੇ ਫੀਲਡ ਖੇਡ ਮੁਕਾਬਲਿਆਂ ਵਿੱਚ ਭਾਗ ਲਿਆ।ਇਨ੍ਹਾਂ ਮੁਕਾਬਲਿਆਂ ਵਿੱਚ ਫਿਰੋਜ਼ਪੁਰ ਦੇ 10 ਖਿਡਾਰੀਆਂ ਨੇ ਡਾਕਟਰ ਗੁਰਿੰਦਰਜੀਤ ਸਿੰਘ ਢਿੱਲੋਂ ਪ੍ਰਧਾਨ ਜ਼ਿਲ੍ਹਾ ਪ੍ਰਧਾਨ ਮਾਸਟਰ ਐਥਲੈਟਿਕ ਐਸੋਸੀਏਸ਼ਨ ਫਿਰੋਜ਼ਪੁਰ ਦੀ ਅਗਵਾਈ ਵਿੱਚ ਇਨ੍ਹਾਂ ਖੇਡਾਂ ਵਿੱਚ ਭਾਗ ਲਿਆ।ਇਨ੍ਹਾਂ ਮੁਕਾਬਲਿਆਂ ਵਿੱਚ 75 ਸਾਲ ਤੋਂ ਵੱਧ ਉਮਰ ਵਿੱਚ ਗੁਰਦਿਆਲ ਸਿੰਘ ਵਿਰਕ ਨੇ ਹੈਮਰ ਥਰੋ ਮੁਕਾਬਲੇ ਵਿੱਚ ਕਾਂਸੇ ਦਾ ਤਮਗਾ ਹਾਸਲ ਕੀਤਾ।60 ਸਾਲ ਤੋਂ ਵੱਧ ਉਮਰ ਵਰਗ ਵਿੱਚ ਦਲੀਪ ਸਿੰਘ ਸੰਧੂ ਨੇ 100 ਮੀਟਰ ਹਰਡਲ ਰੇਸ ਵਿੱਚ ਚਾਂਦੀ ਦਾ ਤਮਗਾ ਹਾਸਲ ਕੀਤਾ।70 ਸਾਲ ਤੋਂ ਵੱਧ ਉਮਰ ਵਰਗ ਵਿੱਚ ਡਾਕਟਰ ਗੁਰਿੰਦਰਜੀਤ ਸਿੰਘ ਢਿੱਲੋਂ ਨੇ ਜੈਵਲਿਨ ਥਰੋ ਮੁਕਾਬਲੇ ਵਿੱਚ 25 ਮੀਟਰ ਥਰੋ ਲਾ ਕੇ ਸੋਨੇ ਦਾ ਤਮਗਾ ਆਪਣੇ ਨਾ ਕੀਤਾ।ਇਨ੍ਹਾਂ ਮੁਕਾਬਲਿਆਂ ਵਿੱਚ ਦਸਵੀਂ ਪਾਤਸ਼ਾਹੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਕ ਪਿੰਡ ਬਾਜੀਦਪੁਰ ਵਾਸੀ ਈਸ਼ਵਰ ਸ਼ਰਮਾ ਨੇ 50 ਸਾਲ ਵਰਗ ਦੇ ਮੁਕਾਬਲੇ ਵਿੱਚ ਗੋਲਾ ਸੁੱਟਣ ਮੁਕਾਬਲੇ ਵਿੱਚ 22.21 ਮੀਟਰ ਥਰੋ ਲਾ ਕੇ ਸੋਨੇ ਦਾ ਤਮਗਾ ਆਪਣੇ ਨਾਂ ਕੀਤਾ ਤੇ ਜੈਵਲਿਨ ਥਰੋ ਮੁਕਾਬਲੇ ਵਿੱਚ 38.80 ਮੀਟਰ ਥਰੋ ਲਾ ਕੇ ਚਾਂਦੀ ਦਾ ਤਮਗਾ ਜਿੱਤਿਆ।ਇਨ੍ਹਾਂ ਖੇਡਾਂ ਵਿੱਚ ਜੇਤੂ ਖਿਡਾਰੀ ਨਵੰਬਰ ਮਹੀਨੇ ਵਿੱਚ ਦੱਖਣੀ ਕੋਰੀਆ ਵਿੱਚ ਹੋਣ ਵਾਲੀ ਏਸ਼ੀਆ ਮਾਸਟਰ ਐਥਲੈਟਿਕਸ ਚੈਂਪੀਅਨਸ਼ਿਪ ਵਿੱਚ ਭਾਗ ਲੈਣਗੇ।ਜੇਤੂ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਸ੍ਰ. ਰਣਬੀਰ ਸਿੰਘ ਭੁੱਲਰ ਹਲਕਾ ਵਿਧਾਇਕ ਫਿਰੋਜ਼ਪੁਰ ਸ਼ਹਿਰੀ ਨੇ ਕਿਹਾ ਕਿ ਜਲਦ ਹੀ ਇਨ੍ਹਾਂ ਜੇਤੂ ਖਿਡਾਰੀਆਂ ਦਾ ਸਨਮਾਨ ਕੀਤਾ ਜਾਵੇਗਾ।

## ਚੇਅਰਮੈਨ ਬਰਾੜ ਵੱਲੋਂ ਥਰੈਸ਼ਰ ਹਾਦਸਿਆਂ ਦੇ ਪੀੜਤਾਂ ਨੂੰ ਸਹਾਇਤਾ ਰਾਸ਼ੀ ਦੇ ਚੈੱਕ ਭੇਟ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸਬ ਡਵੀਜ਼ਨ ਪਾਤੜਾਂ ਵਿੱਚ ਪਿਛਲੇ ਸਮੇਂ ਦੌਰਾਨ ਵਾਪਰੇ ਥਰੈਸ਼ਰ ਹਾਦਸਿਆਂ ਦੇ ਸ਼ਿਕਾਰ ਹੋਏ ਵਿਅਕਤੀਆਂ ਨੂੰ ਵਿੱਤੀ ਸਹਾਇਤਾ ਦੇ ਚੈੱਕ ਮਾਰਕੀਟ ਕਮੇਟੀ ਪਾਤੜਾਂ ਦੇ ਚੇਅਰਮੈਨ ਮਹਿੰਗਾ ਸਿੰਘ ਬਰਾੜ ਨੇ ਤਕਸੀਮ ਕੀਤੇ।ਜਾਣਕਾਰੀ ਦਿੰਦਿਆਂ ਚੇਅਰਮੈਨ ਮਹਿੰਗਾ ਸਿੰਘ ਬਰਾੜ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀ ਭਲਾਈ ਲਈ ਲਗਾਤਾਰ ਯਤਨਸ਼ੀਲ ਹੈ।ਉਨ੍ਹਾਂ ਦੱਸਿਆ ਕਿ ਜਿੱਥੇ ਸ਼ਹਿਰਾਂ ਤੇ ਪਿੰਡਾਂ ਵਿੱਚ ਵੱਡੇ ਪੱਧਰ ਉੱਤੇ ਵਿਕਾਸ ਕੰਮ ਚੱਲ ਰਹੇ ਹਨ, ਉੱਥੇ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਉੱਤੇ ਖੇਤੀਬਾੜੀ ਦੇ ਕੰਮਾਂ ਦੌਰਾਨ ਹਾਦਸਿਆਂ ਦੇ ਸ਼ਿਕਾਰ ਹੋਣ ਵਾਲੇ ਵਿਅਕਤੀਆਂ ਨੂੰ ਵਿੱਤੀ ਸਹਾਇਤਾ ਦਿੱਤੀ ਜਾਂਦੀ ਹੈ।ਉਨ੍ਹਾਂ ਦੱਸਿਆ ਕਿ ਇਸੇ ਲੜੀ ਤਹਿਤ ਧਰਮਿੰਦਰ ਸਿੰਘ ਪੁੱਤਰ ਬਲਕਾਰ ਸਿੰਘ ਵਾਸੀ ਬੂਟਾ ਸਿੰਘ ਵਾਲਾ, ਸਰਬਜੀਤ ਸਿੰਘ ਪੁੱਤਰ ਅਮਰੀਕ ਸਿੰਘ ਵਾਸੀ ਚੁਨਾਗਰਾ ਤੇ ਗੋਬਿੰਦ ਸਿੰਘ ਪੁੱਤਰ ਬਿੰਦਰ ਸਿੰਘ ਵਾਸੀ ਪਿੰਡ ਦੁਗਾਲ ਨੂੰ ਵਿੱਤੀ ਸਹਾਇਤਾ ਦੇ ਚੈੱਕ ਦਿੱਤੇ ਗਏ ਹਨ।ਉਨ੍ਹਾਂ ਦੱਸਿਆ ਕਿ ਵਿੱਤੀ ਸਹਾਇਤਾ ਦੇ ਲਾਭਪਾਤਰੀਆਂ ਨੂੰ 48 ਹਜ਼ਾਰ ਰੁਪਏ ਦੀ ਸਹਾਇਤਾ ਪ੍ਰਦਾਨ ਕੀਤੀ ਗਈ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਰ ਡੀਲਰ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਪ੍ਰੀਤ ਗਿੱਲ, ਸਾਬਕਾ ਸਰਪੰਚ ਬਲਜੀਤ ਸਿੰਘ ਸਹੋਤਾ, ਸਾਬਕਾ ਸਰਪੰਚ ਮਨਜੀਤ ਸਿੰਘ ਕੁੱਕੂ ਦੁਗਾਲ ਆਦਿ ਹਾਜ਼ਰ ਸਨ।

## ਵਿਆਹ ਕਰਵਾ ਕੇ ਲੜਕੇ ਵਾਲਿਆਂ ਨਾਲ ਮਾਰੀ 23.50 ਲੱਖ ਦੀ ਠੱਗੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਿਦੇਸ਼ ਜਾਣ ਦੇ ਚਾਹਵਾਨ ਨੌਜਵਾਨਾਂ ਨਾਲ ਠੱਗੀ ਮਾਰਨ ਦੇ ਮਾਮਲੇ ਲਗਾਤਾਰ ਵਧ ਰਹੇ ਹਨ। ਇਸੇ ਤਰ੍ਹਾਂ ਫਿਰੋਜ਼ਪੁਰ ਦੇ ਜ਼ੀਰਾ ਇਲਾਕੇ ਤੋਂ ਸਾਹਮਣੇ ਆਇਆ ਹੈ, ਜਿੱਥੇ ਇੱਕ ਲੜਕੀ ਨੇ ਆਪਣੇ ਪਰਿਵਾਰ ਨਾਲ ਮਿਲ ਕੇ ਇੱਕ ਨੌਜਵਾਨ ਨੂੰ ਕੈਨੇਡਾ ਲਿਜਾਣ ਦਾ ਝਾਂਸਾ ਦੇ ਕੇ ਲੱਖਾਂ ਰੁਪਏ ਦੀ ਠੱਗੀ ਮਾਰੀ ਹੈ। ਇਸ ਮਾਮਲੇ ਵਿੱਚ ਥਾਣਾ ਜ਼ੀਰਾ ਸਿਟੀ ਪੁਲਸ ਨੇ ਲੜਕੀ ਸਮੇਤ ਤਿੰਨ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਪਿੰਡ ਕੋਠੇ ਅੰਬਰਹਰ ਹਾਲ ਵਾਸੀ ਜੌਹਲ ਨਗਰ ਜ਼ੀਰਾ ਦੇ ਬਲਜਿੰਦਰ ਸਿੰਘ ਨੇ ਦੱਸਿਆ ਕਿ ਦੋਸ਼ੀ ਪੱਖ ਨੇ ਉਸ ਦੇ ਭਤੀਜੇ ਦਵਿੰਦਰ ਸਿੰਘ ਨਾਲ ਵਿਆਹ ਕਰਵਾਇਆ ਸੀ।

ਇਕਰਾਰ ਮੁਤਾਬਿਕ ਲੜਕੀ ਨੇ ਦਵਿੰਦਰ ਨੂੰ ਕੈਨੇਡਾ ਲੈ ਕੇ ਜਾਣਾ ਸੀ, ਪਰ ਉੱਥੇ ਪਹੁੰਚਣ ਤੋਂ ਬਾਅਦ ਉਸ ਨੇ ਨਾ ਸਿਰਫ਼ ਰਿਸ਼ਤਾ ਰੱਖਣ ਤੋਂ ਮਨ੍ਹਾ ਕਰ ਦਿੱਤਾ, ਸਗੋਂ ਪੂਰੇ ਪਰਿਵਾਰ ਨਾਲ ਮਿਲ ਕੇ ਧੋਖਾਧੜੀ ਨੂੰ ਅੰਜਾਮ ਦਿੱਤਾ। ਸ਼ਿਕਾਇਤਕਰਤਾ ਨੇ ਦੱਸਿਆ ਕਿ ਇਸ ਪੂਰੀ ਸਾਜ਼ਿਸ਼ ਵਿੱਚ ਕਰੀਬ 23 ਲੱਖ 50 ਹਜ਼ਾਰ ਰੁਪਏ ਖਰਚ ਕੀਤੇ ਗਏ ਸਨ, ਜੋ ਹੁਣ ਦੋਸ਼ੀਆਂ ਨੇ ਹੜੱਪ ਲਏ ਹਨ। ਥਾਣਾ ਸਿਟੀ ਜ਼ੀਰਾ ਦੇ ਸਹਾਇਕ ਥਾਣੇਦਾਰ ਭੁਪਿੰਦਰ ਸਿੰਘ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਬਾਅਦ ਪੁਲਸ ਨੇ ਕਰਦਿਆਂ ਮਨਜੋਤ ਕੌਰ ਵਾਸੀ ਸੇਖਾ ਖੁਰਦ, ਮੋਗਾ, ਕੁਲਵੰਤ ਸਿੰਘ ਤੇ ਸੁਖਵਿੰਦਰ ਕੌਰ ਦੋਵੇਂ ਵਾਸੀ ਢੁੱਡੀ, ਫਰੀਦਕੋਟ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਜਾਂਚ ਕੀਤੀ ਜਾ ਰਹੀ ਹੈ।

## ਕਾਰੋਬਾਰੀ 'ਤੇ ਜਾਨਲੇਵਾ ਹਮਲੇ ਦੇ ਦੋਸ਼ 'ਚ ਬਿੱਟੂ ਬਾਂਸਲ ਗ੍ਰਿਫ਼ਤਾਰ

**ਹਾਈਕੋਰਟ ਦੇ ਦਖਲ ਤੋਂ ਬਾਅਦ ਪੁਲਸ ਨੇ ਕੀਤੀ ਕਾਰਵਾਈ**

**ਫਿਰੋਜ਼ਪੁਰ (ਗੁਰਬਚਨ ਸਿੰਘ ਸੋਨੂੰ)**-ਕੋਟਕਪੂਰਾ ਦੇ ਇਕ ਕਾਰੋਬਾਰੀ ਸ਼ਾਮ ਸੁੰਦਰ ਗੋਇਲ ਤੇ ਉਨ੍ਹਾਂ ਦੇ ਲੜਕੇ ਅਮਨ ਗੋਇਲ 'ਤੇ ਜਾਨਲੇਵਾ ਹਮਲਾ ਕਰਨ ਤੇ ਗੱਡੀ ਨਾਲ ਟੱਕਰਾਂ ਮਾਰ ਕੇ ਨੁਕਸਾਨ ਪਹੁੰਚਾਉਣ ਦੇ ਦੋਸ਼ ਹੇਠ ਥਾਣਾ ਸਿਟੀ ਕੋਟਕਪੂਰਾ ਦੀ ਪੁਲਸ ਨੇ ਇਕ ਸਥਾਨਕ ਕਾਰੋਬਾਰੀ ਯਤਿਨ ਬਾਂਸਲ ਉਰਫ਼ ਬਿੱਟੂ ਬਾਂਸਲ ਨੂੰ ਗ੍ਰਿਫਤਾਰ ਕਰਕੇ ਅਤੇ ਉਸ ਦੇ ਅਣਪਛਾਤੇ ਸਾਥੀਆਂ ਖਿਲਾਫ਼ ਮੁਕੱਦਮਾ ਦਰਜ ਕੀਤਾ ਹੈ।ਇਹ ਕਾਰਵਾਈ ਲੰਬੀ ਪੜਤਾਲ ਤੇ ਮਾਨਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਦਖਲ ਤੋਂ ਬਾਅਦ ਅਮਲ ਵਿੱਚ ਲਿਆਂਦੀ ਗਈ ਹੈ।ਪੁਲਸ ਨੂੰ ਦਿੱਤੀ ਦਰਖਾਸਤ ਵਿੱਚ ਸ਼ਾਮ ਸੁੰਦਰ ਗੋਇਲ (ਵਾਸੀ ਫੌਜੀ ਰੋਡ, ਕੋਟਕਪੂਰਾ) ਨੇ ਦੱਸਿਆ ਕਿ 17 ਅਗਸਤ 2024 ਨੂੰ ਜਦੋਂ ਉਹ ਆਪਣੇ ਲੜਕੇ ਤੇ ਇੱਕ ਦੋਸਤ ਦੇ ਪੁੱਤਰ ਨਾਲ ਮੋਗਾ ਰੋਡ ਵੱਲ ਜਾ ਰਹੇ ਸਨ, ਤਾਂ ਬਿੱਟੂ ਬਾਂਸਲ ਨੇ ਆਪਣੀ ਐਕਸਯੂਵੀ 700 ਗੱਡੀ ਰਾਹੀਂ ਉਨ੍ਹਾਂ ਦਾ ਪਿੱਛਾ ਕਰਨਾ ਸ਼ੁਰੂ ਕਰ ਦਿੱਤਾ।ਇਸ ਦੌਰਾਨ ਇੱਕ ਵਰਨਾ ਕਾਰ, ਜਿਸ ਦੀ ਨੰਬਰ ਪਲੇਟ ਕੱਪੜੇ ਨਾਲ ਢਕੀ ਹੋਈ ਸੀ, ਨੇ ਵੀ ਉਨ੍ਹਾਂ ਨੂੰ ਘੇਰਨ ਦੀ ਕੋਸ਼ਿਸ਼ ਕੀਤੀ।ਹਾਲਾਂਕਿ, ਉਸ ਦਿਨ ਉਹ ਬਚ ਕੇ ਨਿਕਲਣ ਵਿੱਚ ਕਾਮਯਾਬ ਰਹੇ।ਸ਼ਿਕਾਇਤਕਰਤਾ ਅਨੁਸਾਰ, ਦੂਜੀ ਘਟਨਾ 20 ਅਗਸਤ 2024 ਨੂੰ ਵਾਪਰੀ, ਜਦੋਂ ਉਹ ਕੋਟਕਪੂਰਾ ਤੋਂ ਲੁਧਿਆਣਾ ਵੱਲ ਜਾ ਰਹੇ ਸਨ, ਤਾਂ ਸਮਾਲਸਰ ਦੇ ਨੇੜੇ ਇੱਕ ਕਾਲੇ ਰੰਗ ਦੀ ਥਾਰ ਤੇ ਚਿੱਟੇ ਰੰਗ ਦੀ ਸਕਾਰਪੀਓ ਨੇ ਉਨ੍ਹਾਂ ਦੀ ਇਨੋਵਾ ਗੱਡੀ ਦਾ ਪਿੱਛਾ ਕੀਤਾ।ਬੰਦ ਪਏ ਟੋਲ ਪਲਾਜ਼ਾ ਦੇ ਨੇੜੇ ਇਨ੍ਹਾਂ ਗੱਡੀਆਂ ਨੇ ਸ਼ਾਮ ਸੁੰਦਰ ਦੀ ਗੱਡੀ ਨੂੰ ਅੱਗੇ ਤੇ ਪਿੱਛੇ ਤੋਂ ਜ਼ੋਰਦਾਰ ਟੱਕਰਾਂ ਮਾਰੀਆਂ।ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਹਮਲਾਵਰਾਂ ਕੋਲ ਅਸਲਾ ਵੀ ਸੀ ਤੇ ਉਹ ਉਨ੍ਹਾਂ ਨੂੰ ਜਾਨੋਂ ਮਾਰਨਾ ਚਾਹੁੰਦੇ ਸਨ।ਐੱਸ.ਐੱਸ.ਪੀ. ਫਰੀਦਕੋਟ ਦੇ ਹੁਕਮਾਂ 'ਤੇ ਸੀ.ਆਈ.ਏ. ਸਟਾਫ ਵੱਲੋਂ ਕੀਤੀ ਗਈ ਪੜਤਾਲ ਦੌਰਾਨ ਅਹਿਮ ਸਬੂਤ ਸਾਹਮਣੇ ਆਏ।ਪੁਲਸ ਨੇ ਸੀਸੀਟੀਵੀ ਫੁਟੇਜ ਦੀ ਜਾਂਚ ਕੀਤੀ, ਜਿਸ ਵਿੱਚ ਵਾਰਦਾਤ ਵਿੱਚ ਵਰਤੀ ਗਈ ਵਰਨਾ ਕਾਰ ਤੇ ਹੋਰ ਗੱਡੀਆਂ ਬਿੱਟੂ ਬਾਂਸਲ ਦੇ ਸ਼ੈਲਰ ਵਿੱਚ ਆਉਂਦੀਆਂ-ਜਾਂਦੀਆਂ ਦਿਖਾਈ ਦਿੱਤੀਆਂ।ਇਸ ਤੋਂ ਇਲਾਵਾ, ਮੋਬਾਈਲ ਲੋਕੇਸ਼ਨ (ਸੀਡੀਆਰ) ਦੀ ਜਾਂਚ ਨੇ ਵੀ ਘਟਨਾ ਸਥਾਨਾਂ 'ਤੇ ਦੋਵਾਂ ਧਿਰਾਂ ਦੀ ਮੌਜੂਦਗੀ ਦੀ ਪੁਸ਼ਟੀ ਕੀਤੀ।ਪੜਤਾਲ ਵਿੱਚ ਇਹ ਗੱਲ ਸਾਹਮਣੇ ਆਈ ਹੈ ਕਿ ਸ਼ਾਮ ਸੁੰਦਰ ਗੋਇਲ ਤੇ ਬਿੱਟੂ ਬਾਂਸਲ ਇੱਕੋ ਜਿਹੇ ਕਾਰੋਬਾਰ (ਆੜ੍ਹਤ ਤੇ ਸ਼ੈਲਰ) ਵਿੱਚ ਹਨ ਤੇ ਉਨ੍ਹਾਂ ਦੀ ਆਪਸੀ ਪੁਰਾਣੀ ਰੰਜਿਸ਼ ਚੱਲ ਰਹੀ ਹੈ।ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਬਿੱਟੂ ਬਾਂਸਲ ਨੇ ਪਹਿਲਾਂ ਵੀ ਉਸ 'ਤੇ ਝੂਠਾ ਮੁਕੱਦਮਾ ਦਰਜ ਕਰਵਾਇਆ ਸੀ, ਜੋ ਬਾਅਦ ਵਿੱਚ ਰੱਦ ਹੋ ਗਿਆ ਸੀ।ਹੁਣ ਉਸ ਵੱਲੋਂ ਸੋਸ਼ਲ ਮੀਡੀਆ 'ਤੇ ਗਲਤ ਖ਼ਬਰਾਂ ਫੈਲਾ ਕੇ ਕਾਰੋਬਾਰੀ ਸਾਖ ਨੂੰ ਨੁਕਸਾਨ ਪਹੁੰਚਾਉਣ ਦੀ ਕੋਸ਼ਿਸ਼ ਵੀ ਕੀਤੀ ਗਈ।ਪੁਲਸ ਨੇ ਪੜਤਾਲੀਆ ਰਿਪੋਰਟ ਦੇ ਆਧਾਰ 'ਤੇ ਬਿੱਟੂ ਬਾਂਸਲ ਅਤੇ ਥਾਰ ਤੇ ਸਕਾਰਪੀਓ ਵਿੱਚ ਸਵਾਰ ਅਣਪਛਾਤੇ ਵਿਅਕਤੀਆਂ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ।ਕੇਸ ਦੀ ਅਗਲੀ ਤਫਤੀਸ਼ ਹੌਲਦਾਰ ਪ੍ਰਦੀਪ ਸਿੰਘ ਨੂੰ ਸੌਂਪੀ ਗਈ ਹੈ।

## ਵਪਾਰੀ ਸੂਬੇ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ : ਹਡਾਣਾ



**ਬਹਾਦਰਗੜ੍ਹ (ਰਾਜਿੰਦਰ ਸਿੰਘ ਬਿੰਦ)**-ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਵਪਾਰੀ ਵਰਗ ਨੂੰ ਦਰਪੇਸ਼ ਦਰਪੇਸ਼ ਮੁਸ਼ਕਲਾਂ ਦੇ ਸਥਾਈ ਹੱਲ ਲਈ ਵਿੱਢੀ ਗਈ ਵਿਸ਼ੇਸ਼ ਮੁਹਿੰਮ ਤਹਿਤ ਪੰਜਾਬ ਟਰੇਡ ਕਮਿਸ਼ਨ ਦੇ ਚੇਅਰਮੈਨ ਹਰਪਾਲ ਸਿੰਘ ਚੀਮਾ ਦੇ ਦਿਸ਼ਾ-ਨਿਰਦੇਸ਼ਾਂ ਤੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਦੀ ਅਗਵਾਈ ਤੇ ਵਪਾਰ ਕਮੀਸ਼ਨ ਦੇ ਚੇਅਰਮੈਨ ਵੇਦ ਪ੍ਰਕਾਸ਼ ਗਰਗ ਦੀ ਪ੍ਰਧਾਨਗੀ ਹੇਠ ਬਹਾਦਰਗੜ੍ਹ ਦੀਆਂ ਸਮੂਹ ਮਾਰਕੀਟ ਐਸੋਸੀਏਸ਼ਨਾਂ ਵੱਲੋਂ ਇੱਕ ਅਹਿਮ ਮੀਟਿੰਗ ਕੀਤੀ ਗਈ।ਹੋਈ ਇਸ ਮੀਟਿੰਗ ਦੀ ਅਗਵਾਈ ਹਲਕਾ ਇੰਚਾਰਜ ਸ੍ਰ. ਰਣਜੋਧ ਸਿੰਘ ਹਡਾਣਾ ਵੱਲੋਂ ਕੀਤੀ ਗਈ।ਇਸ ਮੌਕੇ ਵਪਾਰੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਆਪਣੀਆਂ ਦਰਪੇਸ਼ ਸਮੱਸਿਆਵਾਂ ਕਮਿਸ਼ਨ ਦੇ ਸਾਹਮਣੇ ਰੱਖੀਆਂ।ਮੀਟਿੰਗ ਨੂੰ ਸੰਬੋਧਨ ਕਰਦਿਆਂ ਸ੍ਰ. ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਸਮੇਂ ਵਪਾਰੀ ਵਰਗ ਹਮੇਸ਼ਾ ਅਣਗੌਲਿਆ ਰਿਹਾ ਹੈ ਤੇ ਉਨ੍ਹਾਂ ਨੂੰ ਆਪਣੇ ਜਾਇਜ਼ ਕੰਮਾਂ ਲਈ ਵੀ ਦਫ਼ਤਰਾਂ ਦੇ ਧੱਕੇ ਖਾਣੇ ਪੈਂਦੇ ਸਨ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਇਸ ਰੁਝਾਨ ਨੂੰ ਖ਼ਤਮ ਕਰਕੇ 'ਸਰਕਾਰ ਤੁਹਾਡੇ ਦੁਆਰ' ਨੀਤੀ ਤਹਿਤ ਖ਼ੁਦ ਵਪਾਰੀਆਂ ਦੇ ਬੂਹੇ 'ਤੇ ਆ ਕੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣਨ ਦਾ ਫੈਸਲਾ ਕੀਤਾ ਹੈ।ਸ੍ਰ. ਹਡਾਣਾ ਨੇ ਵਿਸ਼ਵਾਸ ਦਿਵਾਇਆ ਕਿ ਬਹਾਦਰਗੜ੍ਹ ਮਾਰਕੀਟ ਦੀ ਹਰ ਸਮੱਸਿਆ, ਚਾਹੇ ਉਹ ਬੁਨਿਆਦੀ ਢਾਂਚੇ ਨਾਲ ਸਬੰਧਤ ਹੋਵੇ ਜਾਂ ਟੈਕਸ ਪ੍ਰਣਾਲੀ ਨਾਲ, ਉਸ ਨੂੰ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇਗਾ।ਮੀਟਿੰਗ ਵਿੱਚ ਹਾਜ਼ਰ ਪੰਜਾਬ ਟਰੇਡ ਕਮਿਸ਼ਨ ਦੇ ਮੈਂਬਰ ਸੰਜੀਵ ਕੁਮਾਰ ਤੇ ਜ਼ਿਲ੍ਹਾ ਚੇਅਰਮੈਨ ਵਿਨੋਦ ਕੁਮਾਰ ਸਿੰਗਲਾ ਨੇ ਵਪਾਰੀਆਂ ਨੂੰ ਸਰਕਾਰ ਦੀਆਂ ਨਵੀਆਂ ਵਪਾਰ-ਪੱਖੀ ਨੀਤੀਆਂ ਬਾਰੇ ਜਾਣਕਾਰੀ ਦਿੱਤੀ।ਮੀਟਿੰਗ ਦੌਰਾਨ ਮੈਂਬਰ ਮਹੇਸ਼ ਕੁਮਾਰ, ਗੁਰਿੰਦਰ ਸਿੰਘ, ਗੁਰਪ੍ਰੀਤ ਸਿੰਘ ਤੇ ਰਾਜਿਤ ਕਪੂਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਤੋਂ ਇਲਾਵਾ ਬਲਾਕ ਸੰਮਤੀ ਦੇ ਵਾਈਸ ਚੇਅਰਮੈਨ ਸਿਮਰਜੀਤ ਸਿੰਘ ਸੋਹਲ ਸਿੰਘ, ਹਰਪ੍ਰੀਤ ਸਿੰਘ ਘੁਮਾਣ, ਗੁਰਪ੍ਰੀਤ ਸਿੰਘ ਸਰਪੰਚ, ਰਾਜਾ ਧੰਜੂ ਸਰਪੰਚ, ਵਿਕਰਮ ਹਡਾਣਾ ਤੇ ਬਹਾਦਰਗੜ੍ਹ ਦੀਆਂ ਵੱਖ-ਵੱਖ ਮਾਰਕੀਟ ਐਸੋਸੀਏਸ਼ਨਾਂ ਦੇ ਅਹੁਦੇਦਾਰਾਂ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ।ਸ੍ਰ. ਹਡਾਣਾ ਨੇ ਅਖੀਰ ਵਿੱਚ ਸਮੂਹ ਵਪਾਰੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਵਪਾਰੀ ਸੂਬੇ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹਨ ਤੇ ਉਨ੍ਹਾਂ ਦਾ ਮਾਨ-ਸਨਮਾਨ ਬਰਕਰਾਰ ਰੱਖਣਾ ਸਰਕਾਰ ਦੀ ਮੁੱਖ ਜ਼ਿੰਮੇਵਾਰੀ ਹੈ।

## ਕਵੀ ਦਰਬਾਰ 29 ਨੂੰ

**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)**-ਸਾਹਿਤ ਸਭਾ ਧੂਰੀ ਦੇ ਪ੍ਰਧਾਨ ਸੁਰਿੰਦਰ ਸ਼ਰਮਾ ਨਾਗਰਾ ਨੇ ਦੱਸਿਆ ਕਿ ਸਭਾ ਵੱਲੋਂ 29 ਮਾਰਚ ਨੂੰ ਸਥਾਨਕ ਮਾਲਵਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦੇ 'ਸਾਹਿਤ ਸਦਨ' 'ਚ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦ ਦਿਹਾੜੇ ਨੂੰ ਸਮਰਪਤ ਕਵੀ ਦਰਬਾਰ ਕਰਵਾਇਆ ਜਾਵੇਗਾ ਅਤੇ ਨਾਵਲਕਾਰ ਪ੍ਰਗਟ ਸਿੰਘ ਸਤੌਜ ਨਾਲ ਰੂ-ਬ-ਰੂ ਹੋਵੇਗਾ ਤੇ ਕੁਲਵੰਤ ਸਿੰਘ ਬੁੰਗਾ ਦੀ ਪੁਸਤਕ 'ਅਤੀਤ 'ਚ ਡੁੱਬਿਆ ਵਰਤਮਾਨ' ਦਾ ਲੋਕ ਅਰਪਣ ਕੀਤਾ ਜਾਵੇਗਾ।

## ਮੋਟਰਸਾਈਕਲ ਚੋਰ ਕਾਬੂ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਥਾਣਾ ਗਿੱਦੜਬਾਹਾ ਪੁਲਸ ਨੇ ਬੀਤੇ ਦਿਨ ਮਨਪ੍ਰੀਤ ਸਿੰਘ ਪੁੱਤਰ ਬੂਟਾ ਸਿੰਘ ਵਾਸੀ ਪਿੰਡ ਛੱਤਿਆਣਾ ਦੇ ਸ਼ਿਕਾਇਤ 'ਤੇ ਉਸ ਦੇ ਮੋਟਰਸਾਈਕਲ ਚੋਰੀ ਹੋਣ ਸੰਬੰਧੀ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕੀਤਾ ਸੀ।ਪੁਲਸ ਵੱਲੋਂ ਉਕਤ ਮੋਟਰਸਾਈਕਲ ਚੋਰੀ ਕਰਨ ਵਾਲੇ ਵਿਅਕਤੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਗਿੱਦੜਬਾਹਾ ਦੇ ਐੱਸ.ਐੱਚ.ਓ. ਹਰਗੋਬਿੰਦ ਸਿੰਘ ਮਾਨ ਨੇ ਦੱਸਿਆ ਕਿ ਉਕਤ ਚੋਰੀ ਮਾਮਲੇ ਵਿੱਚ ਕਾਰਵਾਈ ਕਰਦੇ ਹੋਏ ਪੁਲਸ ਨੇ ਬੂਟਾ ਸਿੰਘ ਉਰਫ ਸੰਦੀਪ ਪੁੱਤਰ ਮਲਕੀਤ ਸਿੰਘ ਵਾਸੀ ਬਹਿਮਣ ਦੀਵਾਨਾ ਨੂੰ ਉਕਤ ਚੋਰੀ ਹੋਏ ਮੋਟਰਸਾਈਕਲ ਸਮੇਤ ਗ੍ਰਿਫਤਾਰ ਕਰ ਲਿਆ ਹੈ।

## ਅਨੁਸੂਚਿਤ ਜਾਤੀਆਂ ਦੇ 4,817 ਲਾਭਪਾਤਰੀਆਂ ਲਈ 24.57 ਕਰੋੜ ਜਾਰੀ : ਵਿਧਾਇਕ ਰਾਏ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪੱਛੜੇ ਵਰਗਾਂ ਨੂੰ ਸਮਾਜ ਦੀ ਮੁੱਖ ਧਾਰਾ ਨਾਲ ਜੋੜਨ ਲਈ ਯੋਜਨਾ-ਬੱਧ ਭਲਾਈ ਸਕੀਮਾਂ ਰਾਹੀਂ ਲਗਾਤਾਰ ਕੰਮ ਕਰ ਰਹੀ ਹੈ।ਇਸੇ ਦਿਸ਼ਾ ਵਿੱਚ ਕੰਮ ਕਰਦਿਆਂ ਪੰਜਾਬ ਸਰਕਾਰ ਨੇ ਅਸ਼ੀਰਵਾਦ ਸਕੀਮ ਤਹਿਤ ਚਾਲੂ ਵਿੱਤੀ ਸਾਲ 2025-26 ਦੌਰਾਨ ਅਨੁਸੂਚਿਤ ਜਾਤੀਆਂ ਨਾਲ ਸਬੰਧਤ ਧੀਆਂ ਦੇ ਵਿਆਹ ਲਈ 4,817 ਯੋਗ ਲਾਭਪਾਤਰੀਆਂ ਨੂੰ 24.57 ਕਰੋੜ ਦੀ ਵਿੱਤੀ ਸਹਾਇਤਾ ਜਾਰੀ ਕੀਤੀ ਹੈ। ਵਿਧਾਇਕ ਲਖਬੀਰ ਸਿੰਘ ਰਾਏ ਨੇ ਦੱਸਿਆ ਕਿ ਸ੍ਰੀ ਫਤਹਿਗੜ੍ਹ ਸਾਹਿਬ ਸਮੇਤ 14 ਹੋਰ ਜ਼ਿਲ੍ਹਿਆਂ ਤੋਂ ਕੁੱਲ 4,817 ਅਰਜ਼ੀਆਂ ਅਸ਼ੀਰਵਾਦ ਪੋਰਟਲ ਰਾਹੀਂ ਪ੍ਰਾਪਤ ਹੋਈਆਂ, ਜਿਨ੍ਹਾਂ ਸਭ ਨੂੰ ਕਵਰ ਕਰਦਿਆਂ ਰਾਸ਼ੀ ਜਾਰੀ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਇਸ ਰਾਸ਼ੀ ਨਾਲ ਫਤਹਿਗੜ੍ਹ ਸਾਹਿਬ ਦੇ 124, ਲਾਭਪਾਤਰੀਆਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਗਈ ਹੈ ਅਤੇ ਹੋਰਨਾਂ ਜ਼ਿਲਿਆਂ ਦੇ ਲਾਭਪਾਤਰੀਆਂ ਨੂੰ ਵੀ ਇਸ ਸਕੀਮ ਅਧੀਨ ਲਾਭ ਦਿੱਤਾ ਗਿਆ ਹੈ।ਵਿਧਾਇਕ ਰਾਏ ਨੇ ਕਿਹਾ ਕਿ ਅਸ਼ੀਰਵਾਦ ਸਕੀਮ ਤਹਿਤ ਘੱਟ ਆਮਦਨ ਵਾਲੇ ਪਰਿਵਾਰਾਂ ਨਾਲ ਸਬੰਧਤ ਧੀਆਂ ਦੇ ਵਿਆਹ ਲਈ 51,000 ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਂਦੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਇਸ ਸਕੀਮ ਦਾ ਲਾਭ ਲੈਣ ਲਈ ਬਿਨੈਕਾਰ ਦਾ ਪੰਜਾਬ ਦਾ ਸਥਾਈ ਨਿਵਾਸੀ ਹੋਣਾ, ਗਰੀਬੀ ਰੇਖਾ ਤੋਂ ਹੇਠਾਂ ਆਉਂਦਾ ਹੋਣਾ ਅਤੇ ਅਨੁਸੂਚਿਤ ਜਾਤੀ, ਪਿੱਛੜੀ ਸ਼੍ਰੇਣੀ ਜਾਂ ਹੋਰ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਨਾਲ ਸਬੰਧਤ ਹੋਣਾ ਲਾਜ਼ਮੀ ਹੈ। ਜਿਨ੍ਹਾਂ ਪਰਿਵਾਰਾਂ ਦੀ ਸਾਲਾਨਾ ਆਮਦਨ 32,790 ਤੋਂ ਘੱਟ ਹੈ, ਉਹਨਾਂ ਦੀਆਂ ਦੋ ਧੀਆਂ ਤੱਕ ਇਸ ਸਕੀਮ ਦਾ ਲਾਭ ਲੈ ਸਕਦੀਆਂ ਹਨ।

## ਮਿਲਣੀ ਪ੍ਰੋਗਰਾਮ ਸਰਕਾਰ ਦਾ ਸ਼ਲਾਘਾਯੋਗ ਉਪਰਾਲਾ : ਵਿਧਾਇਕ ਸਵਨਾ

**ਫਾਜ਼ਿਲਕਾ (ਨਿਸ਼ਾ ਸ਼ਰਮਾ)**

ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਸਟੇਟ ਟਰੇਡ ਕਮਿਸ਼ਨ ਦੀ ਸਥਾਪਨਾ ਕੀਤੀ ਗਈ ਹੈ, ਜਿਸ ਤਹਿਤ ਵਿਧਾਨ ਸਭਾ ਹਲਕਾ ਫਾਜ਼ਿਲਕਾ ਟਰੇਡ ਕਮਿਸ਼ਨ ਦੁਆਰਾ ਵਪਾਰੀਆਂ ਤੇ ਦੁਕਾਨਦਾਰਾਂ ਦੀਆਂ ਸਮੱਸਿਆਵਾ ਦਾ ਹੱਲ ਕਰਨ ਲਈ ਮਿਲਣੀ ਪ੍ਰੋਗਰਾਮ ਕੀਤਾ ਗਿਆ।ਇਸ ਦਾ ਉਦੇਸ਼ ਵਪਾਰੀ ਵਰਗ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨਾ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਫਾਜ਼ਿਲਕਾ ਦੇ ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ ਨੇ ਸਥਾਨਕ ਮਹਿਰੀਆ ਬਜ਼ਾਰ ਵਿਖੇ ਵਪਾਰੀ ਤੇ ਦੁਕਾਨਦਾਰ ਨਾਲ ਮਿਲਣੀ ਪ੍ਰੋਗਰਾਮ ਮੌਕੇ ਕੀਤਾ।ਇਸ ਮੌਕੇ ਉਨ੍ਹਾਂ ਵੱਖ-ਵੱਖ ਵਪਾਰੀਆਂ ਤੇ ਸਬੰਧਤ ਸੰਗਠਨਾਂ ਨਾਲ ਮਿਲ ਕੇ ਉਨ੍ਹਾਂ ਦੀਆਂ ਸਮੱਸਿਆਵਾ ਸੁਣੀਆਂ ਤੇ ਸਮੱਸਿਆਵਾਂ ਦੇ ਹੱਲ ਲਈ ਜ਼ਰੂਰੀ ਦਿਸ਼ਾ-ਨਿਰਦੇਸ਼ ਜਾਰੀ ਕੀਤੇ।ਇਸ ਮੌਕੇ ਵਿਧਾਇਕ ਫਾਜ਼ਿਲਕਾ ਸ੍ਰੀ ਨਰਿੰਦਰਪਾਲ ਸਿੰਘ ਸਵਨਾ ਨੇ ਵਪਾਰੀਆਂ ਤੇ ਦੁਕਾਨਦਾਰਾਂ ਦੇ ਵੱਡੇ ਇੱਕਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵਪਾਰੀਆਂ ਤੇ ਦੁਕਾਨਦਾਰਾਂ ਦੇ ਮੁੱਦਿਆਂ ਨੂੰ ਤਰਜੀਹੀ ਤੌਰ 'ਤੇ ਸੁਲਝਾਉਣ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਇਹ ਸਰਕਾਰ ਦਾ ਸ਼ਲਾਘਾਯੋਗ ਉਪਰਾਲਾ ਹੈ, ਜਿਸ ਵਿੱਚ ਸਰਕਾਰ ਤੇ ਅਧਿਕਾਰੀ ਖੁਦ ਲੋਕਾਂ ਵਿਚਕਾਰ ਜਾ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣ ਕੇ ਮੌਕੇ ਉੱਤੇ ਹੀ ਹੱਲ ਕਰ ਰਹੇ ਹਨ।ਇਸ ਮੌਕੇ ਐਸ.ਡੀ.ਐਮ. ਫਾਜ਼ਿਲਕਾ ਸ. ਜੁਗਰਾਜ ਸਿੰਘ ਨੇ ਕਿਹਾ ਕਿ ਵਪਾਰੀਆਂ ਦੀਆਂ ਸਮੱਸਿਆਵਾਂ ਸਮੇਂ-ਸਮੇਂ ਤੇ ਪਹਿਲ ਦੇ ਆਧਾਰ 'ਤੇ ਹੱਲ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਵਪਾਰੀ ਵਰਗ ਦੀਆਂ ਪ੍ਰਾਪਤ ਦਰਖਾਸਤਾਂ ਨੂੰ 30 ਦਿਨਾਂ ਦੇ ਅੰਦਰ ਅੰਦਰ ਹੱਲ ਕੀਤਾ ਜਾਵੇਗਾ।ਇਸ ਮੌਕੇ ਮੈਂਬਰ ਪੰਜਾਬ ਵਪਾਰ ਕਮਿਸ਼ਨ ਤੇ ਸਟੇਟ ਸਕੱਤਰ ਅਤੁਲ ਨਾਗਪਾਲ ਨੇ ਵਪਾਰੀਆਂ ਤੇ ਦੁਕਾਨਦਾਰਾਂ ਦੀਆਂ ਵੱਖ-ਵੱਖ ਸਮੱਸਿਆਵਾਂ ਬਾਰੇ ਦੱਸਿਆ।ਉਪਰੰਤ ਚੇਅਰਮੈਨ ਵਿਧਾਨ ਸਭਾ ਹਲਕਾ ਫਾਜ਼ਿਲਕਾ ਟਰੇਡਜ਼ ਕਮਿਸ਼ਨ ਲਵਿਸ਼ ਚਾਵਲਾ ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਪਹਿਲੀ ਸਰਕਾਰ ਹੈ ਜਿਹੜੀ ਵਪਾਰੀ ਵਰਗ ਨਾਲ ਖੜੀ ਹੈ।ਇਸ ਦੌਰਾਨ ਸਟੇਜ ਸੰਚਾਲਨ ਦੀ ਭੂਮਿਕਾ ਰਾਜ ਕਰ ਅਫਸਰ ਸ੍ਰੀ ਕੁਲਵਿੰਦਰ ਸਿੰਘ ਵੱਲੋਂ ਬਖ਼ੂਬੀ ਨਿਭਾਈ ਗਈ।

## ਇਤਿਹਾਸਕ ਕਿਲ੍ਹੇ ਦੀ ਮਸਜਿਦ 'ਚ ਈਦ-ਉਲ-ਫਿਤਰ ਦੀ ਨਮਾਜ਼

**ਦੋਰਾਹਾ (ਹਰਮਿੰਦਰ ਸੇਠ)**

ਮੁਸਲਿਮ ਭਾਈਚਾਰੇ ਦਾ ਪਵਿੱਤਰ ਤਿਉਹਾਰ ਈਦ-ਉਲ-ਫਿਤਰ ਦੋਰਾਹਾ ਵਿਖੇ ਬੜੀ ਅਕੀਦਤ ਤੇ ਇਹਤਰਾਮ ਨਾਲ ਮਨਾਇਆ ਗਿਆ।ਰਮਜ਼ਾਨ ਮੁਬਾਰਕ ਦੇ ਮੁਕੰਮਲ ਹੋਣ ਉਪਰੰਤ ਦੋਰਾਹਾ ਦੇ ਇਤਿਹਾਸਕ ਕਿਲ੍ਹੇ ਅੰਦਰ ਸਥਿਤ ਮਸਜਿਦ ਵਿੱਚ ਸੈਂਕੜੇ ਮੁਸਲਿਮ ਭਰਾਵਾਂ ਵੱਲੋਂ ਇਕੱਠੇ ਹੋ ਕੇ ਈਦ ਦੀ ਖਾਸ ਨਮਾਜ਼ ਅਦਾ ਕੀਤੀ ਗਈ ਅਤੇ ਮੁਲਕ ਵਿੱਚ ਅਮਨ-ਚੈਨ ਤੇ ਖੁਸ਼ਹਾਲੀ ਲਈ ਦੁਆ ਮੰਗੀ ਗਈ।ਨਮਾਜ਼ ਤੋਂ ਬਾਅਦ ਨਮਾਜ਼ੀਆਂ ਨੇ ਇਕ-ਦੂਜੇ ਨੂੰ ਗਲੇ ਮਿਲ ਕੇ ਈਦ ਦੀ ਮੁਬਾਰਕਬਾਦ ਦਿੱਤੀ ਤੇ ਭਾਈਚਾਰਕ ਪਿਆਰ ਦਾ ਪ੍ਰਗਟਾਵਾ ਕੀਤਾ।

ਇਸ ਮੌਕੇ ਹਲਕਾ ਪਾਇਲ ਦੇ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਵਿਸ਼ੇਸ਼ ਤੌਰ 'ਤੇ ਮਸਜਿਦ ਪਹੁੰਚੇ ਤੇ ਮੁਸਲਿਮ ਭਾਈਚਾਰੇ ਨੂੰ ਈਦ ਦੀਆਂ ਵਧਾਈਆਂ ਦਿੱਤੀਆਂ।ਉਨ੍ਹਾਂ ਕਿਹਾ ਕਿ ਈਦ-ਉਲ-ਫਿਤਰ ਸਿਰਫ਼ ਮੁਸਲਿਮ ਭਾਈਚਾਰੇ ਦਾ ਹੀ ਨਹੀਂ, ਸਗੋਂ ਸਾਰੇ ਸਮਾਜ ਦੀ ਸਾਂਝ ਤੇ ਭਾਈਚਾਰੇ ਦਾ ਪ੍ਰਤੀਕ ਤਿਉਹਾਰ ਹੈ।ਵਿਧਾਇਕ ਗਿਆਸਪੁਰਾ ਨੇ ਕਿਹਾ ਕਿ

**■ ਵਿਧਾਇਕ ਗਿਆਸਪੁਰਾ ਨੇ ਲਗਾਈ ਹਾਜ਼ਰੀ, 5 ਲੱਖ ਦੀ ਸਹਾਇਤਾ ਦਾ ਐਲਾਨ**



ਦੇਸ਼ ਵਿੱਚ ਕਈ ਵਾਰ ਕੁਝ ਤਾਕਤਾਂ ਵੱਲੋਂ ਫਿਰਕੂ ਨਫਰਤ ਦੀ ਸਿਆਸਤ ਕਰਨ ਦੀ ਕੋਸ਼ਿਸ਼ ਕੀਤੀ ਜਾਂਦੀ ਹੈ, ਜੋ ਕਿ ਬਹੁਤ ਨਿੰਦਣਯੋਗ ਗੱਲ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਅਜਿਹੀਆਂ ਤਾਕਤਾਂ ਤੋਂ ਸੁਚੇਤ ਰਹਿਣਾ ਚਾਹੀਦਾ ਹੈ ਤੇ ਸਮਾਜ ਵਿੱਚ ਅਮਨ ਤੇ ਸਾਂਝ ਨੂੰ ਕਾਇਮ ਰੱਖਣਾ ਚਾਹੀਦਾ ਹੈ।ਇਸ ਮੌਕੇ ਮਸਜਿਦ ਦੇ ਮੌਲਵੀ ਵੱਲੋਂ ਵਿਧਾਇਕ ਗਿਆਸਪੁਰਾ ਨੂੰ ਸਿਰੋਪਾ ਭੇਟ ਕਰਕੇ ਮੁਸਲਿਮ ਭਾਈਚਾਰੇ ਦੀਆਂ ਕੁਝ ਮੰਗਾਂ ਸਬੰਧੀ ਇੱਕ ਮੰਗ ਪੱਤਰ ਵੀ ਦਿੱਤਾ ਗਿਆ।ਵਿਧਾਇਕ ਨੇ ਮੰਗ ਪੱਤਰ 'ਤੇ ਗੌਰ ਕਰਦਿਆਂ ਐਲਾਨ ਕੀਤਾ ਕਿ ਮੁਸਲਿਮ ਭਾਈਚਾਰੇ ਲਈ ਕਬਰਸਤਾਨ ਦੀ ਜਗ੍ਹਾ ਦੀ ਬਾਊਂਡਰੀ ਵਾਲ ਬਣਾਉਣ ਲਈ ਉਹ ਆਪਣੇ ਐੱਮ.ਐੱਲ.ਏ. ਫੰਡ ਵਿੱਚੋਂ 5 ਲੱਖ ਰੁਪਏ ਦੀ ਸਹਾਇਤਾ ਦੇਣਗੇ।

ਉਨ੍ਹਾਂ ਭਰੋਸਾ ਦਿਵਾਇਆ ਕਿ ਭਾਈਚਾਰੇ ਦੀ ਹੋਰ ਵੀ ਕੋਈ ਜ਼ਰੂਰਤ ਹੋਵੇਗੀ ਤਾਂ ਉਸ ਨੂੰ ਤਰਜੀਹ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ।ਇਸ ਮੌਕੇ ਦੋਰਾਹਾ ਨਗਰ ਕੌਂਸਲ ਦੇ ਐਕਟਿੰਗ ਪ੍ਰਧਾਨ ਕੁਲਵੰਤ ਸਿੰਘ, ਦਲਜਿੰਦਰ ਸਿੰਘ ਤੇ ਹੋਰ ਮੁਹਤਬਰ ਵੱਡੀ ਗਿਣਤੀ ਵਿੱਚ ਹਾਜ਼ਰ ਰਹੇ।

## ਈਦ ਮੌਕੇ ਕੁਸ਼ਤੀ ਅਖਾੜੇ ਨੂੰ ਦਿੱਤਾ ਦਾਨ

**ਨਿਹਾਲ ਸਿੰਘ ਵਾਲਾ (ਨਛੱਤਰ ਸੰਧੂ)**-ਈਦ ਦੇ ਪਵਿੱਤਰ ਦਿਹਾੜੇ 'ਤੇ ਇਲਾਕਾ ਨਿਹਾਲ ਸਿੰਘ ਵਾਲਾ ਦੀ ਮਾਣਮੱਤੀ ਸੰਸਥਾ 'ਦੀਪ ਹਸਪਤਾਲ ਤੇ ਜ਼ਹਿਰ ਇਲਾਜ ਕੇਂਦਰ' ਬਰਨਾਲਾ ਰੋਡ ਨਿਹਾਲ ਸਿੰਘ ਵਾਲਾ ਦੇ ਮਨੈਜਿੰਗ ਡਾਇਰੈਕਟਰ ਡਾ. ਹਰਗੁਰਪ੍ਰਤਾਪ ਸਿੰਘ ਐੱਮ ਬੀ ਬੀ ਐੱਸ, ਐੱਮ ਐੱਸ, ਐੱਮ ਆਈ ਐੱਮ ਏ, ਐੱਮ ਆਈ ਐੱਮ ਪੀ ਏ ਨੇ ਸਮੁੱਚੇ ਭਾਰਤ ਦੇ ਲੋਕਾਂ ਨੂੰ ਈਦ ਦੀਆਂ ਸ਼ੁੱਭ-ਕਾਮਨਾਵਾਂ ਭੇਟ ਕੀਤੀਆਂ।ਇਸ ਮੌਕੇ ਉਨ੍ਹਾਂ ਭਾਈ ਬਚਨ ਸਿੰਘ ਕੁਸ਼ਤੀ ਅਖਾੜਾ ਫੂਲੇਵਾਲਾ ਦੀਆਂ ਪਹਿਲਵਾਲ ਖਿਡਾਰਨਾਂ ਦੀ ਖੁਰਾਕ ਲਈ 10 ਹਜ਼ਾਰ ਰੁਪਏ ਰਾਸ਼ੀ ਵੀ ਦਾਨ ਕੀਤੀ।ਉਨ੍ਹਾਂ ਸਮੇਂ-ਸਮੇਂ 'ਤੇ ਧਾਰਮਿਕ ਸਮਾਗਮਾਂ ਮੌਕੇ ਪੁਰਾਣੀਆਂ ਤੇ ਪਿਛਾਖੜੀ ਦਕੀਆਨੂਸ ਤੇ ਪਿਛਾਂਹਖਿੱਚੂ ਪ੍ਰੰਪਰਾਵਾਂ ਨੂੰ ਤਿਆਗ ਕੇ ਲੜਕੀਆਂ ਦੀ ਸਿੱਖਿਆ ਤੇ ਖੇਡਾਂ, ਗਰੀਬ ਵਿਦਿਆਰਥੀਆਂ ਦੀਆਂ ਖੇਡਾਂ ਤੇ ਪੜ੍ਹਾਈ ਲਈ ਦਾਨ ਦੇਣ ਦੀ ਪ੍ਰੰਪਰਾ ਨੂੰ ਵੱਧ ਤੋਂ ਵੱਧ ਪ੍ਰਫੁਲਤ ਕਰਨ ਲਈ ਪ੍ਰੇਰਿਆ।ਇਸ ਮੌਕੇ ਡਾ. ਫ਼ਕੀਰ ਮੁਹੰਮਦ ਵੀ ਉਨ੍ਹਾਂ ਦੇ ਨਾਲ ਸਨ।



## ਮੱਧ ਪੂਰਬ ਤਣਾਅ ਦਾ ਅਸਰ : ਕੱਚੇ ਤੇਲ ਦੀ ਕੀਮਤ 110 ਡਾਲਰ ਪਾਰ, ਭਾਰਤ 'ਚ ਮਹਿੰਗਾਈ ਦਾ ਖਤਰਾ : ਅਮਿਤ ਅੱਗਰਵਾਲ

**ਬਾਘਾ ਪੁਰਾਣਾ (ਮਨੀ ਸਿੰਗਲਾ)**

ਮੱਧ ਪੂਰਬ ਵਿੱਚ ਵਧ ਰਹੇ ਈਰਾਨ-ਇਰਾਕ ਤਣਾਅ ਨੇ ਵਿਸ਼ਵ ਆਰਥਿਕਤਾ ਨੂੰ ਝੰਜੋੜ ਕੇ ਰੱਖ ਦਿੱਤਾ ਹੈ।ਜੰਗੀ ਮਾਹੌਲ ਦੇ ਚਲਦਿਆਂ ਗਲੋਬਲ ਤੇਲ ਮਾਰਕੀਟ ਵਿੱਚ ਭਾਰੀ ਉਥਲ-ਪੁਥਲ ਦੇਖਣ ਨੂੰ ਮਿਲ ਰਹੀ ਹੈ ਤੇ ਕੱਚੇ ਤੇਲ ਦੀ ਕੀਮਤ 110 ਡਾਲਰ ਪ੍ਰਤੀ ਬੈਰਲ ਤੋਂ ਪਾਰ ਹੋ ਚੁੱਕੀ ਹੈ।ਇਸ ਸਥਿਤੀ ਦਾ ਸਿੱਧਾ ਅਸਰ ਭਾਰਤ ਵਰਗੇ ਆਯਾਤ-ਨਿਰਭਰ ਦੇਸ਼ਾਂ 'ਤੇ ਪੈਣ ਦਾ ਖਤਰਾ ਬਣ ਗਿਆ ਹੈ, ਜਿੱਥੇ ਪੈਟਰੋਲ-ਡੀਜ਼ਲ ਦੀਆਂ ਕੀਮਤਾਂ ਵਿੱਚ ਵਾਧੇ ਨਾਲ ਮਹਿੰਗਾਈ ਹੋਰ ਤੇਜ਼ ਹੋ ਸਕਦੀ ਹੈ।ਇਹ ਚਿੰਤਾ ਯੂਥ ਅੱਗਰਵਾਲ ਸਭਾ ਦੇ ਪ੍ਰਧਾਨ, ਸਮਾਜ ਸੇਵੀ ਐਡਵੋਕੇਟ ਅਮਿਤ ਅੱਗਰਵਾਲ ਵੱਲੋਂ ਪ੍ਰਗਟਾਈ ਗਈ।ਉਨ੍ਹਾਂ ਕਿਹਾ ਕਿ ਮੱਧ ਪੂਰਬ ਦੀ ਮੌਜੂਦਾ ਸਥਿਤੀ ਵਿਸ਼ਵ ਪੱਧਰ 'ਤੇ ਅਨਿਸ਼ਚਿਤਤਾ ਪੈਦਾ ਕਰ ਰਹੀ ਹੈ, ਜਿਸ ਦਾ ਅਸਰ ਸਿਰਫ਼ ਤੇਲ ਮਾਰਕੀਟ ਤੱਕ ਸੀਮਤ ਨਹੀਂ ਰਹਿੰਦਾ, ਸਗੋਂ ਹਰ ਖੇਤਰ 'ਤੇ ਪੈਂਦਾ ਹੈ।ਅਮਿਤ ਅੱਗਰਵਾਲ ਨੇ ਖਾਸ ਤੌਰ 'ਤੇ ਹਰਮੁਜ਼ ਦੀ ਜਲਡਮਰੂ ਦਾ

**■ ਹਰਮੁਜ਼ ਜਲਡਮਰੂ ਬਣਿਆ ਸੰਵੇਦਨਸ਼ੀਲ ਕੇਂਦਰ**



ਜ਼ਿਕਰ ਕਰਦਿਆਂ ਕਿਹਾ ਕਿ ਇਹ ਇਲਾਕਾ ਇਸ ਸਮੇਂ ਸਭ ਤੋਂ ਵੱਡਾ ਸੰਵੇਦਨਸ਼ੀਲ ਕੇਂਦਰ ਬਣ ਚੁੱਕਾ ਹੈ।ਉਨ੍ਹਾਂ ਦੱਸਿਆ ਕਿ ਦੁਨੀਆ ਦਾ ਲਗਭਗ 20 ਫ਼ੀਸਦੀ ਤੇਲ ਇਸ ਰਾਹੀਂ ਲੰਘਦਾ ਹੈ ਤੇ ਜੇਕਰ ਇਸ ਮਾਰਗ 'ਤੇ ਕਿਸੇ ਵੀ ਕਿਸਮ ਦੀ ਰੁਕਾਵਟ ਆਉਂਦੀ ਹੈ ਤਾਂ ਗਲੋਬਲ ਸਪਲਾਈ ਚੇਨ 'ਤੇ ਵੱਡਾ ਅਸਰ ਪਵੇਗਾ।ਇਸ ਨਾਲ ਤੇਲ ਦੀਆਂ ਕੀਮਤਾਂ ਹੋਰ ਵਧਣ ਦੀ ਸੰਭਾਵਨਾ ਹੈ, ਜਿਸ ਨਾਲ ਸੰਸਾਰ ਭਰ ਵਿੱਚ ਆਰਥਿਕ ਦਬਾਅ ਵਧੇਗਾ।ਉਨ੍ਹਾਂ ਕਿਹਾ ਕਿ ਤੇਲ ਦੀਆਂ ਕੀਮਤਾਂ ਵਿੱਚ ਵਾਧਾ ਸਿਰਫ਼ ਇੰਧਣ ਦੀ ਲਾਗਤ ਤੱਕ ਹੀ ਸੀਮਤ ਨਹੀਂ ਰਹਿੰਦਾ। ਇਸ ਨਾਲ ਟਰਾਂਸਪੋਰਟ ਦੀ ਲਾਗਤ ਵਧ ਜਾਂਦੀ ਹੈ, ਜਿਸ ਕਾਰਨ ਖਾਣ-ਪੀਣ ਦੀਆਂ ਵਸਤੂਆਂ ਤੋਂ ਲੈ ਕੇ ਉਦਯੋਗਿਕ ਸਾਮਾਨ ਤੱਕ ਹਰ ਚੀਜ਼ ਮਹਿੰਗੀ ਹੋ ਜਾਂਦੀ ਹੈ।ਇਸ ਦੇ ਨਾਲ ਹੀ ਜੰਗੀ ਮਾਹੌਲ ਕਾਰਨ ਸਮੁੰਦਰੀ ਜਹਾਜ਼ਾਂ ਦੀ ਬੀਮਾ ਲਾਗਤ ਵਿੱਚ ਵੀ ਵਾਧਾ ਹੋ ਰਿਹਾ ਹੈ, ਜਿਸ ਨਾਲ ਵਪਾਰਕ ਗਤੀਵਿਧੀਆਂ ਪ੍ਰਭਾਵਿਤ ਹੋ ਰਹੀਆਂ ਹਨ।ਅਮਿਤ ਅੱਗਰਵਾਲ ਨੇ ਕਿਹਾ ਕਿ ਇਸ ਸਥਿਤੀ ਦਾ ਸਭ ਤੋਂ ਵੱਡਾ ਅਸਰ ਆਮ ਆਦਮੀ 'ਤੇ ਪਵੇਗਾ।ਵਧਦੀ ਮਹਿੰਗਾਈ ਨਾਲ ਘਰੇਲੂ ਖਰਚੇ ਵਧਣਗੇ ਤੇ ਲੋਕਾਂ ਦੀ ਖਰੀਦ ਸਮਰੱਥਾ ਘਟੇਗੀ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਇਹ ਸਥਿਤੀ ਲੰਮੇ ਸਮੇਂ ਤੱਕ ਜਾਰੀ ਰਹੀ ਤਾਂ ਭਾਰਤੀ ਆਰਥਿਕਤਾ 'ਤੇ ਵੀ ਨਕਾਰਾਤਮਕ ਪ੍ਰਭਾਵ ਪੈ ਸਕਦਾ ਹੈ।ਇਸ ਦੇ ਨਾਲ ਹੀ ਉਨ੍ਹਾਂ ਨੇ ਵਿਸ਼ਵ ਪੱਧਰ 'ਤੇ ਸ਼ੇਅਰ ਬਾਜ਼ਾਰਾਂ ਵਿੱਚ ਵਧ ਰਹੇ ਉਤਾਰ-ਚੜ੍ਹਾਅ 'ਤੇ ਵੀ ਚਿੰਤਾ ਜਤਾਈ।ਉਨ੍ਹਾਂ ਕਿਹਾ ਕਿ ਅਨਿਸ਼ਚਿਤਤਾ ਦੇ ਮਾਹੌਲ ਵਿੱਚ ਨਿਵੇਸ਼ਕਾਂ ਨੂੰ ਨੁਕਸਾਨ ਝੱਲਣਾ ਪੈ ਰਿਹਾ ਹੈ ਤੇ ਇਹ ਸਥਿਤੀ ਆਰਥਿਕ ਗਤੀਵਿਧੀਆਂ ਨੂੰ ਧੀਮਾ ਕਰ ਸਕਦੀ ਹੈ।ਅਖੀਰ ਵਿੱਚ ਅਮਿਤ ਅੱਗਰਵਾਲ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਇਸ ਗੰਭੀਰ ਸਥਿਤੀ ਨੂੰ ਧਿਆਨ ਵਿੱਚ ਰੱਖਦਿਆਂ ਤੁਰੰਤ ਤੇ ਪ੍ਰਭਾਵਸ਼ਾਲੀ ਕਦਮ ਚੁੱਕੇ, ਤਾਂ ਜੋ ਦੇਸ਼ ਦੀ ਆਰਥਿਕਤਾ ਨੂੰ ਮਜ਼ਬੂਤ ਬਣਾਇਆ ਜਾ ਸਕੇ।

## ਮਾਤਾ ਗੁਜਰੀ ਕਾਲਜ ਵਿਖੇ ਵਾਤਾਵਰਣ ਸਪਤਾਹ ਮਨਾਇਆ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਬਨਸਪਤੀ ਤੇ ਵਾਤਾਵਰਣ ਵਿਗਿਆਨ ਵਿਭਾਗ ਵੱਲੋਂ ਵਾਤਾਵਰਣ ਸਪਤਾਹ ਬਹੁਤ ਉਤਸ਼ਾਹ ਨਾਲ ਮਨਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਵਿੱਚ ਵਾਤਾਵਰਣ ਸੰਭਾਲ ਸਬੰਧੀ ਜਾਗਰੂਕਤਾ ਪੈਦਾ ਕਰਨ ਲਈ ਵੱਖ-ਵੱਖ ਗਤੀਵਿਧੀਆਂ ਜਿਵੇਂ ਪਾਵਰਪੁਆਇੰਟ ਪੇਸ਼ਕਾਰੀ, ਕੈਪਸ਼ਨ ਲੇਖਣ, ਕੁਇੱਜ਼, ਸਲੋਗਨ ਲਿਖਣ ਤੇ ਪੇਪਰ ਰੀਡਿੰਗ ਆਦਿ ਮੁਕਾਬਲਿਆਂ ਦਾ ਆਯੋਜਨ ਕਰਵਾਇਆ ਗਿਆ, ਜਿਸ ਵਿੱਚ ਬੀ.ਐੱਸ.ਸੀ. ਲਾਈਫ ਸਾਇੰਸਜ਼, ਬੀ.ਐੱਸ.ਸੀ. ਆਨਰਜ਼ ਬਾਇਓ ਟੈਕਨਾਲੋਜੀ ਤੇ ਐੱਮ.ਐੱਸ.ਸੀ. ਬਾਟਨੀ ਦੇ ਵਿਦਿਆਰਥੀਆਂ ਨੇ ਭਾਗ ਲਿਆ।ਇਨ੍ਹਾਂ ਮੁਕਾਬਲਿਆਂ ਦੇ ਵਿਸ਼ੇ 'ਵਾਤਾਵਰਣ ਸੰਭਾਲ', 'ਜੰਗਲਾਂ ਦੀ ਸੁਰੱਖਿਆ' ਤੇ 'ਪਾਣੀ ਬਚਾਓ : ਪਾਣੀ ਦੀ ਸੰਭਾਲ ਵਿੱਚ ਔਰਤਾਂ ਦੀ ਭੂਮਿਕਾ' ਨਾਲ ਸਬੰਧਤ ਸਨ।ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਨੇ ਵਿਭਾਗ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।ਸਮਾਗਮ ਦੇ ਅਖੀਰ ਵਿੱਚ ਵੱਖ-ਵੱਖ ਮੁਕਾਬਲਿਆਂ ਦੇ ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਤੇ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਬਨਸਪਤੀ ਤੇ ਵਾਤਾਵਰਣ ਵਿਭਾਗ ਦੇ ਮੁਖੀ ਡਾ. ਲਵਨੀਤ ਕੌਰ, ਡਾ. ਵਿਜੈ ਸਿੰਘ, ਡਾ. ਹਰਲੀਨ ਕੌਰ, ਡਾ. ਪ੍ਰਦੀਪ ਕੁਮਾਰ ਤੇ ਪ੍ਰੋ. ਅਨਮੋਲ ਕੌਰ ਆਦਿ ਮੌਜੂਦ ਸਨ।

## ਸੂਫ਼ੀ ਗਾਇਕ ਸਨੀ ਹੰਸ ਸਨਮਾਨਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਨਟਰਾਜ ਆਰਟਸ ਥੀਏਟਰ ਪਟਿਆਲਾ ਤੇ ਕਲਾ ਕ੍ਰਿਤੀ ਪਟਿਆਲਾ ਵੱਲੋਂ ਸਾਂਝੇ ਤੌਰ 'ਤੇ ਕਰਵਾਏ ਗਏ ਸਾਲਾਨਾ ਸੱਭਿਆਚਾਰਕ ਤੇ ਸਨਮਾਨ ਸਮਾਗਮ ਦੌਰਾਨ ਸੂਫੀ ਗਾਇਕ ਤੇ ਪਟਿਆਲੇ ਘਰਾਣੇ ਦੀ ਸਾਂਭ ਸੰਭਾਲ ਕਰਨ ਵਾਲੇ ਸਨੀ ਹੰਸ ਨੂੰ ਸੈਂਟਰ ਸਟੇਟ ਲਾਇਬ੍ਰੇਰੀ ਦੇ ਹਾਲ ਵਿਖੇ ਸਾਲ 2025-26 ਦੇ ਐਵਾਰਡ 'ਸਾਡਾ ਪਟਿਆਲਾ, ਸਾਡਾ ਮਾਣ' ਨਾਲ ਸਨਮਾਨਤ ਕੀਤਾ ਗਿਆ।ਉਨ੍ਹਾਂ ਨੂੰ ਇਹ ਸਨਮਾਨ ਪ੍ਰਸਿੱਧ ਸਮਾਜ ਸੇਵੀ ਤੇ ਪੰਜਾਬ ਫੂਡ ਗਰੇਨ ਕਾਰਪੋਰੇਸ਼ਨ ਲਿਮਿਟਡ ਦੇ ਚੇਅਰਮੈਨ ਸ੍ਰ. ਬਲਜਿੰਦਰ ਸਿੰਘ ਢਿੱਲੋਂ ਨੇ ਭੇਟ ਕੀਤਾ।ਇਸ ਮੌਕੇ ਜਿੱਥੇ ਸਨੀ ਹੰਸ ਨੇ ਆਪਣੀ ਗਾਇਕੀ ਰਾਹੀਂ ਸਰੋਤਿਆਂ ਨੂੰ ਕੀਲ ਕੇ ਰੱਖ ਦਿੱਤਾ, ਉਥੇ ਨਾਲ ਹੀ ਸ੍ਰ. ਬਰਜਿੰਦਰ ਸਿੰਘ ਢਿੱਲੋਂ ਨੇ ਇਸ ਗੱਲ ਦੀ ਖੁਸ਼ੀ ਪ੍ਰਗਟਾਈ ਕਿ ਅਜਿਹੇ ਨੌਜਵਾਨਾਂ ਦੀ ਗਾਇਕੀ ਨਾਲ ਸੱਭਿਆਚਾਰਕ ਵਿਰਾਸਤ ਬਹੁਤ ਹੀ ਮਜ਼ਬੂਤ ਹੁੰਦੀ ਹੈ, ਜਿਸ ਵਿੱਚ ਨੌਜਵਾਨਾਂ ਦਾ ਇੱਕ ਵੱਖਰਾ ਰੋਲ ਹੈ।ਸਨਮਾਨ ਦੇ ਰੂਪ ਵਿੱਚ ਉਨ੍ਹਾਂ ਨੂੰ ਨਟਰਾਜ ਆਰਟਸ ਥੀਏਟਰ ਤੇ ਕਲਾ ਕ੍ਰਿਤੀ ਪਟਿਆਲਾ ਵਿਖੇ ਵੱਲੋਂ ਸਨਮਾਨ ਪੱਤਰ, ਅੰਗ ਵਸਤਰ, ਫੁੱਲਾਂ ਦੇ ਗੁਲਦਸਤੇ ਤੇ ਸਨਮਾਨ ਪੱਤਰ ਭੇਟ ਕੀਤੇ ਗਏ।ਇਹ ਐਵਾਰਡ ਮਿਲਣ 'ਤੇ ਸਨੀ ਹੰਸ ਨੇ ਵੀ ਬਹੁਤ ਖੁਸ਼ੀ ਪ੍ਰਗਟਾਈ ਤੇ ਪ੍ਰਬੰਧਕਾਂ ਦਾ ਧੰਨਵਾਦ ਕੀਤਾ।

## ਮੁਸਲਿਮ ਭਾਈਚਾਰੇ ਨੇ ਮਨਾਈ ਈਦ



**ਬਠਿੰਡਾ (ਰਾਜੀਵ ਗੋਇਲ)**-ਜ਼ਿਲ੍ਹੇ ਦੇ ਕਸਬਾ ਭਗਤਾ ਦੇ ਨੇੜਲੇ ਪਿੰਡ ਕੋਠਾਗੁਰੂ ਵਿਖੇ ਜਾਮਾ ਮਸਜ਼ਿਦ ਵਿਖੇ ਇਕੱਤਰ ਹੋ ਕੇ ਮੁਸਲਿਮ ਭਾਈਚਾਰੇ ਦੇ ਲੋਕਾਂ ਵੱਲੋਂ ਇਕੱਤਰ ਹੋ ਕੇ ਪਵਿੱਤਰ ਈਦ ਉੱਲ ਫਿਤਰ ਦਾ ਤਿਉਹਾਰ ਮਨਾਇਆ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਮੁਸਲਮਾਨ ਸਮਾਜ ਸੁਧਾਰ ਕਮੇਟੀ ਦੇ ਚੇਅਰਮੈਨ ਡਾ. ਸੋਮ ਖਾਨ ਨੇ ਕਿਹਾ ਕਿ ਉਹ ਸਾਰੇ ਧਰਮਾਂ ਦਾ ਸਤਿਕਾਰ ਕਰਦੇ ਹਨ ਤੇ ਸਾਨੂੰ ਸਾਰਿਆਂ ਨੂੰ ਆਪਸੀ ਭਾਈਚਾਰਾ ਬਣਾ ਕੇ ਰੱਖਣਾ ਚਾਹੀਦਾ ਹੈ। ਉਨ੍ਹਾਂ ਅਪੀਲ ਕੀਤੀ ਕਿ ਆਮ ਲੋਕ ਆਪਣੀ ਭਾਈਚਾਰਕ ਸਾਂਝ ਬਣਾਈ ਰੱਖਣ ਨੂੰ ਤਰਜੀਹ ਦੇਣ ਤੇ ਸਹਿਣਸ਼ੀਲਤਾ ਬਣਾਈ ਰੱਖਣ। ਇਸ ਮੌਕੇ ਚੇਅਰਮੈਨ ਡਾ. ਸੋਮ ਖਾਨ ਤੋਂ ਇਲਾਵਾ ਵਸੀਰ ਖਾਨ, ਰਾਣਾ ਖਾਨ, ਵਕੀਲ ਖਾਨ, ਸਲੀਆ ਖਾਨ, ਡਾ. ਮੁਹੰਮਦ ਕੈਫ, ਪੱਪੂ ਖਾਨ, ਜੱਗਾ ਖਾਨ, ਡਾ. ਇਕਬਾਲ ਦੀਨ, ਮੰਨਤ ਖਾਨ, ਮਾਸਟਰ ਭੋਲਾ ਖਾਨ, ਸੌਂਕੀ ਖਾਨ, ਸਕੀਲ ਖਾਨ, ਅਵੀਜੋਤ ਖਾਨ, ਤਰਸੇਮ ਖਾਨ ਸਮੇਤ ਸਮੂਹ ਮੁਸਲਿਮ ਭਾਈਚਾਰੇ ਦੇ ਲੋਕ ਸ਼ਾਮਲ ਸਨ।

## ਅੰਗਰੇਜ਼ੀ ਵਿਭਾਗ ਵੱਲੋਂ ਸਾਹਿਤਕ ਕਿਰਦਾਰਾਂ ਦੀ ਚਿੱਤਰਕਾਰੀ ਦਾ ਆਯੋਜਨ




**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਅੰਗਰੇਜ਼ੀ ਵਿਭਾਗ ਵੱਲੋਂ ਸਕੇਚਿੰਗ ਦਿ ਲਿਟਰੇਰੀ ਕਰੈਕਟਰ ਸਿਰਲੇਖ ਹੇਠ ਇੱਕ ਰਚਨਾਤਮਕ ਪ੍ਰੋਗਰਾਮ ਡਾ. ਅੰਕਦੀਪ ਕੌਰ ਅਟਵਾਲ ਮੁਖੀ ਅੰਗਰੇਜ਼ੀ ਵਿਭਾਗ ਦੀ ਦੇਖ-ਰੇਖ ਹੇਠ ਕਰਵਾਇਆ ਗਿਆ।ਇਸ ਪ੍ਰੋਗਰਾਮ ਵਿੱਚ ਵਿਭਾਗ ਦੇ ਵਿਦਿਆਰਥੀਆਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ ਤੇ ਆਪਣੇ ਕਲਾਤਮਕ ਹੁਨਰ ਰਾਹੀਂ ਪ੍ਰਸਿੱਧ ਸਾਹਿਤਕ ਕਿਰਦਾਰਾਂ ਦੇ ਸਕੈੱਚ ਬਣਾਏ। ਵਿਦਿਆਰਥੀਆਂ ਵੱਲੋਂ ਜੂਲੀਅਸ ਸੀਜ਼ਰ, ਮੇਫਿਸਟੋਫਿਲਿਸ, ਡਾ. ਫਾਊਸਟਸ, ਹੀਥਕਲਿਫ, ਸ਼ਾਰਲਟ ਪਰਕਿਨਸ ਗਿਲਮੈਨ ਦੀ ਕਹਾਣੀ ਦ ਯੈਲੋ ਵਾਲਪੇਪਰ ਦੀ ਮਹਿਲਾ ਨਾਇਕਾ, ਅੰਧਾ ਯੁਗ ਦੀ ਦ੍ਰੋਪਦੀ, ਹਰਕਿਊਲੀਸ, ਐਲਾਈਜ਼ਾ ਡੂਲਿਟਲ, ਐਲਿਸ ਇਨ ਵੰਡਰਲੈਂਡ ਦੀ ਐਲਿਸ ਤੇ ਡੋਰਿਅਨ ਗਰੇ ਆਦਿ ਕਿਰਦਾਰਾਂ ਨੂੰ ਬੜੀ ਸੁੰਦਰਤਾ ਤੇ ਰਚਨਾਤਮਕਤਾ ਨਾਲ ਪੇਸ਼ ਕੀਤਾ ਗਿਆ।ਪ੍ਰੋ. (ਡਾ.) ਪਰਿਤ ਪਾਲ ਸਿੰਘ ਵਾਇਸ-ਚਾਂਸਲਰ, ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਡੀਨ ਅਕਾਦਮਿਕ ਮਾਮਲੇ ਤੇ ਡਾ. ਅੰਕਦੀਪ ਕੌਰ ਅਟਵਾਲ ਨੇ ਵੀ ਭਾਗੀਦਾਰਾਂ ਦੇ ਯਤਨਾਂ ਦੀ ਪ੍ਰਸੰਸਾ ਕਰਦੇ ਹੋਏ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀਆਂ ਰਚਨਾਤਮਕ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ।

## ਮਾਡਰਨ ਕਾਲਜ ਦੇ ਵਿਦਿਆਰਥੀਆਂ ਨੇ ਸਰਸ ਮੇਲੇ 'ਚ ਲਿਆ ਹਿੱਸਾ



**ਚੀਮਾ ਮੰਡੀ (ਰਵਿੰਦਰ ਚੀਮਾ)**-ਮਾਡਰਨ ਗਰੁੱਪ ਆਫ ਕਾਲਜਿਜ਼ ਬੀਰ ਕਲਾਂ (ਸੰਗਰੂਰ) ਦੀ ਤਰਫੋਂ ਵਿਦਿਆਰਥੀਆਂ ਦਾ ਮਾਨਸਾ ਵਿਖੇ ਚੱਲ ਰਹੇ ਸਰਸ ਮੇਲੇ ਦਾ ਵਿੱਦਿਅਕ ਦੌਰਾ ਆਯੋਜਿਤ ਕੀਤਾ ਗਿਆ। ਇਸ ਦੌਰੇ ਵਿੱਚ ਵੱਖ-ਵੱਖ ਕੋਰਸਾਂ ਦੇ ਵਿਦਿਆਰਥੀਆਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ ਤੇ ਮੇਲੇ ਵਿੱਚ ਲੱਗੀਆਂ ਪ੍ਰਦਰਸ਼ਨੀਆਂ ਨੂੰ ਬੜੀ ਦਿਲਚਸਪੀ ਨਾਲ ਵੇਖਿਆ।ਸਰਸ ਮੇਲੇ ਵਿੱਚ ਦੇਸ਼ ਦੇ ਵੱਖ-ਵੱਖ ਥਾਵਾਂ ਤੋਂ ਆਏ ਕਲਾਕਾਰਾਂ ਤੇ ਹਸਤਸ਼ਿਲਪੀ ਲੋਕਾਂ ਨੇ ਆਪਣੇ ਹੱਥਾਂ ਨਾਲ ਬਣਾਏ ਹੋਏ ਸਾਮਾਨ ਦੀ ਪ੍ਰਦਰਸ਼ਨੀ ਲਗਾਈ ਹੋਈ ਸੀ।ਵਿਦਿਆਰਥੀਆਂ ਨੇ ਇਨ੍ਹਾਂ ਸਟਾਲਾਂ 'ਤੇ ਜਾ ਕੇ ਭਾਰਤੀ ਸੱਭਿਆਚਾਰ, ਰਿਵਾਜਾਂ ਤੇ ਕਲਾ ਦੇ ਵੱਖ-ਵੱਖ ਪੱਖਾਂ ਬਾਰੇ ਮਹੱਤਵਪੂਰਨ ਜਾਣਕਾਰੀ ਪ੍ਰਾਪਤ ਕੀਤੀ।ਇਸ ਤੋਂ ਇਲਾਵਾ, ਮੇਲੇ ਵਿੱਚ ਲੱਗੇ ਖਾਣ-ਪੀਣ ਦੇ ਸਟਾਲਾਂ ਤੇ ਮਨੋਰੰਜਨ ਦੇ ਵੱਖ-ਵੱਖ ਪ੍ਰੋਗਰਾਮਾਂ ਨੇ ਵੀ ਸਭ ਦਾ ਧਿਆਨ ਖਿੱਚਿਆ।ਵਿਦਿਆਰਥੀਆਂ ਨੇ ਲੋਕ ਨਾਚ, ਗਿੱਧਾ, ਭੰਗੜਾ ਤੇ ਗੀਤ-ਸੰਗੀਤ ਦੇ ਪ੍ਰੋਗਰਾਮਾਂ ਦਾ ਭਰਪੂਰ ਆਨੰਦ ਲਿਆ।ਕਾਲਜ ਪ੍ਰਬੰਧਕਾਂ ਨੇ ਕਿਹਾ ਕਿ ਇਸ ਤਰ੍ਹਾਂ ਦੇ ਸਿੱਖਿਅਕ ਦੌਰੇ ਵਿਦਿਆਰਥੀਆਂ ਲਈ ਬਹੁਤ ਲਾਭਕਾਰੀ ਹੁੰਦੇ ਹਨ।ਦੌਰੇ ਦੌਰਾਨ ਕਾਲਜ ਦੇ ਪ੍ਰੋਫੈਸਰ ਅਮਨਜੀਤ ਗਰੇਵਾਲ, ਰਮਨਦੀਪ ਕੌਰ, ਰਾਜਿੰਦਰ ਕੌਰ, ਗੁਰਵਿੰਦਰ ਕੌਰ, ਜਗਤਾਰ ਸਿੰਘ ਆਦਿ ਵਿਦਿਆਰਥੀਆਂ ਦੇ ਨਾਲ ਮੌਜੂਦ ਰਹੇ।ਵਿਦਿਆਰਥੀਆਂ ਨੇ ਇਸ ਦੌਰੇ ਨੂੰ ਬਹੁਤ ਹੀ ਸਿਖਲਾਈ ਭਰਪੂਰ ਤੇ ਯਾਦਗਾਰ ਤਜਰਬਾ ਦੱਸਿਆ ਤੇ ਕਾਲਜ ਦਾ ਧੰਨਵਾਦ ਕੀਤਾ।

## ਪੱਤਰਕਾਰ, ਮਜ਼ਦੂਰ ਤੇ ਹੁਣ ਵਿਦਿਆਰਥੀਆਂ 'ਤੇ ਅੱਤਿਆਚਾਰ

**ਜੈਤੋ (ਸਤੀਸ਼ ਕੁਮਾਰ ਭੀਰੀ)**-ਸੱਚ ਦੀ ਆਵਾਜ ਬੁਲੰਦ ਕਰਨ ਵਾਲੇ ਦਿਹਾੜੀ ਕਰਕੇ ਪਰਿਵਾਰ ਪਾਲਣ ਕਰਨ ਵਾਲੇ ਕਿਰਤੀ ਤੇ ਉਨ੍ਹਾਂ ਦੀ ਪੈਰਵੀ ਕਰਨ ਵਾਲੇ ਅਤੇ ਹੁਣ ਸਿੱਖਿਆ ਦੇ ਮਿਆਰ ਵਿੱਚ ਆਈ ਗਿਰਾਵਟ ਕਾਰਨ ਆਪਣੇ ਭਵਿੱਖ ਨੂੰ ਲੈ ਕੇ ਚਿੰਤਤ ਵਿਦਿਆਰਥੀਆਂ ਤੇ ਪੁਲਸ ਕਾਰਵਾਈ ਤੇ ਪਰਚੇ ਦਰਜ ਕਰਨ ਨੂੰ ਲੈਕੇ ਸਮੂਹ ਇਲਾਕੇ ਦੇ ਲੋਕ ਸਹਿਮ ਦੇ ਸਾਏ ਹੇਠ ਜ਼ਿੰਦਗੀ ਬਤੀਤ ਕਰਨ ਲਈ ਮਜਬੂਰ ਕਰ ਦਿੱਤੇ ਗਏ ਹਨ।ਜੈਤੋ ਇਲਾਕੇ ਦੇ ਪੱਤਰਕਾਰਾਂ ਨੂੰ ਲੋਕਾਂ ਦੀਆਂ ਮੁਸ਼ਕਲਾਂ ਸਰਕਾਰ ਦੇ ਬੋਲੇ ਕੰਨਾਂ ਤੱਕ ਪੁਚਾਉਣ ਲਈ ਤੇ ਭ੍ਰਿਸ਼ਟਾਚਾਰ ਉਜਾਗਰ ਕਰਨ ਤੇ ਪਰਚੇ ਦਰਜ ਕਰਾਉਣ, ਮਜ਼ਦੂਰ ਜਮਾਤ ਦੇ ਆਗੂਆਂ ਤੇ ਭਾਰੀ ਤਸ਼ੱਦਦ ਕੀਤਾ ਗਿਆ ਤੇ ਇਸਦੇ ਨਾਲ ਹੀ ਹੁਣ ਵਿਦਿਆਰਥੀ ਆਗੂਆਂ ਨੂੰ ਸੱਤਾ ਦੇ ਨਸ਼ੇ ਵਿੱਚ ਚੂਰ ਹੰਕਾਰੀ ਸ਼੍ਰੇਣੀ ਵੱਲੋਂ ਪਰਚੇ ਦਰਜ ਕਰ ਸਲਾਖਾਂ ਪਿੱਛੇ ਡੱਕਿਆ ਗਿਆ।ਦੱਸਣਯੋਗ ਇਹ ਹੈ ਕਿ ਜੈਤੋ ਹਲਕੇ ਵਿੱਚੋਂ ਵਿਰੋਧੀ ਧਿਰ ਕਰੋਨਾ ਕਾਲ ਦੌਰਾਨ ਟਰੇਨਾਂ ਦੀ ਤਰਾਂ ਪਟੜੀਆਂ ਤੇ ਸੜਕਾਂ ਮੁਹੱਲਿਆਂ ਵਿੱਚੋਂ ਗਾਇਬ ਹੋ ਚੁੱਕੀ ਹੈ।ਹਲਕੇ ਅੰਦਰ ਸੜਕਾਂ , ਗਲੀਆਂ-ਨਾਲੀਆਂ , ਸਹਿਰ ਨੂੰ ਪਿੰਡਾਂ ਨਾਲ ਜੋੜਨ ਵਾਲੇ ਤਮਾਮ ਰਸਤੇ ਤੇ ਹਨੇਰ ਸਾਈਂ ਦਾ ਇਹ ਕਿ ਸਬ-ਡਵੀਜ਼ਨ ਹੋਣ ਦੇ ਬਾਵਜੂਦ ਇਤਿਹਾਸਕ ਨਗਰੀ ਕੋਲ ਸਿਵਲ ਹਸਪਤਾਲ ਨਹੀਂ ਹੈ, ਜਦਕਿ ਸੱਤਾ ਵਿੱਚ ਆਉਣ ਤੋਂ ਪਹਿਲਾਂ ਹਸਪਤਾਲ ਨਾ ਹੋਣ ਕਾਰਨ ਸਰਕਾਰਾਂ ਨੂੰ ਪਾਣੀ ਪੀ ਪੀ ਕੋਸਣ ਤੇ ਧਰਨੇ ਲਾਉਣ ਵਾਲੀ ਜਮਾਤ ਨੇ ਸੱਤਾ ਸੰਭਾਲਣ ਉਪਰੰਤ ਲੋਕਾਂ ਦੇ ਨੁਮਾਇੰਦੇ ਨਾ ਬਣ ਕੇ ਰਾਜੇ ਮਹਾਰਾਜਿਆਂ ਵਾਲੀ ਜ਼ਿੰਦਗੀ ਜਿਊਣ ਨੂੰ ਤਰਜੀਹ ਦਿੱਤੀ ਜਾ ਰਹੀ ਹੈ।

## ਕਰਮਜੀਤ ਸਿੰਘ ਰਿੰਟੂ ਵੱਲੋਂ ਮਾਲ ਰੋਡ 'ਤੇ ਪ੍ਰੀਮਿਕਸ ਪਾਉਣ ਦੇ ਕੰਮ ਦਾ ਉਦਘਾਟਨ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਇੰਪਰੂਵਮੈਂਟ ਟਰਸਟ ਅੰਮ੍ਰਿਤਸਰ ਦੇ ਚੇਅਰਮੈਨ ਅਤੇ ਉੱਤਰੀ ਵਿਧਾਨ ਸਭਾ ਹਲਕੇ ਤੋਂ ਆਮ ਆਦਮੀ ਪਾਰਟੀ ਦੇ ਇੰਚਾਰਜ ਕਰਮਜੀਤ ਸਿੰਘ ਰਿੰਟੂ ਵੱਲੋਂ ਮਾਲ ਰੋਡ ਦੇ ਨਵੀਨੀਕਰਨ ਅਧੀਨ ਪ੍ਰੀਮਿਕਸ ਪਾਉਣ ਦੇ ਕੰਮ ਦਾ ਉਦਘਾਟਨ ਕੀਤਾ ਗਿਆ।ਕਰਮਜੀਤ ਸਿੰਘ ਰਿੰਟੂ ਨੇ ਕਿਹਾ ਕਿ ਮਾਲ ਰੋਡ ਦੇ ਨਵੀਨੀਕਰਨ ਤੋਂ ਬਾਅਦ ਇਸ ਸੜਕ ਨੂੰ ਨਵਾਂ ਅਤੇ ਬਿਹਤਰ ਰੂਪ ਦਿੱਤਾ ਜਾਵੇਗਾ, ਜਿਸ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ।ਉਨ੍ਹਾਂ ਨੇ ਦੱਸਿਆ ਕਿ ਪਿਛਲੇ ਚਾਰ ਮਹੀਨਿਆਂ ਤੋਂ ਉੱਤਰੀ ਵਿਧਾਨ ਸਭਾ ਹਲਕੇ ਦੀਆਂ ਸਾਰੀਆਂ ਵਾਰਡਾਂ ਅਤੇ ਸਮੂਹ ਪੰਚਾਇਤਾਂ ਵਿੱਚ ਸੀਵਰੇਜ ਪ੍ਰਣਾਲੀ ਨੂੰ ਠੀਕ ਕਰਕੇ ਗਲੀਆਂ ਦੇ ਨਿਰਮਾਣ ਦਾ ਕੰਮ ਲਗਾਤਾਰ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਪ੍ਰੀਮਿਕਸ ਪਲਾਂਟ ਸ਼ੁਰੂ ਹੋਣ ਤੋਂ ਬਾਅਦ ਸੜਕਾਂ ਦੇ ਨਿਰਮਾਣ ਕੰਮ ਨੂੰ ਹੋਰ ਤੇਜ਼ੀ ਦਿੱਤੀ ਗਈ ਹੈ, ਜੋ ਲਗਾਤਾਰ ਜਾਰੀ ਰਹੇਗਾ।ਰਿੰਟੂ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਉੱਤਰੀ ਵਿਧਾਨ ਸਭਾ ਹਲਕੇ ਤੋਂ ਸ਼ਰਧਾਲੂਆਂ ਦੀਆਂ ਬੱਸਾਂ ਧਾਰਮਿਕ ਸਥਾਨਾਂ ਦੇ ਦਰਸ਼ਨ ਲਈ ਰਵਾਨਾ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਇਹ ਵੀ ਦੱਸਿਆ ਕਿ ਪੰਜਾਬ ਸਰਕਾਰ ਦੇ 'ਅਪਣਾ ਕਾਰੋਬਾਰ, ਆਪਣੀ ਪਹਿਚਾਣ' ਮੁਹਿੰਮ ਤਹਿਤ ਜ਼ਿਲ੍ਹਾ ਪੱਧਰ ਦੇ ਸਮਾਗਮਾਂ ਵਿੱਚ ਮਹਿਲਾ ਉਦਯਮੀਆਂ ਨੂੰ ਸਨਮਾਨਿਤ ਕੀਤਾ ਗਿਆ ਹੈ।ਇਸਦੇ ਨਾਲ ਹੀ ਪੰਜਾਬ ਸਰਕਾਰ ਦੀ 'ਮਾਂ-ਧੀ ਸਤਕਾਰ ਯੋਜਨਾ' ਵੀ ਜਲਦ ਸ਼ੁਰੂ ਹੋਣ ਜਾ ਰਹੀ ਹੈ, ਜਿਸ ਨਾਲ ਮਹਿਲਾਵਾਂ ਵਿੱਚ ਖੁਸ਼ੀ ਦਾ ਮਾਹੌਲ ਹੈ।ਇਸ ਮੌਕੇ ਸੀਨੀਅਰ ਡਿਪਟੀ ਮੇਅਰ ਪ੍ਰਿਯੰਕਾ ਸ਼ਰਮਾ, ਰਿਤੇਸ਼ ਸ਼ਰਮਾ, ਵਿਸ਼ਾਖਾ ਸਿੰਘ, ਬਲਵਿੰਦਰ ਕਾਲਾ, ਬੌਬੀ ਸਰੀਨ, ਰਜਨੀਸ਼ ਕੁਮਾਰ, ਅੰਕੁਰ ਗੁਪਤਾ, ਸੁਮਿਤ ਸਿੰਘਾਨੀਆ, ਕਿਸ਼ੋਰ ਭਗਤ, ਕੁਲਦੀਪ ਲੱਡੂ ਸਮੇਤ ਇਲਾਕੇ ਦੇ ਹੋਰ ਗਣਮਾਨਯ ਵਿਅਕਤੀ ਮੌਜੂਦ ਸਨ।

## ਹਲਕਾ ਇੰਚਾਰਜ ਸੇਖਵਾਂ ਨੇ ਜੌੜਾ ਛਤਰਾਂ ਸੜਕ ਦੇ ਨਵੀਨੀਕਰਨ ਦਾ ਰੱਖਿਆ ਨੀਂਹ ਪੱਥਰ



ਗੁਰਦਾਸਪੁਰ, (ਜਨਕ ਮਹਾਜਨ)-ਕਾਦੀਆਂ ਵਿਧਾਨ ਸਭਾ ਹਲਕੇ ਦੇ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਵੱਲੋਂ ਕਾਦੀਆਂ ਹਲਕੇ ਅੰਦਰ ਨਿਰੰਤਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਵਿਕਾਸ ਕਾਰਜਾਂ ਨੂੰ ਹੋਰ ਹੁਲਾਰਾ ਦਿੰਦਿਆਂ ਉਨ੍ਹਾਂ ਵਲੋਂ 5 ਕਰੋੜ ਦੀ ਲਾਗਤ ਨਾਲ ਰਣੀਆਂ ਤੋਂ ਜੌੜਾ ਛੱਤਰਾਂ ਰੋਡ ਤਕਰੀਬਨ 8.57 ਕਿਲੋਮੀਟਰ ਦੇ ਨਵੀਨੀਕਰਨ ਦਾ ਨੀਂਹ ਪੱਥਰ ਰੱਖਿਆ ਗਿਆ।ਇਸ ਮੌਕੇ ਗੱਲਬਾਤ ਕਰਦਿਆਂ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਬੁਨਿਆਦੀ ਢਾਂਚੇ ਦੇ ਸੁਧਾਰ ਲਈ ਲਗਾਤਾਰ ਪਹਿਲਕਦਮੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਹਲਕਾ ਕਾਦੀਆਂ ਦੇ ਚਹੁੰਪੱਖੀ ਵਿਕਾਸ ਲਈ ਫੰਡਾਂ ਦੀ ਕੋਈ ਘਾਟ ਨਹੀਂ ਹੈ।ਉਨ੍ਹਾਂ ਨੇ ਕਿਹਾ ਕਿ ਪਿੰਡ ਵਾਸੀਆਂ ਦੀ ਮੰਗ ਪੂਰੀ ਕਰਦਿਆਂ ਲਗਾਤਾਰ ਹਲਕੇ ਅੰਦਰ ਵਿਕਾਸ ਕੰਮ ਕਰਵਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਲੋਕਾਂ ਦੀ ਆਵਾਜਾਈ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਪਿੰਡਾਂ ਦੀਆਂ ਸੜਕਾਂ ਦਾ ਨਵੀਨੀਕਰਨ ਕੀਤਾ ਜਾ ਰਿਹਾ ਹੈ ਤਾਂ ਜੋ ਰਾਹਗੀਰਾਂ ਨੂੰ ਕੋਈ ਦਿੱਕਤ ਨਾ ਆਵੇ।ਉਨ੍ਹਾਂ ਕਿਹਾ ਕਿ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਪੰਜਾਬ ਸਰਕਾਰ ਲਗਾਤਾਰ ਯਤਨਸ਼ੀਲ ਹੈ।ਉਨ੍ਹਾਂ ਦੁਹਰਾਇਆ ਕਿ ਪਿੰਡਾਂ ਵਿਖੇ ਮੁੱਢਲੀਆਂ ਸਹੂਲਤਾਂ ਦੀ ਪੂਰਤੀ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਗਏ ਹਨ।ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਦੀ ਸੋਚ ਹੈ ਕਿ ਪਿੰਡਾਂ, ਸ਼ਹਿਰਾਂ ਤੇ ਕਸਬਿਆਂ ਵਿਚ ਵੱਧ ਤੋਂ ਵੱਧ ਵਿਕਾਸ ਪ੍ਰੋਜੈਕਟ ਉਲੀਕੇ ਜਾਣ ਤਾਂ ਜੋ ਪਿੰਡ ਤੇ ਸ਼ਹਿਰ ਵਿਕਾਸ ਦੀਆਂ ਲੀਹਾਂ ਤੋਂ ਵਾਂਝੇ ਨਾ ਰਹਿਣ।ਉਨ੍ਹਾਂ ਕਿਹਾ ਕਿ ਹਲਕੇ ਅੰਦਰ ਸੜਕਾਂ, ਗਲੀਆਂ, ਨਾਲੀਆਂ ਆਦਿ ਹਰ ਪੱਖੋਂ ਸਹੂਲਤਾਂ ਦੀ ਪੂਰਤੀ ਨਾਲ ਲੈਸ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਉਹ ਦਿਨ ਰਾਤ ਲੋਕ ਭਲਾਈ ਕਾਰਜਾਂ ਵਿਚ ਲੱਗੇ ਹੋਏ ਹਨ ਤਾਂ ਜੋ ਲੋਕਾਂ ਨੂੰ ਸਰਕਾਰ ਦੀਆਂ ਸਕੀਮਾਂ ਤੇ ਯੋਜਨਾਵਾਂ ਦਾ ਲਾਹਾ ਮੁਹੱਈਆ ਕਰਵਾਇਆ ਜਾ ਸਕੇ।ਇਸ ਮੌਕੇ ਪਿੰਡਾਂ ਦੇ ਵਸਨੀਕਾਂ ਨੇ ਹਲਕਾ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਅਗਵਾਈ ਵਿੱਚ ਪਾਰਦਰਸ਼ੀ ਢੰਗ ਨਾਲ ਹਲਕੇ ਅੰਦਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਉਹ ਖੁਦ ਲੋਕਾਂ ਤੱਕ ਪਹੁੰਚ ਕਰਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਦਾ ਹੱਲ ਕਰ ਰਹੇ ਹਨ, ਜੋ ਬਹੁਤ ਸ਼ਲਾਘਾਯੋਗ ਹੈ।

## ਸ਼ਹੀਦਾਂ ਦੀ ਯਾਦ 'ਚ ਮੈਡੀਕਲ ਕੈਂਪ ਅੱਜ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਸਿਟੀ ਵੈੱਲਫੇਅਰ ਕਲੱਬ ਡੇਰਾ ਬਾਬਾ ਨਾਨਕ (ਰਜਿ:) ਵੱਲੋਂ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ 23 ਮਾਰਚ ਦਿਨ ਸੋਮਵਾਰ ਸਵੇਰੇ 10 ਵਜੇ ਸ਼ਹੀਦਾਂ ਦੀ ਯਾਦ ਵਿੱਚ ਕਲੱਬ ਵੱਲੋਂ ਸ਼ਰਧਾਂਜਲੀ ਸਮਾਰੋਹ ਕਰਵਾਇਆ ਜਾਵੇਗਾ ਅਤੇ ਉਸ ਉਪਰੰਤ 11 ਵਜੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਡੇਰਾ ਬਾਬਾ ਨਾਨਕ ਵਿਖੇ ਇੱਕ ਮੈਡੀਕਲ ਕੈਂਪ ਲਗਾਇਆ ਜਾਵੇਗਾ।ਮੈਡੀਕਲ ਕੈਂਪ ਸਬੰਧੀ ਪੱਤਰਕਾਰਾਂ ਨੂੰ ਵਧੇਰੇ ਜਾਣਕਾਰੀ ਦਿੰਦਿਆਂ ਕਲੱਬ ਦੇ ਪ੍ਰਧਾਨ ਰਾਜੇਸ਼ ਕੁਮਾਰ ਹਾਂਡਾ ਨੇ ਦੱਸਿਆ ਕਿ ਇਸ ਮੈਡੀਕਲ ਕੈਂਪ ਦੌਰਾਨ ਜਿਸ ਵਿੱਚ ਸਕਿਨ, ਅੱਖਾਂ, ਕੰਨ, ਨੱਕ, ਗਲੇ, ਬੱਚਿਆਂ ਅਤੇ ਜਨਰਲ ਬਿਮਾਰੀਆਂ ਦੇ ਮਾਹਰ ਡਾਕਟਰ ਮਰੀਜ਼ਾਂ ਦਾ ਮੁਫਤ ਚੈੱਕਅਪ ਕਰਨਗੇ।ਜਾਂਚ ਦੌਰਾਨ ਮਰੀਜ਼ਾਂ ਨੂੰ ਸਿਟੀ ਵੈੱਲਫੇਅਰ ਕਲੱਬ ਵੱਲੋਂ ਮੁਫਤ ਦਵਾਈਆਂ ਦਿੱਤੀਆਂ ਜਾਣਗੀਆਂ।ਉਨ੍ਹਾਂ ਦੱਸਿਆ ਕਿ ਸ਼ਰਧਾਂਜਲੀ ਸਮਾਰੋਹ ਅਤੇ ਮੈਡੀਕਲ ਕੈਂਪ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕਿਆਂ ਵਾਲੇ ਡੇਰਾ ਬਾਬਾ ਨਾਨਕ ਵਿਖੇ ਲਗਾਇਆ ਜਾਵੇਗਾ।ਇਸ ਮੌਕੇ ਕਲੱਬ ਦੇ ਸਰਪ੍ਰਸਤ ਰਮੇਸ਼ ਬੱਬਰ, ਸਾਬਕਾ ਕੌਂਸਲਰ ਡਾਕਟਰ ਅਸ਼ੋਕ ਸੋਨੀ, ਤਜਿੰਦਰ ਪਾਲ ਸਿੰਘ ਪੂੰਨੀ, ਰਾਜੇਸ਼ ਡੋਗਰਾ, ਹਰਭਜਨ ਲਾਲ ਡਿਗਰਾ, ਡਾਕਟਰ ਗੁਰਦੇਵ ਸਿੰਘ, ਡਾਕਟਰ ਪ੍ਰਦੀਪ ਕੁਮਾਰ, ਮਾਸਟਰ ਪਲਵਿੰਦਰ ਸਿੰਘ, ਮਾਸਟਰ ਰਾਮ ਸਰੂਪ, ਹੈੱਡਮਾਸਟਰ ਅਰਵਿੰਦਰ ਪਾਲ ਸਿੰਘ, ਮਾਸਟਰ ਦਵਿੰਦਰ ਪਾਲ ਢਿੱਲੋਂ ਆਦਿ ਹਾਜ਼ਰ ਸਨ।

### ਆੜ੍ਹਤੀ ਜੋਗਿੰਦਰ ਸਿੰਘ ਰਾਣਾ ਦੇ ਘਰ ਨੂੰ ਲੱਗੀ ਅੱਗ, ਭਾਰੀ ਨੁਕਸਾਨ

ਅਟਾਰੀ (ਸਤਬੀਰ ਭੀਲ)-ਅਟਾਰੀ ਮੰਡੀ ਦੇ ਸਾਬਕਾ ਪ੍ਰਧਾਨ ਜੋਗਿੰਦਰ ਸਿੰਘ ਰਾਣਾ ਦੇ ਘਰ ਨੂੰ ਅੱਗ ਲੱਗਣ ਦੀ ਸੂਚਨਾ ਪ੍ਰਾਪਤ ਹੋਈ ਹੈ। ਇਸ ਸਬੰਧੀ ਜੋਗਿੰਦਰ ਸਿੰਘ ਰਾਣਾ ਨੇ ਦੱਸਿਆ ਕਿ ਮੇਰੇ ਘਰ ਉਪਰਲੀ ਬਿਲਡਿੰਗ ਵਿੱਚ ਅਚਾਨਕ ਬਿਜਲੀ ਦੀ ਸ਼ਾਟ ਸਰਕਟ ਨਾਲ ਅੱਗ ਲੱਗ ਗਈ ਹੈ ਜਿਸ ਕਾਰਨ 25 ਤੋਂ 30 ਲੱਖ ਰੁਪਏ ਦਾ ਮਾਲੀ ਨੁਕਸਾਨ ਹੋਇਆ ਹੈ। ਇਸ ਅੱਗ ਨੂੰ ਪਿੰਡ ਘਰਿੰਡਾ ਦੇ ਲੋਕਾਂ ਦੇ ਸਹਿਯੋਗ ਨਾਲ ਕਾਬੂ ਪਾ ਲਿਆ ਗਿਆ ਜਿਸ ਕਾਰਨ ਬਹੁਤ ਵੱਡੀ ਘਟਨਾ ਹੋਣ ਤੋਂ ਬਚਾਅ ਹੋ ਗਿਆ। ਲੋਕਾਂ ਦੀ ਜੱਦੋਜਿੱਦ ਕਰਨ ਦੇ ਬਾਵਜੂਦ ਉਪਰਲੀ ਬਿਲਡਿੰਗ ਦਾ ਕਮਰੇ ਵਿੱਚ ਪਏ ਬੈੱਡ, ਅਲਮਾਰੀ ਤੇ ਹੋਰ ਫਰਨੀਚਰ ਬੁਰੀ ਤਰ੍ਹਾਂ ਸੜ ਕੇ ਸਵਾਹ ਹੋ ਗਿਆ, ਦੂਜੇ ਪਾਸੇ ਅਟਾਰੀ ਮੰਡੀ ਦੇ ਆੜ੍ਹਤੀਆਂ ਨੇ ਸਾਬਕਾ ਪ੍ਰਧਾਨ ਜੋਗਿੰਦਰ ਸਿੰਘ ਰਾਣਾ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ।

### ਪੁਲਸ ਮੁਲਾਜ਼ਮ ਦੀ ਸੜਕ ਹਾਦਸੇ 'ਚ ਮੌਤ



ਬੰਗਾ (ਅਵਤਾਰ ਕਲੇਰ)-ਐੱਸ ਪੀ ਡੀ ਨਵਾਂਸ਼ਹਿਰ ਨਾਲ ਸੇਵਾ ਨਿਭਾ ਰਹੇ ਪੁਲਸ ਕਲੋਨੀ ਬੰਗਾ ਵਾਸੀ ਹੁਕਮ ਚੰਦ ਦੀ ਪਿੰਡ ਖਟਕੜ ਕਲਾਂ ਨੇੜੇ ਵਾਪਰੇ ਸੜਕ ਹਾਦਸੇ ਵਿੱਚ ਮੌਤ ਹੋ ਗਈ ਹੈ। ਮ੍ਰਿਤਕ ਹੁਕਮ ਚੰਦ ਦੇ ਭਤੀਜੇ ਬਲਜਿੰਦਰ ਰਾਮ ਭਾਟੀਆ ਅਨੁਸਾਰ 56 ਸਾਲਾ ਹੁਕਮ ਚੰਦ ਸ਼ਨੀਵਾਰ ਬਾਅਦ ਦੁਪਿਹਰ ਆਪਣੇ ਦਫਤਰ ਤੋਂ ਬੰਗਾ ਪਰਤ ਰਹੇ ਸਨ ਤਾਂ ਉਹਨਾਂ ਦੀ ਐਕਟਿਵਾ ਇੱਕ ਹੋਰ ਪੁਲਸ ਮੁਲਾਜ਼ਿਮ ਜਸਵਿੰਦਰ ਪਾਲ ਪੁੱਤਰ ਕਿਸ਼ਨ ਚੰਦ ਵਾਸੀ ਭੂਤਾਂ ਦੀ ਐਕਟਿਵਾ ਨਾਲ ਜਾ ਟਕਰਾਈ ਜਿਸ ਨਾਲ ਦੋਨੋਂ ਸਿਰ ਪਰਨੇ ਸੜਕ ਉੱਪਰ ਜਾ ਡਿਗੇ।ਹੁਕਮ ਚੰਦ ਤੇ ਜਸਵਿੰਦਰ ਪਾਲ ਦੋਵਾਂ ਸਿਰ ਤੇ ਗੰਭੀਰ ਚੋਟਾਂ ਆਈਆਂ।ਦੋਨੋਂ ਜ਼ਖਮੀਆਂ ਨੂੰ ਸਿਵਲ ਹਸਪਤਾਲ ਬੰਗਾ ਵਿਖੇ ਦਾਖਲ ਕਰਵਾਇਆ ਗਿਆ। ਹੁਕਮ ਚੰਦ ਹੋਰਾਂ ਦੀ ਹਾਲਤ ਗੰਭੀਰ ਹੁੰਦੀ ਵੇਖ ਇਹਨਾਂ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਭੇਜ ਦਿੱਤਾ ਗਿਆ। ਇਸ ਹਸਪਤਾਲ ਪਹੁੰਚਣ 'ਤੇ ਡਾਕਟਰੀ ਟੀਮ ਵੱਲੋਂ ਹੁਕਮ ਚੰਦ ਨੂੰ ਮਿਤ੍ਰਕ ਘੋਸ਼ਿਤ ਕਰ ਦਿੱਤਾ ਗਿਆ।ਪਿੰਡ ਕੱਟਾਂ ਦੇ ਜੰਮਪਲ ਹੁਕਮ ਚੰਦ ਆਪਣੇ ਪਿੱਛੇ ਇਕਲੌਤੀ ਬੇਟੀ ਜੋ ਇਕ ਕਾਲਜ ਵਿਦਿਆਰਥਣ ਹੈ ਤੇ ਪਤਨੀ ਛੱਡ ਗਏ ਹਨ। ਪਿੰਡ ਕੱਟਾਂ ਵਿਚ ਹੁਕਮ ਚੰਦ ਦੀ ਮਿਤ੍ਰਕ ਦੇਹ ਦਾ ਅੰਤਿਮ ਸੰਸਕਾਰ ਕਰ ਦਿੱਤਾ ਗਿਆ ਹੈ।

### ਰੇਲਵੇ ਕੰਟਰੈਕਟ ਵਰਕਰ ਯੂਨੀਅਨ ਦਾ ਗਠਨ



ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਰੇਲਵੇ ਵਰਕਸ਼ਾਪ ਅੰਮ੍ਰਿਤਸਰ ਵਿਚ ਪ੍ਰਾਈਵੇਟ ਠੇਕੇਦਾਰਾਂ ਅਧੀਨ ਕੰਮ ਕਰਦੇ ਵਰਕਰਾਂ ਦੇ ਸ਼ੋਸ਼ਣ ਵਿਰੁੱਧ ਤੇ ਹੱਕਾਂ ਦੀ ਰਾਖੀ ਲਈ ਪੁਤਲੀਘਰ ਸਥਿਤ ਸੀਟੂ ਦਫ਼ਤਰ ਵਿਚ ਅਹਿਮ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿਚ ਵਰਕਰਾਂ ਨੇ ਆਪਣੀਆਂ ਦਰਪੇਸ਼ ਮੁਸ਼ਕਿਲਾਂ ਤੇ ਮੰਗਾਂ ਨੂੰ ਪ੍ਰਮੁੱਖਤਾ ਨਾਲ ਵਿਚਾਰਿਆ। ਮੀਟਿੰਗ ਦੌਰਾਨ ਵਰਕਰਾਂ ਦਾ ਹੌਸਲਾ ਵਧਾਉਣ ਲਈ ਸੀਟੂ ਦੇ ਸੂਬਾ ਪ੍ਰਧਾਨ ਕਾਮਰੇਡ ਚੰਦਰ ਸ਼ੇਖਰ, ਜਨਰਲ ਸਕੱਤਰ ਮਹਾਂ ਸਿੰਘ ਰੋੜੀ ਤੇ ਕਾਮਰੇਡ ਸੁੱਚਾ ਸਿੰਘ ਅਜਨਾਲਾ ਮੀਤ ਪ੍ਰਧਾਨ ਵਿਸ਼ੇਸ਼ ਤੌਰ 'ਤੇ ਪੁੱਜੇ। ਵਰਕਰਾਂ ਦੀਆਂ ਸਮੱਸਿਆਵਾਂ ਦੇ ਪੱਕੇ ਹੱਲ ਲਈ ਜਥੇਬੰਦਕ ਢਾਂਚਾ ਤਿਆਰ ਕਰਦਿਆਂ ਰੇਲਵੇ ਕੰਟਰੈਕਟ ਵਰਕਰ ਯੂਨੀਅਨ ਦੀ ਸਥਾਪਨਾ ਕੀਤੀ ਗਈ। ਜਥੇਬੰਦੀ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ 9 ਮੈਂਬਰੀ ਕਾਰਜਕਾਰੀ ਕਮੇਟੀ ਚੁਣੀ ਗਈ, ਜਿਸ ਵਿਚ ਸਤਨਾਮ ਸਿੰਘ, ਸੁਖਦੇਵ ਸਿੰਘ, ਰੇਸ਼ਮ ਕੁਮਾਰ, ਦੀਪਕ ਹੰਸ, ਨੀਰਜ ਕੁਮਾਰ, ਸੰਦੀਪ, ਬਿਕਰਮ, ਕਿਰਪਾ ਰਾਮ ਤੇ ਵਿਜੇ ਕੁਮਾਰ ਨੂੰ ਮੈਂਬਰ ਨਿਯੁਕਤ ਕੀਤਾ ਗਿਆ। ਮੀਟਿੰਗ ਦੇ ਅਖੀਰ 'ਚ ਨਿਯੁਕਤ ਕੀਤੇ ਗਏ ਮੈਂਬਰਾਂ ਨੂੰ ਜਥੇਬੰਦੀ ਦੀ ਮੈਂਬਰਸ਼ਿਪ ਮੁਹਿੰਮ ਤੇਜ਼ ਕਰਨ ਤੇ ਜਲਦੀ ਹੀ ਵੱਡਾ ਜਥੇਬੰਦਕ ਇਜਲਾਸ ਕਰਵਾਉਣ ਦੀ ਅਹਿਮ ਜ਼ਿੰਮੇਵਾਰੀ ਸੌਂਪੀ ਗਈ। ਆਗੂਆਂ ਨੇ ਅਹਿਦ ਲਿਆ ਕਿ ਵਰਕਰਾਂ ਦੀ ਇੱਕਜੁੱਟਤਾ ਹੀ ਉਨ੍ਹਾਂ ਦੇ ਹੱਕਾਂ ਦੀ ਪ੍ਰਾਪਤੀ ਦਾ ਇੱਕੋ-ਇੱਕ ਰਾਹ ਹੈ।

### ਹੋਟਲ 'ਚ ਲੱਗੀ ਅੱਗ 'ਤੇ ਸੈਨਾ ਨੇ ਕਾਬੂ ਪਾਇਆ



ਪਠਾਨਕੋਟ (ਦਵਿੰਦਰ ਸਿੰਘ)-ਪਠਾਨਕੋਟ-ਡਲਹੌਜ਼ੀ ਹਾਈਵੇਅ 'ਤੇ ਸਥਿਤ ਇੱਕ ਹੋਟਲ 'ਚ ਅਚਾਨਕ ਅੱਗ ਲੱਗ ਗਈ ਜਿਸ ਦੇ ਚਲਦੇ ਹੋਟਲ ਵਿੱਚ ਹਫੜਾ ਤਫੜੀ ਦਾ ਮਾਹੌਲ ਬਣ ਗਿਆ। ਅੱਗ ਲੱਗਣ ਦੀ ਸੂਚਨਾ ਮਿਲਣ 'ਤੇ ਸੇਨਾ ਦੇ ਫਾਇਰ ਬ੍ਰਿਗੇਡ ਦੀਆਂ ਕਈ ਟੀਮਾਂ, ਸਿਵਲ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਨਾਲ ਮੌਕੇ 'ਤੇ ਪਹੁੰਚੀਆਂ ਅਤੇ ਅੱਗ 'ਤੇ ਕਾਬੂ ਪਾਉਣ ਦੀਆਂ ਕੋਸ਼ਿਸ਼ਾਂ ਸ਼ੁਰੂ ਕਰ ਦਿੱਤੀਆਂ।ਅੱਗ ਲੱਗਣ ਦੇ ਕਾਰਨਾਂ ਦਾ ਅਜੇ ਪਤਾ ਨਹੀਂ ਲੱਗ ਸਕਿਆ।ਮੁੱਢਲੀ ਜਾਂਚ ਵਿੱਚ ਸ਼ਾਰਟ ਸਰਕਟ ਨੂੰ ਇੱਕ ਸੰਭਾਵਿਤ ਕਾਰਨ ਦੱਸਿਆ ਗਿਆ ਹੈ।ਉਪਲੀ ਮੰਜ਼ਿਲ 'ਤੇ ਅੱਗ ਤੋਂ ਤੇਜ਼ੀ ਨਾਲ ਧੂੰਆਂ ਨਿਕਲਣਾ ਸ਼ੁਰੂ ਹੋ ਗਿਆ, ਜਿਸ ਨਾਲ ਦਹਿਸ਼ਤ ਫੈਲ ਗਈ।ਫਾਇਰਫਾਈਟਰਾਂ ਨੂੰ ਅੱਗ ਬੁਝਾਉਣ ਵਿੱਚ ਮੁਸ਼ਕਲ ਆਈ।ਓਟੀਜੀ ਸੈਨਾ ਅਧਿਕਾਰੀ ਰਾਕੇਸ਼ ਕੁਮਾਰ ਪਾਂਡੇ ਨੇ ਦੱਸਿਆ ਕਿ ਅੱਗ ਉਪਰਲੀ ਮੰਜ਼ਿਲ 'ਤੇ ਲੱਗੀ ਸੀ ਜਿਸ ਨੂੰ ਕਾਬੂ ਪਾ ਲਿਆ ਗਿਆ ਹੈ ਅਤੇ ਪੁਲਸ ਅਤੇ ਪ੍ਰਸ਼ਾਸਨ ਦੀਆਂ ਟੀਮਾਂ ਸਥਿਤੀ ਦੀ ਨਿਗਰਾਨੀ ਕਰ ਰਹੀਆਂ ਹਨ।

### ਸ਼੍ਰੋ.ਅ.ਦਲ ਯੂਰਪ ਯੂਨਿਟ ਦੇ ਪਸਾਰੇ ਬਾਰੇ ਗੱਲਬਾਤ ਕਰਨ ਇਕਬਾਲ ਭੱਟੀ ਪੰਜਾਬ ਪਹੁੰਚੇ



ਧਾਰੀਵਾਲ, (ਮਨਦੀਪ ਵਿੱਕੀ)-ਸ਼੍ਰੋਮਣੀ ਅਕਾਲੀ ਦਲ ਯੂਰਪ ਯੂਨਿਟ ਦੇ ਪ੍ਰਧਾਨ ਇਕਬਾਲ ਸਿੰਘ ਭੱਟੀ ਫਰਾਂਸ ਤੋਂ ਉਚੇਚੇ ਤੌਰ 'ਤੇ ਸ਼੍ਰੋਮਣੀ ਅਕਾਲੀ ਦਲ ਯੂਰਪ ਯੂਨਿਟ ਦੇ ਪਸਾਰੇ ਸਬੰਧੀ ਗੱਲਬਾਤ ਕਰਨ ਵਾਸਤੇ ਪੰਜਾਬ ਪਹੁੰਚ ਚੁੱਕੇ ਹਨ ਅਤੇ ਉਹ (ਸਰਦਾਰ ਭੱਟੀ) ਪਾਰਟੀ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਸਮੇਤ ਹੋਰਨਾਂ ਪਾਰਟੀ ਲੀਡਰਾਂ ਨੂੰ ਵੀ ਮਿਲਣਗੇ। ਇਸ ਸਬੰਧੀ ਬਿਆਨ ਜਾਰੀ ਕਰਦੇ ਹੋਏ ਇਕਬਾਲ ਸਿੰਘ ਭੱਟੀ ਨੇ ਕਿਹਾ ਕਿ ਇਸ ਵਕਤ ਉਨ੍ਹਾਂ ਨੂੰ ਬਹੁਤ ਸਾਰੇ ਐਨ ਆਰ ਆਈਜ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਹੋਣ ਵਾਸਤੇ ਬੇਨਤੀਆਂ ਕਰ ਰਹੇ ਹਨ, ਜਿਸ ਕਾਰਨ ਪਾਰਟੀ ਹਾਈ ਕਮਾਂਡ ਨਾਲ ਵਿਚਾਰ ਵਟਾਂਦਰਾ ਕਰਨਾਂ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਮੌਜੂਦਾ ਪੰਜਾਬ ਸਰਕਾਰ ਦੀਆਂ ਕਾਰਗੁਜ਼ਾਰੀਆਂ ਤੋਂ ਪੰਜਾਬ ਸਮੇਤ ਵਿਦੇਸ਼ ਵੱਸਦੇ ਪੰਜਾਬੀ ਸਖ਼ਤ ਨਰਾਜ਼ ਹਨ। ਜ਼ਿਆਦਾਤਰ ਐਨ ਆਰ ਆਈਜ, ਭਗਵੰਤ ਮਾਨ ਸਰਕਾਰ ਨੂੰ ਚੱਲਦਾ ਕਰਨ ਉਪਰੰਤ ਸੁਖਬੀਰ ਸਿੰਘ ਬਾਦਲ ਨੂੰ ਪੰਜਾਬ ਦਾ ਮੁੱਖ ਮੰਤਰੀ ਬਣਿਆ ਦੇਖਣਾ ਚਾਹੁੰਦੇ ਹਨ ਕਿਉਂਕਿ ਪੰਜਾਬ ਦਾ ਵਿਕਾਸ ਅਗਰ ਕੋਈ ਕਰ ਸਕਦਾ ਹੈ ਤਾਂ ਉਹ ਸਰਦਾਰ ਬਾਦਲ ਹੀ ਕਰ ਸਕਦੇ ਹਨ, ਜਿਸਦਾ ਸਬੂਤ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਵੇਲੇ ਪੰਜਾਬ ਦੇ ਲੋਕ ਪਹਿਲਾਂ ਵੀ ਦੇਖ ਚੁੱਕੇ ਹਨ, ਇਸ ਕਰਕੇ ਪ੍ਰਤੱਖ ਨੂੰ ਪ੍ਰਮਾਣ ਦੀ ਲੋੜ ਨਹੀਂ।

### ਜੇਕਰ ਪਾਣੀ ਦੀ ਸੰਭਾਲ ਨਾ ਕੀਤੀ ਤਾਂ ਆਉਣ ਵਾਲੇ ਸਮੇਂ 'ਚ ਪੰਜਾਬ ਨੇ ਰੇਗਿਸਤਾਨ ਬਣ ਜਾਣਾ: ਭਾਟੀਆ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਵਿਸ਼ਵ ਜਲ ਦਿਵਸ ਮੌਕੇ ਅੰਮ੍ਰਿਤਸਰ ਨਗਰ ਨਿਗਮ ਵੱਲੋਂ ਪਾਣੀ ਦੀ ਸੰਭਾਲ ਸਬੰਧੀ ਜਾਗਰੂਕਤਾ ਫੈਲਾਉਣ ਲਈ ਕਰਵਾਈ ਗਈ ਵਾਕਾਥਨ ਨੂੰ ਮੇਅਰ ਜਤਿੰਦਰ ਸਿੰਘ ਭਾਟੀਆ ਨੇ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।ਰਣਜੀਤ ਐਵੀਨਿਊ-ਡੀ ਬਲਾਕ ਵਿਖੇ ਕਰਵਾਈ ਗਈ ਵਾਕਾਥਨ ਵਿੱਚ ਬੱਚਿਆਂ, ਬਜ਼ੁਰਗਾਂ ਅਤੇ ਨੌਜਵਾਨਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ ਅਤੇ ਪਾਣੀ ਦੀ ਸੰਭਾਲ ਦਾ ਸੁਨੇਹਾ ਦਿੱਤਾ।ਇਸ ਮੌਕੇ ਮੇਅਰ ਜਤਿੰਦਰ ਸਿੰਘ ਭਾਟੀਆ ਨੇ ਵਾਕਥਾਨ ਵਿੱਚ ਸ਼ਾਮਲ ਹੋਏ ਭਾਗੀਦਾਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪਾਣੀ ਤੋਂ ਬਿਨਾਂ ਜੀਵਨ ਦੀ ਕਲਪਨਾ ਨਹੀਂ ਕੀਤੀ ਜਾ ਸਕਦੀ ਅਤੇ ਅੱਜ ਮਨੁੱਖ ਦੀ ਹੋਰ ਗ੍ਰਹਿਆਂ 'ਤੇ ਵਸਣ ਦੀ ਸੰਭਾਵਨਾ ਵੀ ਉੱਥੇ ਪਾਣੀ ਦੀ ਮੌਜੂਦਗੀ ਤੇ ਹੀ ਨਿਰਭਰ ਕਰਦੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦਾ ਨਾਂ ਪਾਣੀ ਨਾਲ ਵੀ ਜੁੜਿਆ ਹੋਇਆ ਹੈ ਅਤੇ ਸਾਡੀ ਹਜ਼ਾਰਾਂ ਸਾਲ ਪੁਰਾਣੀ ਸਭਿਅਤਾ ਦਾ ਜਨਮ, ਵਿਕਾਸ ਅਤੇ ਹੋਂਦ ਵੀ ਪਾਣੀ ਕਾਰਨ ਹੀ ਹੈ। ਪਰ ਧਰਤੀ ਹੇਠਲੇ ਪਾਣੀ ਦੀ ਅੰਨ੍ਹੇਵਾਹ ਵਰਤੋਂ ਅਤੇ ਕਣਕ-ਝੋਨੇ ਦੀ ਖੇਤੀ ਤੇ ਜ਼ਿਆਦਾ ਨਿਰਭਰਤਾ ਕਾਰਨ ਪੰਜਾਬ 'ਚ ਧਰਤੀ ਹੇਠਲੇ ਪਾਣੀ ਦਾ ਪੱਧਰ ਕਾਫੀ ਹੇਠਾਂ ਚਲਾ ਗਿਆ ਹੈ ਅਤੇ ਜੇਕਰ ਅਜਿਹਾ ਹੀ ਜਾਰੀ ਰਿਹਾ ਤਾਂ ਭਵਿੱਖ 'ਚ ਪੰਜਾਬ ਰੇਗਿਸਤਾਨ ਬਣ ਸਕਦਾ ਹੈ।

## ਈ ਟੀ ਓ ਨੇ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਤੁਰੰਤ ਹੱਲ ਲਈ ਅਧਿਕਾਰੀਆਂ ਨੂੰ ਦਿੱਤੇ ਨਿਰਦੇਸ਼




ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਮਹਿਤਾ ਚੌਕ ਵਿਖੇ ਆਯੋਜਿਤ 'ਵਪਾਰ ਮਿਲਣੀ' ਦੌਰਾਨ ਸਥਾਨਕ ਵਪਾਰੀਆਂ ਨਾਲ ਰੂ-ਬ-ਰੂ ਹੋ ਕੇ ਉਨ੍ਹਾਂ ਦੀਆਂ ਦਰਪੇਸ਼ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ।ਇਸ ਮੌਕੇ ਉਨ੍ਹਾਂ ਨੇ ਵਪਾਰੀਆਂ ਨਾਲ ਖੁੱਲ੍ਹ ਕੇ ਵਿਚਾਰ-ਵਟਾਂਦਰਾ ਕੀਤਾ ਅਤੇ ਮੌਕੇ 'ਤੇ ਹੀ ਸਮੱਸਿਆਵਾਂ ਦੇ ਹੱਲ ਲਈ ਸੰਬੰਧਿਤ ਅਧਿਕਾਰੀਆਂ ਨੂੰ ਸਖ਼ਤ ਦਿਸ਼ਾ-ਨਿਰਦੇਸ਼ ਜਾਰੀ ਕੀਤੇ।ਉਨ੍ਹਾਂ ਕਿਹਾ ਕਿ ਪੰਜਾਬ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਵਪਾਰੀ ਵਰਗ ਹੈ ਅਤੇ ਸਰਕਾਰ ਵਪਾਰੀਆਂ ਦੇ ਹਿਤਾਂ ਦੀ ਰੱਖਿਆ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਵਪਾਰੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ ਤਾਂ ਜੋ ਉਹ ਬਿਨਾਂ ਰੁਕਾਵਟ ਆਪਣੇ ਕਾਰੋਬਾਰ ਨੂੰ ਅੱਗੇ ਵਧਾ ਸਕਣ ਅਤੇ ਸੂਬੇ ਦੀ ਤਰੱਕੀ ਵਿੱਚ ਆਪਣਾ ਮਹੱਤਵਪੂਰਨ ਯੋਗਦਾਨ ਪਾ ਸਕਣ।ਕੈਬਨਿਟ ਮੰਤਰੀ ਈਟੀਓ ਨੇ ਵਪਾਰੀਆਂ ਨੂੰ ਭਰੋਸਾ ਦਿਵਾਇਆ ਕਿ ਜੀਐੱਸਟੀ, ਬਿਜਲੀ ਸਪਲਾਈ, ਮਜ਼ਦੂਰੀ ਅਤੇ ਰੋਜ਼ਗਾਰ ਨਾਲ ਸੰਬੰਧਿਤ ਮੁੱਦਿਆਂ ਦਾ ਸਮਰਥ ਢੰਗ ਨਾਲ ਨਿਪਟਾਰਾ ਕੀਤਾ ਜਾਵੇਗਾ ਤਾਂ ਜੋ ਉਨ੍ਹਾਂ ਨੂੰ ਵੱਖ-ਵੱਖ ਦਫਤਰਾਂ ਦੇ ਚੱਕਰ ਨਾ ਮਾਰਨੇ ਪੈਣ।ਉਨ੍ਹਾਂ ਕਿਹਾ ਕਿ ਵਪਾਰੀਆਂ ਦੀਆਂ ਸਮੱਸਿਆਵਾਂ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾ ਰਿਹਾ ਹੈ ਅਤੇ ਇਸੇ ਹੀ ਕੜੀ ਤਹਿਤ ਵੱਖ-ਵੱਖ ਸਰਕਾਰੀ ਵਿਭਾਗ ਮਿਲਜੁਲ ਕੇ ਕੰਮ ਕਰ ਰਹੇ ਹਨ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਵਪਾਰ ਕਰਨ ਵਿੱਚ ਆਸਾਨੀ ਯਕੀਨੀ ਬਣਾਉਣਾ ਅਤੇ ਸ਼ਿਕਾਇਤਾਂ ਦਾ ਤੁਰੰਤ ਨਿਪਟਾਰਾ ਕਰਨਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਤਰਜੀਹ ਹੈ।ਇਸ ਮੌਕੇ ਵਪਾਰੀਆਂ ਨੂੰ ਆਪਣੇ ਮੁੱਦੇ ਪ੍ਰਸ਼ਾਸਨਿਕ ਅਧਿਕਾਰੀਆਂ ਸਾਹਮਣੇ ਖੁੱਲ੍ਹੇ ਤੌਰ 'ਤੇ ਰੱਖਣ ਦਾ ਮੌਕਾ ਦਿੱਤਾ।ਇਸ ਮੌਕੇ ਚੇਅਰਮੈਨ ਟਰੇਡ ਕਮਿਸ਼ਨ ਰਮੇਸ਼ ਅਵਸਥੀ ਅਤੇ ਉਪ ਚੇਅਰਮੈਨ ਟਰੇਡ ਕਮਿਸ਼ਨ ਅਭਿਸ਼ੇਕ ਬਾਂਸਲ ਨੇ ਵੀ ਵਪਾਰੀਆਂ ਦੀਆਂ ਗੱਲਾਂ ਨੂੰ ਧਿਆਨ ਨਾਲ ਸੁਣਿਆ ਅਤੇ ਸਮੱਸਿਆਵਾਂ ਦੇ ਜਲਦੀ ਹੱਲ ਲਈ ਭਰੋਸਾ ਦਿਵਾਇਆ।ਇਸ ਮੀਟਿੰਗ ਵਿੱਚ ਵਪਾਰ ਮੰਡਲ ਨਾਲ ਸੰਬੰਧਿਤ ਸਾਰੇ ਅਦਾਰਿਆਂ ਦੇ ਅਧਿਕਾਰੀ ਜਿਵੇਂ ਪੁਲਸ, ਤਹਿਸੀਲ, ਕਰ ਵਿਭਾਗ, ਜ਼ਿਲਾ ਮੰਡੀ ਅਫਸਰ, ਪੀਐੱਸਪੀਸੀਐੱਲ, ਡਰੇਨਜ਼, ਇੰਡਸਟਰੀ, ਖੇਤੀਬਾੜੀ ਅਤੇ ਵਾਤਾਵਰਨ ਹਾਜ਼ਰ ਸਨ। ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਗੁਰਵਿੰਦਰ ਸਿੰਘ, ਸਰਪੰਚ ਅਜੇ ਗਾਂਧੀ ਮਹਿਤਾ ਚੌਕ, ਬਲਾਕ ਪ੍ਰਧਾਨ ਰਾਜਵਿੰਦਰ ਲਾਡੀ, ਬਲਾਕ ਪ੍ਰਧਾਨ ਅਮਰ ਰਾਵਤ, ਜਗਜੀਤ ਸਿੰਘ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਜਰਮਨਜੀਤ ਸਿੰਘ ਨੰਗਲ ਵੀ ਹਾਜ਼ਰ ਸਨ।

## ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਨੇ ਸਾਲਾਨਾ ਨਤੀਜਾ ਐਲਾਨਿਆ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਮਹਿਤਾ ਚੌਂਕ ਵਿਖੇ ਸੈਸ਼ਨ 2025-26 ਦਾ ਸਾਲਾਨਾ ਨਤੀਜਾ ਐਲਾਨਿਆ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਗੁਰਬਾਣੀ ਦਾ ਪਾਠ ਸਰਵਣ ਕਰਕੇ ਕੀਤੀ ਗਈ।ਸਕੂਲ ਦੇ ਮੈਨੇਜਿੰਗ ਡਾਇਰੈਕਟਰ ਹਰਸ਼ਦੀਪ ਸਿੰਘ ਰੰਧਾਵਾ ਨੇ ਆਏ ਹੋਏ ਮਾਪਿਆਂ ਨੂੰ ਜੀ ਆਇਆਂ ਆਖਿਆ ਤੇ ਆਪਣਾ ਕੀਮਤੀ ਸਮਾਂ ਕੱਢ ਕੇ ਆਉਣ 'ਤੇ ਮਾਪਿਆਂ ਦਾ ਧੰਨਵਾਦ ਕੀਤਾ।ਦਸਮੇਸ਼ ਸੰਸਥਾਵਾਂ ਦੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ ਤੇ ਪ੍ਰਿੰ. ਗੁਰਬੀਰ ਕੌਰ ਵੱਲੋਂ ਨਰਸਰੀ ਤੋਂ ਗਿਆਰਵੀਂ ਜਮਾਤ ਤੱਕ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਹਾਸਿਲ ਕਰਨ ਵਾਲੇ ਵਿਦਿਆਰਥੀਆਂ ਨੂੰ ਟਰਾਫੀਆਂ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।ਸਕੂਲ ਵਿੱਚ 85% ਵਿਦਿਆਰਥੀਆਂ ਦੁਆਰਾ 100% ਨੰਬਰ ਲੈ ਕੇ ਆਪਣੀ ਸਾਲਾਨਾ ਪ੍ਰੀਖਿਆ ਪਾਸ ਕੀਤੀ ਗਈ ਜੋ ਕਿ ਸਕੂਲ ਵਾਸਤੇ ਬਹੁਤ ਹੀ ਮਾਣ ਵਾਲੀ ਗੱਲ ਹੈ।ਇਸ ਮੌਕੇ ਵਿਦਿਆਰਥੀਆਂ ਤੇ ਮਾਪਿਆਂ ਦੇ ਚਿਹਰਿਆਂ 'ਤੇ ਉਤਸ਼ਾਹ ਤੇ ਖੁਸ਼ੀ ਦੀ ਲਹਿਰ ਦੇਖੀ ਗਈ।ਸਕੂਲ ਮੈਨੇਜਮੈਂਟ ਵੱਲੋਂ ਸਕੂਲ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਅਤੇ ਸਕੂਲ ਦੀਆਂ ਪ੍ਰਾਪਤੀਆਂ ਤੋਂ ਮਾਪਿਆਂ ਨੂੰ ਜਾਣੂ ਕਰਵਾਇਆ ਗਿਆ। ਸੰਸਥਾ ਦੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ ਵੱਲੋਂ ਪੁਜ਼ੀਸ਼ਨ ਹੋਲਡਰ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ ਗਈ ਅਤੇ ਭਵਿੱਖ ਵਿੱਚ ਅੱਗੇ ਵਧਣ ਦੀ ਪ੍ਰੇਰਨਾ ਦਿੱਤੀ।ਇਸ ਮੌਕੇ ਦਸਮੇਸ਼ ਵਿਦਿਅਕ ਸੰਸਥਾਵਾ ਦੇ ਡਾਇਰੈਕਟਰ ਲਕਸ਼ਮਣ ਸਿੰਘ ਰਾਵਤ, ਪ੍ਰਿੰ. ਗੁਰਬੀਰ ਕੌਰ, ਮੈਡਮ ਹਰਪ੍ਰੀਤ ਕੌਰ, ਕੋਆਰਡੀਨੇਟਰ ਰਵਿੰਦਰ ਕੌਰ, ਅੰਮ੍ਰਿਤਪਾਲ ਸਿੰਘ, ਸੁਧਾ ਸ਼ਰਮਾ, ਰਾਕੇਸ਼ ਬਾਵਾ, ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

## ਸਰਬ ਭਾਰਤ ਨੌਜਵਾਨ ਸਭਾ ਵੱਲੋਂ ਬਲਕਾਰ ਸਿੰਘ ਦੁਧਾਲਾ ਨੂੰ ਸੱਦਾ ਪੱਤਰ ਭੇਟ




ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਸਰਬ ਭਾਰਤ ਨੌਜਵਾਨ ਸਭਾ ਦੀ ਮੀਟਿੰਗ ਚਵਿੰਡਾ ਦੇਵੀ ਵਿਖੇ ਜਤਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਕੀਤੀ ਗਈ ਜਿਸਨੂੰ ਸੀਪੀਆਈ ਸੈਕਟਰੀ ਮਜੀਠਾ ਬਲਕਾਰ ਸਿੰਘ ਦੁਧਾਲਾ ਨੇ ਉਚੇਚੇ ਤੌਰ 'ਤੇ ਪਹੁੰਚ ਕੇ ਸੰਬੋਧਨ ਕੀਤਾ।ਉਨ੍ਹਾਂ ਕਿਹਾ ਕਿ ਬਿਨਾਂ ਸ਼ੱਕ ਪੰਜਾਬ ਦੀ ਜਵਾਨੀ ਨੂੰ ਮੀਡੀਆ ਤੇ ਵੱਖ-ਵੱਖ ਪਾਰਟੀਆਂ ਦੇ ਲੀਡਰਾਂ ਵੱਲੋਂ ਭੰਡਿਆ ਜਾ ਰਿਹਾ ਹੈ ਕਿ ਪੰਜਾਬ ਦੀ ਜਵਾਨੀ ਨਸ਼ੇ ਦੀ ਦਲਦਲ ਵਿੱਚ ਫਸੀ ਹੋਈ ਹੈ ਪਰ ਨਸ਼ਾ ਪੰਜਾਬ ਵਿੱਚ ਹੀ ਨਹੀਂ, ਦੁਨੀਆ ਪੱਧਰ 'ਤੇ ਇੱਕ ਅਲਾਮਤ ਹੈ ਜੋ ਸਰਮਾਏਦਾਰੀ ਪ੍ਰਬੰਧ ਨੇ ਆਪ ਹੀ ਪੈਦਾ ਕੀਤੀ ਹੋਈ ਹੈ।ਇਸ ਤੋਂ ਵੀ ਅੱਗੇ ਬਲਕਾਰ ਦੁਧਾਲਾ ਨੇ ਕਿਹਾ ਕਿ ਅਸੀਂ ਉਨ੍ਹਾਂ ਪੁਲਸ ਅਫਸਰਾਂ ਦੀ ਸ਼ਲਾਘਾ ਕਰਦੇ ਹਾਂ, ਜਿਨ੍ਹਾਂ ਨੇ ਪਿਛਲੇ ਦਿਨੀਂ 04 ਕਿਲੋ 300 ਗ੍ਰਾਮ ਹੈਰੋਇਨ ਫੜ ਕੇ ਨਸ਼ਾ ਤਸਕਰਾਂ 'ਤੇ ਕਾਰਵਾਈ ਕਰਨ ਦਾ ਆਪਣਾ ਫਰਜ਼ ਬਖੂਬੀ ਸਮਝਿਆ ਅਤੇ ਨਿਭਾਇਆ ਹੈ ਪਰ ਅਸੀਂ ਉਨ੍ਹਾਂ ਪੁਲਸ ਅਫਸਰਾਂ ਦੀ ਪੁਰਜ਼ੋਰ ਨਿਖੇਧੀ ਵੀ ਕਰਦੇ ਜਿਹੜੇ ਚੌਂਕੀ ਇੰਚਾਰਜ ਥਾਣਾ ਮੁਖੀ ਜਾਂ ਡੀਐੱਸਪੀ ਦੀ ਨੱਕ ਹੇਠ ਨਸ਼ਾ ਵੇਚ ਰਹੇ ਸਨ। ਇਨ੍ਹਾਂ ਤਸਕਰਾਂ ਦੀ ਚੌਂਕੀ ਥਾਣਿਆਂ ਅਤੇ ਡੀਐੱਸਪੀ ਦੇ ਦਫਤਰ ਵਿੱਚ ਖਾਸ ਮਹਿਮਾਨਨਿਵਾਜ਼ੀ ਕੀਤੀ ਜਾਂਦੀ ਹੈ।ਹੁਣ ਮੇਰੀ ਪੁਲਸ ਪ੍ਰਸ਼ਾਸਨ ਨੂੰ ਅਪੀਲ ਹੈ ਕਿ ਜੇ ਤੁਸੀਂ ਸੱਚੇ ਦਿਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਕਾਮਯਾਬ ਕਰਨਾ ਚਾਹੁੰਦੇ ਹੋ ਤਾਂ ਇਨ੍ਹਾਂ ਤਸਕਰਾਂ ਦੀਆਂ ਮਹੱਲ ਨੁਮਾ ਕੋਠੀਆਂ 'ਤੇ ਪੀਲਾ ਪੰਜਾ ਫੇਰੋ।ਇਨ੍ਹਾਂ ਦੇ ਬੈਂਕ ਖਾਤਿਆਂ ਨੂੰ ਜ਼ਬਤ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸ਼ਹੀਦ ਭਗਤ ਸਿੰਘ ਦੇ ਸ਼ਹੀਦੀ ਦਿਨ 'ਤੇ ਨੌਜਵਾਨਾਂ ਨੂੰ ਤੇਈ ਮਾਰਚ ਵਾਲੇ ਦਿਨ ਪਾਖਰਪੁਰ ਵਿਖੇ ਪਹੁੰਚ ਕੇ ਸ਼ਰਧਾ ਦੇ ਫੁੱਲ ਭੇਟ ਕਰਨੇ ਚਾਹੀਦੇ ਹਨ ਤੇ ਬੁਲਾਰਿਆਂ ਦੇ ਵਿਚਾਰ ਵੀ ਸੁਣਨੇ ਚਾਹੀਦੇ ਹਨ।ਉਨ੍ਹਾਂ ਨੇ ਦੱਸਿਆ ਕਿ 25 ਮਾਰਚ ਨੂੰ ਜੋ ਕਬੱਡੀ ਟੂਰਨਾਮੈਂਟ ਕਿਰਤ ਭੰਗੀ ਤੇ ਕੁਲਦੀਪ ਚਵਿੰਡਾ ਦੇਵੀ ਵੱਲੋਂ ਕਰਵਾਇਆ ਜਾ ਰਿਹਾ ਹੈ ਇਹੋ ਜਿਹੇ ਟੂਰਨਾਮੈਂਟ ਕਰਾਉਣ ਵਾਸਤੇ ਸਾਨੂੰ ਨੌਜਵਾਨਾਂ ਨੂੰ ਵੱਧ ਤੋਂ ਵੱਧ ਉਤਸਾਹਿਤ ਕਰਨਾ ਚਾਹੀਦਾ।ਇਸ ਮੌਕੇ ਜਤਿੰਦਰ ਸਿੰਘ, ਸਵਿੰਦਰਪਾਲ ਸਿੰਘ, ਬੱਬਲੂ, ਸੋਨਾ, ਕੁਲਵਿੰਦਰ ਸਿੰਘ, ਮੁੱਗੋਸੋਹੀ, ਮਲਕੀਤ ਸਿੰਘ ਤੇ ਜੀਤਾ ਟਾਹਲੀ ਸਾਹਿਬ ਵੀ ਹਾਜ਼ਰ ਸਨ ਜਿਨ੍ਹਾਂ ਨੇ ਬਲਕਾਰ ਸਿੰਘ ਦੁਧਾਲਾ ਨੂੰ ਕਬੱਡੀ ਮੈਚ 'ਚ ਸ਼ਮੂਲੀਅਤ ਕਰਨ ਦਾ ਸੱਦਾ ਪੱਤਰ ਦਿੱਤਾ।

## ਆਸ਼ਾ ਵਰਕਰਜ਼ ਯੂਨੀਅਨ ਪੰਜਾਬ ਦਾ ਰੋਸ ਪ੍ਰਦਰਸ਼ਨ ਪੰਜਵੇਂ ਦਿਨ 'ਚ ਦਾਖਲ




**ਪੱਟੀ, (ਬਲਦੇਵ ਸਿੰਘ ਸੰਧੂ)**-ਆਸ਼ਾ ਵਰਕਰਜ ਯੂਨੀਅਨ ਪੰਜਾਬ ਜ਼ਿਲ੍ਹਾ ਤਰਨ ਤਾਰਨ ਦੇ ਪ੍ਰਧਾਨ ਮਨਜਿੰਦਰ ਕੌਰ ਹਰੀਕੇ, ਸਕੱਤਰ ਵੀਰਪਾਲ ਕੌਰ ਭੱਗੂਪੁਰ ਦੀ ਅਗਵਾਈ ਵਿਚ ਮੁੱਢਲਾ ਸਿਹਤ ਕੇਂਦਰ ਹਰੀਕੇ ਵਿਖੇ ਇਕੱਠੇ ਹੋ ਕੇ ਆਪਣੀਆਂ ਮੰਗਾਂ ਦੇ ਸਬੰਧ ਵਿਚ ਪੰਜਵੇਂ ਦਿਨ ਵੀ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਸਮੇਂ ਆਸ਼ਾ ਵਰਕਰਜ਼ ਆਗੂਆਂ ਮੰਗ ਕੀਤੀ ਕਿ ਆਸ਼ਾ ਵਰਕਰਜ਼/ਫੈਸਿਲੀਟੇਟਰਜ਼ ਪਿਛਲੇ ਅਠਾਰਾਂ ਸਾਲ ਤੋਂ ਬੜੀ ਮਿਹਨਤ ਨਾਲ ਸਿਹਤ ਵਿਭਾਗ ਵਿਚ ਦਿਨ-ਰਾਤ ਕੰਮ ਕਰਦੀਆਂ ਹਨ ਅਤੇ ਬਦਲੇ ਵਿਚ ਉਨ੍ਹਾਂ ਨੂੰ ਨਿਗੂਣੇ ਭੱਤੇ ਅਤੇ ਕੇਵਲ 2500 ਰੁਪਏ ਮਹੀਨੇ ਦੇ ਦਿੱਤੇ ਜਾਂਦੇ ਹਨ ਜੋ ਇਕ ਸਰਕਾਰੀ ਵਰਕਰ ਨਾਲ ਕੋਝਾ ਮਜ਼ਾਕ ਹੈ।

ਪੰਜਾਬ ਸਰਕਾਰ ਨੇ ਉਨ੍ਹਾਂ ਨਾਲ ਵਾਅਦਾ ਖਿਲਾਫੀ ਕਰਦਿਆਂ ਚਾਰ ਸਾਲ ਬੀਤ ਜਾਣ ਦੇ ਬਾਵਜੂਦ 8 ਮਾਰਚ ਤੋਂ 11 ਮਾਰਚ ਨੂੰ ਪੇਸ਼ ਕੀਤੇ ਬਜਟ ਵਿਚ ਆਸ਼ਾ ਵਰਕਰਾਂ ਲਈ ਕੁਝ ਵੀ ਨਹੀਂ ਰੱਖਿਆ, ਜਿਸ ਕਰਕੇ ਸਾਨੂੰ ਮਜਬੂਰ ਹੋ ਕੇ 16 ਮਾਰਚ ਤੋਂ 28 ਮਾਰਚ ਤੱਕ ਸਾਰੇ ਕੰਮਾਂ ਦਾ ਬਾਈਕਾਟ ਕਰਨਾ ਪੈ ਰਿਹਾ।ਇਸ ਕੜੀ ਤਹਿਤ ਪੂਰੇ ਪੰਜਾਬ ਵਿਚ ਰੋਸ ਧਰਨੇ ਪ੍ਰਦਰਸ਼ਨ ਦੌਰਾਨ ਚੌਥੇ ਦਿਨ ਸਿਹਤ ਕੇਂਦਰ ਹਰੀਕੇ ਵਿਖੇ ਵੱਡੀ ਗਿਣਤੀ 'ਚ ਇਕੱਠੇ ਹੋ ਕੇ ਨਾਅਰੇਬਾਜ਼ੀ ਕਰਦਿਆਂ ਧਰਨਾ ਪ੍ਰਦਰਸ਼ਨ ਕੀਤਾ ਗਿਆ।ਮਨਜਿੰਦਰ ਕੌਰ ਹਰੀਕੇ ਨੇ ਦੱਸਿਆ ਕਿ ਅੱਜ ਜਲਾਲਾਬਾਦ ਵਿਖੇ ਮੁੱਖ ਮੰਤਰੀ ਭਗਵੰਤ ਮਾਨ ਦਾ ਘਿਰਾਓ ਕਰਨ ਵਾਲੀਆਂ ਆਸ਼ਾ ਵਰਕਰਾਂ ਨੂੰ ਪੁਲਸ ਵੱਲੋਂ ਹਿਰਾਸਤ 'ਚ ਲੈਣਾ ਨਿਖੇਧੀਯੋਗ ਹੈ। ਉਨ੍ਹਾਂ ਕਿਹਾ ਕਿ ਉਹ ਗ੍ਰਿਫਤਾਰੀ ਤੋਂ ਡਰਨ ਵਾਲੀਆਂ ਨਹੀਂ, ਸੰਘਰਸ਼ ਜਾਰੀ ਹੀ ਰਹਿਣਾ।ਇਸ ਸਮੇਂ ਰਣਜੀਤ ਕੌਰ ਵੀ ਹਾਜ਼ਰ ਸਨ।

## 23 ਮਾਰਚ ਨੂੰ ਦੇਸ਼ ਦੀ ਆਜ਼ਾਦੀ ਲਈ ਕੁਰਬਾਨੀਆਂ ਦੇ ਗਏ ਸਨ ਤਿੰਨ ਯੋਧੇ: ਜਸਬੀਰ ਗਿੱਲ



ਅਟਾਰੀ, (ਸਤਬੀਰ ਸਿੰਘ ਭੀਲ)-ਅੱਜ ਤੋਂ ਲਗਭਗ 95 ਸਾਲ ਪਹਿਲਾਂ ਭਾਰਤ ਦੇ ਮਹਾਨ ਕ੍ਰਾਂਤੀਕਾਰੀਆਂ ਅਤੇ ਆਜ਼ਾਦੀ ਘੁਲਾਟੀਆਂ ਵਿੱਚੋਂ ਭਗਤ ਸਿੰਘ ਨੂੰ ਬ੍ਰਿਟਿਸ਼ ਸਰਕਾਰ ਨੇ ਫਾਂਸੀ ਦੇ ਦਿੱਤੀ ਸੀ।ਇਸ ਦਿਨ ਸੁਖਦੇਵ, ਭਗਤ ਸਿੰਘ ਦੇ ਨਾਲ ਸੀ ਅਤੇ ਸ਼ਿਵਰਾਮ ਰਾਜਗੁਰੂ ਨੇ ਵੀ ਹੱਸ ਕੇ ਭਾਰਤ ਦੀ ਆਜ਼ਾਦੀ ਲਈ ਫਾਂਸੀ ਨੂੰ ਚੁੰਮਿਆ ਸੀ।ਇਨ੍ਹਾਂ ਤਿੰਨਾਂ ਦੀ ਸ਼ਹਾਦਤ ਨੂੰ ਯਾਦ ਕਰਨ ਲਈ ਹਰ ਸਾਲ 23 ਮਾਰਚ ਨੂੰ ਸ਼ਹੀਦ ਦਿਵਸ ਮਨਾਇਆ ਜਾਂਦਾ ਹੈ।ਭਗਤ ਸਿੰਘ ਨੇ 23 ਸਾਲ ਦੀ ਛੋਟੀ ਉਮਰ ਵਿੱਚ ਭਾਰਤ ਦੀ ਆਜ਼ਾਦੀ ਲਈ ਆਪਣੀ ਜਾਨ ਕੁਰਬਾਨ ਕਰ ਦਿੱਤੀ ਸੀ।ਉਨ੍ਹਾਂ ਦੇ ਇਸ ਜਜ਼ਬੇ ਨੂੰ ਦੇਖ ਕੇ ਦੇਸ਼ ਦੇ ਨੌਜਵਾਨਾਂ ਨੂੰ ਵੀ ਦੇਸ਼ ਦੀ ਆਜ਼ਾਦੀ ਲਈ ਲੜਨ ਦੀ ਪ੍ਰੇਰਨਾ ਮਿਲੀ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਬਾਬਾ ਸੋਹਣ ਸਿੰਘ ਭਕਨਾ ਯਾਦਗਾਰੀ ਫਾਊਂਡੇਸ਼ਨ ਦੇ ਪ੍ਰਧਾਨ ਜਸਬੀਰ ਸਿੰਘ ਗਿੱਲ ਨੇ ਕੀਤਾ। ਉਨ੍ਹਾਂ ਅੱਗੇ ਕਿਹਾ ਕਿ ਦੇਸ਼ ਨੂੰ ਆਜ਼ਾਦ ਕਰਾਉਣ ਲਈ ਹੱਸ ਕੇ ਫਾਂਸੀ ਦੇ ਰੱਸੇ ਨੂੰ ਚੁੰਮਣ ਵਾਲੇ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਬਲੀਦਾਨ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ।ਦੇਸ਼ ਦੀ ਆਜ਼ਾਦੀ ਲਈ ਸ਼ਹੀਦ ਹੋਣ ਦਾ ਜਜ਼ਬਾ ਰੱਖਣ ਵਾਲਾ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਅਤੇ ਉਸ ਦੇ ਸਾਥੀਆਂ ਰਾਜਗੁਰੂ ਅਤੇ ਸੁਖਦੇਵ ਨੂੰ ਅੱਜ ਦੇ ਦਿਨ ਯਾਨੀ 23 ਮਾਰਚ, 1931 ਨੂੰ ਫਾਂਸੀ ਦਿੱਤੀ ਗਈ ਸੀ।ਉਨ੍ਹਾਂ ਨੂੰ ਫਾਂਸੀ ਦੇਣ ਤੇ ਜੇਲ 'ਚ ਬੰਦ ਸਾਰੇ ਕੈਦੀਆਂ ਦੀਆਂ ਅੱਖਾਂ 'ਚ ਤਾਂ ਅੱਥਰੂ ਆ ਗਏ ਸਨ ਪਰ ਬਾਕੀ ਕਰਮਚਾਰੀਆਂ ਦੀਆਂ ਰੂਹਾਂ ਤੱਕ ਕੰਬ ਗਈਆਂ ਸਨ।ਹੱਸਦਿਆਂ-ਹੱਸਦਿਆਂ ਸ਼ਹੀਦ ਭਗਤ ਸਿੰਘ, ਸੁਖਦੇਵ ਅਤੇ ਰਾਜਗੁਰੂ ਨੇ ਦੇਸ਼ ਲਈ ਸ਼ਹੀਦ ਹੋਏ।ਅੱਜ ਵੀ ਉਨ੍ਹਾਂ ਦੀ ਕੁਰਬਾਨੀ 'ਤੇ ਦੇਸ਼ ਨੂੰ ਮਾਣ ਹੈ।ਜਸਬੀਰ ਗਿੱਲ ਨੇ ਕਿਹਾ ਕਿ ਅੱਜ ਮੌਜੂਦਾ ਸਮੇਂ ਵਿੱਚ ਬਾਬਾ ਸੋਹਣ ਸਿੰਘ ਭਕਨਾ ਤੇ ਸ਼ਹੀਦ ਭਗਤ ਸਿੰਘ ਵਰਗੇ ਮਹਾਨ ਸ਼ਹੀਦਾਂ ਦੇ ਪਾਏ ਹੋਏ ਪੂਰਨਿਆ ਤੇ ਚੱਲ ਕੇ ਭ੍ਰਿਸ਼ਟਾਚਾਰ ਤੇ ਨਸ਼ੇ ਵਰਗੇ ਹੋਰ ਕਈ ਭਿਆਨਕ ਰੋਗਾਂ ਤੋਂ ਦੇਸ਼ ਨੂੰ ਆਜ਼ਾਦ ਕਰਾਉਣ ਲਈ ਅੱਗੇ ਆਉਣ ਦੀ ਲੋੜ ਹੈ।

## ਵਿਧਾਇਕਾ ਅਰੁਣਾ ਚੌਧਰੀ ਨੇ ਵੱਖ-ਵੱਖ ਵਾਰਡਾਂ 'ਚ ਗਲੀਆਂ ਤੇ ਹੋਰਨਾਂ ਕੰਮਾਂ ਦਾ ਕੀਤਾ ਉਦਘਾਟਨ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਦੀਨਾਨਗਰ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਵਿਕਾਸ ਕਾਰਜਾਂ ਦੀ ਗਤੀ ਨੂੰ ਤੇਜ਼ ਕਰਦਿਆਂ ਵਿਧਾਇਕਾ ਅਰੁਣਾ ਚੌਧਰੀ ਵੱਲੋਂ 1.57 ਕਰੋੜ ਰੁਪਏ ਦੀ ਲਾਗਤ ਨਾਲ ਬਣਾਈਆਂ ਜਾਣ ਵਾਲੀਆਂ ਨਵੀਆਂ ਗਲੀਆਂ, ਮੁਰੰਮਤ ਅਤੇ ਲੋਹੇ ਦੇ ਜੰਗਲੇ ਲਗਾਉਣ ਦੇ ਕੰਮ ਦਾ ਉਦਘਾਟਨ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਇਸ ਸਬੰਧੀ ਬਕਾਇਦਾ ਸਰਵੇ ਕੀਤਾ ਗਿਆ ਹੈ ਅਤੇ ਸ਼ਹਿਰ ਦੇ ਕੁੱਲ 15 ਵਾਰਡਾਂ ਵਿੱਚ ਜਿੱਥੇ-ਜਿੱਥੇ ਵੀ ਪੁਰਾਣੀਆਂ ਗਲੀਆਂ ਦੀ ਮੁਰੰਮਤ ਅਤੇ ਲੋਹੇ ਦੇ ਜੰਗਲੇ ਲਗਾਉਣ ਦੀ ਲੋੜ ਹੈ, ਉਥੇ ਕੰਮ ਸ਼ੁਰੂ ਕਰਵਾਇਆ ਗਿਆ ਹੈ ਅਤੇ ਜਿੱਥੇ ਕੁਝ ਗਲੀਆਂ ਅਜੇ ਵੀ ਕੱਚੀਆਂ ਹਨ ਉਨ੍ਹਾਂ ਨੂੰ ਫ਼ੌਰੀ ਤੌਰ 'ਤੇ ਇੰਟਰਲਾਕ ਟਾਈਲਾਂ ਲਗਾ ਕੇ ਪੱਕਾ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸਾਡਾ ਉਦੇਸ਼ ਇਲਾਕੇ ਦਾ ਸਰਬਪੱਖੀ ਵਿਕਾਸ ਕਰਕੇ ਦੀਨਾਨਗਰ ਦਾ ਸਟੇਟਸ ਉੱਚਾ ਕਰਨਾ ਹੈ ਜਿਸਦੇ ਲਈ ਅਸੀਂ ਲਗਾਤਾਰ ਯਤਨਸ਼ੀਲ ਹਾਂ।ਸਾਬਕਾ ਕੈਬਨਿਟ ਮੰਤਰੀ ਅਰੁਣਾ ਚੌਧਰੀ ਨੇ ਕਿਹਾ ਕਿ ਇਹ ਤਮਾਮ ਗਲੀਆਂ ਅਗਲੇ ਕੁਝ ਦਿਨਾਂ ਦੇ ਅੰਦਰ ਹੀ ਤਿਆਰ ਕਰਵਾ ਕੇ ਜਨਤਾ ਦੇ ਹਵਾਲੇ ਕਰ ਦਿੱਤੀਆਂ ਜਾਣਗੀਆਂ ਅਤੇ ਇਸਦੇ ਲਈ ਸਬੰਧਿਤ ਠੇਕੇਦਾਰ ਨੂੰ ਵਿਸ਼ੇਸ਼ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ।ਉਨ੍ਹਾਂ ਕਿਹਾ ਕਿ ਕੰਮ ਨੂੰ ਛੇਤੀ ਮੁਕੰਮਲ ਕਰਨ ਲਈ ਕਿਸੇ ਵੀ ਤਰ੍ਹਾਂ ਦੀ ਢਿੱਲਮੱਠ ਅਤੇ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇ।ਕਾਂਗਰਸ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਅਸ਼ੋਕ ਚੌਧਰੀ ਨੇ ਕਿਹਾ ਕਿ ਪਿਛਲੀ ਕਾਂਗਰਸ ਸਰਕਾਰ ਵੇਲੇ ਵਿਧਾਇਕਾ ਅਰੁਣਾ ਚੌਧਰੀ ਨੇ ਬਤੌਰ ਕੈਬਨਿਟ ਮੰਤਰੀ ਰਹਿੰਦਿਆਂ ਵੱਧ ਤੋਂ ਵੱਧ ਪੈਸਾ ਲਿਆ ਕੇ ਪਿੰਡਾਂ ਦੇ ਨਾਲ-ਨਾਲ ਸ਼ਹਿਰ ਦਾ ਵੀ ਸਰਵਪੱਖੀ ਵਿਕਾਸ ਕਰਵਾਇਆ ਅਤੇ ਸ਼ਹਿਰ ਦੀਆਂ ਤਕਰੀਬਨ ਸਾਰੀਆਂ ਗਲੀਆਂ ਨੂੰ ਪੱਕਾ ਕਰਵਾਉਂਦਿਆਂ ਨਾਲੀਆਂ ਵੀ ਬਣਵਾਈਆਂ ਗਈਆਂ।ਉਨ੍ਹਾਂ ਦੱਸਿਆ ਕਿ ਕੁਝ ਵਾਰਡਾਂ ਵਿੱਚ ਕੰਮ ਜੰਗੀ ਪੱਧਰ 'ਤੇ ਜਾਰੀ ਹੈ ਅਤੇ ਕਈ ਗਲੀਆਂ ਤਿਆਰ ਕਰਵਾ ਕੇ ਲੋਕਾਂ ਨੂੰ ਆਵਾਜਾਈ ਲਈ ਸੌਂਪ ਦਿੱਤੀਆਂ ਗਈਆਂ ਹਨ।

ਇਸ ਮੌਕੇ ਨਗਰ ਕੌਂਸਲ ਪ੍ਰਧਾਨ ਨੀਟੂ ਚੌਹਾਨ, ਸ਼ਹਿਰੀ ਪ੍ਰਧਾਨ ਮਨੋਜ ਗੁਪਤਾ, ਕੌਂਸਲਰ ਡਾ. ਸਾਹਿਲ ਰੇਹਾਨ, ਕੌਂਸਲਰ ਲੈਕਚਰਾਰ ਰਾਮ ਲਾਲ, ਕੌਂਸਲਰ ਅਜੇ ਸਟਾਰ, ਕੌਂਸਲਰ ਗਿਰਧਾਰੀ ਲਾਲ, ਕੌਂਸਲਰ ਪਰਮਜੀਤ ਕੌਰ, ਸੀਨੀਅਰ ਮੀਡੀਆ ਇੰਚਾਰਜ ਅਤੇ ਸਾਬਕਾ ਵਿਸ਼ੇਸ਼ ਸਹਾਇਕ ਦੀਪਕ ਭੱਲਾ, ਐਡਵੋਕੇਟ ਕੁਲਵੰਤ ਕਾਟਲ, ਚੇਅਰਮੈਨ ਜਿੰਮੀ ਬਰਾੜ, ਆਤਿਸ਼ ਮਹਾਜਨ, ਮਨੀਸ਼ ਕੁਮਾਰ, ਸੁਖਵਿੰਦਰ ਡਿੰਡਾ, ਪਵਨ ਕੁਮਾਰ ਬੱਬੀ, ਮੱਦੀ ਕੈਂਪ, ਅਸ਼ਵਨੀ ਕੁਮਾਰ, ਰਾਕੇਸ਼ ਕੁਮਾਰ, ਅਮਿਤ ਬਾਲੀ, ਫ਼ੌਜੀ ਮਦਨ ਲਾਲ ਅਤੇ ਅਸ਼ੋਕ ਕੁਮਾਰ ਰੇਲਵੇ ਤੋਂ ਇਲਾਵਾ ਵੱਖ-ਵੱਖ ਵਾਰਡਾਂ ਦੇ ਮੋਹਤਬਰ ਹਾਜ਼ਰ ਸਨ।

## ਦਿਵਿਆ ਜਯੋਤੀ ਜਾਗ੍ਰਿਤੀ ਸੰਸਥਾਨ ਵੱਲੋਂ ਬਟਾਲਾ ਆਸ਼ਰਮ ਵਿਖੇ ਭਜਨ ਕੀਰਤਨ ਦਾ ਆਯੋਜਨ



ਬਟਾਲਾ (ਡਾ. ਮਲਵਿੰਦਰ ਸਿੰਘ)-ਦਿਵਿਆ ਜਯੋਤੀ ਜਾਗ੍ਰਤੀ ਸੰਸਥਾਨ ਵੱਲੋਂ ਬਟਾਲਾ ਆਸ਼ਰਮ ਵਿਖੇ ਅਧਿਆਤਮਿਕ ਪ੍ਰਵਚਨ ਅਤੇ ਭਜਨ ਕੀਰਤਨ ਪ੍ਰੋਗਰਾਮ ਦਾ ਆਯੋਜਨ ਹੋਇਆ।ਪ੍ਰੋਗਰਾਮ ਦੌਰਾਨ ਸਾਧਵੀ ਤੇਜਸਵਨੀ ਭਾਰਤੀ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸਾਰਾ ਸੰਸਾਰ ਦੁੱਖਾਂ ਦੇ ਸੰਘਣੇ ਬੱਦਲਾਂ ਨਾਲ ਘਿਰਿਆ ਹੋਇਆ ਹੈ।ਸਾਡੇ ਮਹਾਂਪੁਰਖ ਸਮਝਾਉਂਦੇ ਹਨ ਕਿ ਜਦੋਂ ਕੋਈ ਵਿਅਕਤੀ ਇੱਕ ਪਲ ਲਈ ਵੀ ਪਰਮਾਤਮਾ ਨੂੰ ਭੁੱਲ ਜਾਂਦਾ ਹੈ, ਤਾਂ ਉਹ ਭੁੱਲਣਾ ਉਸਦੇ ਦੁੱਖ ਦਾ ਕਾਰਨ ਬਣ ਜਾਂਦਾ ਹੈ ਅਤੇ ਵਿਅਕਤੀ ਦੁੱਖ ਦੀ ਅੱਗ ਵਿੱਚ ਸੜਨ ਲੱਗ ਪੈਂਦਾ ਹੈ।ਮਹਾਂਪੁਰਖਾਂ ਦੇ ਕਥਨ ਅਨੁਸਾਰ ਤਿੰਨ ਤਰ੍ਹਾਂ ਦੇ ਦੁੱਖ ਹੁੰਦੇ ਹਨ-ਭੌਤਿਕ, ਪ੍ਰਕ੍ਰਿਤੀ ਅਤੇ ਅਧਿਆਤਮਿਕ।ਉਨ੍ਹਾਂ ਦਾ ਮੂਲ ਕਾਰਨ ਮਨੁੱਖੀ ਮਨ ਵਿੱਚ ਪੈਦਾ ਹੋਣ ਵਾਲੇ ਨਕਾਰਾਤਮਕ ਵਿਚਾਰ ਹਨ।ਜਦੋਂ ਮਨ ਦੀ ਹਰ ਇੱਛਾ ਪੂਰੀ ਨਹੀਂ ਹੁੰਦੀ, ਤਾਂ ਦੁੱਖ ਪੈਦਾ ਹੋਣਾ ਯਕੀਨੀ ਹੈ।ਜਦੋਂ ਭੌਤਿਕ ਇੱਛਾਵਾਂ ਦੇ ਪਿੱਛੇ ਭੱਜਣ ਵਾਲਾ ਵਿਅਕਤੀ ਉਨ੍ਹਾਂ ਨੂੰ ਪੂਰਾ ਕਰਨ ਵਿੱਚ ਅਸਮਰੱਥ ਹੁੰਦਾ ਹੈ ਤਾਂ ਉਹ ਨਿਰਾਸ਼ਾ ਅਤੇ ਦਰਦ ਵਿੱਚ ਡੁੱਬ ਜਾਂਦਾ ਹੈ ਪਰ ਸਾਡੇ ਧਾਰਮਿਕ ਗ੍ਰੰਥ ਸਪੱਸ਼ਟ ਤੌਰ ਤੇ ਕਹਿੰਦੇ ਹਨ ਕਿ ਭੌਤਿਕ ਚੀਜ਼ਾਂ ਦੀ ਪ੍ਰਾਪਤੀ ਅਸਲ ਖੁਸ਼ੀ ਨਹੀਂ ਹੈ ਅਤੇ ਨਾ ਹੀ ਇੱਛਾਵਾਂ ਦੀ ਪੂਰਤੀ ਅਸਲ ਦੁੱਖ ਹੈ।ਇਸ ਸੱਚਾਈ ਨੂੰ ਸਮਝਾਉਂਦੇ ਹੋਏ ਸਾਧਵੀ ਨੇ ਉਦਾਹਰਣ ਦਿੱਤੀ ਕਿ ਵਿਗਿਆਨ ਦੀ ਕਲਾਸ ਵਿੱਚ ਬੱਚਿਆਂ ਨੂੰ ਦੱਸਿਆ ਜਾਂਦਾ ਹੈ ਕਿ ਦੋ ਪੌਦੇ ਗਮਲਿਆਂ ਵਿੱਚ ਲਗਾਏ ਗਏ ਸਨ। ਇੱਕ ਹਨੇਰੇ ਵਿੱਚ ਰੱਖਿਆ ਗਿਆ ਸੀ ਅਤੇ ਦੂਜਾ ਰੌਸ਼ਨੀ ਵਿੱਚ।ਕੁਝ ਸਮੇਂ ਬਾਅਦ ਹਨੇਰੇ ਵਿੱਚ ਰੱਖਿਆ ਗਿਆ ਪੌਦਾ ਮੁਰਝਾ ਜਾਂਦਾ ਹੈ, ਜਦੋਂ ਕਿ ਰੌਸ਼ਨੀ ਵਿੱਚ ਰੱਖਿਆ ਗਿਆ ਪੌਦਾ ਮੌਲਦਾ ਹੈ।ਇਸੇ ਤਰ੍ਹਾਂ ਜੇਕਰ ਕੋਈ ਵਿਅਕਤੀ ਆਪਣੇ ਜੀਵਨ ਵਿੱਚ ਖੁਸ਼ੀ ਲਿਆਉਣਾ ਚਾਹੁੰਦਾ ਹੈ ਤਾਂ ਉਸਨੂੰ ਨਕਾਰਾਤਮਕਤਾ ਦੇ ਹਨੇਰੇ ਨੂੰ ਦੂਰ ਕਰਨਾ ਚਾਹੀਦਾ ਹੈ ਅਤੇ ਆਪਣੇ ਮਨ ਨੂੰ ਸਕਾਰਾਤਮਕਤਾ ਦੇ ਪ੍ਰਕਾਸ਼ ਨਾਲ ਭਰਨਾ ਚਾਹੀਦਾ ਹੈ। ਅੰਤ ਵਿੱਚ ਸਾਧਵੀ ਨੇ ਕਿਹਾ ਕਿ ਇਸ ਸੰਸਾਰ ਵਿੱਚ ਸਭ ਤੋਂ ਵੱਡਾ ਸੱਚ ਸਿਰਫ਼ ਪਰਮਾਤਮਾ ਹੈ।ਜਦੋਂ ਤੱਕ ਕੋਈ ਵਿਅਕਤੀ ਪਰਮਾਤਮਾ ਨਾਲ ਨਹੀਂ ਜੁੜਦਾ ਉਹ ਦੁੱਖਾਂ ਤੋਂ ਮੁਕਤੀ ਪ੍ਰਾਪਤ ਨਹੀਂ ਕਰ ਸਕਦਾ।

## ਕਲਾਨੌਰ ਤੋਂ ਧਿਆਨਪੁਰ ਧਾਮ ਲਈ ਪੈਦਲ ਸ਼ੋਭਾ ਯਾਤਰਾ 29 ਨੂੰ ਚੱਲੇਗੀ : ਪ੍ਰਬੰਧਕ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਹਰ ਸਾਲ ਦੀ ਤਰ੍ਹਾਂ ਸ਼੍ਰੀ ਬਾਵਾ ਲਾਲ ਦਿਆਲ ਜੀ ਤਪ ਭੂਮੀ ਸਥਾਨ ਕਲਾਨੌਰ ਤੋਂ ਸ਼੍ਰੀ ਸ਼੍ਰੀ 1008 ਸ਼੍ਰੀ ਰਾਮ ਸੁੰਦਰ ਦਾਸ ਮਹਾਰਾਜ ਗੱਦੀ ਨਸ਼ੀਨ ਸ਼੍ਰੀ ਬਾਵਾ ਲਾਲ ਦਿਆਲ ਜੀ ਦੇ ਅਸ਼ੀਰਵਾਦ ਸਦਕਾ ਮਹੰਤ ਗੋਪਾਲ ਦਾਸ ਦੀ ਦੇਖ-ਰੇਖ ਹੇਠ ਪੁਜਾਰੀ ਪ੍ਰੇਮ ਦਾਸ ਦੀ ਅਗਵਾਈ ਵਿੱਚ ਕਲਾਨੌਰ ਤੋਂ ਧਿਆਨਪੁਰ ਧਾਮ ਲਈ ਸੰਗਤਾਂ ਵੱਲੋਂ ਤੀਸਰੀ ਵਿਸ਼ਾਲ ਪੈਦਲ ਸ਼ੋਭਾ ਯਾਤਰਾ 29 ਮਾਰਚ ਨੂੰ ਚੱਲੇਗੀ। ਇਸ ਸਬੰਧੀ ਡੇਰਾ ਬਾਬਾ ਨਾਨਕ ਬਾਜ਼ਾਰ ਜੌੜੀਆਂ ਸਥਿਤ ਪੁਰਾਤਨ ਦੁਰਗਾ ਮਾਤਾ ਅਤੇ ਸ਼੍ਰੀ ਬਾਵਾ ਲਾਲ ਦਿਆਲ ਮੰਦਰ ਵਿਖੇ ਮੰਦਰ ਕਮੇਟੀ ਦੇ ਪ੍ਰਧਾਨ ਵਿਜੇ ਕੁਮਾਰ ਸ਼ਰਮਾ ਅਤੇ ਮੰਦਰ ਦੇ ਮੁੱਖ ਪੁਜਾਰੀ ਪੰਡਤ ਮੁਕੇਸ਼ ਸ਼ਰਮਾ ਨੂੰ ਪੈਦਲ ਯਾਤਰਾ ਵਿੱਚ ਸ਼ਾਮਲ ਹੋਣ ਲਈ ਸੱਦਾ ਪੱਤਰ ਦੇਣ ਉਪਰੰਤ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਵਿਸ਼ਾਲ ਪੈਦਲ ਯਾਤਰਾ ਦੇ ਪ੍ਰਬੰਧਕ ਰਜਿੰਦਰ ਕੁਮਾਰ ਸ਼ਰਮਾ, ਕੰਵਲ ਕਿਸ਼ੋਰ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਬਾਵਾ ਲਾਲ ਦਿਆਲ ਜੀ ਤਪ ਭੂਮੀ ਸਥਾਨ ਕਲਾਨੌਰ ਤੋਂ ਧਿਆਨਪੁਰ ਧਾਮ ਲਈ 29 ਮਾਰਚ ਦਿਨ ਐਤਵਾਰ ਨੂੰ ਤੀਸਰੀ ਵਿਸ਼ਾਲ ਪੈਦਲ ਯਾਤਰਾ ਚੱਲੇਗੀ ਜੋ ਵੱਖ-ਵੱਖ ਪੜਾਵਾਂ ਤੋਂ ਹੁੰਦੀ ਹੋਈ ਸ਼ਾਮ ਨੂੰ ਸ਼੍ਰੀ ਬਾਵਾ ਲਾਲ ਦਿਆਲ ਮਹਾਰਾਜ ਦੇ ਮੰਦਰ ਧਿਆਨਪੁਰ ਵਿਖੇ ਸੰਪੰਨ ਹੋਵੇਗੀ।ਉਨ੍ਹਾਂ ਦੱਸਿਆ ਕਿ ਪੈਦਲ ਯਾਤਰਾ ਵਿੱਚ ਸ਼ਾਮਲ ਸੰਗਤਾਂ ਲਈ ਵੱਖ-ਵੱਖ ਪੜਾਵਾਂ ਤੇ ਪਿੰਡਾਂ ਦੇ ਲੋਕਾਂ ਵੱਲੋਂ ਲੰਗਰ ਦੇ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ।ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ 29 ਮਾਰਚ ਨੂੰ ਹੁੰਮ-ਹੁਮਾ ਕੇ ਇਸ ਪੈਦਲ ਯਾਤਰਾ ਵਿੱਚ ਸ਼ਾਮਲ ਹੋਣ ਤੇ ਮਹਾਰਾਜ ਦਾ ਅਸ਼ੀਰਵਾਦ ਪ੍ਰਾਪਤ ਕਰਨ।ਇਸ ਮੌਕੇ ਵਿਜੇ ਕੁਮਾਰ ਸ਼ਰਮਾ, ਪੰਡਿਤ ਮੁਕੇਸ਼ ਸ਼ਰਮਾ, ਪੱਤਰਕਾਰ ਰਮੇਸ਼ ਕੁਮਾਰ ਸ਼ਰਮਾ, ਸੋਨੂੰ ਸੁੰਦਰ ਪੁਰੀਆ, ਲਖਵਿੰਦਰ ਸਿੰਘ ਅਤੇ ਅਮਨ ਸ਼ਰਮਾ ਆਦਿ ਹਾਜ਼ਰ ਸਨ।

## 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਬਟਾਲਾ ਤੋਂ ਦੂਸਰੀ ਬੱਸ ਰਵਾਨਾ



ਬਟਾਲਾ, (ਡਾ. ਮਲਵਿੰਦਰ ਸਿੰਘ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਦੂਸਰੀ ਬੱਸ ਉਸਮਾਨਪੁਰ ਸਿਟੀ ਬਟਾਲਾ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਦੀ ਬੱਸ ਰਵਾਨਾ ਹੋਈ।ਇਸ ਮੌਕੇ ਦਵਿੰਦਰ ਸਿੰਘ, ਜਸਪਾਲ ਸਿੰਘ, ਦਲਬੀਰ ਸਿੰਘ ਜੇਈ, ਹਰਮਨ ਸਿੰਘ ਅਤੇ ਬਲਜਿੰਦਰ ਸਿੰਘ ਮੌਜੂਦ ਸਨ।

ਇਸ ਬੱਸ ਰਾਹੀਂ ਤਿੰਨ ਦਿਨਾਂ ਵਿੱਚ ਸ਼ਰਧਾਲੂਆਂ ਨੂੰ ਸ੍ਰੀ ਆਨੰਦਪੁਰ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਵਿਰਾਸਤ-ਏ-ਖਾਲਸਾ, ਸ੍ਰੀ ਕੀਰਤਪੁਰ ਸਾਹਿਬ ਅਤੇ ਮਾਤਾ ਨੈਣਾ ਦੇਵੀ ਦੇ ਦਰਸ਼ਨ ਕਰਵਾਏ ਜਾਣਗੇ। ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਲੋਕਾਂ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ ਅਤੇ ਲੋਕ ਪੂਰੀ ਸ਼ਰਧਾ ਭਾਵਨਾ ਨਾਲ ਯਾਤਰਾ ਕਰ ਰਹੇ ਹਨ। ਇਸ ਮੌਕੇ ਸ਼ਰਧਾਲੂਆਂ ਨੇ ਮੁੱਖ ਮੰਤਰੀ ਪੰਜਾਬ ਅਤੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਨਾਲ ਲੋਕਾਂ ਵਿੱਚ ਖੁਸ਼ੀ ਵਰਗਾ ਮਾਹੌਲ ਹੈ ਅਤੇ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਬਹੁਤ ਉਤਸ਼ਾਹਿਤ ਹਨ।

